ਸ਼ੁੱਕਰਵਾਰ, 23 ਅਗਸਤ, 2024
8 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 82

# ਨਵਾਂ ਜ਼ਮਾਨਾ

DAILY NAWAN ZAMANA • FRIDAY, 23 AUGUST, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਕਾਂਗਰਸ ਤੇ ਨੈਸ਼ਨਲ ਕਾਨਫਰੰਸ ਮਿਲ ਕੇ ਲੜਨਗੇ



**ਸ੍ਰੀਨਗਰ** : ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਫਾਰੂਕ ਅਦਬੁੱਲਾ ਨੇ ਵੀਰਵਾਰ ਕਿਹਾ ਕਿ ਜੰਮੂ-ਕਸ਼ਮੀਰ ਦੀਆਂ ਸਾਰੀਆਂ 90 ਵਿਧਾਨ ਸਭਾ ਸੀਟਾਂ 'ਤੇ ਕਾਂਗਰਸ ਨਾਲ ਰਲ ਕੇ ਚੋਣਾਂ ਲੜਨ ਦੀ ਸਹਿਮਤੀ ਬਣ ਗਈ ਹੈ। ਇਹ ਐਲਾਨ ਉਨ੍ਹਾ ਰਾਹੁਲ ਗਾਂਧੀ ਅਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਨੈਸ਼ਨਲ ਕਾਨਫਰੰਸ ਲੀਡਰਸ਼ਿਪ ਵਿਚਾਲੇ ਗੱਲਬਾਤ ਤੋਂ ਬਾਅਦ ਕੀਤਾ। ਅਬਦੁੱਲਾ ਨੇ ਕਿਹਾ-ਗੱਠਜੋੜ ਲੀਹ 'ਤੇ ਹੈ ਅਤੇ ਰੱਬ ਨੇ ਚਾਹਿਆ ਤਾਂ ਇਹ ਨਿਰਵਿਘਨ ਚੱਲੇਗਾ।

## ਸ਼ੰਭੂ ਬਾਰਡਰ 'ਤੇ ਸੁਣਵਾਈ 2 ਤੱਕ ਟਲੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਕਿਹਾ ਕਿ ਉਹ ਕਿਸਾਨਾਂ ਦੀਆਂ ਸ਼ਿਕਾਇਤਾਂ ਨੂੰ ਹਮੇਸ਼ਾ ਲਈ ਸੁਲਝਾਉਣ ਲਈ ਜਲਦੀ ਹੀ ਇੱਕ ਬਹੁ-ਮੈਂਬਰੀ ਕਮੇਟੀ ਦਾ ਗਠਨ ਕਰੇਗੀ। ਇਸ ਦੇ ਨਾਲ ਹੀ ਉਸ ਨੇ ਮਾਮਲੇ ਦੀ ਅਗਲੀ ਸੁਣਵਾਈ 2 ਸਤੰਬਰ 'ਤੇ ਪਾ ਦਿੱਤੀ। ਪੰਜਾਬ ਸਰਕਾਰ ਨੇ ਕੋਰਟ ਨੂੰ ਦੱਸਿਆ ਕਿ ਉਨ੍ਹਾਂ ਕੋਰਟ ਦੇ 12 ਅਗਸਤ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਪ੍ਰਦਰਸ਼ਨਕਾਰੀ ਕਿਸਾਨਾਂ ਨਾਲ ਮੀਟਿੰਗ ਕੀਤੀ ਸੀ, ਜਿਸ ਵਿੱਚ ਉਨ੍ਹਾਂ ਨੇ ਸ਼ੰਭੂ ਵਿਖੇ ਬੰਦ ਕੀਤੇ ਹਾਈਵੇਅ ਨੂੰ ਅੰਸ਼ਕ ਤੌਰ 'ਤੇ ਖੋਲ੍ਹਣ ਲਈ ਸਹਿਮਤੀ ਦਿੱਤੀ ਸੀ। ਬੈਂਚ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਕਿਹਾ ਕਿ ਉਹ ਪ੍ਰਦਰਸ਼ਨਕਾਰੀ ਕਿਸਾਨਾਂ ਨਾਲ ਜੁੜੇ ਰਹਿਣ ਅਤੇ ਉਨ੍ਹਾਂ ਨੂੰ ਹਾਈਵੇਅ ਤੋਂ ਆਪਣੇ ਟਰੈਕਟਰ ਅਤੇ ਟਰਾਲੀਆਂ ਹਟਾਉਣ ਲਈ ਮਨਾਉਣ।

## ਸੰਯੁਕਤ ਰਾਸ਼ਟਰ ਦੀ ਟੀਮ ਬੰਗਲਾਦੇਸ਼ ਆਏਗੀ

**ਢਾਕਾ** : ਸੰਯੁਕਤ ਰਾਸ਼ਟਰ ਦੇ ਮਾਹਰਾਂ ਦੀ ਟੀਮ ਪ੍ਰਦਰਸ਼ਨਕਾਰੀਆਂ ਦੀਆਂ ਹੱਤਿਆਵਾਂ ਦੀ ਜਾਂਚ ਲਈ ਢਾਕਾ ਪੁੱਜੇਗੀ। ਇਸ ਮਹੀਨੇ ਦੇ ਸ਼ੁਰੂ ਵਿਚ ਸ਼ੇਖ ਹਸੀਨਾ ਦੇ ਪ੍ਰਧਾਨ ਮੰਤਰੀ ਵਜੋਂ ਅਸਤੀਫਾ ਦੇਣ ਤੋਂ ਪਹਿਲਾਂ ਅਤੇ ਬਾਅਦ ਵਿਚ ਘੱਟੋ-ਘੱਟ 650 ਪ੍ਰਦਰਸ਼ਨਕਾਰੀਆਂ ਦੀ ਹੱਤਿਆ ਹੋਈ ਸੀ। ਟੀਮ ਇੱਕ ਹਫਤਾ ਰੁਕੇਗੀ ਅਤੇ ਸਿਵਲ ਸੁਸਾਇਟੀ ਸਮੂਹਾਂ, ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੇ ਪੀੜਤਾਂ, ਵਿਦਿਆਰਥੀਆਂ, ਸਰਕਾਰੀ ਅਧਿਕਾਰੀਆਂ ਅਤੇ ਸੰਬੰਧਤ ਕਿਸੇ ਵੀ ਵਿਅਕਤੀ ਨਾਲ ਮੁਲਾਕਾਤ ਕਰੇਗੀ।

## ਕਿਸਾਨ ਵੱਲੋਂ ਖ਼ੁਦਕੁਸ਼ੀ

**ਲਹਿਰਾਗਾਗਾ** : ਨੇੜਲੇ ਪਿੰਡ ਘੋੜੇਨਬ ਦੇ ਕਿਸਾਨ ਮਲਕੀਤ ਸਿੰਘ ਨੇ ਕਰਜ਼ੇ ਤੋਂ ਪ੍ਰੇਸ਼ਾਨ ਹੋ ਕੇ ਜ਼ਹਿਰੀਲਾ ਪਦਾਰਥ ਨਿਗਲ ਕੇ ਖ਼ੁਦਕੁਸ਼ੀ ਕਰ ਲਈ। ਪੁਲਸ ਨੇ ਉਸ ਦੀ ਪਤਨੀ ਪਰਵਿੰਦਰ ਕੌਰ ਦੇ ਬਿਆਨ 'ਤੇ ਧਾਰਾ 174 ਅਧੀਨ ਕਾਰਵਾਈ ਕਰਕੇ ਪੋਸਟਮਾਰਟਮ ਮਗਰੋਂ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ। ਮਲਕੀਤ ਸਿੰਘ 'ਤੇ 12 ਲੱਖ ਦਾ ਸਰਕਾਰੀ ਕਰਜ਼ਾ ਅਤੇ ਹੋਰ ਕਰਜ਼ੇ ਸਨ।

## ਜੋੜੇ ਵੱਲੋਂ ਬੱਚੇ ਸਣੇ ਖ਼ੁਦਕੁਸ਼ੀ



**ਮੰਡੀ ਅਹਿਮਦਗੜ੍ਹ** : ਲੁਧਿਆਣਾ ਜ਼ਿਲ੍ਹੇ ਦੇ ਪਿੰਡ ਘੁੰਗਰਾਣਾ ਦੇ ਛੋਟੇ ਕਿਸਾਨ ਪਰਿਵਾਰ ਨੇ ਕਰਜ਼ੇ ਤੋਂ ਪ੍ਰੇਸ਼ਾਨ ਹੋ ਕੇ 9 ਸਾਲਾ ਪੁੱਤਰ ਸਮੇਤ ਬੁੱਧਵਾਰ ਰਾਤ ਅਹਿਮਦਗੜ੍ਹ ਨੇੜੇ ਰੇਲ ਗੱਡੀ ਅੱਗੇ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ। ਮ੍ਰਿਤਕਾਂ 'ਚ ਪਰਿਵਾਰ ਦਾ ਮੁਖੀ ਸੁਖਪਾਲ ਸਿੰਘ (35), ਉਸ ਦੀ ਪਤਨੀ ਸੁਖਦੀਪ ਕੌਰ (32) ਅਤੇ ਪੁੱਤਰ ਬਲਜੋਤ ਸਿੰਘ (9) ਸ਼ਾਮਲ ਹਨ।

# ਪੰਜਾਬ 'ਚ ਸਕੂਟਰ-ਬਾਈਕ ਤੇ ਕਾਰਾਂ ਹੋਈਆਂ ਮਹਿੰਗੀਆਂ

### ਵਹੀਕਲ ਟੈਕਸ 'ਚ ਵਾਧਾ, 2 ਲੱਖ ਤੋਂ ਉੱਤਲੇ ਟੂ-ਵ੍ਹੀਲਰ 'ਤੇ 11 ਫੀਸਦੀ ਟੈਕਸ



**ਚੰਡੀਗੜ੍ਹ** : ਜਾਇਦਾਦਾਂ ਦੀ ਰਜਿਸਟ੍ਰੇਸ਼ਨ ਲਈ ਕੁਲੈਕਟੋਰੇਟ ਰੇਟ ਵਧਾਉਣ ਤੋਂ ਬਾਅਦ ਟੂ-ਵ੍ਹੀਲਰਜ਼ ਤੇ ਫੋਰ-ਵ੍ਹੀਲਰਜ਼ 'ਤੇ ਮੋਟਰ ਵਹੀਕਲ ਟੈਕਸ ਵਧਾ ਦਿੱਤਾ ਹੈ। ਇਹ ਫੌਰੀ ਤੌਰ 'ਤੇ ਲਾਗੂ ਹੋ ਗਿਆ ਹੈ। ਟੈਕਸ ਉਦੋਂ ਵਧਿਆ ਹੈ, ਜਦੋਂ ਲੋਕ ਆਮ ਤੌਰ 'ਤੇ ਤਿਉਹਾਰਾਂ 'ਤੇ ਵਾਹਨ ਖਰੀਦਦੇ ਹਨ। ਟਰਾਂਸਪੋਰਟ ਵਿਭਾਗ ਦੇ ਸੀਨੀਅਰ ਅਧਿਕਾਰੀ ਮੁਤਾਬਕ ਇਹ ਟੈਕਸ ਵਹੀਕਲ ਦੀ ਅਸਲ ਕੀਮਤ (ਟੈਕਸ ਛੱਡ ਕੇ) ਉੱਤੇ ਲੱਗੇਗਾ। ਇਸ ਤੋਂ ਪਹਿਲਾਂ ਰੋਡ ਟੈਕਸ 2021 ਵਿਚ ਵਧਾਇਆ ਗਿਆ ਸੀ।

ਹੁਣ 15 ਲੱਖ ਰੁਪਏ ਤੱਕ ਦਾ ਫੋਰ-ਵ੍ਹੀਲਰ ਖਰੀਦਣ 'ਤੇ 7 ਹਜ਼ਾਰ ਤੋਂ 20 ਹਜ਼ਾਰ ਰੁਪਏ ਤੱਕ ਹੋਰ ਜੇਬ ਢਿੱਲੀ ਕਰਨੀ ਪਵੇਗੀ। 15 ਲੱਖ ਤੋਂ 25 ਲੱਖ ਰੁਪਏ ਦੀ ਗੱਡੀ ਜ਼ਿਆਦਾ ਮਹਿੰਗੀ ਪਵੇਗੀ, ਕਿਉਂਕਿ ਉਸ 'ਤੇ ਇਕ ਫੀਸਦੀ ਟੈਕਸ ਵਧਾਇਆ ਗਿਆ ਹੈ। 25 ਲੱਖ ਰੁਪਏ ਤੋਂ ਉਤਲੀਆਂ ਐੱਸ ਯੂ ਵੀ ਗੱਡੀਆਂ 'ਤੇ ਟੈਕਸ ਦੀ ਨਵੀਂ ਕੈਟਾਗਰੀ ਬਣਾਈ ਗਈ ਹੈ। ਇਨ੍ਹਾਂ 'ਤੇ ਕੀਮਤ ਦਾ 13 ਫੀਸਦੀ ਟੈਕਸ ਲੱਗੇਗਾ। 30 ਲੱਖ ਦੀ ਗੱਡੀ 'ਤੇ ਟੈਕਸ 3 ਲੱਖ 90 ਹਜ਼ਾਰ ਰੁਪਏ ਹੋਵੇਗਾ।

ਟੂ-ਵ੍ਹੀਲਰਜ਼ ਦੀ ਕੀਮਤ ਮੁਕਾਬਲਤਨ ਘੱਟ ਵਧੇਗੀ। ਇਕ ਲੱਖ ਰੁਪਏ ਤੱਕ ਦੇ ਟੂ-ਵ੍ਹੀਲਰਜ਼ 'ਤੇ 0.5 ਫੀਸਦੀ ਟੈਕਸ ਵਧਾਇਆ ਗਿਆ ਹੈ। ਇੱਕ ਲੱਖ ਤੋਂ ਦੋ ਲੱਖ ਰੁਪਏ ਦੇ ਟੂ-ਵ੍ਹੀਲਰਜ਼ 'ਤੇ ਇੱਕ ਫੀਸਦੀ ਟੈਕਸ ਵੱਧ ਲੱਗੇਗਾ। ਦੋ ਲੱਖ ਰੁਪਏ ਤੋਂ ਉਤਲੇ ਟੂ-ਵ੍ਹੀਲਰਜ਼ 'ਤੇ ਵਹੀਕਲ ਦੀ ਕੀਮਤ ਦਾ 11 ਫੀਸਦੀ ਟੈਕਸ ਲੱਗੇਗਾ।

# ਰੋਨਾਲਡੋ ਦੀ ਬੱਲੇ-ਬੱਲੇ



**ਨਵੀਂ ਦਿੱਲੀ** : ਉਮਰ ਤਾਂ ਬੱਸ ਕਹਿਣ ਨੂੰ ਹੁੰਦੀ ਹੈ। ਇਸ ਨੂੰ ਫੁੱਟਬਾਲ ਸਟਾਰ ਕ੍ਰਿਸਟੀਆਨੋ ਰੋਨਾਲਡੋ ਨਾਲੋਂ ਬਿਹਤਰ ਹੋਰ ਕੌਣ ਸਾਬਤ ਕਰ ਸਕਦਾ ਹੈ! ਫੁੱਟਬਾਲ ਵਿਚ ਲੱਗਭੱਗ ਅੱਧੀ ਦਰਜਨ ਰਿਕਾਰਡ ਬਣਾਉਣ ਵਾਲੇ 39 ਸਾਲਾ ਪੁਰਤਗਾਲੀ ਸਟਾਰ ਨੇ ਵੀਰਵਾਰ ਸੋਸ਼ਲ ਮੀਡੀਆ ਦਾ ਰਿਕਾਰਡ ਵੀ ਭੰਨ ਦਿੱਤਾ। ਉਸ ਦੇ ਅਧਿਕਾਰਤ ਯੂਟਿਊਬ ਖਾਤੇ ਨੇ 12 ਘੰਟਿਆਂ ਵਿਚ ਹੀ ਇਕ ਕਰੋੜ ਸਬਸਕ੍ਰਾਈਬਰ ਬਣਾ ਲਏ। ਇਸ ਤੋਂ ਪਹਿਲਾਂ ਇਕ ਕਰੋੜ ਦਾ ਰਿਕਾਰਡ ਅਮਰੀਕੀ ਯੂਟਿਊਬਰ ਮਿਸਟਰ ਬੀਸਟ ਦਾ ਸੀ, ਜਿਹੜਾ ਉਸ ਨੇ 132 ਦਿਨਾਂ ਵਿਚ ਬਣਾਇਆ ਸੀ। ਸ਼ੋਅ ਦੀ ਮੇਜ਼ਬਾਨੀ ਕਰਨ ਵਾਲੇ ਬੀਸਟ ਦੇ ਇਸ ਵੇਲੇ 31 ਕਰੋੜ 10 ਲੱਖ ਸਬਸਕ੍ਰਾਈਬਰ ਹਨ। ਰੋਨਾਲਡੋ ਨੇ 21 ਅਗਸਤ ਨੂੰ 'ਯੂ ਆਰ ਕ੍ਰਿਸਟੀਆਨੋ' ਨਾਂਅ ਦਾ ਚੈਨਲ ਲਾਂਚ ਕੀਤਾ। 90 ਮਿੰਟ ਵਿਚ ਹੀ ਇਸਨੂੰ 10 ਲੱਖ ਤੋਂ ਵੱਧ ਲੋਕਾਂ ਨੇ ਸਬਸਕ੍ਰਾਈਬ ਕਰ ਦਿੱਤਾ ਤੇ ਇਕ ਕਰੋੜ ਸਬਸਕ੍ਰਾਈਬਰਾਂ ਨਾਲ ਯੂਟਿਊਬ ਦਾ ਇਤਿਹਾਸ ਕਾਇਮ ਹੋ ਗਿਆ। ਹੋਰਨਾਂ ਵਾਂਗ ਰੋਨਾਲਡੋ ਇੰਸਟਾਗ੍ਰਾਮ, ਟਵਿੱਟਰ ਤੇ ਫੇਸਬੁੱਕ ਵਰਤਦਾ ਹੈ, ਜਿਨ੍ਹਾਂ ਵਿਚ ਉਸਦੇ ਦੀਵਾਨੇ ਬੀ ਬੀ ਸੀ, ਫੌਕਸ ਨਿਊਜ਼ ਤੇ ਦੀ ਨਿਊਯਾਰਕ ਟਾਈਮਜ਼ ਦੇ ਸਾਰੇ ਦੀਵਾਨਿਆਂ ਨਾਲੋਂ ਵੱਧ ਹਨ। ਉਹ ਆਪਣੀ ਜ਼ਿੰਦਗੀ ਦੇ ਪਹਿਲੂਆਂ ਨੂੰ ਸ਼ੇਅਰ ਕਰਦਾ ਹੈ। ਆਪਣੀ ਟਰੇਨਿੰਗ ਰੂਟੀਨ ਤੇ ਮੈਚਾਂ ਬਾਰੇ ਦੱਸਦਾ ਹੈ। ਉਹ ਸੋਸ਼ਲ ਮੀਡੀਆ 'ਤੇ ਆਪਣੇ ਪ੍ਰਸੰਸਕਾਂ ਨਾਲ ਗੱਲਾਂ ਵੀ ਕਰਦਾ ਹੈ ਅਤੇ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਵੀ ਦਿੰਦਾ ਹੈ। ਉਹ ਫੇਕ ਨਿਊਜ਼ ਬਾਰੇ ਖਬਰਦਾਰ ਵੀ ਕਰਦਾ ਹੈ। 2014 ਵਿਚ ਬ੍ਰਿਟਿਸ਼ ਰਸਾਲੇ 'ਦੀ ਸਨ' ਨਾਲ ਰੋਨਾਲਡੋ ਦੀ ਇੰਟਰਵਿਊ ਛਪੀ ਸੀ, ਜਿਸ ਵਿਚ ਦਾਅਵਾ ਕੀਤਾ ਗਿਆ ਸੀ ਕਿ ਰੋਨਾਲਡੋ ਨੇ ਆਪਣੇ ਪਿਤਾ ਖਿਲਾਫ ਗੱਲਾਂ ਕੀਤੀਆਂ। ਰੋਨਾਲਡੋ ਨੇ ਉਸੇ ਵੇਲੇ ਟਵੀਟ ਕੀਤਾ ਕਿ ਉਸ ਨੇ ਤਾਂ ਇੰਟਰਵਿਊ ਦਿੱਤੀ ਹੀ ਨਹੀਂ ਸੀ।

# ਚਿੱਟ ਫੰਡ ਕੰਪਨੀ ਦੇ ਸ਼ਿਕਾਰ ਵਿਅਕਤੀ ਵੱਲੋਂ ਖ਼ੁਦਕੁਸ਼ੀ

**ਬਠਿੰਡਾ (ਬਖਤੌਰ ਢਿੱਲੋਂ, ਪਰਵਿੰਦਰਜੀਤ ਸਿੰਘ)**

ਕਰਾਊਨ ਚਿੱਟ ਫੰਡ ਕੰਪਨੀ ਦਾ ਸ਼ਿਕਾਰ ਹੋਏ ਬਠਿੰਡਾ ਜ਼ਿਲ੍ਹੇ ਦੇ ਪਿੰਡ ਪੂਹਲੀ ਦੇ ਇੱਕ ਵਿਅਕਤੀ ਨੇ ਲਾਈਵ ਹੋ ਕੇ ਖ਼ੁਦਕਸ਼ੀ ਕਰ ਲਈ। ਉਸ ਨੇ ਸਲਫਾਸ ਨਿਗਲਣ ਬਾਅਦ ਫੇਸਬੁਕ 'ਤੇ ਲਾਈਵ ਹੋ ਕੇ ਆਪਣੀ ਮੌਤ ਲਈ ਪੱਤਰਕਾਰ ਪੀ ਐੱਸ ਮਿੱਠਾ, ਉਸ ਦੇ ਭਰਾ ਡਾਕਟਰ ਰਣਜੀਤ ਸਿੰਘ ਨੀਟਾ ਵਾਸੀਆਨ ਭੁੱਚੋ ਮੰਡੀ ਤੇ ਨਥਾਣਾ ਵਾਸੀ ਗੁਰਜੀਤ ਸਿੰਘ ਭਾਟੀਆ ਨੂੰ ਜ਼ਿੰਮੇਵਾਰ ਦੱਸਿਆ ਹੈ। ਜਸਵਿੰਦਰ ਸਿੰਘ ਪੁੱਤਰ ਮਨੋਹਰ ਸਿੰਘ ਨੇ ਕਰਾਊਨ ਚਿੱਟ ਫੰਡ ਕੰਪਨੀ ਵਿੱਚ ਕਰੀਬ 35 ਲੱਖ ਰੁਪਏ ਨਿਵੇਸ਼ ਕੀਤੇ ਸਨ। ਕੰਪਨੀ ਦੇ ਸੰਚਾਲਕਾਂ ਨੇ ਉਸ ਨੂੰ ਢਾਈ ਸਾਲਾਂ ਵਿਚ ਦੁਗਣੀ ਰਕਮ ਦੇਣ ਦਾ ਵਾਅਦਾ ਕੀਤਾ ਸੀ, ਪਰ ਇਸ ਤੋਂ ਬਾਅਦ ਚਿੱਟ ਫੰਡ ਕੰਪਨੀ ਵਾਲੇ ਪੈਸੇ ਲੈ ਕੇ ਫਰਾਰ ਹੋ ਗਏ। ਉਕਤ ਵਿਅਕਤੀ ਨੇ ਫੇਸਬੁਕ 'ਤੇ ਲਾਈਵ ਹੋ ਕੇ ਦੱਸਿਆ ਕਿ ਮਿੱਠਾ, ਨੀਟਾ ਅਤੇ ਭਾਟੀਆ ਨੇ ਉਸ ਦੀ ਜ਼ਿੰਦਗੀ ਬਰਬਾਦ ਕੀਤੀ ਹੈ। ਉਕਤ ਵਿਅਕਤੀਆਂ ਨੇ ਉਸ ਨਾਲ ਲੱਖਾਂ ਰੁਪਏ ਦੀ ਠੱਗੀ ਮਾਰੀ ਹੈ, ਜਿਸ ਕਾਰਨ ਉਸ ਕੋਲ ਬਿਮਾਰੀ ਲਈ ਦਵਾਈ ਲਿਆਉਣ ਲਈ ਵੀ ਪੈਸੇ ਨਹੀਂ ਹਨ। ਉਸ ਨੇ ਕਈ ਅਜਿਹੇ ਲੋਕਾਂ ਦੇ ਨਾਂਅ ਵੀ ਲਏ, ਜਿਨ੍ਹਾਂ ਉਸ ਦੀ ਆਰਥਕ ਮਦਦ ਕੀਤੀ ਹੈ। ਜਸਵਿੰਦਰ ਸਿੰਘ ਨੇ ਨਥਾਣਾ-ਭਗਤਾ ਰੋਡ 'ਤੇ ਆਪਣੀ ਗੱਡੀ ਵਿਚ ਸਲਫਾਸ ਨਿਕਲਣ ਬਾਅਦ ਫੇਸਬੁਕ ਲਾਈਵ ਕੀਤਾ। ਉਸ ਨੇ ਕਿਹਾ ਕਿ ਠੱਗੀ ਤੋਂ ਤੰਗ ਆ ਕੇ ਉਹ ਇਹ ਆਖਰੀ ਕਦਮ ਚੁੱਕ ਰਿਹਾ ਹੈ। ਉਸ ਦੀ ਇਹ ਹਾਲਤ ਕਰਨ ਵਾਲੇ ਲੋਕਾਂ ਖਿਲਾਫ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਉਸ ਨੇ ਕਿਹਾ ਕਿ ਉਹ ਆਪਣੇ ਨਾਲ ਹੋਈ ਠੱਗੀ ਨੂੰ ਲੈ ਕੇ 2016 ਵਿਚ ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲਿਆ ਸੀ, ਜਿਨ੍ਹਾ



ਵਾਅਦਾ ਕੀਤਾ ਸੀ ਕਿ ਪੰਜਾਬ ਅੰਦਰ ਸਰਕਾਰ ਬਣਨ ਤੋਂ ਬਾਅਦ ਉਸ ਨੂੰ ਇਨਸਾਫ ਦਿਵਾਇਆ ਜਾਵੇਗਾ। ਉਹ ਪਿਛਲੇ ਕਰੀਬ ਢਾਈ ਸਾਲ ਤੋਂ ਮੁੱਖ ਮੰਤਰੀ ਨੂੰ ਮਿਲਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਉਸ ਦੀ ਕੋਸ਼ਿਸ਼ ਨੂੰ ਅਜੇ ਤੱਕ ਬੂਰ ਨਹੀਂ ਪਿਆ। ਜਸਵਿੰਦਰ ਸਿੰਘ ਨੇ ਕਿਹਾ ਕਿ ਉਹ ਆਪਣੇ ਨਾਲ ਹੋਈ ਠੱਗੀ ਦੇ ਮਾਮਲੇ ਨੂੰ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ, ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ, ਸਮਾਜ ਸੇਵੀ ਮਨਜੀਤ ਸਿੰਘ ਮੰਨਾ ਸਮੇਤ ਹੋਰਨਾਂ ਆਗੂਆਂ ਕੋਲ ਉਠਾ ਚੁੱਕਿਆ ਹੈ, ਪਰ ਕਿਸੇ ਨੇ ਵੀ ਉਸ ਦੀ ਅਜੇ ਤੱਕ ਬਾਂਹ ਨਹੀਂ ਫੜੀ, ਜਿਸ ਕਾਰਨ ਮਜਬੂਰਨ ਉਸ ਨੂੰ ਖੁਦਕੁਸ਼ੀ ਵਰਗਾ ਕਦਮ ਚੁੱਕਣਾ ਪੈ ਰਿਹਾ ਹੈ। ਉਸ ਨੇ ਆਪਣੇ ਜਾਣਕਾਰਾਂ ਤੇ ਸ਼ੁਭਚਿੰਤਕਾਂ ਨੂੰ ਅਪੀਲ ਕੀਤੀ ਕਿ

● ਬਾਕੀ ਸਫ਼ਾ 2 'ਤੇ

# ਕੋਲਕਾਤਾ ਪੁਲਸ ਦਾ ਕਾਰਾ ਬਹੁਤ ਪ੍ਰੇਸ਼ਾਨ ਕਰਨ ਵਾਲਾ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਕੋਲਕਾਤਾ ਦੇ ਆਰ ਜੀ ਕਰ ਮੈਡੀਕਲ ਕਾਲਜ 'ਚ ਮਹਿਲਾ ਡਾਕਟਰ ਦੇ ਬਲਾਤਕਾਰ ਅਤੇ ਕਤਲ ਦੇ ਮਾਮਲੇ 'ਚ ਗੈਰ-ਕੁਦਰਤੀ ਮੌਤ ਦੀ ਐਫ ਆਈ ਆਰ ਦਰਜ ਕਰਨ 'ਚ ਕੋਲਕਾਤਾ ਪੁਲਸ ਵੱਲੋਂ ਕੀਤੀ ਦੇਰੀ ਨੂੰ 'ਬਹੁਤ ਹੀ ਪ੍ਰੇਸ਼ਾਨ ਕਰਨ ਵਾਲਾ ਕਾਰਾ' ਕਰਾਰ ਦਿੱਤਾ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਪੁਲਸ ਵੱਲੋਂ ਕਰਵਾਈਆਂ ਗਈਆਂ ਕਾਨੂੰਨੀ ਰਸਮਾਂ ਦੀ ਤਰਤੀਬ ਅਤੇ ਸਮੇਂ 'ਤੇ ਸਵਾਲ ਚੁੱਕਦੇ ਹੋਏ ਕਿਹਾ ਕਿ ਇਹ ਬਹੁਤ ਹੈਰਾਨੀਜਨਕ ਹੈ ਕਿ 9 ਅਗਸਤ ਨੂੰ ਗੈਰ-ਕੁਦਰਤੀ ਮੌਤ ਦੇ ਤੌਰ 'ਤੇ ਕੇਸ ਦਰਜ ਕਰਨ ਤੋਂ ਪਹਿਲਾਂ ਸ਼ਾਮ 6.10 ਤੋਂ 7.10 ਵਜੇ ਤੱਕ ਮ੍ਰਿਤਕ ਦਾ ਪੋਸਟਮਾਰਟਮ ਕੀਤਾ ਗਿਆ। ਬੈਂਚ ਨੇ ਕਿਹਾ ਕਿ ਪੁਲਸ ਦੇ ਇਸ ਕਾਰੇ ਨੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਉਸ ਨੇ ਐੱਫ ਆਈ ਆਰ ਦਰਜ ਕਰਨ ਵਾਲੇ ਕੋਲਕਾਤਾ ਪੁਲਸ ਦੇ ਅਧਿਕਾਰੀ ਨੂੰ ਅਗਲੀ ਸੁਣਵਾਈ ਸਮੇਂ ਪੇਸ਼ ਹੋਣ ਅਤੇ ਐੱਫ ਆਈ ਆਰ ਦੇ ਸਮੇਂ ਦਾ ਖੁਲਾਸਾ ਕਰਨ ਲਈ ਕਿਹਾ ਹੈ।

ਬੈਂਚ ਨੇ ਘਟਨਾ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਡਾਕਟਰਾਂ ਨੂੰ ਮੁੜ ਕੰਮ ਸ਼ੁਰੂ ਕਰਨ ਲਈ ਕਿਹਾ। ਅਦਾਲਤ ਨੇ ਡਾਕਟਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਦੁਬਾਰਾ ਜੁਆਇਨ ਕਰਨ 'ਤੇ ਕੋਈ ਬਦਲਾਲਊ ਕਾਰਵਾਈ ਨਹੀਂ ਕੀਤੀ ਜਾਵੇਗੀ। ਬੈਂਚ ਨੂੰ ਏਮਜ਼ ਨਾਗਪੁਰ ਦੇ ਰੈਜ਼ੀਡੈਂਟ ਡਾਕਟਰਾਂ ਦੇ ਵਕੀਲ ਨੇ ਦੱਸਿਆ ਕਿ ਕੋਲਕਾਤਾ ਬਲਾਤਕਾਰ-ਕਤਲ ਮਾਮਲੇ ਨੂੰ ਲੈ ਕੇ ਹੋਏ ਵਿਰੋਧ ਪ੍ਰਦਰਸ਼ਨਾਂ ਦਾ ਉਨ੍ਹਾਂ ਨੂੰ ਸ਼ਿਕਾਰ ਬਣਾਇਆ ਜਾ ਰਿਹਾ ਹੈ। ਇਸ 'ਤੇ ਬੈਂਚ ਵਿਚ ਸ਼ਾਮਲ ਜਸਟਿਸ ਜੇ ਬੀ ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਨੇ ਕਿਹਾ-ਇੱਕ ਵਾਰ ਜਦੋਂ ਉਹ ਡਿਊਟੀ 'ਤੇ ਪਰਤ ਜਾਣਗੇ ਤਾਂ ਅਸੀਂ ਅਧਿਕਾਰੀਆਂ 'ਤੇ ਉਨ੍ਹਾਂ ਵਿਰੁੱਧ ਕੋਈ ਕਾਰਵਾਈ ਨਾ ਕਰਨ ਲਈ ਦਬਾਅ ਪਾਵਾਂਗੇ। ਜੇ ਡਾਕਟਰ ਕੰਮ ਨਹੀਂ ਕਰਨਗੇ ਤਾਂ ਜਨਤਕ ਸਿਹਤ ਬੁਨਿਆਦੀ ਢਾਂਚਾ ਕਿਵੇਂ ਚੱਲੇਗਾ। ਜੇ ਉਸ ਤੋਂ ਬਾਅਦ ਕੋਈ ਮੁਸ਼ਕਲ ਆਉਂਦੀ ਹੈ ਤਾਂ ਸਾਡੇ ਕੋਲ ਆਓ, ਪਰ ਪਹਿਲਾਂ ਕੰਮ 'ਤੇ ਪਰਤੋ।

# ਨਾਭਾ ਜੇਲ੍ਹ ਬਰੇਕ ਕਾਂਡ ਦੇ ਮਾਸਟਰਮਾਈਂਡ ਰੋਮੀ ਨੂੰ ਹਾਂਗਕਾਂਗ ਤੋਂ ਭਾਰਤ ਲਿਆਂਦਾ

**ਚੰਡੀਗੜ੍ਹ** : 2016 ਦੀ ਨਾਭਾ ਜੇਲ੍ਹ ਬਰੇਕ ਦੇ ਮਾਸਟਰਮਾਈਂਡ ਰਮਨਜੀਤ ਸਿੰਘ ਰੋਮੀ ਨੂੰ ਵੀਰਵਾਰ ਹਾਂਗਕਾਂਗ ਤੋਂ ਭਾਰਤ ਲੈ ਆਂਦਾ ਗਿਆ। ਪੰਜਾਬ ਦੇ ਏ ਆਈ ਜੀ ਹਰਵਿੰਦਰ ਸਿੰਘ ਵਿਰਕ ਤੇ ਐਂਟੀ ਗੈਂਗਸਟਰ ਟਾਸਕ ਫੋਰਸ ਦੇ ਡੀ ਐੱਸ ਪੀ ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਵਾਲੀ ਤਿੰਨ ਮੈਂਬਰੀ ਟੀਮ ਉਸ ਨੂੰ ਹਾਂਗਕਾਂਗ ਤੋਂ ਲੈ ਕੇ ਆਈ। 35 ਸਾਲਾ ਰੋਮੀ ਹਾਂਗਕਾਂਗ ਦਾ ਪਰਮਾਨੈਂਟ ਰੈਜ਼ੀਡੈਂਟ ਬਣ ਗਿਆ ਸੀ। ਏ ਆਈ ਜੀ ਗੁਰਮੀਤ ਸਿੰਘ ਚੌਹਾਨ ਦੀ ਅਗਵਾਈ ਵਾਲੀ ਟੀਮ ਉਸ ਨੂੰ ਪੰਜਾਬ ਲਿਆਉਣ ਲਈ ਦਿੱਲੀ ਪੁੱਜ ਗਈ ਸੀ।

ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਇਸ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੋਮੀ ਖਾਲਿਸਤਾਨ ਲਿਬਰੇਸ਼ਨ ਫੋਰਸ ਦੇ ਹਰਮਿੰਦਰ ਸਿੰਘ ਮਿੰਟੂ ਅਤੇ ਕਸ਼ਮੀਰ ਸਿੰਘ ਗਲਵੱਢੀ ਸਮੇਤ ਹੋਰ ਫਰਾਰ ਅਪਰਾਧੀਆਂ ਦੇ ਸੰਪਰਕ 'ਚ ਰਿਹਾ। ਰੋਮੀ ਖਿਲਾਫ ਲੁੱਕ ਆਊਟ ਸਰਕੂਲਰ ਅਤੇ ਰੈੱਡ ਕਾਰਨਰ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਹਨੂੰ ਗ੍ਰਿਫਤਾਰ ਕਰਨ ਵਾਸਤੇ ਹਾਂਗਕਾਂਗ ਸਰਕਾਰ ਦੇ ਨਾਲ 2018 'ਚ ਹਵਾਲਗੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਸੀ। ਡੀ ਜੀ ਪੀ ਨੇ ਕਿਹਾ—ਅਸੀਂ ਅੰਤਰਰਾਸ਼ਟਰੀ ਸਹਿਯੋਗ ਦੇ ਹਿੱਸੇ ਵਜੋਂ ਹਾਂਗਕਾਂਗ ਦੇ ਅਧਿਕਾਰੀਆਂ, ਸੀ ਬੀ ਆਈ, ਗ੍ਰਹਿ ਮੰਤਰਾਲੇ, ਵਿਦੇਸ਼ ਮੰਤਰਾਲੇ ਅਤੇ ਹੋਰ ਸਾਰੀਆਂ ਕੇਂਦਰੀ ਏਜੰਸੀਆਂ ਦਾ ਧੰਨਵਾਦ ਕਰਦੇ ਹਾਂ।

ਰੋਮੀ 2018 ਤੋਂ ਹਾਂਗਕਾਂਗ ਵਿਚ ਨਜ਼ਰਬੰਦ ਸੀ। ਉਸ ਨੂੰ ਉੱਥੇ ਕੋਲੂਨ ਵਿਖੇ ਚੋਈ ਹੰਗ ਅਸਟੇਟ ਵਿਚ ਡਾਕੇ ਦੇ ਸੰਬੰਧ ਵਿਚ ਗ੍ਰਿਫਤਾਰ ਕੀਤਾ ਗਿਆ ਸੀ। ਉੱਥੋਂ ਦੀਆਂ ਅਦਾਲਤਾਂ ਨੇ ਦੋ ਵਾਰ ਉਸ ਨੂੰ ਭਾਰਤ ਹਵਾਲੇ ਕਰਨ ਤੋਂ ਨਾਂਹ ਕਰ ਦਿੱਤੀ ਸੀ। ਆਖਰ 6 ਅਗਸਤ ਨੂੰ ਉਸ ਨੂੰ ਭਾਰਤ ਹਵਾਲੇ ਕਰਨ ਦੀ ਮੰਗ ਮੰਨੀ ਗਈ। ਇਸੇ ਦੌਰਾਨ ਬੁੱਧਵਾਰ ਰੋਮੀ ਦੇ ਫੇਸਬੁਕ ਖਾਤੇ ਵਿਚ ਇਕ ਪੋਸਟ ਵੀ ਨਸ਼ਰ ਹੋਈ, ਜਿਸ ਵਿਚ ਦਾਅਵਾ ਕੀਤਾ ਗਿਆ ਕਿ ਉਸ ਨੇ ਆਤਮ-ਸਮਰਪਣ ਕੀਤਾ ਹੈ ਅਤੇ ਭਾਰਤ ਸਰਕਾਰ ਨੇ ਉਸ ਨੂੰ 'ਭਰੋਸੇ' ਦਿੱਤੇ ਹਨ। ਇਨ੍ਹਾਂ ਵਿਚ ਇੱਕ ਇਹ ਹੈ ਕਿ ਪੰਜਾਬ ਪੁਲਸ ਉਸ ਦਾ ਪੁਲਸ ਰਿਮਾਂਡ ਨਹੀਂ ਲਵੇਗੀ ਤੇ ਉਹ ਜੁਡੀਸ਼ੀਅਲ ਹਿਰਾਸਤ ਵਿਚ ਰਹੇਗਾ। ਉਹ 22 ਅਗਸਤ ਨੂੰ ਭਾਰਤ ਪੁੱਜੇਗਾ।



ਜਹਾਜ਼ ਵਿਚ ਮਾਸਕ ਪਾਈ ਰੋਮੀ।

ਹਥਿਆਰ ਤੇ ਫੇਕ ਕ੍ਰੈਡਿਟ ਕਾਰਡ ਬਰਾਮਦ ਹੋਣ ਤੋਂ ਬਾਅਦ ਨਾਭਾ ਕੋਤਵਾਲੀ ਵਿਚ ਦਰਜ ਕੇਸ ਦੇ ਸੰਬੰਧ ਵਿਚ ਰੋਮੀ ਨੂੰ ਜੂਨ 2016 ਵਿਚ ਗ੍ਰਿਫਤਾਰ ਕੀਤਾ ਗਿਆ ਸੀ। ਅਗਸਤ 2016 ਵਿਚ ਜ਼ਮਾਨਤ ਮਿਲਣ 'ਤੇ ਉਹ ਹਾਂਗਕਾਂਗ ਭੱਜ ਗਿਆ ਸੀ। 27 ਨਵੰਬਰ 2016 ਵਿਚ ਇਕ ਗਰੁੱਪ ਨੇ ਨਾਭਾ ਜੇਲ੍ਹ ਵਿਚ ਅੰਨ੍ਹੇਵਾਹ ਫਾਇਰਿੰਗ ਕਰਕੇ ਛੇ ਅੱਤ ਲੋੜੀਂਦੇ ਅਪਰਾਧੀ—ਗੈਂਗਸਟਰ ਹਰਜਿੰਦਰ ਸਿੰਘ ਉਰਫ ਵਿੱਕੀ ਗੌਂਡਰ, ਨੀਟਾ ਦਿਓਲ, ਗੁਰਪ੍ਰੀਤ ਸੇਖੋਂ ਤੇ ਅਮਨ ਢੋਟੀਆਂ ਅਤੇ ਅੱਤਵਾਦੀ ਹਰਮਿੰਦਰ ਮਿੰਟੂ ਤੇ ਕਸ਼ਮੀਰ ਸਿੰਘ ਜੇਲ੍ਹ ਵਿੱਚੋਂ ਭਜਾ ਲਏ ਸਨ। ਸੇਖੋਂ, ਦਿਓਲ ਤੇ ਢੋਟੀਆਂ ਬਾਅਦ ਵਿਚ ਫੜੇ ਗਏ ਸਨ, ਗੌਂਡਰ ਪੁਲਸ ਮੁਕਾਬਲੇ ਵਿਚ ਮਾਰਿਆ ਗਿਆ ਸੀ। ਖਾਲਿਸਤਾਨ ਲਿਬਰੇਸ਼ਨ ਫੋਰਸ ਦਾ ਹਰਮਿੰਦਰ ਸਿੰਘ ਮਿੰਟੂ ਦਿੱਲੀ ਤੋਂ ਫੜਿਆ ਗਿਆ ਸੀ ਤੇ ਬਾਅਦ ਵਿਚ ਦਿਲ ਦਾ ਦੌਰਾ ਪੈਣ ਨਾਲ ਉਸ ਦੀ ਜੇਲ੍ਹ ਵਿਚ ਮੌਤ ਹੋ ਗਈ ਸੀ। ਕਸ਼ਮੀਰ ਸਿੰਘ ਅਜੇ ਵੀ ਫਰਾਰ ਹੈ। ਪਟਿਆਲਾ ਕੋਰਟ ਦੇ ਸਪੈਸ਼ਲ ਜੱਜ ਐੱਚ ਐੱਸ ਗਰੇਵਾਲ ਨੇ ਪਿਛਲੇ ਸਾਲ ਮਾਰਚ ਵਿਚ ਜੇਲ੍ਹ ਬਰੇਕ ਕਾਂਡ ਵਿਚ 22 ਜਣਿਆਂ ਨੂੰ ਦੋਸ਼ੀ ਠਹਿਰਾਇਆ ਸੀ ਤੇ 6 ਨੂੰ ਬਰੀ ਕਰ ਦਿੱਤਾ ਸੀ। ਪੁਲਸ ਮੁਤਾਬਕ ਜੇਲ੍ਹ ਬਰੇਕ ਪਿੱਛੇ ਦਿਮਾਗ ਰੋਮੀ ਦਾ ਸੀ ਅਤੇ ਉਸ ਨੇ ਪੈਸੇ ਤੇ ਹਥਿਆਰਾਂ ਦਾ ਪ੍ਰਬੰਧ ਕੀਤਾ ਸੀ। ਰੋਮੀ ਬਠਿੰਡਾ ਜ਼ਿਲ੍ਹੇ ਦੇ ਪਿੰਡ ਬੰਗੀ ਰੁਲਦੂ ਦਾ ਹੈ। ਪੁਲਸ ਮੁਤਾਬਕ ਜੂਨ 2016 ਵਿਚ ਫੜੇ ਜਾਣ ਤੋਂ ਬਾਅਦ ਨਾਭਾ ਜੇਲ੍ਹ ਵਿਚ ਉਸ ਨੇ ਕਈ ਅਪਰਾਧੀਆਂ ਤੇ ਅੱਤਵਾਦੀਆਂ ਨਾਲ ਲਿੰਕ ਬਣਾ ਲਏ ਸਨ। ਪੁਲਸ ਮੁਤਾਬਕ ਉਹ ਪੰਜਾਬ ਦੇ ਗੈਂਗਸਟਰਾਂ ਤੇ ਆਈ ਐੱਸ ਆਈ ਦੀ ਹਮਾਇਤ ਹਾਸਲ ਦਹਿਸ਼ਤਗਰਦਾਂ ਵਿਚਾਲੇ ਲਿੰਕ ਵਜੋਂ ਕੰਮ ਕਰਦਾ ਰਿਹਾ ਹੈ।

# ਸੰਘਰਸ਼ ਤਿੱਖਾ ਕਰਨ ਲਈ ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਅੱਜ ਅਹਿਮ ਮੀਟਿੰਗ

**ਕੋਟਕਪੂਰਾ (ਰਛਪਾਲ ਭੁੱਲਰ)**

ਪੰਜਾਬ ਪੈਨਸ਼ਨਰਜ਼ ਯੂਨੀਅਨ (ਸੰਬੰਧਤ ਏਟਕ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ) ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਅਤੇ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਨਾਲ ਮੁੱਖ ਮੰਤਰੀ ਪੰਜਾਬ ਦੀ 22 ਅਗਸਤ ਨੂੰ ਚੰਡੀਗੜ੍ਹ ਵਿਖੇ ਹੋਣ ਵਾਲੀ ਮੀਟਿੰਗ ਮੁੱਖ ਮੰਤਰੀ ਪੰਜਾਬ ਦੇ ਦਫਤਰ ਵੱਲੋਂ ਨਾ ਕੇਵਲ ਮੁਲਤਵੀ ਕੀਤੀ ਗਈ ਹੈ, ਸਗੋਂ 12 ਸਤੰਬਰ ਨੂੰ ਮੀਟਿੰਗ ਦੀ ਨਵੀਂ ਮਿਤੀ ਤੈਅ ਕਰਨ ਸੰਬੰਧੀ ਭੇਜੇ ਗਏ ਲਿਖਤੀ ਪੱਤਰ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ ਕਿ ਮੁੱਖ ਮੰਤਰੀ ਗੱਲਬਾਤ ਵਿੱਚ ਸ਼ਾਮਲ ਨਹੀਂ ਹੋਣਗੇ ਅਤੇ ਕੈਬਨਿਟ ਸਬ-ਕਮੇਟੀ ਨਾਲ ਮੀਟਿੰਗ ਹੋਵੇਗੀ। ਆਗੂਆਂ ਕਿਹਾ ਕਿ ਸੰਘਰਸ਼ਸ਼ੀਲ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਲੋਕ ਅਕਸਰ ਹੀ ਇਹ ਨਾਅਰਾ ਬੁਲੰਦ ਕਰਦੇ ਹਨ ਕਿ 'ਜਿਹੜਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਖਿਹਾ, ਉਹਦਾ ਕੱਖ ਨਾ ਰਿਹਾ,

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਯੂਕਰੇਨ ਵੱਲ ਨੂੰ ਕਹਿੰਦੇ ਨੇ ਗਿਆ ਮੋਦੀ,
ਯਤਨ ਕਰੂ ਉਹ ਰੋਕਣ ਲਈ ਜੰਗ ਬੇਲੀ।
ਗਲੀ-ਬਾਜ਼ਾਰ ਸਭ ਨੱਚੇ ਪਈ ਮੌਤ ਓਥੇ,
ਜ਼ਿੰਦਗੀ ਜੀਵਨ ਤੋਂ ਬੜੀ ਆ ਤੰਗ ਬੇਲੀ।
ਰੁਕਣੀ ਚਾਹੀਦੀ ਜੰਗ, ਆ ਕੇ ਕੋਈ ਰੋਕੇ,
ਸਾਰੇ ਸੰਸਾਰ ਵਿੱਚ ਹੋਵੇ ਪਈ ਮੰਗ ਬੇਲੀ।
ਚੁਆਤੀ ਲਾਈ ਜਾਂ ਜੰਗ ਲਵਾਈ ਜੀਹਨਾਂ,
ਉਹ ਵੀ ਰੋਕਣ ਦਾ ਦੱਸ ਰਹੇ ਢੰਗ ਬੇਲੀ।
ਮੋਦੀ ਗਿਆ ਸੀ ਰੂਸ ਵੱਲ ਜਿਵੇਂ ਪਹਿਲਾਂ,
ਦੂਸਰੇ ਪਾਸੇ ਵੀ ਗਿਆ ਫਿਰ ਚਲਾ ਬੇਲੀ।
ਪਤਾ ਨਹੀਂ ਨਿਕਲਣਾ ਅੰਤ ਨੂੰ ਕੀ ਸਿੱਟਾ,
ਮੰਗਣਾ ਲੋੜੀਏ ਸਰਬੱਤ ਦਾ ਭਲਾ ਬੇਲੀ।

-ਤੀਸ ਮਾਰ ਖਾਂ

|| ੴ ਸਤਿਗੁਰ ਪ੍ਰਸਾਦਿ ||
ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ||
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ||੧||
ਪਾਠ ਦਾ ਭੋਗ ਤੇ ਅੰਤਿਮ ਅਰਦਾਸ



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰ ਯੋਗ
ਸ. ਹਰਚਰਨ ਸਿੰਘ ਮੌੜ (Retd. Lecturer) ਪਿੰਡ ਫਰੀਦਕੇ
ਮਿਤੀ 15 ਅਗਸਤ 2024 ਦਿਨ ਵੀਰਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦੀ ਆਤਮਿਕ ਸ਼ਾਤੀ ਲਈ ਰੱਖੇ ਗਏ
ਪਾਠ ਦਾ ਭੋਗ ਅਤੇ ਅੰਤਿਮ ਅਰਦਾਸ
ਮਿਤੀ 23 ਅਗਸਤ ਦਿਨ ਸ਼ੁਕਰਵਾਰ ਨੂੰ
ਦੁਪਿਹਰ 12:00 ਵਜੇ ਤੋ 1:00 ਵਜੇ ਤੱਕ
ਗੁਰੂਦੁਆਰਾ ਸ਼੍ਰੀ ਮੋਤੀ ਬਾਗ ਸਾਹਿਬ ਪਾਤਸ਼ਾਹੀ ਨੌਵੀਂ ਪਟਿਆਲਾ
ਵਿਖੇ ਪਵੇਗਾ। ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।
ਦੁਖੀ ਹਿਰਦੇ
ਸਰਦਾਰਨੀ ਰਮਿੰਦਰ ਕੌਰ (ਸੁਪਤਨੀ)
ਸ. ਮੇਵਾ ਸਿੰਘ ਮੌੜ/ਜੋਗਿੰਦਰ ਕੌਰ (ਭਰਾ/ਭਰਜਾਈ)
ਸ. ਸੁਖਦਰਸ਼ਨ ਸਿੰਘ ਮੌੜ/ਹਰਜਿੰਦਰ ਕੌਰ (ਭਰਾ/ਭਰਜਾਈ)
ਸ. ਭਰਭੂਰ ਸਿੰਘ ਮੌੜ/ਸਰਬਜੀਤ ਕੌਰ (ਭਤੀਜਾ/ਭਤੀਜ ਨੂੰਹ)
ਇੰਜ. ਪ੍ਰਿਤਪਾਲ ਸਿੰਘ ਮੌੜ/ਸਰਬਜੀਤ ਕੌਰ (ਪੁੱਤਰ/ਨੂੰਹ)
ਸ. ਮਨਪ੍ਰੀਤ ਸਿੰਘ ਮੌੜ/ਰਜਿੰਦਰ ਕੌਰ (ਪੁੱਤਰ/ਨੂੰਹ)
ਅੰਮ੍ਰਿਤਪਾਲ ਕੌਰ/ ਸ. ਬਲਵਿੰਦਰ ਸਿੰਘ ਮਿੱਡੂਖੇੜਾ (ਧੀ/ਜਵਾਈ)
ਹਿਰਦੇਪਾਲ ਕੌਰ/ਸ. ਲਾਲਜੀਤ ਸਿੰਘ ਦਿਆਲਪੁਰਾ ਮਿਰਜ਼ਾਂ (ਧੀ/ਜਵਾਈ)
ਮੋਬਾਇਲ : 99143-57125, 73472-22043, 96461-19601

ੴ ਸਤਿਗੁਰੂ ਪ੍ਰਸਾਦਿ
ਜੇਹਾ ਚੀਰੀ ਲਿਖਿਆ ਤੇਹਾ ਹੁਕਮ ਕਮਾਹਿ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥
ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ
ਸਰਦਾਰ ਨਿਰੰਜਨ ਸਿੰਘ ਗਰੇਵਾਲ
(ਸੇਵਾਮੁਕਤ ਚੀਫ ਇੰਸਪੈਕਟਰ ਪੀ.ਆਰ.ਟੀ.ਸੀ)
ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ 17 ਅਗਸਤ 2024 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਅਖੰਡ ਸਾਹਿਬ ਪਾਠ ਦੇ ਭੋਗ ਮਿਤੀ 25 ਅਗਸਤ 2024 ਦਿਨ ਐਤਵਾਰ ਨੂੰ ਗੁਰਦੁਆਰਾ ਸਾਹਿਬ, ਪਿੰਡ ਸਕਰੌਦੀ ਨੇੜੇ ਭਵਾਨੀਗੜ੍ਹ ਦੁਪਹਿਰ 12:00 ਤੋ ਦੁਪਹਿਰ 1:00 ਵਜੇ ਪਵੇਗਾ।
ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।
-: ਦੁਖਿਤ ਹਿਰਦੇ :-
ਪਰਦਮਨ ਸਿੰਘ ਗਰੇਵਾਲ, ਪਰਵਿੰਦਰ ਸਿੰਘ ਗਰੇਵਾਲ (ਪੁੱਤਰ)
ਚਰਨਜੀਤ ਕੌਰ, ਨਰਦੀਪ ਕੌਰ (ਨੂੰਹਾਂ)
ਮੋ: 98554-30313, 88475-91305
ਉਜਾਗਰ ਸਿੰਘ, DPRO(Retd.) ਭਣੇਵਾਂ, ਸੁਰਜੀਤ ਕੌਰ (ਭੈਣ)
ਪਰਮਜੀਤ ਕੌਰ ਤੇ ਜੁਗ ਸਿੰਘ ਸਿੱਧੂ (ਧੀ-ਜਵਾਈ)
ਅਮਨਦੀਪ ਕੌਰ ਤੇ ਜਗਦੀਸ਼ ਸਿੰਘ (ਧੀ-ਜਵਾਈ)
ਰੁਪਿੰਦਰ ਕੌਰ ਤੇ ਗੁਰਜੰਟ ਸਿੰਘ (ਧੀ-ਜਵਾਈ)
ਨਵਦੀਪ ਸਿੰਘ ਮੁੰਡੀ ਐਕਸਾਈਜ਼ ਇੰਸਪੈਕਟਰ (ਭਾਣਜਾ)
ਗਰੇਵਾਲ ਪਰਿਵਾਰ ਅਤੇ ਰਿਸ਼ਤੇਦਾਰ
ਸੁਰਿੰਦਰ ਸਿੰਘ ਢਿੱਲੋ ਏ.ਡੀ.ਸੀ (ਵਿਕਾਸ) ਸ਼੍ਰੀ ਮੁੱਕਤਸਰ ਸਾਹਿਬ (98142-61000),
ਬਲਜੀਤ ਕੌਰ ਬੀ.ਡੀ.ਪੀ.ਓ ਨਾਭਾ (ਪਟਿਆਲਾ) 99880-24191



ਪਿੰਡ ਚੌਕੀਮਾਨ ਦੀਆਂ ਧੀਆਂ ਨੇ ਭਾਬੀਆਂ ਨਾਲ ਰਲ਼ ਕੇ ਤੀਆਂ ਦਾ ਤਿਉਹਾਰ ਮਨਾਇਆ।ਇਸ ਮੌਕੇ ਬਲਾਕ ਸੰਮਤੀ ਮੈਂਬਰ ਮਨਦੀਪ ਕੌਰ, ਬਲਵੀਰ ਕੌਰ, ਗੁਰਮੀਤ ਕੌਰ, ਜਸਮਿੰਦਰ ਕੌਰ, ਮਲਕੀਤ ਕੌਰ ਮੈਂਬਰ ਪੰਚਾਇਤ, ਹਰਜਾਪ ਸਿੰਘ, ਤੇਜਿੰਦਰ ਸਿੰਘ, ਮਲਕੀਤ ਸਿੰਘ, ਮਨਦੀਪ ਸਿੰਘ, ਦਰਬਾਰਾ ਸਿੰਘ, ਕੁਲਜੀਤ ਕੌਰ, ਮਨਜਿੰਦਰ ਕੌਰ, ਰੁਪਿੰਦਰ ਕੌਰ, ਰਮਣੀਕ ਕੌਰ, ਜਪਨੂਰ ਕੌਰ ਆਦਿ ਨੇ ਸਾਉਣ ਮਹੀਨੇ ਦੀਆਂ ਬੋਲੀਆਂ ਪਾ ਕੇ ਸੱਸ-ਨੂੰਹ ਦੀ ਨੋਕ-ਝੋਕ ਕਰਦਿਆਂ ਭਾਦੋਂ ਮਹੀਨੇ ਨੂੰ ਕੋਸਦਿਆਂ ਹਾਸੇ ਠੱਠੇ ਕਰਦਿਆਂ ਪੁੰਨਿਆ 'ਤੇ ਬੱਲੋ ਪਾ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ। (ਫੋਟੋ ਤੇ ਵੇਰਵਾ : ਬਲਬੀਰ ਚੌਕੀਮਾਨ)

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਚੈੱਕ ਭੇਟ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ.ਐਸ.ਪੀ ਸਿੰਘ ਉਬਰਾਏ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਭਾਰਤ ਪ੍ਰਧਾਨ ਜੱਸਾ ਸਿੰਘ ਸੰਧੂ ਦੀ ਅਗਵਾਈ ਹੇਠ ਸਰਬੱਤ ਭਲਾ ਚੈਰੀਟੇਬਲ ਟਰੱਸਟ ਜਿਲਾ ਮਾਲੇਰਕੋਟਲਾ ਦੇ ਪ੍ਰਧਾਨ ਜਗਦੀਸ਼ ਸਿੰਘ ਘੁੰਮਣ ਦੀ ਪ੍ਰਧਾਨਗੀ ਹੇਠ ਹਰ ਮਹੀਨੇ ਲੋੜਵੰਦ ਪਰਵਾਰਾਂ ਨੂੰ ਚੈੱਕ ਤਕਸੀਮ ਕੀਤੇ ਜਾਂਦੇ ਹਨ। ਜਿਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਜਿਲ੍ਹਾ ਪ੍ਰਧਾਨ ਜਗਦੀਸ਼ ਸਿੰਘ ਘੁੰਮਣ ਅਤੇ ਸੀਨੀਅਰ ਮੀਤ ਪ੍ਰਧਾਨ ਡਾ.ਮਨਦੀਪ ਸਿੰਘ ਖੁਰਦ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦ ਪਰਿਵਾਰਾਂ ਦੇ ਬਜ਼ੁਰਗ, ਵਿਧਵਾ ਤੇ ਬੇਸਹਾਰਾ ਨੂੰ ਮਹੀਨਾਵਾਰ 66 ਚੈੱਕ ਤਕਸੀਮ ਕੀਤੇ ਗਏ। ਇਸ ਮੌਕੇ ਪ੍ਰਧਾਨ ਜਗਦੀਸ਼ ਸਿੰਘ ਘੁੰਮਣ ਨੇ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜਿਥੇ ਲੋੜਵੰਦ ਪਰਵਾਰਾਂ ਨੂੰ ਮਹੀਨਾਵਾਰ ਚੈੱਕ ਦਿੱਤੇ ਜਾਂਦੇ ਹਨ ਉਥੇ ਹੀ ਪੰਜਾਬ ਦੇ ਹਰ ਸ਼ਹਿਰ ਵਿੱਚ ਸਨੀ ਉਬਰਾਏ ਚੈਰੀਟੇਬਲ ਲੈਬੋਰਟਰੀਆਂ, ਮੈਡੀਕਲ ਕੈਂਪ, ਅੱਖਾਂ ਦੇ ਕੈਂਪ ਤੋਂ ਇਲਾਵਾ ਦਰਜਨਾਂ ਲੋਕ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਮਾਲੇਰਕੋਟਲਾ ਦੇ ਸੈਕਟਰੀ ਦਰਸ਼ਨ ਸਿੰਘ ਦਰਦੀ, ਬਹਾਦਰ ਸਿੰਘ ਭੂੰਦੜ, ਖਜ਼ਾਨਚੀ ਨਰੇਸ਼ ਕੁਮਾਰ ਨਾਰੀਕੇ, ਅਮਰਜੀਤ ਸਿੰਘ ਭੈਣੀ, ਗੁਰਮੇਲ ਸਿੰਘ ਭੂਦਨ, ਬਲਜੀਤ ਸਿੰਘ ਟਿਵਾਣਾ, ਬਾਬਾ ਅਵਤਾਰ ਸਿੰਘ, ਜਸਵੀਰ ਸਿੰਘ ਚੀਮਾ, ਸੁਪਿੰਦਰ ਸਿੰਘ ਮੰਡੇਰ ਆਦਿ ਹਾਜ਼ਰ ਸਨ।

## ਨਵੇਂ ਫੌਜਦਾਰੀ ਕਾਨੂੰਨਾਂ ਵਿਰੁੱਧ ਕਨਵੈਨਸ਼ਨ ਪਹਿਲੀ ਨੂੰ



**ਸੰਗਰੂਰ (ਪ੍ਰਵੀਨ ਸਿੰਘ)**-ਅਰੁੰਧਤੀ ਰਾਏ, ਪ੍ਰੋਫੈਸਰ ਸ਼ੇਖ ਸ਼ੌਕਰ ਹੁਸੈਨ ਖਿਲਾਫ ਯੂ ਏ ਪੀ ਏ ਅਧੀਨ ਕੇਸ ਚਲਾਉਣ ਦੀ ਮਨਜ਼ੂਰੀ ਦੇਣ ਅਤੇ ਤਿੰਨ ਨਵੇਂ ਫੌਜਦਾਰੀ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਚੱਲ ਰਹੀ ਮੁਹਿੰਮ ਨੂੰ ਅੱਗੇ ਵਧਾਉਣ ਲਈ ਜਨਤਕ ਜਮਹੂਰੀ ਜਥੇਬੰਦੀਆਂ ਵਲੋਂ 1 ਸਤੰਬਰ ਨੂੰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕਰਨ ਦਾ ਫੈਸਲਾ ਕੀਤਾ ਹੈ। ਇਹ ਫੈਸਲਾ ਅੱਜ ਇਥੇ ਜਮਹੂਰੀ ਅਧਿਕਾਰ ਸਭਾ ਅਤੇ ਤਰਕਸ਼ੀਲ ਸੁਸਾਇਟੀ ਦੇ ਸੱਦੇ 'ਤੇ ਹੋਈ ਜਨਤਕ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਦੀ ਸਾਂਝੀ ਮੀਟਿੰਗ ਵਿੱਚ ਕੀਤਾ ਗਿਆ। ਜਗਜੀਤ ਸਿੰਘ ਭੁਟਾਲ, ਮਾਸਟਰ ਪਰਮ ਵੇਦ, ਭੁਪਿੰਦਰ ਲੌਂਗੋਵਾਲ, ਸੰਜੀਵ ਮਿੰਟੂ ਅਤੇ ਮਹਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਸ਼ਾਮਲ ਆਗੂਆਂ ਨੇ ਦੱਸਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਹੱਕ ਸੱਚ ਦੀ ਆਵਾਜ਼ ਬੁਲੰਦ ਕਰਨ ਵਾਲੇ ਲੇਖਕਾਂ, ਵਕੀਲਾਂ, ਬੁੱਧੀਜੀਵੀਆਂ, ਪੱਤਰਕਾਰਾਂ ਅਤੇ ਸਮਾਜਿਕ ਕਾਰਕੁਨਾਂ ਨੂੰ ਸ਼ਹਿਰੀ ਨਕਸਲੀ ਗਰਦਾਨ ਕੇ ਯੂ ਏ ਪੀ ਏ ਲਗਾ ਕੇ ਝੂਠੇ ਕੇਸਾਂ ਵਿੱਚ ਸਾਲਾਂਬੱਧੀ ਜੇਲਾਂ ਵਿੱਚ ਬੰਦ ਕੀਤਾ ਹੋਇਆ ਹੈ। ਇਸ ਤਰ੍ਹਾਂ ਰੋਲਟ ਐਕਟ ਵਰਗੇ ਇਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਕੇ ਦੇਸ਼ ਵਿਚ ਅਣਐਲਾਨੀ ਐਮਰਜੈਂਸੀ ਲਾਗੂ ਕਰ ਦਿੱਤੀ ਹੈ। ਜਿਸ ਦੇ ਵਿਰੋਧ ਵਿਚ ਪੰਜਾਬ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੇ ਸਾਂਝਾ ਪਲੇਟਫਾਰਮ ਉਸਾਰ ਕੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਇਕ ਸਤੰਬਰ ਨੂੰ ਸੰਤ ਤੇਜਾ ਸਿੰਘ ਹਾਲ ਫਿਜੀਕਲ ਕਾਲਜ ਮਸਤੂਆਣਾ ਸਾਹਿਬ ਵਿਖੇ ਹੋਵੇਗੀ।

## ਵਿਧਾਇਕਾ ਅਰੋੜਾ ਦੀ ਅਗਵਾਈ 'ਚ ਮੋਗਾ ਹਲਕਾ ਤਰੱਕੀ ਦੀਆਂ ਮੰਜ਼ਲਾਂ ਸਰ ਕਰ ਰਿਹੈ : ਸੰਧੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਵਿਧਾਨ ਸਭਾ ਹਲਕਾ ਮੋਗਾ ਦੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਵਿੱਢੇ ਸਾਰਥਕ ਯਤਨਾਂ ਸਦਕਾ ਹਲਕਾ ਮੋਗਾ ਤਰੱਕੀ ਦੀਆਂ ਨਵੀਆਂ ਮੰਜ਼ਿਲਾ ਸਰ ਕਰ ਰਿਹਾ ਹੈ, ਜਿਸ ਕਰਕੇ ਹਲਕੇ ਦੇ ਲੋਕ ਪੰਜਾਬ ਸਰਕਾਰ ਦੀ ਨੀਅਤ ਤੇ ਨੀਤੀ ਤੋਂ ਖੁਸ਼ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲਾਈਟ ਟਰੱਕ ਯੂਨੀਅਨ ਮੋਗਾ ਦੇ ਪ੍ਰਧਾਨ ਗੁਰਲਾਲ ਸਿੰਘ ਸੰਧੂ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਅਜ਼ਾਦੀ ਤੋਂ ਮਗਰੋਂ ਰਵਾਇਤੀ ਧਿਰਾਂ ਦੀਆਂ ਆਈਆਂ ਸਰਕਾਰਾਂ ਦੇ ਉਲਟ ਆਪ ਸਰਕਾਰ ਨੇ ਸਿਹਤ ਤੇ ਸਿੱਖਿਆਂ ਦੇ ਖ਼ੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਕੀਤੀਆਂ ਹਨ, ਜਿਸ ਕਰ ਕੇ ਲੋਕਾਂ ਦਾ ਸਰਕਾਰ ਵਿੱਚ ਵਿਸ਼ਵਾਸ ਵਧਿਆ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਤੇ ਇਸ ਦੇ ਸਮੂਹ ਨੁਮਾਇੰਦਿਆਂ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਜੇਕਰ ਕਿਸੇ ਵੀ ਵਿਅਕਤੀ ਵਿੱਚ ਕੁੱਝ ਕਰਨ ਦੀ ਤਮੰਨਾ ਹੋਵੇ ਤਾਂ ਲੋਕਾਂ ਦੀਆਂ ਆਸਾਂ 'ਤੇ ਸਰਕਾਰ ਖਰਾ ਉੱਤਰ ਸਕਦੀ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਨੂੰ ਅਤਿ ਆਧੁਨਿਕ ਬੁਨਿਆਦੀ ਸਹੂਲਤਾਂ 'ਵੀ ਮਿਲ ਰਹੀਆਂ ਹਨ। ਇਹ ਪਹਿਲੀ ਦਫ਼ਾ ਹੈ ਕਿ ਲੋਕਾਂ 'ਤੇ ਬਿਨਾਂ ਕੋਈ ਟੈਕਸਾਂ ਦਾ ਬੋਝ ਪਾਏ ਸੂਬੇ ਦੀ ਆਰਥਿਕ ਸਥਿਤੀ ਵਿੱਚ ਸੁਧਾਰ ਹੋਇਆ ਹੈ। ਆਉਣ ਵਾਲੀਆਂ ਪੰਚਾਇਤੀ, ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਵੀ ਆਪ ਪਾਰਟੀ ਮੋਗਾ ਹਲਕੇ ਤੋਂ ਜਿੱਤ ਪ੍ਰਾਪਤ ਕਰੇਗੀ। ਇਸ ਮੌਕੇ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

## ਮਨੁੱਖੀ ਅਧਿਕਾਰ ਵੈੱਲਫੇਅਰ ਸੁਸਾਇਟੀ ਵੱਲੋਂ ਦਫਤਰ ਦਾ ਉਦਘਾਟਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਤੇ ਦਿਨੀਂ ਮਨੁੱਖੀ ਅਧਿਕਾਰ ਵੈੱਲਫੇਅਰ ਸੁਸਾਇਟੀ (ਰਜਿ.) ਫਿਰੋਜ਼ਪੁਰ ਵੱਲੋਂ ਬਾਰਡਰ ਰੋਡ (ਨੇੜੇ ਐੱਫਸੀਆਈ ਗੁਦਾਮ) 'ਤੇ ਦਫਤਰ ਦਾ ਉਦਘਾਟਨ ਕੀਤਾ ਗਿਆ।ਇਸ ਸਮੇਂ ਕਿਸ਼ਨ ਜਾਗੋਵਾਲੀਆ ਜ਼ਿਲ੍ਹਾ ਪ੍ਰਧਾਨ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਪੰਜਾਬ ਪ੍ਰਧਾਨ ਪ੍ਰੀਤਮ ਸਿੰਘ ਜੋਸਨ ਨੇ ਗਰੀਬ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸਿਵਲ ਪ੍ਰਸ਼ਾਸਨ ਤੇ ਪੁਲਸ ਪ੍ਰਸ਼ਾਸਨ ਵਿੱਚ ਗਰੀਬ ਲੋਕਾਂ ਦੀ ਸੁਣਵਾਈ ਨਹੀਂ ਹੋ ਰਹੀ।ਉਨ੍ਹਾਂ ਕਿਹਾ ਕਿ ਕੋਈ ਵੀ ਪੀੜਤ ਵਿਅਕਤੀ ਉਨ੍ਹਾਂ ਦੇ ਦਫਤਰ ਆ ਕੇ ਸੁਸਾਇਟੀ ਦੇ ਮੈਂਬਰਾਂ ਨੂੰ ਆਪਣੀ ਸਮੱਸਿਆ ਦੱਸ ਸਕਦਾ ਹੈ। ਸੁਸਾਇਟੀ ਉਨ੍ਹਾਂ ਦੀ ਬਗੈਰ ਕਿਸੇ ਲਾਲਚ ਤੋਂ ਹਰ ਤਰ੍ਹਾਂ ਨਾਲ ਮਦਦ ਕਰੇਗੀ।ਚੇਅਰਮੈਨ ਰਮੇਸ਼ ਕੁਮਾਰ ਭੱਟੀ ਨੇ ਕਿਹਾ ਕਿ ਸੁਸਾਇਟੀ ਦਾ ਦਫਤਰ ਗਰੀਬ ਲੋਕਾਂ ਦੀ ਭਲਾਈ ਲਈ ਹਰ ਵਕਤ ਖੁੱਲ੍ਹਾ ਰਹੇਗਾ।ਇਸ ਸਮੇਂ ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ, ਮੰਗਲ ਸਿੰਘ ਆਲੀਕੇ ਜੁਆਇੰਟ ਸੈਕਟਰੀ ਪੰਜਾਬ, ਹਰਨਾਮ ਸਿੰਘ ਤੇ ਪ੍ਰਕਾਸ਼ ਸਿੰਘ ਮੀਤ ਪ੍ਰਧਾਨ, ਦਲੀਪ ਸਿੰਘ ਬਲਾਕ ਪ੍ਰਧਾਨ ਸ਼ਹਿਰੀ, ਗੁਰਦੇਵ ਸਿੰਘ ਰਾਹੂਕੇ ਉਤਾੜ ਬਲਾਕ ਪ੍ਰਧਾਨ ਛਾਉਣੀ, ਸੋਨੂੰ ਭੰਡਾਰੀ ਦਫਤਰ ਸੈਕਟਰੀ, ਕਰਮਾ ਸਿੰਘ ਪ੍ਰੈੱਸ ਸਕੱਤਰ ਆਦਿ ਆਗੂ ਹਾਜ਼ਰ ਸਨ। ਦਫਤਰ ਦੇ ਉਦਘਾਟਨ ਉਪਰੰਤ ਸੁਸਾਇਟੀ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।

## ਰੱਸਾਕਸ਼ੀ ਮੁਕਾਬਲਿਆਂ 'ਚ ਸਟੈਨਫ਼ੋਰਡ ਸਕੂਲ ਚੰਨਣਵਾਲ ਦੀ ਝੰਡੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ ਦੇ ਵਿਦਿਆਰਥੀਆਂ ਨੇ ਠੀਕਰੀਵਾਲ ਵਿਖੇ ਹੋਏ ਖੇਡ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਸਬੰਧੀ ਪ੍ਰਿੰਸੀਪਲ ਪ੍ਰਦੀਪ ਕੌਰ ਗਰੇਵਾਲ ਨੇ ਦੱਸਿਆ ਕਿ ਰੱਸਾਕਸ਼ੀ ਮੁਕਾਬਲਿਆਂ ਦੌਰਾਨ ਅੰਡਰ-14 ਲੜਕਿਆਂ ਦੀ ਟੀਮ ਨੇ ਪਹਿਲਾ ਸਥਾਨ, ਅੰਡਰ-17 ਸਾਲ ਤੇ ਅੰਡਰ-19 ਸਾਲ 'ਚ ਲੜਕੀਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਪ੍ਰਬੰਧਕ ਕਮੇਟੀ ਦੇ ਆਗੂ ਡਾ: ਚਮਕੌਰ ਸਿੰਘ ਗਰੇਵਾਲ ਨੇ ਜੇਤੂ ਵਿਦਿਆਰਥੀਆਂ, ਡੀ ਪੀ ਗੁਰਲਾਲ ਸਿੰਘ ਨੂੰ ਵਧਾਈ ਦਿੰਦਿਆਂ ਭਵਿੱਖ ਇਸ ਤੋਂ ਵੀ ਵਧੇਰੇ ਉੱਚੀਆਂ ਬੁਲੰਦੀਆਂ ਸਰ ਕਰਨ ਲਈ ਪ੍ਰੇਰਿਤ ਕੀਤਾ। ਸਮੂਹ ਪ੍ਰਬੰਧਕਾਂ ਤੇ ਸਟਾਫ਼ ਮੈਂਬਰਾਂ ਨੇ ਜੇਤੂ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।

## ਐੱਨ ਆਰ ਆਈ ਪਰਵਾਰ ਨੇ ਹਾਕੀ ਖਿਡਾਰੀਆਂ ਨੂੰ ਕਿੱਟਾਂ ਵੰਡੀਆਂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਵਜੀਦਕੇ ਖੁਰਦ ਵਿਖੇ ਪ੍ਰਵਾਸੀ ਭਾਰਤੀਆਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਖੇਡ ਹਾਕੀ ਨੂੰ ਪ੍ਰਫੁੱਲਤ ਕਰਨ ਲਈ ਵੱਡੇ ਯਤਨ ਜਾਰੀ ਹਨ। ਹਾਕੀ ਕੋਚ ਕੈਪਟਨ ਹਰਨੇਕ ਸਿੰਘ, ਲਛਮਣ ਸਿੰਘ ਵਜੀਦਕੇ ਦੀ ਅਗਵਾਈ 'ਚ ਅੰਡਰ-14 ਤੇ ਅੰਡਰ-17 ਦੀਆਂ ਹਾਕੀ ਟੀਮਾਂ ਨੂੰ ਹਾਕੀ ਕਿੱਟਾਂ ਦਿੱਤੀਆਂ ਗਈਆਂ।ਪ੍ਰਬੰਧਕਾਂ ਨੇ ਦੱਸਿਆ ਕਿ ਇਹ ਦੋਵਾਂ ਟੀਮਾਂ ਨੂੰ ਕਿੱਟਾਂ ਐੱਨ ਆਰ ਆਈ ਅਮਰਜੀਤ ਸਿੰਘ ਸਮਰਾ ਤੇ ਪਰਵਾਰ ਵੱਲੋਂ ਦਿੱਤੀਆਂ ਗਈਆਂ ਹਨ।ਮੁੱਖ ਅਧਿਆਪਕ ਜਸਵਿੰਦਰ ਸਿੰਘ ਤੇ ਡੀ ਪੀ ਮੈਡਮ ਸੁਰਜੀਤ ਕੌਰ ਦੀ ਯੋਗ ਅਗਵਾਈ ਵਿੱਚ ਪਿਛਲੇ ਦੋ ਸਾਲਾਂ ਤੋਂ ਪੂਰੇ ਜੋਸ਼ ਤੇ ਉਤਸ਼ਾਹ ਨਾਲ ਬੱਚਿਆਂ ਦੀਆਂ ਹਾਕੀ ਟੀਮਾਂ ਨੂੰ ਤਿਆਰ ਕੀਤਾ ਗਿਆ ਹੈ, ਇਨ੍ਹਾਂ ਟੀਮਾਂ ਨੇ ਵੱਖ ਵੱਖ ਹਾਕੀ ਖੇਡ ਟੂਰਨਾਮੈਂਟਾਂ 'ਚ ਜਿੱਤਾਂ ਦਰਜ ਕਰਕੇ ਨਾਂਅ ਰੌਸ਼ਨ ਕੀਤਾ ਹੈ। ਕੋਚ ਕੈਪਟਨ ਹਰਨੇਕ ਸਿੰਘ ਤੇ ਪਾਲੀ ਵਜੀਦਕੇ ਨੇ ਖਿਡਾਰੀਆਂ ਨੂੰ ਹਾਕੀ ਕਿੱਟਾਂ ਦੇਣ ਲਈ ਸਮੁੱਚੇ ਸਮਰਾ ਪਰਵਾਰ ਦਾ ਧੰਨਵਾਦ ਕਰਦਿਆਂ ਸਮੂਹ ਐੱਨ ਆਰ ਆਈਜ਼ ਨੂੰ ਹਾਕੀ ਟੀਮਾਂ ਵਾਸਤੇ ਖੇਡ ਗਰਾਊਂਡ ਤਿਆਰ ਕਰਾਉਣ 'ਚ ਸਹਿਯੋਗ ਦੇਣ ਦੀ ਅਪੀਲ ਕੀਤੀ।

# ਲੋਕ ਨਸ਼ਾ ਤਸਕਰਾਂ ਦੀ ਸੂਚਨਾ ਪੁਲਸ ਨੂੰ ਦੇਣ ਲਈ ਅੱਗੇ ਆਉਣ : ਡੀ ਐੱਸ ਪੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਯੂਥ ਫੈਡਰੇਸ਼ਨ ਆਫ ਇੰਡੀਆ ਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਸਾਡਾ ਖੁਆਬ ਰੰਗਲਾ ਪੰਜਾਬ ਨਸ਼ਾ ਮੁਕਤ ਪੰਜਾਬ ਅਤੇ ਸਮਾਜਿਕ ਨਿਆ ਤੇ ਸਸ਼ਕਤੀਕਰਨ ਮੰਤਰਾਲੇ ਵੱਲੋਂ ਸ਼ੁਰੂ ਕੀਤੇ ਗਏ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਸ਼ੁਰੂ ਕੀਤੀ ਗਈ ਮੁਹਿਮ ਤਹਿਤ ਡੀ ਐੱਸ ਪੀ ਐਂਟੀ-ਨਾਰਕੋਟਿਕ ਸੈੱਲ ਪਟਿਆਲਾ ਰਾਜੇਸ਼ ਮਲਹੋਤਰਾ ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਲਈ ਸ਼ਹੀਦੇ-ਆਜ਼ਮ ਸ੍ਰ. ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਯੁਵਾ ਸਾਂਝ ਕੇਂਦਰ ਪਟਿਆਲਾ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਜਾਗਰੂਕਤਾ ਪ੍ਰੋਗਰਾਮਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡੀ ਐੱਸ ਪੀ ਐਂਟੀ-ਨਾਰਕੋਟਿਕ ਸੈੱਲ ਪਟਿਆਲਾ ਰਾਜੇਸ਼ ਮਲਹੋਤਰਾ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਵੱਲੋਂ ਸਖਤ ਹਦਾਇਤਾਂ ਹਨ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਾ ਜਾਵੇ। ਉਨ੍ਹਾ ਕਿਹਾ ਕਿ ਕਿਸ਼ੋਰ ਅਵਸਥਾ ਵਿੱਚ ਹੀ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਚਾਹੀਦਾ ਹੈ ਤਾਂ ਜੋ ਉਹ ਨਸ਼ਿਆਂ ਦੀ ਦਲਦਲ ਵਿੱਚ ਫਸਣ ਤੋਂ ਬਚ ਸਕਣ। ਉਨ੍ਹਾ ਕਿਹਾ ਕਿ ਨਸ਼ਿਆਂ ਕਾਰਨ ਹਰ ਰੋਜ਼ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ, ਜੋ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾ ਕਿਹਾ ਕਿ ਨਸ਼ੇ ਸਾਡੇ ਸਮਾਜ ਨੂੰ ਘੁਣ ਵਾਂਗ ਖੋਖਲਾ ਕਰਦੇ ਜਾ ਰਹੇ ਹਨ, ਇਸ ਲਈ ਸਾਨੂੰ ਸਾਰਿਆਂ ਨੂੰ ਇੱਕਮੁੱਠ ਹੋ ਕੇ ਨਸ਼ਿਆਂ ਵਿਰੁੱਧ ਲੜਨਾ ਚਾਹੀਦਾ ਹੈ ਤਾਂ ਹੀ ਅਸੀਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰ ਸਕਾਂਗੇ। ਉਨ੍ਹਾ ਕਿਹਾ ਕਿ ਨਸ਼ਾ ਤਸਕਰਾਂ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਪੁਲਸ ਵੱਲੋਂ ਗੁਪਤ ਰੱਖਿਆ ਜਾਂਦਾ ਹੈ, ਇਸ ਲਈ ਬਗੈਰ ਕਿਸੇ ਡਰ-ਭੈਅ ਤੋਂ ਨਸ਼ਾ ਤਸਕਰਾਂ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ। ਡੀ ਐੱਸ ਪੀ ਐਂਟੀ-ਨਾਰਕੋਟਿਕ ਸੈੱਲ ਪਟਿਆਲਾ ਨੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਸਟੇਟ ਐਵਾਰਡੀ ਰੁਪਿੰਦਰ ਕੌਰ, ਰੁਦਰਪ੍ਰਤਾਪ ਸਿੰਘ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਨ੍ਹਾਂ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਜਾਗਰੂਕਤਾ ਮੁਹਿੰਮ ਵਿੱਚ ਉਹੋ ਤੇ ਪੁਲਸ ਪ੍ਰਸ਼ਾਸਨ ਹਰ ਸੰਭਵ ਮਦਦ ਲਈ ਤਿਆਰ ਹੈ। ਇਸ ਮੌਕੇ ਡੀ ਐੱਸ ਪੀ ਐਂਟੀ-ਨਾਰਕੋਟਿਕ ਸੈੱਲ ਪਟਿਆਲਾ ਦੇ ਰੀਡਰ ਅਮਰਜੀਤ ਸਿੰਘ ਰੰਧਾਵਾ, ਜਪਨੀਤ ਸਿੰਘ ਹਾਜ਼ਰ ਸਨ।

# ਵਿਧਾਇਕਾ ਡਾ. ਅਰੋੜਾ ਨੇ ਖਿਡਾਰੀਆਂ ਨੂੰ ਖੇਡ ਕਿੱਟਾਂ ਵੰਡੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਸ਼ੁਰੂ ਕੀਤੇ ਗਏ ਉਪਰਾਲਿਆਂ ਤਹਿਤ ਸਥਾਨਕ ਗੋਧੇਵਾਲਾ ਇਨਡੋਰ ਖੇਡ ਸਟੇਡੀਅਮ ਵਿਖੇ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਹਲਕਾ ਮੋਗਾ ਦੇ ਖਿਡਾਰੀਆਂ ਨੂੰ ਖੇਡ ਕਿੱਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਤੇ ਨਗਰ ਨਿਗਮ ਮੋਗਾ ਦੇ ਮੇਅਰ ਸ੍ਰ. ਬਲਜੀਤ ਸਿੰਘ ਚੰਨੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਸ਼੍ਰੀਮਤੀ ਨਵਦੀਪ ਜਿੰਦਲ, ਹੋਰ ਪਤਵੰਤੇ ਤੇ ਵੱਡੀ ਗਿਣਤੀ ਵਿੱਚ ਖਿਡਾਰੀ ਸ਼ਾਮਲ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾਕਟਰ ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਵਿਕਸਤ ਕਰਨ ਲਈ ਦ੍ਰਿੜ੍ਹ ਵਚਨਬੱਧ ਹੈ। ਸੂਬੇ ਭਰ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਜਿੱਥੇ ਖੇਡ ਮੈਦਾਨ ਬਣਾਏ ਜਾ ਰਹੇ ਹਨ, ਉਥੇ ਹੀ ਖੇਡਣ ਲਈ ਖੇਡ ਕਿੱਟਾਂ ਵੰਡੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਉਹ ਸਮਾਂ ਦੂਰ ਨਹੀਂ, ਜਦੋਂ ਪੰਜਾਬ ਦੇ ਖਿਡਾਰੀ ਓਲੰਪਿਕ ਤੇ ਹੋਰ ਅੰਤਰਰਾਸ਼ਟਰੀ ਖੇਡ ਮੁਕਾਬਲਿਆਂ ਵਿੱਚ ਤਮਗੇ ਜਿੱਤ ਕੇ ਦੇਸ਼ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਿਆ ਕਰਨਗੇ। ਉਨ੍ਹਾਂ ਸਿਰਕੱਢ ਖਿਡਾਰੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਅੱਗੇ ਵਧਣ ਵਿੱਚ ਪੰਜਾਬ ਸਰਕਾਰ ਵੱਲੋਂ ਹਰ ਤਰ੍ਹਾਂ ਦੀ ਮਦਦ ਕੀਤੀ ਜਾਵੇਗੀ।

ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਨਵਦੀਪ ਜਿੰਦਲ ਨੇ ਕਿਹਾ ਕਿ ਅੱਜ ਇਹ ਖੇਡ ਕਿੱਟਾਂ ਮੋਗਾ ਹਲਕੇ ਨੂੰ ਦਿੱਤੀਆਂ ਗਈਆਂ ਹਨ। ਜਲਦ ਹੀ ਬਾਕੀ ਦੋ ਹਲਕਿਆਂ ਬਾਘਾ ਪੁਰਾਣਾ ਤੇ ਧਰਮਕੋਟ ਵਿੱਚ ਵੀ ਅਜਿਹੀਆਂ ਖੇਡ ਕਿੱਟਾਂ ਦੀ ਵੰਡ ਕੀਤੀ ਜਾਵੇਗੀ। ਹਲਕਾ ਨਿਹਾਲ ਸਿੰਘ ਵਾਲਾ ਨੂੰ ਪਹਿਲਾਂ ਹੀ ਇਹ ਕਿੱਟਾਂ ਦੀ ਵੰਡ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਅੱਜ ਕੁੱਲ 51 ਖਿਡਾਰੀਆਂ ਨੂੰ ਹਾਕੀਆਂ, ਗੋਲਕੀਪਰ ਕਿੱਟਾਂ, ਪਲੇਇੰਗ ਕਿੱਟਾਂ ਤੇ ਹੋਰ ਸਮੱਗਰੀ ਦੀ ਵੰਡ ਕੀਤੀ।

# ਜ਼ਮੀਨੀ ਘੋਲ ਦਾ ਸੱਦਾ ਦਿੰਦਾ ਦਲਿਤ ਮੁਕਤੀ ਮਾਰਚ ਨਾਭਾ ਦੇ ਪਿੰਡਾਂ 'ਚ ਦਾਖਲ



**ਨਾਭਾ (ਵਰਿੰਦਰ ਵਰਮਾ)**-ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਦਲਿਤ ਮੁਕਤੀ ਮਾਰਚ ਅਮਰਗੜ੍ਹ ਵਿੱਚ ਇਨਕਲਾਬੀ ਜਾਗੋ 'ਚ ਔਰਤਾਂ ਨੇ ਜ਼ਮੀਨ ਦੀ ਵੰਡ ਨਾਲ ਸਬੰਧਤ ਬੋਲੀਆਂ ਪਾ ਕੇ ਲੋਕਾਂ ਨੂੰ ਜਾਗਰੂਕ ਕੀਤਾ।ਨਾਟਕ ਟੀਮ ਸੀਤਲ ਰੰਗ ਮੰਚ ਨੇ ਪਿੰਡਾਂ ਵਿੱਚ ਨਾਟਕ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ।ਗਲਵੱਟੀ ਵਿਚ ਮਜ਼ਦੂਰਾਂ ਨੇ ਚਾਹ ਦੇ ਲੰਗਰ ਲਗਾਏ, ਹਰੀਗੜ੍ਹ ਵਿੱਚ ਲੋਕਾਂ ਨੇ ਭਰਵਾਂ ਸਵਾਗਤ ਕੀਤਾ ਤੇ ਦੁਪਹਿਰ ਦੇ ਕਾਫ਼ਲੇ ਨੂੰ ਲੰਗਰ ਛਕਾਇਆ, ਧਨੌਰੀ, ਸਕੋਹਾ, ਚੱਠੇ ਹੁੰਦਾ ਹੋਇਆ ਬਿਨਾਹੇੜੀ ਪਹੁੰਚਿਆ।ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ, ਮੀਤ ਪ੍ਰਧਾਨ ਧਰਮਵੀਰ ਹਰੀਗੜ੍ਹ ਤੇ ਜਰਨਲ ਸਕੱਤਰ ਗੁਰਵਿੰਦਰ ਸਿੰਘ ਬੌੜਾਂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇੱਕ ਪਾਸੇ ਬੇਸ਼ੱਕ 1972 ਦਾ ਸੰਵਿਧਾਨ ਵਿੱਚ ਕਾਨੂੰਨ ਲਿਖਿਆ ਹੈ ਕਿ ਕੋਈ ਵੀ ਪਰਿਵਾਰ 17.5 ਏਕੜ ਤੋਂ ਉਪਰ ਜ਼ਮੀਨ ਨਹੀਂ ਰੱਖ ਸਕਦਾ, ਪਰ ਗਰਾਊਂਡ 'ਤੇ ਇਹ ਕਾਨੂੰਨ ਸਹੀ ਢੰਗ ਨਾਲ ਲਾਗੂ ਨਹੀਂ ਕੀਤਾ ਹੋਇਆ, ਦਲਿਤਾ ਦੀ 35% ਅਬਾਦੀ ਹੋਣ ਦੇ ਬਾਵਜੂਦ 1% ਤੋਂ ਵੀ ਘੱਟ ਦਲਿਤ ਮਜ਼ਦੂਰਾਂ ਕੋਲ ਜ਼ਮੀਨਾਂ ਹਨ।ਆਰਥਿਕ ਮੰਦਹਾਲੀ ਜ਼ਾਤੀ ਦਾਬਾ ਇਹ ਦੋ ਵੱਡੇ ਕੋੜ੍ਹ ਦਲਿਤ ਮਜ਼ਦੂਰਾਂ ਦੀ ਜ਼ਿੰਦਗੀ ਤੇ ਡੇਰਾ ਲਾਈ ਬੈਠੇ ਹਨ।ਧਰਤ ਵਿਹੂਣੇ ਹੀ ਸਖ਼ਤ ਮਿਹਨਤ ਕਰਨ ਦੇ ਬਾਵਜੂਦ ਰੱਜਵੀਂ ਰੋਟੀ ਨਹੀਂ ਖਾ ਸਕਦੇ।ਰੱਜਵੀਂ ਰੋਟੀ ਨਾ ਮਿਲਣ ਤੇ ਸਖ਼ਤ ਮਿਹਨਤ ਕਰਨ ਕਾਰਨ ਦਲਿਤ ਮਜ਼ਦੂਰਾਂ ਦੇ ਚਿਹਰੇ ਤੋਂ ਪਤਾ ਲੱਗ ਜਾਂਦਾ ਹੈ ਕਿ ਇਹ ਵਿਅਕਤੀ ਮਜ਼ਦੂਰ ਪਰਿਵਾਰਾਂ 'ਚੋਂ ਆ।ਬੇਸ਼ੱਕ ਜਥੇਬੰਦੀਆਂ ਨੇ ਸੰਘਰਸ਼ ਦੇ ਦਬਾਅ ਹੇਠ ਪ੍ਰਸ਼ਾਸਨ ਨੇ ਡਰੋਨਾਂ ਰਾਹੀਂ ਪਿੰਡਾਂ ਦੀਆਂ ਮਿਣਤੀਆਂ ਕਰਕੇ ਨਕਸ਼ੇ ਬਣਾਏ, ਪਰ ਲੋਕਾਂ ਨੂੰ ਘਰਾਂ ਦੀਆਂ ਰਜਿਸਟਰੀਆਂ ਅਜੇ ਤੱਕ ਨਹੀਂ ਦਿੱਤੀਆਂ।ਪੰਚਾਇਤੀ ਜ਼ਮੀਨ ਦਾ ਕਾਨੂੰਨ 1964 ਦਾ ਬਣਿਆ ਹੋਇਆ ਹੈ, ਪਰ ਜ਼ਮੀਨ ਲੈਣ ਲਈ ਲੋਕਾਂ ਨੂੰ ਸਿਰ ਪੜਵਾਉਣੇ ਤੇ ਜੇਲ੍ਹਾਂ ਕੱਟਣੀਆਂ ਪੈਂਦੀਆਂ ਹਨ।ਆਪਣੇ ਹੱਥਾਂ ਦੇ ਕਾਰੀਗਰ ਹੋਣ ਬਾਵਜੂਦ ਆਪਣਾ ਕੰਮ ਤੋਰਨ ਲਈ ਪੈਸਾ ਨੀਂ ਹੁੰਦਾ।ਸਰਕਾਰੀ ਕਰਜ਼ਾ ਨਹੀਂ ਮਿਲਦਾ, ਕਿਉਂਕਿ ਕੋਈ ਪ੍ਰਾਪਰਟੀ ਨਾਮ ਨਹੀਂ।ਮਜ਼ਦੂਰ ਦੀ ਜ਼ਿੰਦਗੀ ਅੱਜ ਕਿਸ ਹਾਸ਼ੀਏ ਤੇ ਇਸ ਦੀ ਬਿਆਨ ਕਰਦੀ ਤਸਵੀਰ ਪਿੰਡਾਂ ਤੇ ਸ਼ਹਿਰਾਂ ਵਿੱਚ ਸਾਫ ਨਜ਼ਰ ਆਉਂਦੀ ਹੈ, ਜਿੱਥੇ ਮਜ਼ਦੂਰ ਅਗਰ ਛੋਟਾ ਜਿਹਾ ਕਰਜ਼ਾ ਸ਼ਾਹੂਕਾਰ ਤੋਂ ਲੈ ਲੈਂਦਾ ਹੈ ਤਾਂ ਉਸ ਕਰਜ਼ੇ ਨੂੰ ਲਾਹੁੰਦਿਆਂ ਲਾਹੁੰਦਿਆਂ ਕੁੱਝ ਸਮੇਂ ਵਿੱਚ ਦੁੱਗਣੇ ਰੂਪ ਵਿੱਚ ਮੋੜਨਾ ਪੈਂਦਾ ਹੈ।ਪਿੰਡਾਂ ਵਿੱਚ ਤਾਂ ਮਜ਼ਦੂਰ ਪੁਰਾਣੇ ਕਰਜ਼ੇ ਦੇ ਵਿਆਜ ਵਿੱਚ ਹੀ ਸਾਲਾਂ ਦੇ ਸਾਲ ਜ਼ਿਮੀਂਦਾਰਾਂ ਦੇ ਪਸ਼ੂਆਂ ਦਾ ਗੋਹਾ ਸੁੱਟੀ ਜਾਂਦੇ ਹਨ।ਇਸ ਲਈ ਅੱਜ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਨੇ ਮਜ਼ਦੂਰਾਂ ਦੀ ਜ਼ਿੰਦਗੀ ਸੁਖਾਲੀ ਕਰਨ ਲਈ ਜ਼ਮੀਨੀ ਘੋਲ ਸ਼ੁਰੂ ਕੀਤਾ ਹੈ। ਇਸ ਮੌਕੇ ਵਿੱਤ ਸਕੱਤਰ ਬਿੱਕਰ ਹਥੋਆ, ਸ਼ਿੰਗਾਰਾ ਹੇੜੀਕੇ ਤੇ ਜਗਤਾਰ ਤੋਲੇਵਾਲ ਨੇ ਕਿਹਾ ਕਿ ਸਰਕਾਰ ਦੀ ਰਿਪੋਰਟ ਕਹਿੰਦੀ ਕਿ ਲੈਂਡ ਸੀਲਿੰਗ ਐਕਟ ਤੋਂ ਉੱਪਰਲੀ ਜ਼ਮੀਨ ਅਗਰ ਬੇਜ਼ਮੀਨੇ ਦਲਿਤ ਮਜ਼ਦੂਰਾਂ ਤੇ ਛੋਟੇ ਕਿਸਾਨਾਂ ਵਿੱਚ ਵੰਡੀ ਜਾਵੇ ਤਾਂ ਸੁਧਾਰ ਹੋ ਸਕਦਾ।ਪੰਚਾਇਤੀ ਰਿਜ਼ਰਵ ਕੋਟੇ ਦੀ ਜ਼ਮੀਨ ਪੱਕੇ ਤੌਰ 'ਤੇ ਦਿੱਤੀ ਜਾਵੇ, ਲਾਲ ਲਕੀਰ 'ਚ ਆਉਂਦੇ ਮਕਾਨਾਂ ਦੀਆਂ ਰਜਿਸਟਰੀਆਂ ਕੀਤੀਆਂ ਜਾਣ, ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮਾਫ ਕਰਕੇ ਸਸਤਾ ਕਰਜ਼ਾ ਬਿਨਾਂ ਸ਼ਰਤ ਦਿੱਤਾ ਜਾਵੇ, ਦਿਹਾੜੀ 1000 ਰੁਪਏ ਕੀਤੀ ਜਾਵੇ, ਜਾਤੀ ਵਿਤਕਰਾ ਬੰਦ ਕੀਤਾ ਜਾਵੇ, ਪੱਕੇ ਰੁਜ਼ਗਾਰ ਦਾ ਹੱਲ ਕੀਤਾ ਜਾਵੇ, ਪੰਜ ਪੰਜ ਮਰਲੇ ਪਲਾਟ ਜਿੱਤੇ ਜਾਣ, ਮਕਾਨ ਉਸਾਰੀ ਲਈ ਗ੍ਰਾਂਟ ਦਿੱਤੀ ਜਾਵੇ, ਬੇਜ਼ਮੀਨੇ ਦਲਿਤ ਮਜ਼ਦੂਰਾਂ ਦੇ ਕੱਚੇ ਮਕਾਨ ਪੱਕੇ ਕੀਤੇ ਜਾਣ।ਕਾਫਲਾ ਜ਼ਿਲ੍ਹਾ ਮਲੇਰਕੋਟਲਾ, ਪਟਿਆਲਾ, ਸੰਗਰੂਰ, ਬਰਨਾਲਾ ਦੇ 300 ਪਿੰਡਾਂ ਵਿੱਚ ਪਹੁੰਚ ਕਰੇਗਾ।

## ...ਸਫ਼ਾ 1 ਦੇ ਬਾਕੀ

### ਚਿੱਟ ਫੰਡ ਕੰਪਨੀ...

ਉਹ ਇਸ ਲਾਈਵ ਖੁਦਕੁਸ਼ੀ ਦੀ ਵੀਡੀਓ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੱਕ ਜ਼ਰੂਰ ਪੁੱਜਦਾ ਕਰਨ, ਤਾਂ ਜੋ 2016 ਵਿਚ ਕੀਤੇ ਗਏ ਵਾਅਦੇ ਅਨੁਸਾਰ ਉਹ ਉਸ ਨੂੰ ਇਨਸਾਫ ਦਿਵਾ ਸਕਣ। ਪਿੰਡ ਪੂਹਲੀ ਦੇ ਲੋਕਾਂ ਨੇ ਦੱਸਿਆ ਕਿ ਜਦੋਂ ਉਕਤ ਲਾਈਵ ਹੋ ਕੇ ਖੁਦਕੁਸ਼ੀ ਕਰਨ ਦੀਆਂ ਗੱਲਾਂ ਕਰ ਰਿਹਾ ਸੀ ਤਾਂ ਉਸ ਸਮੇਂ ਹੀ ਪਿੰਡ ਵਾਸੀਆਂ ਨੇ ਇਧਰ-ਉਧਰ ਉਸ ਦੀ ਭਾਲ ਸ਼ੁਰੂ ਕੀਤੀ। ਪਿੰਡ ਦੇ ਲੋਕ ਅਤੇ ਪਰਵਾਰਕ ਮੈਂਬਰ ਜਦੋਂ ਭੁੱਚੋ-ਨਥਾਣਾ ਰੋਡ 'ਤੇ ਪੁੱਜੇ ਤਾਂ ਜਸਵਿੰਦਰ ਸਿੰਘ ਬੇਹੋਸ਼ੀ ਦੀ ਹਾਲਤ ਵਿਚ ਆਪਣੀ ਗੱਡੀ ਅੰਦਰ ਪਿਆ ਸੀ। ਪਰਵਾਰਕ ਮੈਂਬਰਾਂ ਤੇ ਲੋਕਾਂ ਨੇ ਉਸ ਨੂੰ ਚੁੱਕ ਕੇ ਇਲਾਜ ਲਈ ਆਦੇਸ਼ ਹਸਪਤਾਲ ਲਿਆਂਦਾ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਜਸਵਿੰਦਰ ਸਿੰਘ ਆਪਣੇ ਪਿੱਛੇ ਦੋ ਮਾਸੂਮ ਬੱਚੇ, ਪਤਨੀ ਅਤੇ ਬਜ਼ੁਰਗ ਮਨੋਹਰ ਸਿੰਘ ਨੂੰ ਛੱਡ ਗਿਆ ਹੈ। ਜਸਵਿੰਦਰ ਸਿੰਘ ਦੇ ਪਰਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਮੰਗ ਕੀਤੀ ਹੈ ਕਿ ਉਸ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।

### ਸੰਘਰਸ਼ ਤਿੱਖਾ ਕਰਨ ...

ਜਿਹੜਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਖਹੂ, ਉਸ ਦਾ ਕੱਖ ਨਾ ਰਹੂ' ਹੁਕਮਰਾਨ ਪੰਜਾਬ ਸਰਕਾਰ ਤੋਂ ਦੁਖੀ ਹੋਏ ਮੁਲਾਜ਼ਮ ਅਤੇ ਪੈਨਸ਼ਨਰ ਆਉਣ ਵਾਲੇ ਸਮੇਂ ਵਿੱਚ ਇਸ ਨਾਅਰੇ ਨੂੰ ਸਾਕਾਰ ਕਰਨ ਲਈ ਆਪਣੀ ਅਹਿਮ ਭੂਮਿਕਾ ਨਿਭਾਉਣਗੇ।

ਉਹਨਾਂ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਮੁੱਖ ਮੰਤਰੀ ਪੰਜਾਬ ਦੀ ਇਸ ਵਾਅਦਾਖਿਲਾਫੀ ਦੇ ਰੋਸ ਵਜੋਂ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ 22-23 ਅਤੇ 24 ਅਗਸਤ ਨੂੰ ਝੂਠਾਂ ਤੇ ਲਾਰਿਆਂ ਦੀ ਪੰਡ ਫੂਕਣ ਦੇ ਐਕਸ਼ਨ ਪ੍ਰੋਗਰਾਮ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਨਾਲ ਜੁੜੇ ਹੋਏ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੇ 1 ਜੁਲਾਈ ਨੂੰ ਫਗਵਾੜਾ ਵਿਖੇ ਹੋਈ ਮੀਟਿੰਗ ਦੌਰਾਨ ਪੰਜਾਬ ਮੁਲਾਜ਼ਮ ਅਤੇ ਸਾਂਝਾ ਫਰੰਟ ਦੀ ਸੂਬਾਈ ਲੀਡਰਸ਼ਿਪ ਦੇ ਅੱਖਾਂ ਵਿੱਚ ਘੱਟਾ ਪਾ ਕੇ ਜਲੰਧਰ ਪੱਛਮੀ ਜ਼ਿਮਨੀ ਚੋਣ ਜਿੱਤ ਲਈ ਹੈ। ਆਗੂਆਂ ਚਿਤਾਵਨੀ ਦਿੱਤੀ ਕਿ ਪੰਜਾਬ ਵਿੱਚ ਬਰਨਾਲਾ, ਚੱਬੇਵਾਲ, ਗਿੱਦੜਬਾਹਾ ਤੇ ਡੇਰਾ ਬਾਬਾ ਨਾਨਕ ਦੀਆਂ ਆ ਰਹੀਆਂ ਚਾਰ ਜ਼ਿਮਨੀ ਚੋਣਾਂ ਵਿੱਚ ਪੰਜਾਬ ਦੇ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰਜ਼ ਘਰਾਂ ਵਿੱਚ ਟਿਕ ਕੇ ਨਹੀਂ ਬੈਠਣਗੇ ਅਤੇ ਆਮ ਆਦਮੀ ਪਾਰਟੀ ਨੂੰ ਲੋਕ ਸਭਾ ਚੋਣ ਨਤੀਜਿਆਂ ਵਾਂਗ ਚੰਗਾ ਸਬਕ ਸਿਖਾਉਣਗੇ ਤੇ ਹਰਾਉਣਗੇ।ਆਗੂਆਂ ਦੱਸਿਆ ਕਿ ਸੰਘਰਸ਼ ਦੇ ਅਗਲੇ ਪ੍ਰੋਗਰਾਮ ਦੀ ਰੂਪ-ਰੇਖਾ ਉਲੀਕਣ ਲਈ ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਸੂਬਾ ਕਾਰਜਕਾਰਨੀ ਕਮੇਟੀ, ਸਮੂਹ ਜ਼ਿਲ੍ਹਾ ਪ੍ਰਧਾਨਾਂ ਅਤੇ ਜਨਰਲ ਸਕੱਤਰਾਂ ਦੀ ਸਾਂਝੀ ਮੀਟਿੰਗ 23 ਅਗਸਤ ਨੂੰ ਸਵੇਰੇ 11 ਵਜੇ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਨੇੜੇ ਬੱਸ ਸਟੈਂਡ ਜਲੰਧਰ ਵਿਖੇ ਹੋਵੇਗੀ।

## ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਸਾਲਾਨਾ ਬਰਸੀ ਮੌਕੇ ਮੁਫ਼ਤ ਮੈਡੀਕਲ ਕੈਂਪ ਲਾਇਆ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਲੌਂਗੋਵਾਲ)**-ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮੌਕੇ ਗੁਰਦੁਆਰਾ ਸ਼ਹੀਦ ਭਾਈ ਮਨੀ ਸਿੰਘ ਜੀ ਕੈਂਬੋਵਾਲ ਲੌਂਗੋਵਾਲ ਵਿਖੇ ਮੁਫ਼ਤ ਮੈਡੀਕਲ ਕੈਂਪ ਨੀਲਕੰਠ ਮਲੀਸਪੈਸ਼ਲਿਟੀ ਹਸਪਤਾਲ ਸੁਨਾਮ ਵੱਲੋਂ ਲਾਇਆ ਗਿਆ, ਜਿਸ ਵਿੱਚ 600 ਦੇ ਕਰੀਬ ਮਰੀਜ਼ਾਂ ਨੇ ਕੈਂਪ ਦਾ ਲਾਭ ਲਿਆ।ਡਾ. ਪੁਸ਼ਪਿੰਦਰ ਸਿੰਘ ਜੋਸ਼ੀ ਨੇ ਕਿਹਾ ਕਿ ਸਾਨੂੰ ਬਿਮਾਰੀਆਂ ਤੋਂ ਬਚਣ ਲਈ ਤਲੀਆਂ ਹੋਈਆਂ ਚੀਜ਼ਾਂ ਦਾ ਸੇਵਨ ਘੱਟ ਕਰਨਾ ਚਾਹੀਦਾ ਹੈ।ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਅਵਤਾਰ ਸ਼ਰਮਾ, ਵੀਰਪਾਲ ਕੌਰ, ਸੁਖਪਾਲ ਸਿੰਘ ਦੀ ਟੀਮ ਹਾਜ਼ਰ ਹੋਈ।ਕੈਂਪ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਮੈਡੀਕਲ ਡਾਕਟਰ ਟੀਮ ਦਾ ਧੰਨਵਾਦ ਕੀਤਾ।ਕੈਂਪ ਵਿੱਚ ਵਿਸ਼ੇਸ਼ ਸਹਿਯੋਗ ਸ਼ਹੀਦ ਊਧਮ ਸਿੰਘ ਨੌਜਵਾਨ ਸਪੋਰਟਸ ਕਲੱਬ ਬਿਗੜਵਾਲ ਤੇ ਘੈਂਟ ਪੱਗਾਂ ਵਾਲੇ ਸਰਦਾਰ ਗਰੁੱਪ ਚੀਮਾ ਸਾਹਿਬ ਵੱਲੋਂ ਦਿੱਤਾ ਗਿਆ।ਇਹ ਮੈਡੀਕਲ ਕੈਂਪ ਗੁਰਸੇਵਕ ਸਿੰਘ ਪ੍ਰਧਾਨ ਵਿਗੜਵਾਲ ਦੀ ਦੇਖ-ਰੇਖ ਹੇਠ ਲਾਇਆ ਗਿਆ।

## ਨਗਰ ਕੌਂਸਲ ਟੀਮ ਵੱਲੋਂ ਸ਼ਹਿਰ ਦੇ ਵੱਖ-ਵੱਖ ਚੌਕਾਂ ਦੀ ਸਫ਼ਾਈ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਰਾਕੇਸ਼ ਕੁਮਾਰ ਪੋਪਲੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਾਰਜ ਸਾਧਕ ਅਫ਼ਸਰ ਸ੍ਰੀ ਗੁਰਦਾਸ ਸਿੰਘ ਦੀ ਅਗਵਾਈ ਹੇਠ ਨਗਰ ਕੌਂਸਲ ਜਲਾਲਾਬਾਦ ਦੀ ਟੀਮ ਵੱਲੋਂ ਟਿਊਬਵੈੱਲ ਨੰਬਰ 6 ਦੇ ਕੰਪੋਸਟ ਯੂਨਿਟ ਦੀ ਸਾਫ਼-ਸਫ਼ਾਈ ਕਰਾਈ ਗਈ ਅਤੇ ਸ਼ਹੀਦ ਊਧਮ ਸਿੰਘ ਪਾਰਕ ਤੋਂ ਲੈ ਕੇ ਸ਼ਾਮੇ ਸੋਡੇ ਵਾਲੇ ਚੌਕ ਤੱਕ ਤੇ ਸ਼ਾਮੇ ਸੋਡੇ ਵਾਲੇ ਚੌਕ ਤੋਂ ਦੇਵੀ ਦੁਆਰਾ ਮੰਦਰ ਤੱਕ ਪਲਾਸਟਿਕ ਪਿਕਿੰਗ ਡਰਾਈਵ ਚਲਾਈ ਗਈ।ਕਾਰਜ ਸਾਧਕ ਅਫ਼ਸਰ ਨੇ ਕਿਹਾ ਕਿ ਪੰਜਾਬ ਸਰਕਾਰ ਸਾਫ਼-ਸਫ਼ਾਈ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ, ਜਿਸ ਦੇ ਮੱਦੇਨਜ਼ਰ ਸੂਬੇ ਅੰਦਰ ਸਾਫ਼-ਸਫ਼ਾਈ ਪ੍ਰਤੀ ਕੰਪੇਨ ਚਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਦਿੱਖ ਨੂੰ ਬਿਹਤਰ ਬਣਾਉਣ ਲਈ ਨਗਰ ਕੌਂਸਲ ਵੱਖ-ਵੱਖ ਗਤੀਵਿਧੀਆਂ ਕਰ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਵਿੱਚ ਯੋਗਦਾਨ ਪਾਉਣ।ਉਨ੍ਹਾਂ ਕਿਹਾ ਕਿ ਆਪਣੇ ਘਰ ਦਾ ਕੂੜਾ ਵੇਸਟ ਕੁਲੈਕਟਰ ਨੂੰ ਦਿੱਤਾ ਜਾਵੇ।ਉਨ੍ਹਾਂ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਆਪਣੇ ਘਰ ਦਾ ਗਿੱਲਾ ਤੇ ਸੁੱਕਾ ਕੂੜਾ ਵੱਖਰਾ-ਵੱਖਰਾ ਕਰਕੇ ਵੇਸਟ ਕੁਲੈਕਟਰ ਨੂੰ ਦੇਣ ਦੀ ਅਪੀਲ ਕੀਤੀ।ਇਸ ਤੋਂ ਇਲਾਵਾ ਸੁੱਕੇ ਕੂੜੇ ਤੋਂ ਐਮ.ਆਰ.ਐਫ਼. ਤੇ ਪਲਾਸਟਿਕ ਦੀਆਂ ਗੱਠਾਂ ਤਿਆਰ ਕਰਾਈਆਂ ਗਈਆਂ।ਇਸ ਸਮੇਂ ਸੀ.ਐਫ਼. ਅਮਨਦੀਪ, ਸਹਾਇਕ ਸੁਪਰਵਾਇਜ਼ਰ ਸੰਦੀਪ ਕੁਮਾਰ ਤੇ ਮੋਟੀਵੇਟਰ ਟੀਮ ਦੁਆਰਾ ਆਸ-ਪਾਸ ਦੇ ਲੋਕਾਂ ਨੂੰ ਆਪਣਾ ਵੈਸਟ ਡਸਟਬੀਨ 'ਚ ਪਾ ਕੇ ਵੇਸਟ ਕੁਲੈਕਟਰ ਨੂੰ ਦੇਣ ਲਈ ਜਾਗਰੂਕ ਕੀਤਾ।

## ਮੇਘਾ ਸਿੰਘ ਹਾਕਮਵਾਲਾ ਨੂੰ ਸਦਮਾ, ਪਤਨੀ ਦਾ ਦਿਹਾਂਤ



**ਮਾਨਸਾ/ਬੋਹਾ (ਆਤਮਾ ਸਿੰਘ ਪਮਾਰ)**-ਪ੍ਰਿੰਸੀਪਲ ਤੇ ਰੰਘਰੇਟਾ ਦਲ ਪੰਜਾਬ ਦੇ ਸੂਬਾਈ ਆਗੂ ਮੇਘਾ ਸਿੰਘ ਹਾਕਮ ਵਾਲਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਧਰਮ ਸੁਪਤਨੀ ਰਾਜ ਕੌਰ (49) ਦਾ ਸੰਖੇਪ ਬਿਮਾਰੀ ਉਪਰੰਤ ਦਿਹਾਂਤ ਹੋ ਗਿਆ। ਉਹ ਆਪਣੇ ਪਿੱਛੇ ਇਕ ਪੁੱਤਰ ਤੇ ਪੁੱਤਰੀ ਛੱਡ ਗਏ। ਇਸ ਦੁੱਖ ਦੀ ਘੜੀ 'ਚ ਇਲਾਕੇ ਦੀਆਂ ਵੱਖ-ਵੱਖ ਸਮਾਜਿਕ, ਧਾਰਮਿਕ, ਰਾਜਨੀਤਿਕ ਅਤੇ ਅਧਿਆਪਕ ਜਥੇਬੰਦੀਆਂ ਤੋਂ ਇਲਾਵਾ ਰਿਸ਼ਤੇਦਾਰਾਂ, ਮਿੱਤਰਾਂ ਦੋਸਤਾਂ ਵਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਰਾਜ ਕੌਰ ਨਮਿਤ ਸ੍ਰੀ ਸਹਿਜ ਪਾਠ ਦੇ ਭੋਗ ਤੇ ਅੰਤਮ ਅਰਦਾਸ, ਪਿੰਡ ਹਾਕਮ ਵਾਲਾ ਦੇ ਗੁਰਦੁਆਰਾ ਸਾਹਿਬ ਵਿਖੇ 25 ਅਗਸਤ ਨੂੰ ਦੁਪਹਿਰ 12 ਵਜੇ ਤੋਂ 1ਵਜੇ ਤੱਕ ਹੋਵੇਗੀ। ਇਸ ਸਮੇਂ ਵੱਖ-ਵੱਖ ਜਥੇਬੰਦੀਆਂ ਦੇ ਆਗੂ ਸਾਹਿਬਾਨ ਰਾਜ ਕੌਰ ਨੂੰ ਸਰਧਾਂਜਲੀ ਸਮਾਗਮ ਸਮੇਂ ਸ਼ਰਧਾ ਦੇ ਫੁੱਲ ਵੀ ਭੇਟ ਕਰਨਗੇ।


**ਇੰਡੀਅਨ ਬੈਂਕ Indian Bank** — ਇਲਾਹਾਬਾਦ ALLAHABAD

**ZONAL OFFICE: S.C.F. 88,URBAN ESTATE, PHASE 1, DUGRI, LUDHIANA. EMAIL: zoludhiana@indianbank.co.in**

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੀ ਮੂਲ ਮੁੜ ਅਦਾਇਗੀ ਅਤੇ ਵਿਆਜ ਦੀ ਅਦਾਇਗੀ 'ਚ ਅਸਫਲ ਰਹੇ ਹਨ ਅਤੇ ਇਹ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਬ੍ਰਾਂਚ/ਕਰਜ਼ਦਾਰਾਂ/ਗਰੰਟਰਾਂ/ਭਾਈਵਾਲਾਂ/ਰਹਿਣਕਾਰਾਂ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਨਾਨ-ਪਰਫਾਰਮਿੰਗ ਐੱਸਟ ਦੀ ਮਿਤੀ (ਐੱਨ ਪੀ ਏ) | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|
| 1. ਬਰਾਂਚ ਦਫਤਰ : ਬਰਨਾਲਾ<br>1. (ਕਰਜ਼ਦਾਰ ਅਤੇ ਰਹਿਣਕਾਰ) : ਸ੍ਰੀ ਜਗਦੇਵ ਸਿੰਘ ਪੁੱਤਰ ਸ੍ਰੀ ਬਲਬੀਰ ਸਿੰਘ, ਪਤਾ : ਮਕਾਨ ਨੰ. ਬੀ-XIII/1198/2 ਗੋਬਿੰਦ ਵਿਹਾਰ ਗਲੀ ਫਤਿਹਗੜ੍ਹ ਨਗਰ ਨਾਨਕਸਰ ਬਾਈਪਾਸ ਰੋਡ, ਬਰਨਾਲਾ 148101 (2) (ਗਰੰਟਰ) : ਸ੍ਰੀਮਤੀ ਬਲਜਿੰਦਰ ਕੌਰ ਪਤਨੀ ਸ੍ਰੀ ਜਗਦੇਵ ਸਿੰਘ ਪਤਾ : ਮਕਾਨ ਨੰ. ਬੀ-XIII/1198/2, ਗੋਬਿੰਦ ਵਿਹਾਰ ਗਲੀ ਫਤਿਹਗੜ੍ਹ ਨਗਰ ਨਾਨਕਸਰ ਬਾਈਪਾਸ ਰੋਡ, ਬਰਨਾਲਾ 148101 (3) (ਗਰੰਟਰ) : ਸ੍ਰੀ ਸੁਦਾਗਰ ਸਿੰਘ ਪੁੱਤਰ ਸ਼ਿੰਗਾਰਾ ਸਿੰਘ, ਮਕਾਨ ਨੰ. ਬੀ-V/1346/1 ਠੀਕਰੀਵਾਲਾ ਰੋਡ, ਬਰਨਾਲਾ ਪੰਜਾਬ-148101 | ਤਬਾਦਲਾ ਬੈਨਾਮਾ ਨੰ. 5017 ਮਿਤੀ 18.03.2016 ਰਾਹੀਂ ਜਗਦੇਵ ਸਿੰਘ ਪੁੱਤਰ ਬਲਵੀਰ ਸਿੰਘ ਦੇ ਨਾਂਅ 'ਤੇ ਸਬ-ਰਜਿਸਟਰਾਰ ਬਰਨਾਲਾ ਦੇ ਦਫਤਰ 'ਤੇ ਸਬ-ਰਜਿਸਟਰਾਰ ਬਰਨਾਲਾ ਦੇ ਦਫਤਰ 'ਚ ਰਜਿਸਟਰਡ ਜਾਇਦਾਦ ਮਕਾਨ ਨੰ. ਬੀ-13/1198/2 ਗੋਵਿੰਦ ਵਿਹਾਰ ਗਲੀ, ਨਾਨਕਸਰ ਰੋਡ, ਬਰਨਾਲਾ, ਰਕਬਾ 16 1/2 ਮਰਲੇ, 72 ਕੇ-15 ਐੱਮ ਦਾ 14/1455 ਹਿੱਸਾ ਜੋ ਕਿ 14 ਮਰਲੇ ਹੈ, ਖੱਤਾ ਨੰ. 123/116/250, ਖਸਰਾ ਨੰ. 50//21/1 (2-7), 21/2 (5-4), 22 (7-8), 51//16 (8-0), 17/2/3 (5-13), 24 (6-9), 25/1 (6-3), 26 (2-2), 76//4/1, (3-9), 4/2/2/2 (2-4), 4/3/2/2 (0-14), 5/1 (0-3), 5/2 (5-10), 7/1/1/1 (0-11), 8/1/2/2 (0-1) 77//1/2 (7-8), 2 (7-8), 9/1 (2-1), 1 1/2 ਮਰਲਾ ਕੁਲ ਜ਼ਮੀਨ 9 ਕੇਨ ਦਾ 1/120 ਹਿੱਸਾ, ਖੱਤਾ ਨੰ. 124/117/251, ਖਸਰਾ ਨੰ. 50//19/2/1-11, 19/3 (1-3), 20/2/1 (6-6) ਅਤੇ 0.75 ਮਰਲਾ ਕੁਲ ਜ਼ਮੀਨ 3 ਕੇ-15 ਮਰਲੇ ਦਾ 1/100 ਹਿੱਸਾ, ਖੱਤਾ ਨੰ. 519/479/801-802, ਖਸਰਾ ਨੰ. 51//25/2 (0-19), 77//1/1 (0-12), 76//5/3, (2-4), ਪਿੰਡ ਹੰਡਿਆਇਆ, ਤਹਿਸੀਲ ਤੇ ਜ਼ਿਲ੍ਹਾ ਬਰਨਾਲਾ, ਜਮ੍ਹਾਂਬੰਦੀ ਸਾਲ 2013-2014 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੋਬਿੰਦ ਵਿਹਾਰ, ਗਲੀ 20' ਸਾਈਡ 56'-6", ਪੱਛਮ : ਜਗਦੇਵ ਸਿੰਘ ਸਾਈਡ 56'-6", ਉੱਤਰ : ਖਾਲੀ ਪਲਾਟ ਸਾਈਡ 80', ਦੱਖਣ : ਗਲੀ 15' ਚੌੜੀ ਸਾਈਡ 80' | 29-07-2024 | 12-08-2024 | 08.08.2024 ਨੂੰ ਰੁਪਏ 9,79,021 (ਨੌਂ ਲੱਖ ਉਨਾਸੀ ਹਜ਼ਾਰ ਇੱਕੀ ਰੁਪਏ ਕੇਵਲ) ਅਤੇ ਉਕਤ ਰਕਮ 'ਤੇ 09.08.2024 ਤੋਂ ਮੁੜ ਅਦਾਇਗੀ ਦੀ ਮਿਤੀ ਤੱਕ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਅਤੇ ਚਾਰਜਿਜ਼। |
| 2. ਫੋਕਲ ਪੁਆਇੰਟ ਲੁਧਿਆਣਾ<br>1. (ਕਰਜ਼ਦਾਰ ਅਤੇ ਗਰੰਟਰ) : ਸ੍ਰੀ ਵਿਕਾਸ ਧਵਨ ਪੁੱਤਰ ਸ਼ਾਮ ਸੁੰਦਰ, ਪਤਾ : 1-ਮਕਾਨ ਨੰ. 62, ਵਾਰਡ ਨੰ. 17 ਦੀਨ ਦਿਆਲ ਉਪਾਧਿਆ ਨਗਰ, ਦਾਣਾ ਮੰਡੀ, ਜਲੰਧਰ-1 ਪੰਜਾਬ 144008. ਪਤਾ : 2. ਮਕਾਨ ਨੰ. 7191, ਦੁਰਗਾਪੁਰੀ, ਹੈਬੋਵਾਲ ਕਲਾਂ, ਲੁਧਿਆਣਾ-144523<br>2. (ਕਰਜ਼ਦਾਰ ਅਤੇ ਰਹਿਣਕਾਰ) : ਸ੍ਰੀਮਤੀ ਸੀਮਾ ਧਵਨ ਪਤਨੀ ਵਿਕਾਸ ਧਵਨ ਪਤਾ : ਮਕਾਨ ਨੰ. 62, ਵਾਰਡ ਨੰ. 17, ਦੀਨ ਦਿਆਲ ਉਪਾਧਿਆ ਨਗਰ, ਦਾਣਾ ਮੰਡੀ, ਜਲੰਧਰ-1, ਪੰਜਾਬ 144008 ਪਤਾ : 2 ਮਕਾਨ ਨੰ. 7191, ਦੁਰਗਾਪੁਰੀ, ਹੈਬੋਵਾਲ ਕਲਾਂ, ਲੁਧਿਆਣਾ-144523 | ਬੈਨਾਮਾ ਦਸਤਾਵੇਜ਼ ਨੰ. 2022-23/103/1/3851 ਮਿਤੀ 22.08.2022 ਅਨੁਸਾਰ ਸ੍ਰੀ ਵਿਕਾਸ ਧਵਨ ਪੁੱਤਰ ਸ਼ਾਮ ਸੁੰਦਰ ਅਤੇ ਸ੍ਰੀਮਤੀ ਸੀਮਾ ਧਵਨ ਪਤਨੀ ਵਿਕਾਸ ਧਵਨ ਦੇ ਨਾਂਅ 'ਤੇ ਰਿਹਾਇਸ਼ੀ ਜਾਇਦਾਦ ਰਕਬਾ 50 ਵਰਗ ਗਜ਼, ਖਸਰਾ ਨੰ. 211, 212, ਖੱਤਾ ਨੰ. 96/96, 243/257, ਜਮ੍ਹਾਂਬੰਦੀ ਸਾਲ 2009-2010, ਪਿੰਡ ਰਾਣੀਆਂ (ਅਬਾਦੀ ਰਾਣੀਆਂ), ਹਦਬਸਤ ਨੰ. 266, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਆਂਢ 22'-0", ਪੱਛਮ : ਗੁਆਂਢ 22'-0", ਉੱਤਰ ਗੁਆਂਢ 20'-5, ਦੱਖਣ : ਗਲੀ 18' ਚੌੜੀ 20'-5", | 05-08-2024 | 13-08-2024 | 12.08.2024 ਨੂੰ ਰੁਪਏ 16,79,871 (ਰੁਪਏ ਸੋਲਾਂ ਲੱਖ ਉਨਾਸੀ ਹਜ਼ਾਰ ਅੱਠ ਸੌ ਇਕੱਤਰ ਕੇਵਲ) ਅਤੇ ਉਕਤ ਰਕਮ 'ਤੇ 13/08/2024 ਤੋਂ ਮੁੜ ਅਦਾਇਗੀ ਦੀ ਮਿਤੀ ਤੱਕ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਅਤੇ ਚਾਰਜਿਜ਼) |
| 3. ਬੀ ਆਰ ਐੱਸ ਨਗਰ, ਲੁਧਿਆਣਾ<br>1. (ਕਰਜ਼ਦਾਰ/ਰਹਿਣਕਾਰ) : ਸ੍ਰੀਮਤੀ ਸ਼ਿਖਾ ਜੈਨ ਪਤਨੀ ਅਮਿਤ ਜੈਨ, ਪਤਾ 1 : ਮਕਾਨ ਨੰ. 816, ਬਲਾਕ-I ਬੀ ਆਰ ਐੱਸ ਨਗਰ, ਵਾਰਡ ਨੰ. 57, ਲੁਧਿਆਣਾ ਪੰਜਾਬ-141012 ਪਤਾ 2 : ਫਲੈਟ ਨੰ. 1702 ਅਤੇ 1802, ਪੈਂਟ ਹਾਊਸ ਟਾਵਰ ਨੰ. 6, ਮੰਜ਼ਲ ਨੰ. 17 ਅਤੇ 18, ਦਾ ਰਾਇਲ ਮੈਰੀਡੀਅਨ, ਓਮੈਕਸ ਲਿਮਟਿਡ, ਲੁਧਿਆਣਾ, ਪਤਾ 3: ਪਲਾਟ ਨੰ. 4155 ਆਈ ਟੀ ਪਾਰਕ ਪਾਲਮ ਸਿਟੀ ਦੇ ਨਾਲ ਲੱਗਦਾ ਪਿੰਡ ਜੰਡਿਆਲੀ, ਨੇੜੇ ਕੋਹਾੜਾ ਚੌਕ, ਚੰਡੀਗੜ੍ਹ ਰੋਡ, ਲੁਧਿਆਣਾ। 2. (ਕਰਜ਼ਦਾਰ/ਰਹਿਣਕਾਰ) ਸ੍ਰੀ ਅਮਿਤ ਜੈਨ ਪੁੱਤਰ ਹਰਜੱਸ ਲਾਲ ਜੈਨ ਪਤਾ 1 : ਮਕਾਨ ਨੰ. 816, ਬਲਾਕ-I, ਬੀ ਆਰ ਐੱਸ ਨਗਰ, ਵਾਰਡ ਨੰ. 57 ਲੁਧਿਆਣਾ, ਪੰਜਾਬ 141012, ਪਤਾ : 2 ਫਲੈਟ ਨੰ. 1702 ਅਤੇ 1802, ਪੈਂਟ ਹਾਊਸ ਟਾਵਰ ਨੰ. 6, ਮੰਜ਼ਲ ਨੰ. 17 ਅਤੇ 18, ਦਾ ਰਾਇਲ ਮੈਰੀਡੀਅਨ, ਓਮੈਕਸ ਲਿਮਟਿਡ, ਲੁਧਿਆਣਾ। ਪਤਾ 3 : ਪਲਾਟ ਨੰ. 4155 ਆਈ ਟੀ ਪਾਰਕ, ਪਾਲਮ ਸਿਟੀ ਦੇ ਨਾਲ ਲੱਗਦਾ, ਪਿੰਡ ਜੰਡਿਆਲੀ ਨੇੜੇ ਕੋਹਾੜਾ ਚੌਕ, ਚੰਡੀਗੜ੍ਹ ਰੋਡ, ਲੁਧਿਆਣਾ। | ਜਾਇਦਾਦ ਨੰ. 1 : ਇਕਰਾਰਨਾਮਾ ਬੈਨਾਮਾ ਵਸੀਕਾ ਨੰ. 2020-21/101/4/889 ਮਿਤੀ 28.01.2021 ਅਨੁਸਾਰ ਸ੍ਰੀ ਅਮਿਤ ਜੈਨ ਅਤੇ ਸ੍ਰੀਮਤੀ ਸ਼ਿਖਾ ਜੈਨ ਦੇ ਨਾਂਅ 'ਤੇ ਫਲੈਟ ਨੰ. 1702 ਅਤੇ 1802 ਪੈਂਟ ਹਾਊਸ ਟਾਵਰ ਨੰ. 6, ਮੰਜ਼ਲ ਨੰ. 17 ਅਤੇ 18, ਦਾ ਰਾਇਲ ਮੈਰੀਡੀਅਨ, ਓਮੈਕਸ ਲਿਮਟਿਡ ਲੁਧਿਆਣਾ, ਕਾਰਪੇਟ ਏਰੀਆ 3240 ਵਰਗ ਫੁੱਟ, ਸੁਪਰ ਨਿਰਮਤ ਏਰੀਆ 4050 ਵਰਗ ਫੁੱਟ। ਜਾਇਦਾਦ 2 : ਬੈਨਾਮਾ ਵਸੀਕਾ ਨੰ. 2399 ਮਿਤੀ 26.10.2016 ਅਨੁਸਾਰ ਸ੍ਰੀਮਤੀ ਸ਼ਿਖਾ ਜੈਨ ਪਤਨੀ ਅਮਿਤ ਜੈਨ ਦੇ ਨਾਂਅ 'ਤੇ ਪਲਾਟ ਨੰ. 4155, ਆਈ ਟੀ ਪਾਰਕ, ਪਾਲਮ ਸਿਟੀ ਦੇ ਨਾਲ, ਪਿੰਡ ਜੰਡਿਆਲੀ, ਨੇੜੇ ਕੋਹਾੜਾ ਚੌਕ, ਚੰਡੀਗੜ੍ਹ ਰੋਡ, ਲੁਧਿਆਣਾ। ਹੱਦਾਂ : ਪੂਰਬ : ਖਾਲੀ ਪਲਾਟ ਨੰ. 4154', 108'-0", ਪੱਛਮ : ਖੇਤੀਬਾੜੀ ਵਾਲੀ ਜ਼ਮੀਨ 108'-0", ਉੱਤਰ : ਖਾਲੀ ਪਲਾਟ ਨੰ. 4173' 55'-0" ਦੱਖਣ : ਸੜਕ 40' ਚੌੜੀ 55'-0" | 08-08-2024 | 09-08-2024 | 09.08.2024 ਨੂੰ ਖਾਤਾ 6986044384 'ਚ ਰੁਪਏ 12124720.00 (ਰੁਪਏ ਇੱਕ ਕਰੋੜ ਇੱਕੀ ਲੱਖ ਚੌਵੀ ਹਜ਼ਾਰ ਸੱਤ ਸੌ ਵੀਹ ਰੁਪਏ ਕੇਵਲ) ਅਤੇ ਖਾਤਾ 50359 439254 'ਚ ਰੁਪਏ 1489-882.00 (ਚੌਦਾਂ ਲੱਖ ਉਨਾਨਵੇਂ ਹਜ਼ਾਰ ਅੱਠ ਸੌ ਬਿਆਸੀ ਰੁਪਏ ਕੇਵਲ) ਅਤੇ ਉਕਤ ਰਕਮ 'ਤੇ 09.08.2024 ਤੋਂ ਮੁੜ ਅਦਾਇਗੀ ਦੀ ਮਿਤੀ ਤੱਕ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਅਤੇ ਚਾਰਜਿਜ਼) |
| 4. ਮੌੜ ਮੰਡੀ, ਪੰਜਾਬ<br>1. (ਕਰਜ਼ਦਾਰ/ਰਹਿਣਕਾਰ) : ਸ੍ਰੀ ਗੁਰਮੇਲ ਸਿੰਘ ਪੁੱਤਰ ਗਮਦੂਰ ਸਿੰਘ, ਪਤਾ : ਡਬਲਯੂ-11, ਮੌੜ ਖੁਰਦ ਮੌੜ ਮੰਡੀ, ਨੇੜੇ ਮਿਤੂ ਦਾ ਆਰਾ, ਸਾਹਮਣੇ ਦਾਣਾ ਮੰਡੀ, ਤਲਵੰਡੀ ਰੋਡ, ਬਠਿੰਡਾ, ਪੰਜਾਬ-151509 2. (ਕਰਜ਼ਦਾਰ ਅਤੇ ਰਹਿਣਕਾਰ) : ਸ੍ਰੀਮਤੀ ਮਨਜੀਤ ਕੌਰ ਪਤਨੀ ਸ੍ਰੀ ਗੁਰਮੇਲ ਸਿੰਘ, ਪਤਾ : ਡਬਲਯੂ-11, ਮੌੜ ਖੁਰਦ, ਮੌੜ ਮੰਡੀ, ਨੇੜੇ ਮਿਤੂ ਦਾ ਆਰਾ, ਸਾਹਮਣੇ ਦਾਣਾ ਮੰਡੀ, ਤਲਵੰਡੀ ਰੋਡ, ਬਠਿੰਡਾ, ਪੰਜਾਬ-151509 3. (ਗਰੰਟਰ ਅਤੇ ਰਹਿਣਕਾਰ) : ਸ੍ਰੀਮਤੀ ਪਰਮਪਾਲ ਕੌਰ ਪਤਨੀ ਸ੍ਰੀ ਬਲਦੇਵ ਸਿੰਘ, ਪਤਾ : 291, ਵਾਰਡ ਨੰ. 15, ਟਿੱਲਾ ਰੋਡ, ਮੌੜ ਮੰਡੀ, ਬਠਿੰਡਾ, ਪੰਜਾਬ-151509 4. (ਗਰੰਟਰ) : ਸ੍ਰੀ ਹਰਬੰਸ ਸਿੰਘ ਪੁੱਤਰ ਸ੍ਰੀ ਰਾਮ ਸਰੂਪ ਸਿੰਘ, ਪਤਾ 159, ਵਾਰਡ ਨੰ. 13, ਤਲਵੰਡੀ ਰੋਡ, ਨੇੜੇ ਨਵੀਂ ਦਾਣਾ ਮੰਡੀ, ਮੌੜ ਮੰਡੀ ਬਠਿੰਡਾ, ਪੰਜਾਬ-151509 | ਬੈਨਾਮਾ ਨੰ. 2042 ਮਿਤੀ 24.12.2012 ਅਨੁਸਾਰ ਪਰਮਪਾਲ ਕੌਰ ਪਤਨੀ ਬਲਦੇਵ ਸਿੰਘ ਅਤੇ ਮਨਜੀਤ ਕੌਰ ਪਤਨੀ ਗੁਰਮੇਲ ਸਿੰਘ ਦੇ ਨਾਂਅ 'ਤੇ ਰਿਹਾਇਸ਼ ਮਕਾਨ ਜਾਇਦਾਦ ਰਕਬਾ 00 ਕਨਾਲ 10 ਮਰਲੇ, ਖੇਵਟ/ਖੱਤਨੀ ਨੰ. 647/812, ਖਸਰਾ ਨੰ. 200//8/1 (6-9), ਜਮ੍ਹਾਂਬੰਦੀ ਸਾਲ 2006-07, ਵਾਰਡ ਨੰ. 17, ਨੇੜੇ ਮਿੰਠੂ ਆਰਾ ਮਿੱਲ ਵਾਲੀ ਗਲੀ, ਨੇੜੇ ਦਾਣਾ ਮਾਰਕਿਟ, ਤਲਵੰਡੀ ਸਾਬੋ ਰੋਡ, ਮੌੜ ਮੰਡੀ, ਬਠਿੰਡਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸ੍ਰੀ ਮਹਿੰਦਰਪਾਲ ਸਿੰਘ ਅਤੇ ਹੋਰਨਾਂ ਦਾ ਪਲਾਟ, ਪੱਛਮ : ਦੇਵ ਰਾਜ ਦਾ ਮਕਾਨ, ਉੱਤਰ : ਗਲੀ 20', ਦੱਖਣ : ਹਰਗੋਬਿੰਦ ਸਿੰਘ | 29-07-2024 | 14-08-2024 | 13.08.2024 ਨੂੰ ਰੁਪਏ 6,24,795/- (ਛੇ ਲੱਖ ਚੌਵੀ ਹਜ਼ਾਰ ਸੱਤ ਸੌ ਪਚਾਨਵੇਂ ਰੁਪਏ ਕੇਵਲ) ਅਤੇ ਉਕਤ ਰਕਮ 'ਤੇ ਮੁੜ ਅਦਾਇਗੀ ਦੀ ਮਿਤੀ ਤੱਕ ਇਕਰਾਰਨਾਮੇ ਦੀ ਦਰ ਤੋਂ ਭਵਿੱਖੀ ਵਿਆਜ ਅਤੇ ਚਾਰਜਿਜ਼ |
| 5. ਲਿੰਕ ਰੋਡ, ਲੁਧਿਆਣਾ<br>1. (ਕਰਜ਼ਦਾਰ) : ਸ੍ਰੀਮਤੀ ਨਿਧੀ ਰਾਜਨ ਕਟਿਆਲ ਪਤਨੀ ਰਾਜ ਕਟਿਆਲ, ਪਤਾ 1 : ਮਕਾਨ ਨੰ. 626, ਬਲਾਕ ਨੰ. 24, ਗਲੀ ਨੰ. 03, ਹਰਚਰਨ ਨਗਰ, ਸਾਹਮਣੇ ਰਤਨ ਹਸਪਤਾਲ ਲੁਧਿਆਣਾ, ਭਾਰਤ ਨਗਰ ਚੌਕ, ਲੁਧਿਆਣਾ, ਪੰਜਾਬ-141001 ਪਤਾ 2 : ਫਲੈਟ ਨੰ. 168, ਤੀਜੀ ਮੰਜ਼ਲ, ਗਲਾਡਾ ਫਲੈਟਸ, ਸਕੀਮ ਨੰ. 217 2 ਬੀ ਐੱਚ ਕੇ, ਦੁੱਗਰੀ, ਫੇਜ਼-2, ਲੁਧਿਆਣਾ-141001 2. (ਗਰੰਟਰ) : ਰਾਜਨ ਕਟਿਆਲ ਪੁੱਤਰ ਜਸਪਾਲ ਕਟਿਆਲ, ਪਤਾ 1 : ਮਕਾਨ ਨੰ. 626, ਬਲਾਕ ਨੰ. 24, ਗਲੀ ਨੰ. 03, ਹਰਚਰਨ ਨਗਰ, ਸਾਹਮਣੇ ਰਤਨ ਹਸਪਤਾਲ ਲੁਧਿਆਣਾ, ਭਾਰਤ ਨਗਰ ਚੌਕ, ਲੁਧਿਆਣਾ ਪੰਜਾਬ-141001 ਪਤਾ 2 : 31/21, ਗਲੀ ਨੰ. 01, ਗੁਰੂ ਅਰਜਨ ਦੇਵ ਨਗਰ, ਲੁਧਿਆਣਾ-141001 | ਬੈਨਾਮਾ ਨੰ. 2019-20/101/1/7459 ਮਿਤੀ 20.08.2019 ਅਨੁਸਾਰ ਸ੍ਰੀਮਤੀ ਨਿਧੀ ਰਾਜਨ ਕਟਿਆਲ ਪਤਨੀ ਰਾਜਨ ਕਟਿਆਲ ਦੇ ਨਾਂਅ 'ਤੇ ਸਬ-ਰਜਿਸਟਰਾਰ ਲੁਧਿਆਣਾ ਦੇ ਦਫਤਰ 'ਚ ਰਜਿਸਟਰਡ ਅਚੱਲ ਜਾਇਦਾਦ ਫਲੈਟ ਰਕਬਾ 59.44 ਵਰਗ ਗਜ਼, (535 ਵਰਗ ਫੁੱਟ), ਫਲੈਟ ਨੰ. 168, ਤੀਜੀ ਮੰਜ਼ਲ, ਗਲਾਡਾ ਫਲੈਟਜ਼, 217 2 ਬੀ ਐੱਚ ਕੇ, ਸੈਲਫ ਫਾਇਨੈਂਸ ਸਕੀਮ ਅਧੀਨ, ਅਰਬਨ ਅਸਟੇਟ ਦੁੱਗਰੀ, ਫੇਸ-2, ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : 30 ਫੁੱਟ ਸੜਕ, ਪੱਛਮ : 30 ਫੁੱਟ ਸੜਕ, ਉੱਤਰ : ਪੌੜੀਆਂ ਦਾਖਲਾ ਰਸਤਾ, ਦੱਖਣ : 30 ਫੁੱਟ ਸਾਈਡ ਸੜਕ। | 29-07-2024 | 14-08-2024 | 8.08.2024 ਨੂੰ ਰੁਪਏ 11,80,391/- ਗਿਆਰਾਂ ਲੱਖ ਅੱਸੀ ਹਜ਼ਾਰ ਤਿੰਨ ਸੌ ਇਕਾਨਵੇਂ ਰੁਪਏ ਕੇਵਲ) ਅਤੇ ਉਕਤ ਰਕਮ 'ਤੇ 09.08.2024 ਤੋਂ ਮੁੜ ਅਦਾਇਗੀ ਦੀ ਮਿਤੀ ਤੱਕ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਅਤੇ ਚਾਰਜਿਜ਼। |

ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਦੀਆਂ ਵਿਵਸਥਾਵਾਂ ਤਹਿਤ ਤੁਹਾਨੂੰ ਸਕਿਉਰਡ ਐੱਸਟਸ ਦੀ ਵਿਕਰੀ ਲਈ ਜਨਤਾ ਤੋਂ ਜਨਤਕ ਨਿਲਾਮੀ ਜਾਂ ਕੁਟੇਸ਼ਨਾਂ ਜਾਂ ਟੈਂਡਰ ਸੱਦ ਕੇ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ ਕਰਨ, ਕਾਰਜਭਾਰ ਸੰਭਾਲਣ ਲਈ ਜਾਰੀ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਬੈਂਕ ਦਾ ਬਕਾਇਆ ਸਮੇਤ ਬੈਂਕ ਵੱਲੋਂ ਸਹਿਣ ਕੀਤੀਆਂ ਗਈਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਅਦਾ ਕੀਤੇ ਜਾਣ 'ਤੇ ਪੁਨਰ ਗ੍ਰਹਿਣ ਦਾ ਅਧਿਕਾਰ ਉਪਲੱਬਧ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕੀਤੇ ਜਾਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ ਦੀਆਂ ਵਿਵਸਥਾਵਾਂ ਤਹਿਤ ਅਗਲੇ ਕਦਮ ਉਠਾਏ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਬਿਜ਼ਨੈੱਸ ਦੇ ਆਮ ਕੋਰਸ ਤੋਂ ਇਲਾਵਾ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਦੇ ਗੰਭੀਰ ਨਤੀਜੇ ਹੋ ਸਕਦੇ ਹਨ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ਦੀ ਨਕਲ ਸੰਬੰਧਤ ਬਰਾਂਚ ਤੋਂ ਪ੍ਰਾਪਤ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 22.08.2024 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ



**UMMEED HOUSING FINANCE PVT. LTD**
CIN:U65922HR2016PTC057984.
Registered office at: Unit 809-815,8th Floor, Tower –A, EMAAR Digital Greens Golf Course Extension Road,Sect-61, Gurugram (Haryana)-122002")

**ਸਰਫੇਸੀ ਐਕਟ ਸੈਕਸ਼ਨ (13) 2 ਤਹਿਤ ਡਿਮਾਂਡ ਨੋਟਿਸ**

ਜਦੋਂਕਿ ਕਰਜ਼ਾ ਖਾਤਾ ਐੱਨ ਪੀ ਏ ਹੋ ਗਿਆ ਹੈ, ਇਸ ਲਈ ਯੂ ਐੱਚ ਐੱਫ ਪੀ ਐੱਲ ਦੇ ਅਧਿਕਾਰਤ ਅਫਸਰ ਨੇ ਹੇਠਾਂ ਸਾਰਣੀ 'ਚ ਦਰਸਾਏ ਕਰਜ਼ਦਾਰ/ਬਿਨੈਕਾਰ/ਗਰੰਟਰ/ਰਹਿਣਕਾਰ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ ਜਾਰੀ ਕੀਤਾ ਹੈ। ਨੋਟਿਸ ਅਨੁਸਾਰ ਜੇਕਰ ਕਰਜ਼ਦਾਰ 60 ਦਿਨਾਂ ਦੇ ਅੰਦਰ ਸਾਰੀ ਰਕਮ ਜਮ੍ਹਾਂ ਨਹੀਂ ਕਰਵਾਉਂਦੇ ਤਾਂ ਰਕਮ ਹੇਠਾਂ ਦਰਸਾਈ ਰਹਿਣ ਕੀਤੀ ਜਾਇਦਾਦ/ਸਕਿਉਰਡ ਐੱਸਟਸ ਦੀ ਨਿਲਾਮੀ ਰਾਹੀਂ ਵਸੂਲ ਕੀਤੀ ਜਾਵੇਗੀ। ਇਸ ਲਈ ਕਰਜ਼ਦਾਰਾਂ ਨੂੰ ਸਾਰੀ ਰਕਮ ਸਮੇਤ ਭਵਿੱਖੀ ਵਿਆਜ ਅਤੇ ਖਰਚਿਆਂ ਦੇ ਡਿਮਾਂਡ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਸੂਚਨਾ ਦਿੱਤੀ ਗਈ ਹੈ, ਨਹੀਂ ਤਾਂ ਉਕਤ ਐਕਟ ਦੇ ਸੈਕਸ਼ਨ 13 [4] ਅਤੇ 14 ਦੀਆਂ ਵਿਵਸਥਾਵਾਂ ਤਹਿਤ, ਅਧਿਕਾਰਤ ਅਫਸਰ ਹੇਠਾਂ ਦਰਸਾਈ ਰਹਿਣ ਜਾਇਦਾਦ/ਸਕਿਉਰਡ ਐੱਸਟਸ ਦੀ ਵਿਕਰੀ ਲਈ ਕਬਜ਼ਾ ਹਾਸਲ ਕਰ ਰਿਹਾ ਹੈ।
ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ ਕਰਜ਼ਦਾਰ ਧਿਆਨ ਦੇਣ ਕਿ ਐਕਟ 2002 ਦੀਆਂ 13[13] ਸ਼ਰਤਾਂ ਅਨੁਸਾਰ ਤੁਹਾਡੇ 'ਤੇ ਸਕਿਉਰਡ ਕ੍ਰੈਡਿਟਰ ਦੀ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਕਿਸੇ ਵੀ ਸਕਿਉਰਡ ਐੱਸਟਸ ਦੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲੀ ਕਰਨ 'ਤੇ ਰੋਕ ਅਤੇ ਪਾਬੰਦੀ ਹੈ। ਕਰਜ਼ਦਾਰ ਦਾ ਧਿਆਨ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 3 (5) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (8) ਵੱਲ ਦਿਵਾਇਆ ਜਾਂਦਾ ਹੈ ਕਿ ਕਰਜ਼ਦਾਰ ਨਿਲਾਮੀ ਨੋਟਿਸ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਹੇਠਾਂ ਦਰਸਾਏ ਸਾਰੇ ਬਕਾਏ ਮੁਕੰਮਲ ਤੌਰ 'ਤੇ ਅਦਾ ਕਰਕੇ ਸਕਿਉਰਡ ਐੱਸਟਸ ਦਾ ਪੁਨਰਗ੍ਰਹਿਣ ਕਰ ਸਕਦੇ ਹਨ, ਜਿਸ ਦੀ ਬਾਅਦ 'ਚ ਹੋਂਦ ਖਤਮ ਹੋ ਜਾਵੇਗੀ।

| ਕਰਜ਼ਦਾਰ/ਬਿਨੈਕਾਰ/ਗਰੰਟਰ/ਰਹਿਣਕਾਰ ਦਾ ਨਾਂਅ | 13[2] ਸੈਕਸ਼ਨ ਅਧੀਨ ਡਿਮਾਂਡ ਨੋਟਿਸ 'ਚ ਰਕਮ ਅਤੇ ਮਿਤੀ | ਕਰਜ਼ਦਾਰ/ਬਿਨੈਕਾਰ/ਗਰੰਟਰ/ਰਹਿਣਕਾਰ ਦਾ ਨਾਂਅ |
|---|---|---|
| (1) ਅਮਰਜੀਤ ਕੌਰ ਪਤਨੀ ਕੰਵਰ ਸਿੰਘ (ਕਰਜ਼ਦਾਰ ) (2) ਕੰਵਰ ਸਿੰਘ ਪੁੱਤਰ ਬਲਵੰਤ ਸਿੰਘ (ਸਹਿ-ਕਰਜ਼ਦਾਰ) (3) ਗੁਰਪ੍ਰੀਤ ਸਿੰਘ ਪੁੱਤਰ ਕੰਵਰ ਸਿੰਘ (ਸਹਿ-ਕਰਜ਼ਦਾਰ) (4) ਜਸਵਿੰਦਰ ਕੌਰ ਪਤਨੀ ਗੁਰਪ੍ਰੀਤ ਸਿੰਘ (ਸਹਿ-ਕਰਜ਼ਦਾਰ) ਸਾਰੇ ਵਾਸੀ ਮਕਾਨ ਨੰ. 43-ਏ, ਨੇੜੇ ਆਟਾ ਚੱਕੀ ਸੈਕਟਰ 82 ਚਿਲਾ, ਮੋਹਾਲੀ, ਐੱਸ ਏ ਐੱਸ ਨਗਰ-140306 ਕਰਜ਼ਾ ਨੰ. ਐੱਲ ਐਕਸ ਸੀ ਐੱਚ ਡੀ 02917-180001132 ਕਰਜ਼ਾ ਇਕਰਾਰਨਾਮਾ ਮਿਤੀ : 31 ਜਨਵਰੀ 18, ਕਰਜ਼ਾ ਰਕਮ : ਰੁਪਏ 726969 | 12 ਅਗਸਤ-24 12 ਅਗਸਤ 2024 ਨੂੰ ਰੁਪਏ 5,97,173 (ਪੰਜ ਲੱਖ ਸਤਾਨਵੇਂ ਹਜ਼ਾਰ ਇੱਕ ਸੌ ਤਿਹੱਤਰ ਰੁਪਏ ਕੇਵਲ) ਸਮੇਤ 13 ਅਗਸਤ 2024 ਤੋਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ | ਜਾਇਦਾਦ ਰਕਬਾ 0-3 ਬਿਸਵੇ 2 ਬਿਸਵਾਸੀ ਖੇਵਟ/ਖਤੌਨੀ ਨੰ. 94/106, ਖਸਰਾ ਨੰ. 143 (0-9) ਅਤੇ ਇਸ ਦਾ 2/9 ਹਿੱਸਾ ਰਕਬਾ 2 ਬਿਸਵੇ ਅਤੇ ਖੇਵਟ/ਖਤੌਨੀ ਨੰ. 127/141, ਖਸਰਾ ਨੰ. 140 (0-4) ਇਸ ਦਾ 1/4 ਹਿੱਸਾ, ਰਕਬਾ 1 ਬਿਸਵਾ ਅਤੇ ਖੇਵਟ/ਖਤੌਨੀ ਨੰ. 140/159, ਖਸਰਾ ਨੰ. 147 (0-3) ਅਤੇ ਇਸ ਦਾ 1/30 ਹਿੱਸਾ ਰਕਬਾ 2 ਬਿਸਵਾਸੀ ਕੁੱਲ ਜ਼ਮੀਨ ਰਕਬਾ 3 ਬਿਸਵੇ 2 ਬਿਸਵਾਸੀ ਪਿੰਡ ਚਿਲਾ, ਹਦਬਸਤ ਨੰ. 3, ਤਹਿਸੀਲ ਮੋਹਾਲੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ। ਹੱਦਾਂ : ਤਕਨੀਕੀ ਰਿਪੋਰਟ ਮਿਤੀ 29.01.2018 ਅਨੁਸਾਰ (ਸਾਈਟ ਅਨੁਸਾਰ) ਪੂਰਬ : ਰਿੰਕੂ ਦਾ ਮਕਾਨ, ਪੱਛਮ : ਹੋਰਨਾਂ ਦਾ ਮਕਾਨ, ਉੱਤਰ : 20' ਫੁੱਟ ਕੰਕਰੀਟ ਰੋਡ, ਦੱਖਣ : ਕਰਨੈਲ ਸਿੰਘ ਦਾ ਪਲਾਟ। |

ਮਿਤੀ : 23 ਅਗਸਤ 2024
ਸਥਾਨ : ਗੁਰੂਗ੍ਰਾਮ
ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ -96500-55701
ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ



**TRUCAP FINANCE LIMITED**
Registered Office: 3 rd Floor, A Wing, D.J. House, Old Nagardas Road, Andheri (East), Mumbai - 400069, Maharashtra,
GST No: 27AAACD9887D1ZC
Corporate Identity Number: L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 28 ਅਗਸਤ 2024 ਨੂੰ ਜ਼ੀਰਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।

ਸ਼ਾਖਾ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ ਮਾਰਫਤ ਮਲਕੀਤ ਸਿੰਘ ਤਲਵੰਡੀ ਰੋਡ ਨੇੜੇ ਕਲਾਕ ਟਾਵਰ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, ਪਿੰਨ ਨੰ. 142047

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਹੇਠਾਂ ਦਰਸਾਏ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸ਼ਾਖਾ ਦੇ ਨਾਂਅ ਨਾਲ ਸੰਬੰਧਤ ਹਨ।

ਜ਼ੀਰਾ ਬਰਾਂਚ : GL0000000217594,GL0000000185321,GI0000000196417, GL0000000194221,GI0000000125299.

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰ. 9560735444
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ 'ਚ ਤਬਦੀਲੀ ਅਤੇ ਮੁਲਤਵੀ/ਬਿਨਾਂ ਅਗਾਊਂ ਨੋਟਿਸ ਨਿਲਾਮੀ ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਜਲੰਧਰ ਸਬਜੀ ਮੰਡੀ ਨੂੰ ਮਿਲੇਗੀ 25 ਸਾਲਾਂ ਤੋਂ ਜਮ੍ਹਾਂ ਹੋ ਰਹੇ ਕੂੜੇ ਤੋਂ ਰਾਹਤ : ਬਰਸਟ



**ਮੋਹਾਲੀ (ਗੁਰਜੀਤ ਬਿੱਲਾ)** - ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਲੋਕਾਂ ਨੂੰ ਚੰਗਾ ਵਾਤਾਵਰਣ ਮੁਹੱਈਆ ਕਰਵਾਉਣ ਅਤੇ ਮੰਡੀਆਂ ਦੀ ਸਫਾਈ ਨੂੰ ਯਕੀਨੀ ਬਣਾਉਣ ਦੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਇਸਦੇ ਤਹਿਤ ਸਬਜੀ ਮੰਡੀ, ਜਲੰਧਰ ਮਕਸੂਦਾਂ ਵਿਖੇ ਮਕੈਨੀਕਲ ਸੈਪਰੇਟਰ ਮਸ਼ੀਨ ਲਗਾਈ ਗਈ ਹੈ।ਜੋ ਕਿ ਮੰਡੀ ਵਿੱਚ ਜਮ੍ਹਾਂ ਕੂੜੇ ਨੂੰ ਸੈਗਰੀਗੇਟ ਕਰੇਗੀ ਅਤੇ ਇਸਦੀ ਸਫਾਈ ਨੂੰ ਪੂਰਾ ਕਰਨ ਵਿੱਚ ਲਾਹੇਵੰਦ ਸਾਬਤ ਹੋਵੇਗੀ।ਇਸ ਬਾਰੇ ਜਾਣਕਾਰੀ ਦਿੰਦਿਆਂ ਬਰਸਟ ਨੇ ਦੱਸਿਆ ਕਿ ਸਬਜੀ ਮੰਡੀ, ਜਲੰਧਰ, ਮਕਸੂਦਾਂ ਪੰਜਾਬ ਦੀ ਪਹਿਲੀ ਮੰਡੀ ਹੈ, ਜਿੱਥੇ ਕੂੜੇ ਦੀ ਸਫਾਈ ਲਈ ਪਹਿਲ ਕਦਮੀ ਕੀਤੀ ਗਈ ਹੈ।ਇਹ ਮੰਡੀ ਕਰੀਬ 58.47 ਏਕੜ ਖੇਤਰ 'ਚ ਫੈਲੀ ਹੋਈ ਹੈ।ਇੱਥੇ ਰੋਜਾਨਾਂ ਹਜਾਰਾਂ ਲੋਕ ਸਬਜੀ ਖਰੀਦਣ ਅਤੇ ਵੇਚਣ ਲਈ ਆਉਂਦੇ ਹਨ।ਮੰਡੀ ਦੇ ਵੱਡਾ ਹੋਣ ਅਤੇ ਰੋਜਾਨਾਂ ਹਜਾਰਾਂ ਲੋਕਾਂ ਦੇ ਆਉਣ ਕਾਰਨ ਇੱਥੇ ਕਰੀਬ 2.75 ਏਕੜ ਖੇਤਰ 'ਚ ਕੂੜੇ ਦੇ ਢੇਰ ਲੱਗੇ ਹੋਏ ਹਨ, ਜੋ ਵੱਧ ਕੇ ਹੁਣ ਕਰੀਬ 4 ਏਕੜ 'ਚ ਫੈਲ ਗਏ ਹਨ।ਮੰਡੀ ਵਿੱਚ ਆਉਣ ਵਾਲੇ ਲੋਕ ਵੀ ਇਸ ਗੰਦਗੀ ਤੋਂ ਕਾਫੀ ਪ੍ਰੇਸ਼ਾਨ ਹਨ।ਇਸ ਸਮੱਸਿਆਂ ਦੇ ਹੱਲ ਲਈ ਇਹ ਕਦਮ ਚੁੱਕਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਮਸ਼ੀਨ ਰਾਹੀਂ ਕੂੜੇ ਅਤੇ ਖਾਦ ਨੂੰ ਵੱਖੋਂ-ਵਖਰਾਂ ਕਰਕੇ ਮੰਡੀ ਦੀ ਸਫਾਈ ਨੂੰ ਯਕੀਨੀ ਬਣਾਇਆ ਜਾਵੇਗਾ।

ਚੇਅਰਮੈਨ ਨੇ ਕਿਹਾ ਕਿ ਮੰਡੀ ਵਿੱਚ ਇਹ ਕੂੜੇ ਦੇ ਢੇਰ ਕੋਈ ਨਵੇਂ ਨਹੀਂ ਲੱਗੇ ਹਨ, ਸਗੋਂ ਪਿਛਲੇ ਲਗਭਗ 25 ਸਾਲਾਂ ਤੋਂ ਇੱਥੇ ਕੂੜਾ ਜਮ੍ਹਾਂ ਹੋ ਰਿਹਾ ਹੈ।ਲੰਬਾ ਸਮਾਂ ਸੱਤਾ ਵਿੱਚ ਰਹਿਣ ਦੇ ਬਾਵਜੂਦ ਅਕਾਲੀ-ਭਾਜਪਾ ਤੇ ਕਾਂਗਰਸ ਵੱਲੋਂ ਇਸ ਸੰਬੰਧ ਵਿੱਚ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ।ਜਿਸਦੇ ਨਤੀਜੇ ਵੱਜੋਂ ਅੱਜ ਇੱਥੇ ਕੂੜੇ ਦਾ ਅੰਬਾਰ ਲੱਗਾ ਹੋਇਆ ਹੈ।ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਨ੍ਹਾਂ ਕੂੜੇ ਦੇ ਢੇਰਾਂ ਨੂੰ ਜਲਦ ਤੋਂ ਜਲਦ ਸਾਫ ਕਰਵਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਕੂੜੇ ਦੇ ਨਿਪਟਾਰੇ ਲਈ ਅੱਜ-ਕੱਲ੍ਹ ਤਰ੍ਹਾਂ-ਤਰ੍ਹਾਂ ਦੇ ਤਜਰਬੇ ਕੀਤੇ ਜਾ ਰਹੇ ਹਨ, ਜੋ ਸਫ਼ਲ ਵੀ ਹੋ ਰਹੇ ਹਨ।ਜਿਸਨੂੰ ਅਸੀਂ ਕੂੜਾ ਸਮਝ ਕੇ ਸੁੱਟ ਦਿੰਦੇ ਹਾਂ, ਉਹੀ ਕੂੜਾ ਅੱਜ ਕਮਾਈ ਦਾ ਸਾਧਨ ਵੀ ਬਣ ਸਕਦਾ ਹੈ ਅਤੇ ਵਧੇਰੇ ਲੋਕਾਂ ਨੇ ਅੱਜ ਇਸ ਨੂੰ ਕਮਾਈ ਦਾ ਸਾਧਨ ਬਣਾ ਰੱਖਿਆ ਹੈ ਤੇ ਹੁਣ ਪੰਜਾਬ ਮੰਡੀ ਬੋਰਡ ਨੇ ਵੀ ਕੂੜੇ ਦਾ ਨਿਪਟਾਰਾ ਕਰਨ ਦੇ ਨਾਲ-ਨਾਲ ਇਸਤੋਂ ਕਮਾਈ ਕਰਨ ਦੀ ਯੋਜਨਾ ਤਹਿਤ ਕੰਮ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਤਾਂ ਸ਼ੁਰੂਆਤ ਹੈ।ਜਲਦ ਹੀ ਮੰਡੀਆਂ ਵਿੱਚ ਪਲਾਂਟ ਲਗਾ ਕੇ ਕੂੜੇ ਦੇ ਪੱਕੇ ਨਿਪਟਾਰੇ ਲਈ ਢੁਕਵੇਂ ਪ੍ਰਬੰਧ ਕੀਤੇ ਜਾਣਗੇ। ਇਸ ਨਾਲ ਮੰਡੀ ਵਿੱਚ ਜਿੱਥੇ ਸਾਫ਼-ਸਫਾਈ ਰਹੇਗੀ, ਉੱਥੇ ਹੀ ਕੂੜੇ ਤੋਂ ਬਣਨ ਵਾਲੀ ਖਾਦ ਰਾਹੀ ਮੰਡੀ ਬੋਰਡ ਦੀ ਆਮਦਨ ਵਿੱਚ ਵਾਧਾ ਹੋਵੇਗਾ।ਉਨ੍ਹਾਂ ਦੱਸਿਆ ਕਿ ਮੁੱਖ ਯਾਰਡ ਫਗਵਾੜਾ ਵਿੱਚ ਵੇਸਟ ਮੈਨੇਜਮੈਂਟ (ਐਫ ਐਂਡ ਵੀ) ਪਲਾਂਟ ਲਗਾਇਆ ਜਾ ਰਿਹਾ ਹੈ, ਜਿਸਦੇ ਲਈ ਸਟੀਲ ਕਵਰ ਸ਼ੈੱਡ ਦੀ ਉਸਾਰੀ ਕੀਤੀ ਜਾ ਚੁੱਕੀ ਹੈ। ਇਸ ਪਲਾਂਟ ਦੀ ਕਪੈਸਟੀ 5 ਟਨ ਹੈ ਅਤੇ ਇਹ ਦਿਨ ਵਿੱਚ ਲਗਾਤਾਰ 8 ਘੰਟੇ ਚੱਲੇਗਾ।ਇਸੇ ਤਰ੍ਹਾਂ ਸਬਜੀ ਮੰਡੀ, ਲੁਧਿਆਣਾ ਵਿਖੇ ਵੀ ਬਾਇਓਵੇਸਟ ਕੰਪੈਕਟਰ ਪਲਾਂਟ ਲਗਾਇਆ ਜਾ ਰਿਹਾ ਹੈ।

# ਦਫ਼ਤਰ ਭਾਸ਼ਾ ਵਿਭਾਗ ਵਿਖੇ ਸਕੂਲਾਂ ਨੂੰ ਮਹਾਨ ਕੋਸ਼ ਪ੍ਰਦਾਨ ਕਰਕੇ ਜਨਮ ਦਿਨ ਮਨਾਇਆ

**ਹੁਸ਼ਿਆਰਪੁਰ, ਓਮ ਪ੍ਰਕਾਸ਼ ਰਾਣਾ )**-ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵਿਖੇ ਪਟਵਾਰੀ ਦੀ ਟ੍ਰੇਨਿੰਗ ਕਰ ਰਹੇ ਨੌਜਵਾਨ ਮਨਦੀਪ ਸਿੰਘ ਨੇ ਆਪਣਾ ਜਨਮ ਦਿਨ ਜ਼ਿਲ੍ਹਾ ਹੁਸ਼ਿਆਰਪੁਰ ਦੇ ਦਸ ਸੀਨੀਅਰ ਸੈਕੰਡਰੀ ਸਕੂਲਾਂ ਦੀਆਂ ਲਾਇਬ੍ਰੇਰੀਆਂ ਨੂੰ ਭਾਸ਼ਾ ਵਿਭਾਗ ਦਾ ਕਲਾਸੀਕਲ ਗ੍ਰੰਥ ਮਹਾਨ ਕੋਸ਼ ਲਿਖਤ ਭਾਈ ਕਾਨ੍ਹ ਸਿੰਘ ਨਾਭਾ ਪ੍ਰਦਾਨ ਕਰਕੇ ਅਨੋਖੇ ਢੰਗ ਨਾਲ ਮਨਾਇਆ ਗਿਆ। ਦਫ਼ਤਰ ਭਾਸ਼ਾ ਵਿਭਾਗ ਵਿਖੇ ਰਚਾਏ ਗਏ ਇਸ ਸਮਾਗਮ ਵਿਚ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ.) ਹਰਜਿੰਦਰ ਸਿੰਘ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਖਵਿੰਦਰ ਸਿੰਘ ਉਚੇਚੇ ਤੌਰ 'ਤੇ ਪਹੁੰਚੇ। ਆਏ ਮਹਿਮਾਨਾਂ ਨੂੰ ਜੀ ਆਇਆਂ ਸ਼ਬਦ ਆਖਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਮਨਦੀਪ ਸਿੰਘ ਇਕ ਹੋਣਹਾਰ ਵਿਦਿਆਰਥੀ ਦੇ ਨਾਲ-ਨਾਲ ਵਧੀਆ ਪਾਠਕ ਵੀ ਹੈ। ਇਸ ਨੇ ਖ਼ੁਦ ਵੀ ਅਤੇ ਆਪਣੇ ਦੋਸਤਾਂ ਨੂੰ ਵੀ ਭਾਸ਼ਾ ਵਿਭਾਗ ਦੀਆਂ ਕਿਤਾਬਾਂ ਨਾਲ ਜੋੜ ਕੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਵਿਚ ਵਧੀਆ ਭੂਮਿਕਾ ਨਿਭਾਈ ਹੈ। ਆਪਣੇ ਜਨਮ ਦਿਨ 'ਤੇ ਸਕੂਲਾਂ ਨੂੰ ਮਹਾਨ ਕੋਸ਼ ਦੇਣ ਦੇ ਉਸ ਦੇ ਇਸ ਉੱਦਮ ਦਾ ਅਸਲ ਮਨੋਰਥ ਵਿਦਿਆਰਥੀਆਂ ਵਿਚ ਆਪਣੇ ਜਨਮ ਦਿਨ ਮਨਾਉਂਦਿਆਂ ਮਠਿਆਈ ਅਤੇ ਟਾਫੀਆਂ ਆਦਿ ਨੂੰ




ਛੱਡ ਕੇ ਪੁਸਤਕ ਸੱਭਿਆਚਾਰ ਦਾ ਫੈਲਾਅ ਕਰਨ ਦੀ ਚੇਟਕ ਲਾਉਣਾ ਹੈ। ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੇ ਵੀ ਮਨਦੀਪ ਸਿੰਘ ਨੂੰ ਵਧਾਈ ਦਿੰਦਿਆਂ ਇਸ ਸਾਰਥਕ ਯਤਨ ਨੂੰ ਤਮਾਮ ਉਮਰ ਨਾਲ ਲੈ ਕੇ ਜਾਣ ਦੀ ਤਾਕੀਦ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਸਾਰੇ ਵਿਦਿਆਰਥੀਆਂ ਅਤੇ ਨੌਜਵਾਨ ਵਰਗ ਵਿਚ ਇਹੋ ਜਿਹੀ ਸੋਚ ਪਨਪ ਜਾਵੇ ਤਾਂ ਸਾਡਾ ਸਮਾਜ ਸੰਵੇਦਨਸ਼ੀਲ ਬਣ ਜਾਵੇਗਾ।ਦਫ਼ਤਰ ਭਾਸ਼ਾ ਵਿਭਾਗ ਨੇ ਮਨਦੀਪ ਸਿੰਘ ਨੂੰ ਕਿਤਾਬਾਂ ਦੇ ਸੈੱਟ ਨਾਲ ਸਨਮਾਨ ਕਰਕੇ ਵਧਾਈ ਦਿੱਤੀ। ਇਸ ਮੌਕੇ ਸੀਨੀਅਰ ਸੈਕੰਡਰੀ ਸਕੂਲ ਨਸਰਾਲਾ, ਘੰਟਾ ਘਰ, ਖ਼ੁਆਸ ਪੁਰਹੀਰਾਂ, ਅਜੜਾਮ, ਅੱਤੋਵਾਲ, ਸ਼ੇਰਗੜ੍ਹ, ਬੱਸੀ ਕਲਾਂ, ਚੌਹਾਲ, ਚੱਬੇਵਾਲ ਅਤੇ ਖੜਕਾਂ ਦੀਆਂ ਲਾਇਬ੍ਰੇਰੀਆਂ ਨੂੰ ਮਹਾਨ ਕੋਸ਼ ਪ੍ਰਦਾਨ ਕੀਤੇ ਗਏ। ਮਨਦੀਪ ਸਿੰਘ ਨੇ ਆਪਣੇ ਉਸਤਾਦ ਅਧਿਆਪਕਾਂ ਸ਼੍ਰੀ ਗਣੇਸ਼ ਕੁਮਾਰ ਅਤੇ ਪਰਮਜੀਤ ਸਿੰਘ ਹੁਰਾਂ ਦੇ ਨਾਲ-ਨਾਲ ਜ਼ਿਲ੍ਹਾ ਸਿੱਖਿਆ ਅਧਿਕਾਰੀ ਹਰਜਿੰਦਰ ਸਿੰਘ ਅਤੇ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੁਖਵਿੰਦਰ ਸਿੰਘ ਦਾ ਵੀ ਮਹਾਨ ਕੋਸ਼ਾਂ ਨਾਲ ਸਨਮਾਨ ਕੀਤਾ ਗਿਆ। ਭਾਸ਼ਾ ਵਿਭਾਗ ਦੀ ਸਰ ਜ਼ਮੀਨ ਤੋਂ ਇਸ ਅਨੋਖੀ ਪਹਿਲ ਦੀ ਸ਼ੁਰੂਆਤ ਕਰਨ ਲਈ ਦੋਸਤਾਂ ਵਾਸਤੇ ਧੰਨਵਾਦੀ ਸ਼ਬਦ ਡਾ. ਜਸਵੰਤ ਰਾਏ ਨੇ ਆਖੇ। ਇਸ ਮੌਕੇ ਪ੍ਰਿੰਸੀਪਲ ਕਰੁਣ ਸ਼ਰਮਾ, ਲੈਕ. ਬਲਵਿੰਦਰ ਕੁਮਾਰ, ਮੈਡਮ ਮੰਜੂ ਅਰੋੜਾ, ਮੈਡਮ ਰਾਜਵਿੰਦਰ ਕੌਰ, ਲਵਪ੍ਰੀਤ, ਤਜਿੰਦਰ ਸਿੰਘ, ਲਾਲ ਸਿੰਘ, ਪੁਸ਼ਪਾ ਰਾਣੀ ਆਦਿ ਹਾਜ਼ਰ ਸਨ।

# ਚੱਬੇਵਾਲ ਨੇ ਮਰਨਾਈਆਂ ਖੁਰਦ 'ਚ ਟਿਊਬਵੈੱਲ ਦਾ ਕੰਮ ਸ਼ੁਰੂ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਪਿੰਡ ਮਰਨਾਈਆਂ ਖੁਰਦ ਦੇ ਵਾਸੀਆਂ ਨੂੰ ਦਰਪੇਸ਼ ਪਾਣੀ ਦੀ ਸਮੱਸਿਆ ਦੇ ਹੱਲ ਲਈ ਅਹਿਮ ਕਦਮ ਚੁੱਕਦਿਆਂ ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨੇ 20 ਲੱਖ ਰੁਪਏ ਦੀ ਲਾਗਤ ਨਾਲ ਟਿਊਬਵੈੱਲ ਪੀਣ ਵਾਲੇ ਪਾਣੀ ਦੀ ਯੋਜਨਾ ਦਾ ਕੰਮ ਸ਼ੁਰੂ ਕਰਵਾਇਆ।ਚੱਬੇਵਾਲ ਨੇ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਪਿੰਡ ਵਾਸੀਆਂ ਨੂੰ ਪੀਣ ਵਾਲਾ ਸਾਫ਼ ਸੁਥਰਾ ਪਾਣੀ ਮੁਹੱਈਆ ਕਰਵਾਉਣਾ ਹੈ, ਜਿਸ ਨਾਲ ਉਨ੍ਹਾਂ ਦੇ ਜੀਵਨ ਅਤੇ ਸਿਹਤ ਵਿੱਚ ਸੁਧਾਰ ਹੋਵੇਗਾ।ਟਿਊਬਵੈੱਲ ਪੀਣ ਵਾਲੇ ਪਾਣੀ ਦੀ ਯੋਜਨਾ ਇੱਕ ਮਹੱਤਵਪੂਰਨ ਬੁਨਿਆਦੀ ਢਾਂਚਾ ਪ੍ਰੋਜੈਕਟ ਹੈ ਜਿਸ ਨਾਲ ਪਿੰਡ ਮਰਨਾਈਆਂ ਖੁਰਦ, ਮਰਨਾਈਆਂ ਕਲਾ, ਨਵਾਂ ਮਰਨਾਈਆਂ, ਅੱਤੋਵਾਲ ਦੇ ਵਸਨੀਕਾਂ ਨੂੰ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਪਾਣੀ ਮਨੁੱਖੀ ਜੀਵਨ ਲਈ ਜ਼ਰੂਰੀ ਹੈ ਅਤੇ ਇਹ ਯਕੀਨੀ ਬਣਾਉਣਾ ਸਾਡੀ ਜ਼ਿੰਮੇਵਾਰੀ ਹੈ ਕਿ ਹਰ ਨਾਗਰਿਕ ਨੂੰ ਪੀਣ ਵਾਲਾ ਸਾਫ਼ ਪਾਣੀ ਮਿਲ ਸਕੇ। ਇਹ ਪ੍ਰੋਜੈਕਟ ਅਗਲੇ ਦੋ ਮਹੀਨਿਆਂ ਵਿੱਚ ਪੂਰਾ ਹੋ ਜਾਵੇਗਾ ਅਤੇ 3500 ਤੋਂ ਵੱਧ ਨਿਵਾਸੀਆਂ ਨੂੰ ਲਾਭ ਹੋਵੇਗਾ।ਲੰਬੇ ਸਮੇਂ ਤੋਂ ਪਾਣੀ ਦੀ ਕਿੱਲਤ ਦੀ ਸਮੱਸਿਆ ਨਾਲ ਜੂਝ ਰਹੇ ਪਿੰਡ ਵਾਸੀਆਂ ਨੇ ਇਸ ਉਪਰਾਲੇ ਦਾ ਸਵਾਗਤ ਕੀਤਾ ਹੈ।ਇਸ ਮੌਕੇ ਡਾ.ਇਸ਼ਾਂਕ, ਡਾ: ਕ੍ਰਿਸ਼ਨ ਗੋਪਾਲ, ਪ੍ਰਿੰਸੀਪਲ ਸੁਖਵਿੰਦਰ ਸਿੰਘ, ਸਰਪੰਚ ਮੇਜਰ ਸਿੰਘ, ਅਵਤਾਰ ਸਿੰਘ, ਲੰਬੜਦਾਰ ਕੇਵਲ ਸਿੰਘ, ਮਨਜੋਤ ਸਿੰਘ, ਲਖਵਿੰਦਰ ਸਿੰਘ, ਪੰਚ ਗੁਰਮੇਲ ਸਿੰਘ, ਰੁਪਿੰਦਰ ਸਿੰਘ, ਲੰਬੜਦਾਰ ਕਾਕੂ ਅਤੋਵਾਲ, ਸ਼ਿੰਦਾ ਬਲਾਕ ਪ੍ਰਧਾਨ ਅਤੋਵਾਲ ਆਦਿ ਹਾਜ਼ਰ ਸਨ ।

# ਵਿਧਾਇਕ ਡਾਕਟਰ ਨਿੱਝਰ ਨੇ ਬੂਟੇ ਲਾਉਣ ਦੀ ਕੀਤੀ ਸ਼ੁਰੂਆਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਅਤੇ ਮੀਰੀ ਪੀਰੀ ਯੂਥ ਫੈਡਰੇਸ਼ਨ ਵੱਲੋਂ ਵਧ ਰਹੇ ਪ੍ਰਦੂਸ਼ਣ ਨੂੰ ਰੋਕਣ ਦੇ ਲਈ ਅਤੇ ਪਰਿਆਵਰਨ ਨੂੰ ਬਚਾਉਣ ਲਈ ਭਗਤਾਂ ਵਾਲੇ ਨੇੜੇ ਸੀ. ਡਵੀਜ਼ਨ ਥਾਣਾ ਤੋਂ ਗਰੀਨ ਬੈਲਟ ਵਿੱਚ ਬੂਟੇ ਲਗਾਉਣ ਦੀ ਸ਼ੁਰੂਆਤ ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਦੇ



ਚੇਅਰਮੈਨ ਭਾਈ ਗੁਰਇਕਬਾਲ ਸਿੰਘ, ਮੈਨੇਜਿੰਗ ਡਾਇਰੈਕਟਰ ਭਾਈ ਹਰਵਿੰਦਰ ਪਾਲ ਸਿੰਘ, ਹਲਕਾ ਵਿਧਾਇਕ ਡਾਕਟਰ ਇੰਦਰਬੀਰ ਸਿੰਘ ਨਿੱਝਰ , ਜਸਪ੍ਰੀਤ ਸਿੰਘ ਚੈਅਰਮੇਨ ਪਲੇਨਿੰਗ ਬੋਰਡ, ਗੁਰਪ੍ਰੀਤ ਸਿੰਘ ਚਾਹਤ, ਅਵਤਾਰ ਸਿੰਘ ਘੁੱਲਾ ਵੱਲੋਂ ਕੀਤੀ ਗਈ। ਇਸ ਮੌਕੇ ਹਲਕਾ ਵਿਧਾਇਕ ਡਾਕਟਰ ਇੰਦਰਬੀਰ ਸਿੰਘ ਨਿੱਝਰ ਨੇ ਬੂਟੇ ਲਗਾਉਂਦੇ ਹੋਏ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਦੇ ਨਾਲ ਹੀ ਸਮਾਜਿਕ ਕਾਰਜ ਤੇ ਸਹਿਯੋਗ ਦੇ ਕੇ ਵਧ ਰਹੇ ਪ੍ਰਦੂਸ਼ਣ ਨੂੰ ਰੋਕਿਆ ਜਾ ਸਕਦਾ ਹੈ। ਇਸ ਮੌਕੇ ਭਾਈ ਗੁਰਇਕਬਾਲ ਸਿੰਘ, ਭਾਈ ਹਰਵਿੰਦਰ ਪਾਲ ਸਿੰਘ ਨੇ ਸਮੂਹ ਸ਼ਹਿਰ ਵਾਸੀਆਂ ਅਤੇ ਸੰਗਤ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਕਿਸੇ ਵੀ ਖ਼ੁਸ਼ੀ ਦੇ ਮੌਕੇ ਇੱਕ ਬੂਟਾ ਜ਼ਰੂਰ ਲਗਾਉਣ ਜਿਸ ਨਾਲ ਵਾਤਾਵਰਣ ਹੋਰ ਸ਼ੁੱਧ ਹੋ ਸਕੇ। ਇਸ ਮੌਕੇ ਚੀਫ ਸੈਕਟਰੀ ਰਣਜੀਤ ਸਿੰਘ, ਯਾਦਵਿੰਦਰ ਸਿੰਘ, ਨਟਵੰਟ ਸਿੰਘ ਜੇ ਈ ਹਾਰਟੀਕਲਚਰ, ਰਾਜਨ ਇੰਸਪੈਕਟਰ, ਨਵਨੀਤ ਸਿੰਘ ਪੀ ਏ, ਬਾਬਾ ਖੁਸ਼ਵੰਤ ਸਿੰਘ ਦੀਵਾਨ ਟੋਡਰ ਮੱਲ ਟ੍ਰਸਟ, ਮਨਪ੍ਰੀਤ ਸਿੰਘ, ਪਰਮਜੀਤ ਸਿੰਘ ਮੈਨੇਜਰ, ਦਲਬੀਰ ਸਿੰਘ ਮੈਨੇਜਰ , ਗਗਨਦੀਪ ਸਿੰਘ ਮੈਨੇਜਰ, ਸੁਰਿੰਦਰਪਾਲ ਸਿੰਘ ਰਿੰਕੂ, ਨਵਜੋਤ ਸਿੰਘ ਤਰਸਿੱਕਾ, ਬਿਕਰਮ ਸਿੰਘ ਹੈਲਥ ਅਫਸਰ ਸਿਵਲ ਸਰਜਨ ਦਫ਼ਤਰ ਅਤੇ ਹੋਰ ਕਈ ਸ਼ਹਿਰ ਦੇ ਸਮਾਜ ਸੇਵੀ ਅਤੇ ਮੈਂਬਰ ਹਾਜ਼ਰ ਸਨ।

# ਬੁੱਧੀਜੀਵੀਆਂ ਵਿਰੁੱਧ ਦਰਜ ਕੇਸ ਤੇ ਤਿੰਨ ਨਵੇਂ ਫੌਜਦਾਰੀ ਕਾਨੂੰਨਾਂ ਖਿਲਾਫ਼ ਸਾਂਝੀ ਜ਼ਿਲ੍ਹਾ ਕਨਵੈਨਸ਼ਨ 6 ਨੂੰ

**ਅੰਮ੍ਰਿਤਸਰ** : ਪੰਜਾਬ ਦੀਆਂ ਤਿੰਨ ਦਰਜਨ ਜਨਤਕ, ਜਮਹੂਰੀ, ਤਰਕਸ਼ੀਲ, ਸਾਹਿਤਕ ਜਥੇਬੰਦੀਆਂ ਤੇ ਅਧਾਰਤ ਸਾਂਝੀ ਸੂਬਾਈ ਕਮੇਟੀ ਵੱਲੋਂ ਲੋਕ ਪੱਖੀ ਬੁੱਧੀਜੀਵੀ ਤੇ ਸਾਹਿਤਕਾਰ ਅਰੁੰਧਤੀ ਰਾਏ ਅਤੇ ਪ੍ਰੋ. ਸ਼ੇਖ ਸ਼ੌਕਤ ਹੁਸੈਨ ਵਿਰੁੱਧ ਯੂ ਏ ਪੀ ਏ ਹੇਠ ਦਰਜ ਨਜਾਇਜ਼ ਕੇਸ ਰੱਦ ਕਰਵਾਉਣ ਅਤੇ 1 ਜੁਲਾਈ ਤੋਂ ਲਾਗੂ ਤਿੰਨ ਨਵੇਂ ਫੌਜਦਾਰੀ ਕਾਨੂੰਨਾਂ ਉਤੇ ਰੋਕ ਲਵਾਉਣ ਲਈ ਪੰਜਾਬ ਵਿੱਚ ਸਾਰੇ ਜ਼ਿਲ੍ਹਿਆਂ ਦੇ ਪੱਧਰ ਤੇ ਜ਼ਿਲ੍ਹਾ ਕਨਵੈਨਸ਼ਨਾਂ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਸ ਸਬੰਧ ਵਿੱਚ ਅੰਮ੍ਰਿਤਸਰ ਦੀਆਂ ਸਮੂਹ ਜਨਤਕ ਜਮਹੂਰੀ, ਸਾਹਿਤਕ, ਸੱਭਿਆਚਾਰਕ ਜਥੇਬੰਦੀਆਂ ਦੀ ਇਕ ਸਾਂਝੀ ਮੀਟਿੰਗ ਸਥਾਨਕ ਕੰਪਨੀ ਬਾਗ਼ ਵਿਖੇ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜ਼ਿਲਾ ਅੰਮ੍ਰਿਤਸਰ ਦੀ ਸਾਂਝੀ ਕਨਵੈਨਸ਼ਨ 6 ਸਤੰਬਰ ਨੂੰ ਸਵੇਰੇ ਸਾਢੇ ਦਸ ਵਜੇ ਸਥਾਨਕ ਕੰਪਨੀ ਬਾਗ਼ ਵਿਖੇ ਕਰਵਾਈ ਜਾਵੇਗੀ।ਇਸ ਮੌਕੇ ਜਮਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸੁਸਾਇਟੀ ਪੰਜਾਬ, ਜਮਹੂਰੀ ਕਿਸਾਨ ਸਭਾ, ਸੀ ਟੀ ਯੂ ਪੰਜਾਬ, ਬੀ ਕੇ ਯੂ (ਏਕਤਾ ਉਗਰਾਹਾਂ), ਆਲ ਇੰਡੀਆ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਕਿਰਤੀ ਕਿਸਾਨ ਯੂਨੀਅਨ ਪੰਜਾਬ, ਪੰਜਾਬ ਕਿਸਾਨ ਯੂਨੀਅਨ, ਰਾਬਤਾ ਮੁਕਾਲਮਾ ਕਾਵਿ ਮੰਚ, ਪੰਜਾਬ ਸਟੇਟ ਪੈਨਸ਼ਨਰਜ਼ ਅਤੇ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਆਦਿ ਜਥੇਬੰਦੀਆਂ ਤੋਂ ਡਾ.ਪਰਮਿੰਦਰ, ਸੁਮੀਤ ਅੰਮ੍ਰਿਤਸਰ, ਕਾ.ਰਤਨ ਸਿੰਘ ਰੰਧਾਵਾ, ਕਾ. ਜਗਤਾਰ ਸਿੰਘ ਕਰਮਪੁਰਾ, ਯਸ਼ਪਾਲ ਝਬਾਲ, ਅਮਰਜੀਤ ਸਿੰਘ ਭੱਲਾ, ਕਾ. ਬਲਕਾਰ ਦੁਧਾਲਾ, ਅਮਰੀਕ ਸਿੰਘ ਸੰਗਤਪੁਰਾ, ਬਲਬੀਰ ਮੂਧਲ, ਜਤਿੰਦਰ ਸਿੰਘ ਛੀਨਾ, ਹਰਜੀਤ ਸੰਧੂ, ਹਰਚਰਨ ਮੱਦੀਪੁਰ, ਬਲਵਿੰਦਰ ਸਿੰਘ, ਪ੍ਰਿੰ. ਮੇਲਾ ਰਾਮ, ਮਾਸਟਰ ਬਲਦੇਵ ਰਾਜ ਵੇਰਕਾ, ਕਰਤਾਰ ਸਿੰਘ ਐਮ ਏ ਅਤੇ ਗੁਰਪਿੰਦਰ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।ਇਸ ਤੋਂ ਇਲਾਵਾ ਕਿਸੇ ਕਾਰਨ ਮੀਟਿੰਗ ਵਿੱਚ ਹਾਜ਼ਰ ਨਾ ਹੋ ਸਕੀਆਂ ਜਨਤਕ ਜਥੇਬੰਦੀਆਂ ਵੱਲੋਂ ਇਸ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਵਿਸ਼ੇਸ਼ ਸੁਨੇਹਾ ਭੇਜਿਆ ਗਿਆ। ਇਸ ਮੌਕੇ ਸਾਂਝੀ ਕਮੇਟੀ ਦੇ ਆਗੂਆਂ ਨੇ ਸਮੂਹ ਲੋਕ ਪੱਖੀ ਜਮਹੂਰੀ ਤੇ ਜਨਤਕ



ਜਥੇਬੰਦੀਆਂ ਅਤੇ ਸਮਾਜ ਦੇ ਚੇਤਨ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ 6 ਸਤੰਬਰ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਇਸ ਕਨਵੈਨਸ਼ਨ ਨੂੰ ਸਫਲ ਬਣਾਉਣ ਤਾਂ ਕਿ ਮੋਦੀ ਸਰਕਾਰ ਦੇ ਫਾਸ਼ੀਵਾਦੀ ਹਮਲਿਆਂ ਦਾ ਡਟਵਾਂ ਟਾਕਰਾ ਕੀਤਾ ਜਾ ਸਕੇ। ਇਸ ਮੌਕੇ ਕੋਲਕਾਤਾ, ਮਹਾਰਾਸ਼ਟਰ, ਬਿਹਾਰ, ਉਤਰਾਖੰਡ ਵਿਖੇ ਔਰਤਾਂ, ਬੱਚੀਆਂ ਨਾਲ ਵਾਪਰੀਆਂ ਜਬਰ ਜਨਾਹ ਅਤੇ ਕਤਲ ਦੀਆਂ ਵਹਿਸ਼ੀ ਘਟਨਾਵਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦੇਣ ਅਤੇ ਸਮਾਜ ਵਿੱਚ ਹਰ ਵਰਗ ਦੀਆਂ ਔਰਤਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ ਗਈ।ਇਸ ਦੇ ਇਲਾਵਾ ਮਹਾਰਾਸ਼ਟਰ ਦੀ ਤਰਕਸ਼ੀਲ ਸੰਸਥਾ ਅੰਧ ਸ਼ਰਧਾ ਨਿਰਮੂਲਨ ਸੰਮਤੀ ਦੇ ਸੰਸਥਾਪਕ ਡਾ. ਨਰਿੰਦਰ ਦਾਭੋਲਕਰ ਦੇ ਸੰਨ 2013 ਵਿੱਚ ਹੋਏ ਕਤਲ ਲਈ ਜ਼ਿੰਮੇਵਾਰ ਮੁੱਖ ਸਾਜਿਸ਼ ਘਾੜੇ ਫਿਰਕੂ ਅਨਸਰਾਂ ਨੂੰ ਗ੍ਰਿਫਤਾਰ ਕਰਕੇ ਸਖ਼ਤ ਸਜ਼ਾਵਾਂ ਦੇਣ ਦੀ ਵੀ ਮੰਗ ਕੀਤੀ ਗਈ।

# ਬਾਬਾ ਕਾਹਨ ਦਾਸ ਦੀ ਬਰਸੀ 28 ਨੂੰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਬਾਬਾ ਕਾਹਨ ਦਾਸ ਦੀ ਸਲਾਨਾ ਬਰਸੀ ਗੁਰਦੁਆਰਾ ਕਲਿਆਣਸਰ ਸਾਹਿਬ ਪਿੰਡ ਭੀਲੋਵਾਲ ਦੀ ਪ੍ਰਬੰਧਕ ਕਮੇਟੀ, ਐਨ.ਆਈ.ਆਰ ਵੀਰਾਂ ਤੇ ਇਲਾਕੇ ਦੀਆਂ ਸੰਗਤਾਂ ਦੇ ਵੱਡੇ ਸਹਿਯੋਗ ਨਾਲ 28 ਅਗਸਤ ਨੂੰ ਵੱਡੀ ਪੱਧਰ 'ਤੇ ਮਨਾਈ ਜਾਦੀ ਹੈ। ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਲਈਆ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਦਿਲਬਾਗ ਸਿੰਘ ਨੇ ਦੱਸਿਆ ਕਿ 28 ਅਗਸਤ ਨੂੰ ਸੰਤ ਮਹਾਂਪੁਰਖ ਸੰਤ ਬਾਬਾ ਕਾਹਨ ਦਾਸ ਦੀ ਬਰਸੀ ਵੱਡੀ ਪੱਧਰ 'ਤੇ ਮਨਾਈ ਜਾਦੀ ਹੈ।ਜਿਸ ਵਿਚ ਸੰਗਤਾਂ ਦੀ ਆਮਦ ਨੂੰ ਵੇਖਦਿਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ, ਜਿਸ ਵਿਚ 27 ਅਗਸਤ ਨੂੰ ਸ਼੍ਰੋਮਣੀ ਪ੍ਰਬੰਧਕ ਕਮੇਟੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਤੇ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਇਕ ਮਹਾਨ ਅੰਮ੍ਰਿਤ ਸੰਚਾਰ ਕਰਵਾਇਆ ਜਾਂ ਰਿਹਾ ਹੈ। ਜਿਸ ਦੀ ਅਗਵਾਈ ਪੰਜ ਪਿਆਰਿਆਂ ਸਿੰਘ ਸਾਹਿਬਾਨਾਂ ਵਲੋਂ ਕੀਤੀ ਜਾਵੇਗੀ, 28 ਅਗਸਤ ਨੂੰ ਲੜੀਵਾਰ ਚੱਲ ਰਹੀ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪੈਣ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ। ਜਿਸ ਵਿਚ ਪੰਜਾਬ ਦੇ ਉੱਚ ਕੋਟੀ ਦੇ ਕਥਾ ਵਾਚਕਾ, ਕਵੀਸ਼ਰੀ, ਰਾਗੀ, ਢਾਡੀ, ਕੀਰਤਨੀ ਜਥਿਆਂ ਵਲੋਂ ਗੁਰੂ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ ਜਾਵੇਗਾ। ਅਖੀਰ ਸਾਮ ਨੂੰ ਇਕ ਕਬੱਡੀ ਦਾ ਸ਼ੋਅ ਮੈਚ ਅੰਮ੍ਰਿਤਸਰ, ਗੁਰਦਾਸਪੁਰ ਦੀਆਂ ਟੀਮਾਂ ਵਿਚ ਕਬੱਡੀ ਕਰਵਾਇਆ ਜਾਵੇਗਾ।

# ਜ਼ਿਮਨੀ ਚੋਣ ਨੂੰ ਲੈ ਕੇ ਵਡਾਲਾ ਬਾਂਗਰ 'ਚ ਰੱਖੀ ਮੀਟਿੰਗ 'ਚ ਪਹੁੰਚੇਗੀ ਆਪ ਦੀ ਸਮੁੱਚੀ ਲੀਡਰਸ਼ਿਪ : ਚੇਅਰਮੈਨ

**ਕਲਾਨੌਰ, (ਮਨਦੀਪ ਕੋਹਲੀ)**- ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਨੂੰ ਲੈ ਕੇ ਬਾਕੀ ਪਾਰਟੀਆਂ ਦਾ ਤਾਂ ਅਜੇ ਪਤਾ ਨਹੀਂ ਪਰ ਆਮ ਆਦਮੀ ਪਾਰਟੀ ਹਲਕੇ ਵਿੱਚ ਪੂਰੀ ਤੇਜ਼ੀ ਦਿਖਾ ਰਹੀ ਹੈ ਅਤੇ ਆਏ ਦਿਨ ਕਿਸੇ ਨਾ ਕਿਸੇ ਆਮ ਆਦਮੀ ਪਾਰਟੀ ਦੇ ਹਲਕੇ ਦੇ ਲੀਡਰ ਵੱਲੋਂ ਵੱਡੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਡੇ ਇਕੱਠ ਕਰਕੇ ਪਾਰਟੀ ਹਾਈ ਕਮਾਂਡ ਦੀਆਂ ਨਜ਼ਰਾਂ ਵਿੱਚ ਆਪਣੀ ਆਪਣੀ ਧਾਕ ਜਮਾਉਣ ਦੀ ਜੱਦੋ ਜਹਿਦ ਲੱਗੀ ਹੋਈ ਹੈ, ਜਿੱਥੇ ਬੀਤੇ ਦਿਨੀਂ



ਗੁਰਦੀਪ ਸਿੰਘ ਰੰਧਾਵਾ ਵੱਲੋਂ ਡੇਰਾ ਬਾਬਾ ਨਾਨਕ ਅਤੇ ਕੁੰਜਰ ਪੁਲ ਨਜ਼ਦੀਕ ਮੀਟਿੰਗਾਂ ਕਰਾਈਆਂ ਗਈਆਂ ਸਨ ਅਤੇ ਕਲਾਨੌਰ ਵਿੱਚ ਅਮਰਜੀਤ ਸਿੰਘ ਉਦੋਵਾਲੀ ਵੱਲੋਂ ਮੀਟਿੰਗ ਕਰਵਾਈ ਗਈ ਸੀ।

ਹੁਣ ਮਾਰਕੀਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੀਤ ਸਿੰਘ ਬਾਠ ਵੱਲੋਂ 24 ਤਾਰੀਖ ਨੂੰ ਵਡਾਲਾ ਬਾਂਗਰ ਦਾਣਾ ਮੰਡੀ ਵਿੱਚ ਵੱਡੀ ਮੀਟਿੰਗ ਕਰਵਾਈ ਜਾ ਰਹੀ ਹੈ। ਮੀਟਿੰਗ ਵਿੱਚ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਕੈਬਨਿਟ ਮੰਤਰੀ ਲਾਲਜੀਤ ਭੁੱਲਰ, ਹਲਕਾ ਬਟਾਲਾ ਤੋਂ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਲੋਕ ਸਭਾ ਇੰਚਾਰਜ ਰਜੀਵ ਸ਼ਰਮਾ ਅਤੇ ਹੋਰ ਵੀ ਆਮ ਆਦਮੀ ਪਾਰਟੀ ਦੇ ਆਗੂ ਵੱਡੇ ਤੌਰ 'ਤੇ ਪਹੁੰਚ ਰਹੇ ਹਨ। ਮਾਰਕੀਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੀਤ ਸਿੰਘ ਬਾਠ ਨੇ ਹਲਕਾ ਡੇਰਾ ਬਾਬਾ ਨਾਨਕ ਦੇ ਸਾਰੇ ਹੀ ਲੀਡਰ ਸਾਹਿਬਾਨ, ਬਲਾਕ ਪ੍ਰਧਾਨ, ਵਲੰਟੀਅਰ ਅਤੇ ਆਮ ਲੋਕਾਂ ਨੂੰ ਮੀਟਿੰਗ ਵਿੱਚ ਪਹੁੰਚਣ ਲਈ ਅਪੀਲ ਕੀਤੀ ਹੈ। ਇਸ ਵੱਡੀ ਮੀਟਿੰਗ ਦੌਰਾਨ ਕਿਸੇ ਨਾ ਕਿਸੇ ਨੂੰ ਜ਼ਿਮਨੀ ਚੋਣ ਸਬੰਧੀ ਵੱਡੀ ਜ਼ਿੰਮੇਵਾਰੀ ਸੌਂਪੀ ਜਾਣ ਦੀ ਆਸ ਹੈ।

# ਹੁਣ ਐੱਨ ਆਰ ਆਈ ਨੂੰ ਕਾਊਂਟਰ ਸਾਈਨਾਂ ਲਈ ਸਰਕਾਰੀ ਦਫ਼ਤਰਾਂ 'ਚ ਜਾਣ ਦੀ ਜ਼ਰੂਰਤ ਨਹੀਂ : ਗੁਪਤਾ

**ਗੁਰਦਾਸਪੁਰ (ਜਨਕ ਮਹਾਜਨ)**- ਐੱਨ ਆਰ ਆਈ ਪੰਜਾਬੀਆਂ ਨੂੰ ਹੁਣ ਆਪਣੇ ਜ਼ਰੂਰੀ ਦਸਤਾਵੇਜ਼ਾਂ ਨੂੰ ਕਾਊਂਟਰ ਸਾਈਨ ਕਰਵਾਉਣ ਲਈ ਸਰਕਾਰੀ ਦਫ਼ਤਰਾਂ ਵਿੱਚ ਜਾਣ ਦੀ ਜ਼ਰੂਰਤ ਨਹੀਂ। ਐੱਨ ਆਰ ਆਈ ਲੋਕਾਂ ਦੀ ਇਸ ਖੱਜਲ ਖ਼ੁਆਰੀ ਨੂੰ ਖ਼ਤਮ ਕਰਨ ਲਈ ਸਰਕਾਰ ਵੱਲੋਂ ਇਕ ਆਨਲਾਈਨ ਪੋਰਟਲ ਬਣਾ ਦਿੱਤਾ ਗਿਆ ਹੈ ਜਿਸ ਰਾਹੀਂ ਇਹ ਕੰਮ ਹੁਣ ਘਰ ਬੈਠੇ ਹੀ ਹੋ ਜਾਇਆ ਕਰੇਗਾ। ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ 25 ਅਗਸਤ ਤੋਂ ਐੱਨ.ਆਰ.ਆਈ ਪੰਜਾਬੀ ਆਪਣੇ ਜਨਮ ਸਰਟੀਫਿਕੇਟ, ਵਿਆਹ ਸਰਟੀਫਿਕੇਟ, ਡਰਾਈਵਿੰਗ ਲਾਇਸੈਂਸ ਸਮੇਤ ਵੱਖ-ਵੱਖ ਦਸਤਾਵੇਜ਼ ਕਾਊਂਟਰ ਸਾਈਨ ਕਰਵਾਉਣ ਲਈ (Sanad Portal (http://esanad.nic.in) ਉੱਤੇ ਆਨਲਾਈਨ ਅਪਲਾਈ ਕਰ ਸਕਦੇ ਹਨ। ਅਜਿਹੀਆਂ ਅਰਜ਼ੀਆਂ ਹੁਣ ਸੇਵਾ ਕੇਂਦਰਾਂ ਵਿੱਚ ਨਹੀਂ ਲਈਆਂ ਜਾਣਗੀਆਂ। ਆਨਲਾਈਨ ਅਪਲਾਈ ਕਰਨ ਉੱਤੇ ਅਰਜ਼ੀ ਕਰਤਾ ਨੂੰ ਇਕ ਰਸੀਦ ਨੰਬਰ ਮਿਲ ਜਾਇਆ ਕਰੇਗਾ। ਹਰੇਕ ਪੱਧਰ ਦੀ ਕਾਰਵਾਈ ਆਨਲਾਈਨ ਹੋਇਆ ਕਰੇਗੀ। ਇੱਥੋਂ ਤੱਕ ਕਿ ਅਰਜ਼ੀ ਕਰਤਾ ਨੂੰ ਚੰਡੀਗੜ੍ਹ ਜਾਂ ਦਿੱਲੀ ਵੀ ਨਹੀਂ ਜਾਣਾ ਪਵੇਗਾ। ਕਾਊਂਟਰ ਸਾਈਨ ਹੋਣ ਉਪਰੰਤ ਦਸਤਾਵੇਜ਼ ਈਮੇਲ ਅਤੇ ਹੋਰ ਮਾਧਿਅਮਾਂ ਰਾਹੀਂ ਅਰਜ਼ੀ ਕਰਤਾ ਨੂੰ ਮਿਲ ਜਾਇਆ ਕਰੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਹਿਲਾਂ ਅਰਜ਼ੀ ਕਰਤਾ ਸੇਵਾ ਕੇਂਦਰ ਵਿੱਚ ਜਾ ਕੇ ਖ਼ੁਦ ਅਪਲਾਈ ਕਰਦਾ ਸੀ। ਉਸ ਤੋਂ ਬਾਅਦ ਉਸ ਨੂੰ ਆਪਣੀ ਅਰਜ਼ੀ ਲੈ ਕੇ ਚੰਡੀਗੜ੍ਹ ਅਤੇ ਪਟਿਆਲਾ ਹਾਊਸ, ਦਿੱਲੀ ਵੀ ਖ਼ੁਦ ਹੀ ਜਾਣਾ ਪੈਂਦਾ ਸੀ। ਇਸ ਨਾਲ ਉਨ੍ਹਾਂ ਦਾ ਸਮਾਂ ਅਤੇ ਪੈਸੇ ਦੀ ਬਰਬਾਦੀ ਦੇ ਨਾਲ ਨਾਲ ਕਾਫ਼ੀ ਖੱਜਲ ਖ਼ੁਆਰੀ ਹੁੰਦੀ ਸੀ। ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਸਮੂਹ ਐੱਨ.ਆਰ.ਆਈ. ਪੰਜਾਬੀਆਂ ਨੂੰ ਇਸ ਸਹੂਲਤ ਦਾ ਲਾਭ ਲੈਣ ਦੀ ਅਪੀਲ ਕੀਤੀ ਹੈ।



# ਦਿਹਾਤੀ ਸੰਪਰਕ ਸੜਕਾਂ 'ਤੇ ਜੜੀ-ਬੂਟੀ ਵਧੇਰੇ ਹੋਣ ਕਰਕੇ ਜਨਜੀਵਨ ਪ੍ਰਭਾਵਿਤ

**ਗੁਰਦਾਸਪੁਰ (ਜਨਕ ਮਹਾਜਨ)**- )- ਗੁਰਦਾਸਪੁਰ ਜ਼ਿਲ੍ਹੇ ਦੇ ਬੇਟ ਖੇਤਰ ਤੇ ਨਹਿਰਾਂ ਕੰਢੇ ਜੜੀ ਬੂਟੀ ਵਧੇਰੇ ਮਾਤਰਾ ਵਿਚ ਹੋਣ ਕਰਕੇ ਲੋਕਾਂ ਦਾ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਇਲਾਕਾ ਵਾਸੀਆਂ ਨੇ ਦੱਸਿਆ ਕਿ ਦਿਹਾਤੀ ਸੰਪਰਕ ਸੜਕਾਂ 'ਤੇ ਜੜੀ ਬੂਟੀ ਬਰਸਾਤ ਤੋਂ ਪਹਿਲਾਂ ਹੀ ਵਧੇਰੇ ਮਾਤਰਾ ਵਿਚ ਹੋਣ ਕਰਕੇ ਲੁਟੇਰੇ ਦਿਨ ਦਿਹਾੜੇ ਰਾਹਗੀਰ ਲੋਕਾਂ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਦੀ ਲੁੱਟ ਖੋਹ ਕਰ ਲੈਂਦੇ ਹਨ ਅਤੇ ਖ਼ਾਸ ਕਰਕੇ ਇਹ ਘਟਨਾਵਾਂ ਦੁਪਹਿਰ ਵੇਲੇ ਅਕਸਰ ਵਾਪਰਦੀਆਂ ਹਨ। ਉਨ੍ਹਾਂ ਦੱਸਿਆ ਕਿ ਗਾਜੀਕੋਟ ਤੋਂ ਕਾਹਨੂੰਵਾਨ ਸਠਿਆਲੀ ਪੁਲ ਅਤੇ ਪਿੰਡ ਕਰਾਲ ਸੜਕ 'ਤੇ ਜੜੀ ਬੂਟੀ ਦੀ ਭਰਮਾਰ ਆਮ ਦੇਖੀ ਜਾਂਦੀ ਹੈ ਜਿਸ ਵੱਲ ਸਬੰਧਤ ਵਿਭਾਗ ਬਿਲਕੁਲ ਵੀ ਧਿਆਨ ਨਹੀਂ ਦੇ ਰਿਹਾ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਹੈ ਕਿ ਨਹਿਰਾਂ ਕੰਢੇ ਅਤੇ ਦਿਹਾਤੀ ਸੜਕਾਂ 'ਤੇ ਜੜੀ ਬੂਟੀ ਕਟਵਾਉਣ ਵਾਸਤੇ ਸਬੰਧਤ ਵਿਭਾਗ ਨੂੰ ਹਦਾਇਤਾਂ ਕੀਤੀਆਂ ਜਾਣ ਜਿਸ ਨਾਲ ਲੋਕ ਚੋਰੀ ਅਤੇ ਲੁੱਟਾਂ ਖੋਹਾਂ ਵਰਗੀਆਂ ਘਟਨਾਵਾਂ ਤੋਂ ਬਚ ਸਕਣ।

# ਲਾਪਤਾ ਬੱਚੇ ਨੂੰ ਲੱਭ ਕੇ ਪੁਲਸ ਨੇ ਮਾਪਿਆਂ ਸਪੁਰਦ ਕੀਤਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪਿੰਡ ਗੁਰਦਾਸਨੰਗਲ ਵਿੱਚ ਟਿਊਸ਼ਨ ਪੜ੍ਹਨ ਗਿਆ ਭੇਦ-ਭਰੇ ਹਾਲਾਤ ਵਿੱਚ ਲਾਪਤਾ ਹੋਏ 11 ਸਾਲਾ ਬੱਚੇ ਨੂੰ ਥਾਣਾ ਧਾਰੀਵਾਲ ਦੀ ਪੁਲਸ ਨੇ ਇਕ ਹਫਤੇ ਵਿੱਚ ਹੀ ਲੱਭ ਕੇ ਪਰਵਾਰ ਨੂੰ ਸੌਂਪ ਦਿੱਤਾ ਹੈ। ਸੋਨੂੰ ਕੁਮਾਰ ਪੁੱਤਰ ਪਰਮਜੀਤ ਸ਼ਰਮਾ ਵਾਸੀ ਗੁਰਦਾਸਨੰਗਲ ਹਾਲ ਵਾਸੀ ਲੁਧਿਆਣਾ ਦਾ ਲੜਕਾ ਦੀਪਕ ਸ਼ਰਮਾ (11) ਥਾਣਾ ਧਾਰੀਵਾਲ ਅਧੀਨ ਪੈਂਦੇ ਪਿੰਡ ਗੁਰਦਾਸਨੰਗਲ ਵਿੱਚ ਆਪਣੇ ਦਾਦੇ ਕੋਲ ਰਹਿੰਦਾ ਹੈ ਅਤੇ ਪਿੰਡ ਦੇ ਸਰਕਾਰੀ ਸਕੂਲ ਵਿੱਚ ਛੇਵੀਂ ਜਮਾਤ ਵਿੱਚ ਪੜ੍ਹਦਾ ਹੈ ਜੋ 14 ਅਗਸਤ ਨੂੰ ਪਿੰਡ ਵਿੱਚ ਟਿਊਸ਼ਨ ਪੜ੍ਹਨ ਗਿਆ ਘਰ ਵਾਪਸ ਨਹੀ ਪਰਤਿਆ। ਬੱਚੇ ਦੇ ਪਿਤਾ ਵਲੋਂ ਪੁਲਸ ਕੋਲ ਕਿਸੇ ਨਾਮਲੂਮ ਵਿਅਕਤੀ ਵਲੋਂ ਲੜਕੇ ਨੂੰ ਅਗਵਾ ਕਰਨ ਦਾ ਸ਼ੱਕਾਂ ਜਾਹਰ ਕੀਤਾ ਸੀ। ਇਸ ਸਬੰਧੀ ਡੀ ਐਸ ਪੀ ਕੁਲਵੰਤ ਸਿੰਘ ਮਾਨ ਅਤੇ ਥਾਣਾ ਧਾਰੀਵਾਲ ਦੇ ਮੁਖੀ ਇੰਸਪੈਕਟਰ ਬਲਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਦੇ ਸਖਤ ਅਦੇਸ਼ਾਂ ਅਨੁਸਾਰ ਪੁਲਸ ਦੀਆਂ ਵੱਖ ਵੱਖ ਟੀਮਾਂ ਬਣਾ ਕੇ ਬੱਚੇ ਦੀ ਉਸ ਦਿਨ ਤੋਂ ਭਾਲ ਕੀਤੀ ਜਾ ਰਹੀ ਸੀ ਅਤੇ ਸੋਸ਼ਲ ਮੀਡੀਆ 'ਤੇ ਬੱਚੇ ਦੀਆਂ ਫੋਟੋਆਂ ਅਪਲੋਡ ਕੀਤੀਆਂ ਗਈਆਂ। ਇਸ ਬੱਚੇ ਨੂੰ ਪੁਲਸ ਨੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਲੱਭ ਕੇ ਮਾਪਿਆਂ ਦੇ ਸਪੁਰਦ ਕਰ ਦਿੱਤਾ। ਬੱਚੇ ਦੇ ਮਾਤਾ-ਪਿਤਾ ਨੇ ਪੁਲਸ ਪ੍ਰਸ਼ਾਸਨ ਅਤੇ ਖਾਸਕਰ ਥਾਣਾ ਮੁਖੀ ਬਲਜੀਤ ਕੌਰ ਅਤੇ ਡੀ ਐਸ ਪੀ ਕੁਲਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।

# ਬਿਜਲੀ ਕਾਮਿਆਂ ਵੱਲੋਂ ਗੁਰਦਾਸਪੁਰ ਮੰਡਲ ਵਿਖੇ ਵਿਸ਼ਾਲ ਧਰਨਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ ਤੇ ਮੰਡਲ ਗੁਰਦਾਸਪੁਰ ਵਿੱਚ ਰੋਸ ਧਰਨਾ ਦਿੱਤਾ ਗਿਆ ਅਤੇ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ। ਇਸ ਧਰਨੇ ਦੀ ਪ੍ਰਧਾਨਗੀ ਸਾਥੀ ਸੰਜੀਵ ਸ਼ਰਮਾ ਝੱਬਕਰਾ ਪ੍ਰਧਾਨ ਟੀ ਐਸ ਯੂ, ਤਰਲੋਕ ਸਿੰਘ ਖੁੰਡੀ ਪ੍ਰਧਾਨ ਕਰਮਚਾਰੀ ਦਲ, ਬਲਵਿੰਦਰ ਪਾਲ ਪ੍ਰਧਾਨ ਏਟਕ ਵਲੋਂ ਸਾਂਝੇ ਤੌਰ 'ਤੇ ਕੀਤੀ। ਧਰਨੇ ਵਿੱਚ ਏਟਕ ਦੇ ਸੂਬਾ ਮੀਤ ਪ੍ਰਧਾਨ ਅਤੇ ਸਰਕਲ ਪ੍ਰਧਾਨ ਬਲਵਿੰਦਰ ਸਿੰਘ ਉਦੀਪੁਰ ਅਤੇ ਟੀ ਐਸ ਯੂ ਦੇ ਸਰਕਲ ਪ੍ਰਧਾਨ ਸੈਣੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਰੈਲੀ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾ ਦੇ ਕੇ ਮੀਟਿੰਗਾਂ ਅੱਗੇ ਪਾ ਦੇਣਾ ਬਹੁਤ ਨਿੰਦਣਯੋਗ ਹੈ। ਹੁਣ ਪੰਜਾਬ ਸਰਕਾਰ ਵਲੋਂ ਜੋ 22 ਅਗਸਤ ਦੀ ਮੀਟਿੰਗ ਦਿੱਤੀ ਗਈ ਸੀ ਉਸ ਨੂੰ ਹੁਣ 12 ਸਤੰਬਰ ਦੀ ਮੀਟਿੰਗ ਦਿੱਤੀ ਹੈ, ਬਹੁਤ ਸਾਰੀਆਂ ਹੱਕੀ ਅਤੇ ਜਾਇਜ ਮੰਗਾਂ ਜਿਵੇਂ ਸੀ ਆਰ ਏ 295/19 ਦਾ ਪਰਖ ਕਾਲ ਸਮਾਂ ਪੂਰਾ ਹੋ ਚੁੱਕਾ ਹੈ ਉਨ੍ਹਾਂ ਨੂੰ ਰੈਗੂਲਰ ਕਰਕੇ ਰੈਗੂਲਰ ਤਨਖਾਹਾਂ ਜਾਰੀ ਕੀਤੀਆਂ ਜਾਣ, ਡੀ ਏ ਦੀਆਂ ਕਿਸ਼ਤਾਂ ਦਿੱਤੀਆਂ ਜਾਣ, ਉਹਨਾਂ ਦਾ ਏਰੀਅਰ ਦਿੱਤਾ ਜਾਵੇ , ਮੁਲਾਜ਼ਮ ਅਤੇ ਪੈਨਸ਼ਨਰਜ਼ ਦਾ ਕੱਟਿਆ ਜਾ ਰਿਹਾ 200 ਡਿਵੈਲਪਮੈਂਟ ਟੈਕਸ ਬੰਦ ਕੀਤਾ ਜਾਵੇ, ਨਵ ਨਿਯੁਕਤ ਕਰਮਚਾਰੀ ਅਤੇ ਪੈਨਸ਼ਨਰਜ਼ ਨੂੰ ਬਿਜਲੀ ਰਿਆਇਤ ਦਿੱਤੀ ਜਾਵੇ, 6 ਵੇਂ ਪੇ ਕਮਿਸ਼ਨ ਵਿੱਚ 37 ਭੱਤੇ ਬੰਦ ਕੀਤੇ ਹਨ ਉਨ੍ਹਾਂ ਨੂੰ ਮੁੜ ਬਹਾਲ ਕੀਤਾ ਜਾਵੇ, ਏ ਸੀ ਪੀ ਬਹਾਲ ਕੀਤੀ ਜਾਵੇ, ਪੇਂਡੂ ਭੱਤਾ ਬਹਾਲ ਕੀਤਾ ਜਾਵੇ, ਰੈਗੂਲਰ ਭਰਤੀ ਕੀਤੀ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਪੇ ਕਮਿਸ਼ਨ ਦਾ ਏਰੀਅਰ ਦਿੱਤਾ ਜਾਵੇ, ਠੇਕੇ 'ਤੇ ਕੰਮ ਕਰਦੇ



ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ, ਲਾਈਨ ਮੈਨ ਦਾ ਕੱਟਿਆ ਮੋਬਾਇਲ ਭੱਤਾ ਬਹਾਲ ਕੀਤਾ ਜਾਵੇ, ਸੀ ਆਰ ਏ 267/11ਅਤੇ 281/13 ਦਾ ਕੰਟਰੈਕਟ ਦਾ ਸਮਾਂ ਰੈਗੂਲਰ ਸਰਵਿਸ ਵਿੱਚ ਜੋੜਿਆ ਜਾਵੇ, ਪਰਖ ਕਾਲ ਸਮਾਂ ਇਕ ਸਾਲ ਕੀਤਾ ਜਾਵੇ ਆਗੂਆਂ ਦੱਸਿਆ ਕਿ 31/8/24 ਤੱਕ ਵਰਕ ਟੂ ਰੂਲ ਅਧੀਨ ਕੰਮ ਕੀਤਾ ਜਾਵੇਗਾ ਅਤੇ 1/9/24 ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਨਿਊ ਅੰਮ੍ਰਿਤਸਰ ਵਿਖੇ ਸੂਬਾਈ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ ਅਤੇ ਰੋਸ ਮਾਰਚ ਕੀਤਾ ਜਾਵੇਗਾ, ਜਿਸ ਵਿਚ ਇੰਜ. ਲਖਵਿੰਦਰ ਸਿੰਘ ਸੈਣੀ, ਰੋਹਿਤ ਸੈਣੀ ਸਕੱਤਰ, ਬਲਵੰਤ ਸਿੰਘ ਝੋਰ, ਬਲਵਿੰਦਰ ਸਿੰਘ ਸੋਹਲ, ਰਮਨ ਕੁਮਾਰ, ਮੁਕੇਸ਼ ਵਸ਼ਿਸ਼ਟ , ਰਜਿੰਦਰ ਸ਼ਰਮਾ, ਮਨਵਿੰਦਰ ਸਿੰਘ, ਮਨਜੀਤ ਸਿੰਘ, ਅਮਰਦੀਪ ਸਿੰਘ, ਜਗਦੇਵ ਸਿੰਘ, ਅਸ਼ੋਕ ਕੁਮਾਰ, ਅਨਿਲ ਕੁਮਾਰ, ਅਸ਼ਵਨੀ ਕੁਮਾਰ ਸਤਨਾਮ ਸਿੰਘ ਆਦਿ ਸਾਥੀ ਹਾਜ਼ਰ ਸਨ।

# ਸੀਨੀਅਰ ਸਿਟੀਜ਼ਨਜ਼ ਨੇ ਕਿਰਾਏ 'ਚ ਛੋਟ ਦੀ ਰੇਲ ਵਿਭਾਗ ਪਾਸੋਂ ਕੀਤੀ ਮੰਗ

**ਗੁਰਦਾਸਪੁਰ (ਜਨਕ ਮਹਾਜਨ)**- ਰੇਲ ਵਿਭਾਗ ਵਲੋਂ ਸੀਨੀਅਰ ਸਿਟੀਜ਼ਨਜ਼ ਨੂੰ ਬੰਦ ਕੀਤੀਆਂ ਹੋਈਆ ਰਿਆਇਤਾਂ ਨੂੰ ਬਹਾਲ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਪਿਛਲੇ ਦੋ ਸਾਲਾਂ ਤੋਂ ਕੇਂਦਰ ਸਰਕਾਰ ਵਲੋਂ ਰੇਲ ਕਿਰਾਏ ਸਬੰਧੀ ਅਤੇ ਹੋਰ ਅਜਿਹੀਆ ਸਹੂਲਤਾਂ ਸੀਨੀਅਰ ਸਿਟੀਜ਼ਨਜ਼ ਨੂੰ ਬੰਦ ਕਰਨ 'ਤੇ ਉਨ੍ਹਾਂ ਦਾ ਕੇਂਦਰ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸੀਨੀਅਰ ਸਿਟੀਜ਼ਨਜ਼ ਮੱਖਣ ਸਿੰਘ, ਰਾਮ ਪ੍ਰਕਾਸ਼, ਜਗਦੀਸ਼ ਰਾਜ ਸ਼ਰਮਾ ਆਦਿ ਨੇ ਦੱਸਿਆ ਕਿ ਰੇਲ ਵਿਭਾਗ ਵਲੋਂ ਪਹਿਲਾਂ ਕਿਰਾਏ ਵਿਚ ਅੱਧੀ ਰਿਆਇਤ ਕੀਤੀ ਜਾਂਦੀ ਸੀ ਜੋ ਹੁਣ ਦੋ ਸਾਲਾਂ ਤੋਂ ਬੰਦ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਸਿਨੀਅਰ ਸਿਟੀਜ਼ਨਜ਼ ਨੂੰ ਹੋਰ ਰਿਆਇਤਾਂ ਦੇਣ ਦੀ ਬਜਾਏ ਮਿਲ ਰਹੀਆਂ ਰਿਆਇਤਾਂ ਨੂੰ ਵੀ ਖ਼ਤਮ ਕਰ ਦਿੱਤਾ ਗਿਆ ਹੈ ਜਿਸ ਨਾਲ ਬਜ਼ੁਰਗਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਿਟੀਅਰ ਸਿਟੀਜ਼ਨਜ ਨੇ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਕਿ ਰੇਲ ਕਿਰਾਏ ਆਦਿ ਦੀਆਂ ਬੰਦ ਕੀਤੀਆਂ ਰਿਆਇਤਾਂ ਮੁੜ ਬਹਾਲ ਕੀਤੀਆਂ ਜਾਣ ਅਤੇ ਗੁਰਦਾਸਪੁਰ ਰੇਲਵੇ ਸਟੇਸ਼ਨ ਤੋਂ ਭਾਰਤ ਦੇ ਦੂਰ ਦੁਰਾਡੇ ਸ਼ਹਿਰਾਂ ਨੂੰ ਰੇਲ ਸੇਵਾ ਸ਼ੁਰੂ ਕਰ ਕੀਤੀ ਜਾਵੇ ਜਿਨ੍ਹਾਂ ਵਿਚ ਚੰਡੀਗੜ੍ਹ, ਹਰਿਦੁਆਰ, ਬੰਬਈ, ਚਨਈ, ਕਲਕੱਤਾ, ਬਗਲੌਰ ਆਦਿ ਸ਼ਹਿਰਾਂ ਨੂੰ ਜਾਣ ਵਾਸਤੇ ਰੇਲਾਂ ਚਲਾਈਆਂ ਜਾਣ।

# ਮਾਝਾ ਕਿਸਾਨ ਸੰਘਰਸ਼ ਕਮੇਟੀ ਵੱਲੋਂ ਡੀ ਸੀ ਨੂੰ ਸੜਕਾਂ ਦੀ ਮੁਰੰਮਤ ਲਈ ਮੰਗ ਪੱਤਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮਾਝਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਸਾਰੀ ਜਥੇਬੰਦੀ ਸਮੂਹ ਅਹੁਦੇਦਾਰ ਤੇ ਕਿਸਾਨ ਆਗੂ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਔਲਖ ਦੀ ਅਗਵਾਈ ਵਿੱਚ ਡੀ ਸੀ ਗੁਰਦਾਸਪੁਰ ਨੂੰ ਮਿਲੇ ਅਤੇ ਉਹਨਾਂ ਨੇ ਡੀ ਸੀ ਗੁਰਦਾਸਪੁਰ ਨੂੰ ਹਲਕੇ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸਾਰੇ ਪ੍ਰਸ਼ਾਸਨ ਵੱਲੋਂ ਪ੍ਰਧਾਨ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਜੋ ਵੀ ਸੜਕਾਂ ਦੀ ਮੁਰੰਮਤ ਦਾ ਕੰਮ ਹੈ ਜੋ ਕਿ ਕਾਫੀ ਸਮੇਂ ਤੋਂ ਲਟਕਿਆ ਹੋਇਆ ਹੈ ਇਹ ਸਾਰਾ ਕੰਮ ਪ੍ਰਸ਼ਾਸਨ ਵੱਲੋਂ ਜਥੇਬੰਦੀ ਦੀ ਹਾਜ਼ਰੀ ਵਿੱਚ 30 ਅਗਸਤ ਤੋਂ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਇਹਨਾਂ ਸੜਕਾਂ ਉੱਪਰ ਵਧੀਆ ਕਿਸਮ ਦਾ ਮਟੀਰੀਅਲ ਪਵਾਇਆ ਜਾਵੇਗਾ। ਮੀਟਿੰਗ ਵਿੱਚ ਜਥੇਬੰਦੀ ਅਤੇ ਪ੍ਰਸ਼ਾਸਨ ਵਿੱਚ ਇਸ ਗੱਲ ਨੂੰ ਲੈ ਕੇ ਸਹਿਮਤੀ ਬਣੀ ਕਿ ਜੋ ਧਰਨਾ ਜਥੇਬੰਦੀ ਵੱਲੋਂ 23 ਅਗਸਤ ਨੂੰ ਡੱਲਾ ਮੋੜ



ਕਾਦੀਆਂ ਵਿਖੇ ਉਲੀਕਿਆ ਗਿਆ ਹੈ ਉਹ ਧਰਨਾ 2 ਸਤੰਬਰ ਤੱਕ ਮੁਲਤਵੀ ਕੀਤਾ ਜਾਂਦਾ ਹੈ। ਇਸ ਮੌਕੇ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਵੱਲੋਂ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸੜਕਾਂ ਦੀ ਮੁਰੰਮਤ ਦੇ ਕੰਮ ਵਿੱਚ ਪ੍ਰਸ਼ਾਸਨ ਵੱਲੋਂ ਕੋਈ ਢਿੱਲੀ ਕਾਰਗੁਜ਼ਾਰੀ ਦਿਖਾਈ ਜਾਂਦੀ ਹੈ ਤਾਂ ਫਿਰ ਤਿੰਨ ਸਤੰਬਰ ਤੋਂ ਜਥੇਬੰਦੀ ਵੱਲੋਂ ਕਿਸਾਨਾਂ ਦੇ ਸਹਿਯੋਗ ਨਾਲ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ ਅਤੇ ਅਣਮਿੱਥੇ ਸਮੇਂ ਲਈ ਡੱਲੇ ਮੋੜ ਉੱਪਰ ਧਰਨਾ ਲਗਾ ਦਿੱਤਾ ਜਾਵੇਗਾ। ਇਸ ਮੌਕੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਔਲਖ, ਸਰਪ੍ਰਸਤ ਕਸ਼ਮੀਰ ਸਿੰਘ ਤੁਗਲਵਾਲ, ਵਾਈਸ ਪ੍ਰਧਾਨ ਪੰਜਾਬ ਰਾਜੂ ਧੱਕੜ, ਜਨਰਲ ਸਕੱਤਰ ਪੰਜਾਬ ਗੁਰਪ੍ਰੀਤ ਸਿੰਘ ਬੋਪਾਰਾਏ, ਜ਼ਿਲ੍ਹਾ ਪ੍ਰਧਾਨ ਸੋਨੂ ਚੱਡਾ, ਜ਼ਿਲ੍ਹਾ ਵਾਈਸ ਪ੍ਰਧਾਨ ਸਤਨਾਮ ਸਿੰਘ, ਦੁਨੀਆਂ ਸੰਧੂ, ਕੈਸ਼ੀਅਰ ਸਰਪੰਚ ਬਲਕਾਰ ਸਿੰਘ ਫੁਲੜਾ, ਮੁੱਖ ਬੁਲਾਰਾ ਪੰਜਾਬ ਸੁਖਦੇਵ ਸਿੰਘ ਸਰਪੰਚ ਛਿਛਰਾ, ਸੀਨੀਅਰ ਆਗੂ ਅਵਤਾਰ ਸਿੰਘ ਸੰਧੂ ਕਾਦੀਆਂ, ਸਕੱਤਰ ਪੰਜਾਬ ਮਨੋਹਰ ਸਿੰਘ ਕਾਹਨੂੰਵਾਨ, ਸਕੱਤਰ ਪੰਜਾਬ ਹਰਿੰਦਰਜੀਤ ਸਿੰਘ ਰਾਮ ਨਗਰ, ਸਰਕਲ ਪ੍ਰਧਾਨ ਸੁਖਜਿੰਦਰ ਸਿੰਘ ਹਰਚੋਵਾਲ, ਸਰਕਲ ਪ੍ਰਧਾਨ ਨੇਪਾਲ ਸਿੰਘ ਮੁੱਲਾਂਵਾਲ, ਸਰਕਲ ਪ੍ਰਧਾਨ ਲਾਡੀ ਬਲ ਭੇਟ ਪੱਤਣ, ਸਰਕਲ ਪ੍ਰਧਾਨ ਮਨਜੀਤ ਸਿੰਘ ਡੱਲਾ, ਮੁੱਖ ਸਲਾਹਕਾਰ ਨਿਸ਼ਾਨ ਸਿੰਘ ਭੈਣੀ ਖਾਦਰ, ਲਵਜੀਤ ਸਿੰਘ ਲਵ ਹਰਚੋਵਾਲ, ਹੈਪੀ ਹਰਚੋਵਾਲ, ਬਲਾਕ ਪ੍ਰਧਾਨ ਰਾਜਪਾਲ ਸਿੰਘ ਔਲਖ, ਯੂਥ ਬਲਾਕ ਪ੍ਰਧਾਨ ਨਰਿੰਦਰ ਸਿੰਘ ਕੋਹਾਲੀ, ਬਲਵਿੰਦਰ ਸਿੰਘ ਡੇਰੀਵਾਲ, ਅਰਸ਼ ਡੇਰੀਵਾਲ, ਮੇਜਰ ਸਿੰਘ ਡੇਰੀਵਾਲ ਅਤੇ ਹਲਕੇ ਵਿੱਚੋਂ ਬਹੁਤ ਵੱਡੀ ਗਿਣਤੀ ਵਿੱਚ ਆਏ ਹਲਕਾ ਨਿਵਾਸੀ ਜਥੇਬੰਦੀ ਦੇ ਸਮੂਹ ਵਰਕਰ ਅਤੇ ਕਿਸਾਨ ਆਗੂ ਸ਼ਾਮਲ ਹੋਏ।

# ਸਕੂਲ 'ਚ ਚੋਰੀ ਕਰਨ ਵਾਲੇ 3 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਦੋਰਾਂਗਲਾ ਪੁਲਸ ਨੇ ਚੋਰੀ ਕਰਨ ਵਾਲੇ 3 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਾਜ ਕੁਮਾਰ ਪੁੱਤਰ ਚੂੰਨੀ ਲਾਲ ਵਾਸੀ ਸੰਗਲਪੁਰਾ ਮੁਹੱਲਾ ਗੁਰਦਾਸਪੁਰ ਨੇ ਦੱਸਿਆ ਕਿ ਮੈਂ ਬਤੌਰ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੋਰਾਂਗਲਾ ਵਿਖੇ ਤਇਨਾਤ ਹਾਂ। ਸਕੂਲ ਵਿਚ ਦਰਸ਼ਨ ਕੁਮਾਰ ਪੁੱਤਰ ਸ਼ਾਂਈ ਦਾਸ ਵਾਸੀ ਦੋਰਾਂਗਲਾ ਚੌਕੀਦਾਰ ਦੇ ਨਾਲ ਕੰਟੀਨ ਦਾ ਕੰਮ ਵੀ ਕਰਦਾ ਹੈ। 17 ਅਗਸਤ ਨੂੰ ਦਰਸ਼ਨ ਕੁਮਾਰ ਸਕੂਲ ਤੋਂ ਛੁੱਟੀ ਹੋਣ ਤੋਂ ਬਾਅਦ ਕੰਟੀਨ ਨੂੰ ਤਾਲਾ ਲਗਾ ਕੇ ਬਾਜ਼ਾਰ ਗਿਆ ਸੀ ਜੋ ਸ਼ਾਮ 6 ਵਜੇ ਸਕੂਲ ਵਾਪਸ ਆਇਆ ਤਾਂ ਦੇਖਿਆ ਕਿ ਕੰਟੀਨ ਦੇ ਕਮਰੇ ਦਾ ਤਾਲਾ ਟੁੱਟਾ ਹੋਇਆ ਸੀ ਅਤੇ ਦੋ ਗੈਸ ਸਿਲੰਡਰ ਉਥੇ ਨਹੀਂ ਸਨ ਜੋ ਕੋਈ ਨਾ-ਮਾਲੂਮ ਵਿਅਕਤੀ ਚੋਰੀ ਕਰਕੇ ਲੈ ਗਿਆ ਸੀ। ਬਾਅਦ ਵਿੱਚ ਪਤਾ ਲੱਗਾ ਹੈ ਕਿ ਇਹ ਚੋਰੀ ਉਕਤ ਦੋਸ਼ੀਆਂ ਨੇ ਕੀਤੀ ਹੈ। ਥਾਣਾ ਦੋਰਾਂਗਲਾ ਪੁਲਸ ਨੇ ਉਕਤ ਤਿੰਨ ਵਿਅਕਤੀਆਂ ਖ਼ਿਲਾਫ਼ ਜ਼ੇਰੇ ਧਾਰਾ 305, 331 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਵਿਸ਼ਵ ਫੋਟੋਗਾਫ੍ਰੀ ਦਿਵਸ ਮਨਾਇਆ



**ਬੁਤਾਲਾ ( ਨਿਰਮਲ ਸਿੰਘ ਸੰਘਾ)**- ਬੈਸਟ ਫੋਟੋਗ੍ਰਾਫ਼ਰ ਵੈਲਫੇਅਰ ਐਸੋਸੀਏਸ਼ਨ ਬਟਾਲਾ ਨੇ ਵਿਸ਼ਵ ਫੋਟੋ ਗ੍ਰਾਫੀ ਦਿਵਸ ਸੁਖਵਿੰਦਰ ਫੋਟੋ ਸਟੂਡੀਓ ਕਾਹਨੂੰਵਾਨ ਰੋਡ ਬਟਾਲਾ ਵਿਖੇ ਮਨਾਇਆ। ਜਿਸ ਦੇ ਮੁੱਖ ਮਹਿਮਾਨ ਹਰਭਜਨ ਸਿੰਘ ਬਾਜਵਾ ਸ਼੍ਰੋਮਣੀ ਫੋਟੋਗ੍ਰਾਫ਼ਰ ਅਤੇ ਜ਼ਿਲ੍ਹਾ ਸੈਕਟਰੀ ਰਮਨ ਨੇ ਕੇਕ ਕੱਟ ਕੇ ਵਿਸ਼ਵ ਫੋਟੋਗ੍ਰਾਫੀ ਦਿਵਸ ਮਨਾਇਆ। ਇਸ ਮੌਕੇ ਹਰਭਜਨ ਸਿੰਘ ਬਾਜਵਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਯੂਨੀਅਨ ਦੇ ਪ੍ਰਧਾਨ ਸੁਖਵਿੰਦਰ ਸਿੰਘ ਧੁੱਪਸੜੀ ਅਤੇ ਅਹੁਦੇਦਾਰਾਂ ਨੇ ਬੜੇ ਹੀ ਵਧੀਆ ਤਰੀਕੇ ਨਾਲ ਇਹ ਦਿਵਸ ਮਨਾਇਆ। ਮੈਂ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਸਮੂਹ ਫੋਟੋਗ੍ਰਾਫ਼ਰ ਯੂਨੀਅਨ ਦੇ ਅਹੁਦੇਦਾਰਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਵਧਾਈਆਂ ਦਿੰਦਾ ਹਾਂ।ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਆਏ ਹੋਏ ਮੁੱਖ ਮਹਿਮਾਨ ਅਤੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ। ਇਸ ਸਮੇਂ ਪ੍ਰਧਾਨ ਸੁਖਵਿੰਦਰ ਸਿੰਘ ਧੁੱਪਸੜੀ ਦੇ ਨਾਲ ਮੀਤ ਪ੍ਰਧਾਨ ਰਜਿੰਦਰ ਚੌਹਾਨ, ਸੈਕਟਰੀ ਅਕਾਸ਼ ਦੀਪ ਢਿੱਲੋਂ, ਜ਼ਿਲ੍ਹਾ ਚੇਅਰਮੈਨ ਮਦਨ ਲਾਲ, ਦਲਜੀਤ ਸਿੰਘ, ਕਮਲ ਨੈਨ, ਐਨਥਨੀ, ਪੀ ਆਰ ਬਿੱਲਾ, ਭੁਪਿੰਦਰ ਸਿੰਘ ਸ਼ੈਲੀ, ਨਰੇਸ਼ ਕੁਮਾਰ, ਡੇਵਿਡ, ਜਗਦੀਸ਼, ਸਿਕੰਦਰ, ਮਨਜੀਤ ਸਿੰਘ, ਗੁਰਦੀਪ ਤਰਸਿੱਕਾ, ਤਰਸੇਮ ਕਲਕੱਤਾ ਅਤੇ ਨਿਰਮਲ ਸਿੰਘ ਸੰਘਾ ਬੁਤਾਲਾ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ

ਸ਼ੁੱਕਰਵਾਰ, 23 ਅਗਸਤ 2024

# ਕਸ਼ਮੀਰ ਦੀ ਸਿਆਸੀ ਫ਼ਿਜ਼ਾ

*ਮੋਦੀ ਸਰਕਾਰ ਨੇ ਆਰ ਐੱਸ ਐੱਸ ਦੀ ਸੋਚ ਨੂੰ ਲਾਗੂ ਕਰਦਿਆਂ ਪਹਿਲਾਂ ਜੰਮੂ-ਕਸ਼ਮੀਰ ਨੂੰ ਖਾਸ ਰਾਜ ਦਾ ਦਰਜਾ ਦਿੰਦੀ ਧਾਰਾ 370 ਖਤਮ ਕਰਕੇ ਰਾਜ ਨੂੰ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ ਜੰਮੂ-ਕਸ਼ਮੀਰ ਅਤੇ ਲੱਦਾਖ ਵਿਚ ਬਦਲਿਆ ਤੇ ਫਿਰ ਉੱਥੇ ਸਿਆਸੀ ਪਕੜ ਮਜ਼ਬੂਤ ਕਰਨ ਲਈ ਕੁਝ ਆਗੂਆਂ ਤੋਂ ਅਖੌਤੀ ਕਸ਼ਮੀਰ-ਪ੍ਰਸਤ ਨਵੀਆਂ ਪਾਰਟੀਆਂ ਬਣਵਾਈਆਂ, ਤਾਂ ਕਿ ਨੈਸ਼ਨਲ ਕਾਨਫਰੰਸ, ਪੀਪਲਜ਼ ਡੈਮੋਕਰੇਟਿਕ ਪਾਰਟੀ (ਪੀ ਡੀ ਪੀ) ਤੇ ਕਾਂਗਰਸ ਵਰਗੀਆਂ ਟਕਸਾਲੀ ਪਾਰਟੀਆਂ ਨੂੰ ਥੱਲੇ ਲਾਇਆ ਜਾ ਸਕੇ। ਇਨ੍ਹਾਂ ਪਾਰਟੀਆਂ ਵਿਚ ਅਲਤਾਫ ਬੁਖਾਰੀ ਦੀ 'ਜੰਮੂ-ਕਸ਼ਮੀਰ ਅਪਨੀ ਪਾਰਟੀ', ਗੁਲਾਮ ਨਬੀ ਆਜ਼ਾਦ ਦੀ 'ਡੈਮੋਕਰੇਟਿਕ ਪ੍ਰੋਗਰੈਸਿਵ ਪਾਰਟੀ' ਅਤੇ ਸੱਜਾਦ ਲੋਨ ਦੀ 'ਪੀਪਲਜ਼ ਕਾਨਫਰੰਸ' ਵਰਨਣਯੋਗ ਹਨ। ਇਨ੍ਹਾਂ ਦੀ ਕੇਂਦਰ ਨਾਲ ਨੇੜਤਾ ਕਾਰਨ ਕਸ਼ਮੀਰ ਦੇ ਲੋਕ ਇਨ੍ਹਾਂ ਨੂੰ ਰਾਜੇ ਦੀਆਂ ਪਾਰਟੀਆਂ (ਕਿੰਗ'ਜ਼ ਪਾਰਟੀਜ਼) ਵੀ ਕਹਿੰਦੇ ਹਨ। ਇਨ੍ਹਾਂ ਨੇ ਲੋਕ ਸਭਾ ਚੋਣਾਂ ਲੜੀਆਂ, ਪਰ ਇਨ੍ਹਾਂ ਦੇ ਪੱਲੇ ਕੁਝ ਨਹੀਂ ਪਿਆ। ਸ਼ਰਮਨਾਕ ਹਾਰ ਦਾ ਮੂੰਹ ਦੇਖਣਾ ਪਿਆ। ਹੁਣ ਜੰਮੂ-ਕਸ਼ਮੀਰ ਦੀਆਂ ਚੋਣਾਂ ਦਾ ਐਲਾਨ ਹੋਣ ਤੋਂ ਬਾਅਦ ਇਨ੍ਹਾਂ ਦੀ ਸਥਿਤੀ ਹੋਰ ਹਾਸੋਹੀਣੀ ਹੋ ਰਹੀ ਹੈ। ਭੁਲੇਖੇ ਵਿਚ ਇਨ੍ਹਾਂ 'ਚ ਸ਼ਾਮਲ ਹੋਏ ਟਕਸਾਲੀ ਪਾਰਟੀਆਂ ਦੇ ਆਗੂ ਇਨ੍ਹਾਂ ਵਿੱਚੋਂ ਨਿਕਲਣੇ ਸ਼ੁਰੂ ਹੋ ਗਏ ਹਨ। ਅਪਨੀ ਪਾਰਟੀ ਦੇ ਜਫਰ ਮਨਹਾਸ, ਉਸਮਾਨ ਮਾਜਿਦ, ਨੂਰ ਮੁਹੰਮਦ ਤੇ ਚੌਧਰੀ ਜ਼ੁਲਫੀਕਾਰ, ਪੀਪਲਜ਼ ਕਾਨਫਰੰਸ ਦੇ ਖੁਰਸ਼ੀਦ ਆਲਮ ਅਤੇ ਆਜ਼ਾਦ ਦੀ ਪਾਰਟੀ ਦੇ ਤਾਜ ਮੋਹੀਉਦੀਨ ਇਨ੍ਹਾਂ ਦਾ ਸਾਥ ਛੱਡ ਗਏ ਹਨ। ਮੋਹੀਉਦੀਨ ਕਾਂਗਰਸ ਵਿਚ ਪਰਤ ਗਏ ਹਨ ਤੇ ਆਲਮ ਪੀ ਡੀ ਪੀ ਵਿਚ। ਜ਼ੁਲਫੀਕਾਰ ਅਲੀ ਨੇ ਭਾਜਪਾ ਦਾ ਦਾਮਨ ਫੜਿਆ ਹੈ। ਜਫਰ ਮਨਹਾਸ ਨੇ ਅਪਨੀ ਪਾਰਟੀ ਦੇ ਉਮੀਦਵਾਰ ਵਜੋਂ ਅਨੰਤਨਾਗ ਦੀ ਲੋਕ ਸਭਾ ਸੀਟ ਦੀ ਚੋਣ ਲੜੀ ਸੀ। ਉਨ੍ਹਾ ਦੇ ਕਾਂਗਰਸ ਵਿਚ ਜਾਣ ਦੀ ਚਰਚਾ ਸੀ। ਸਾਬਕਾ ਮੰਤਰੀ ਅਬਦੁਲ ਹੱਕ ਖਾਨ ਵੀ ਦੋ ਸਾਲ ਬਾਅਦ ਪੀ ਡੀ ਪੀ ਵਿਚ ਪਰਤ ਆਏ ਹਨ। ਦਰਅਸਲ ਰਾਜ ਦਾ ਖਾਸ ਦਰਜਾ ਖਤਮ ਹੋਣ ਤੋਂ ਬਾਅਦ ਪੀ ਡੀ ਪੀ ਨੂੰ ਵੱਡਾ ਨੁਕਸਾਨ ਹੋਇਆ ਸੀ, ਕਿਉਂਕਿ ਉਸ ਦੇ ਕਈ ਸੀਨੀਅਰ ਆਗੂਆਂ ਨੇ ਪਾਰਟੀ ਛੱਡ ਕੇ ਅਪਨੀ ਪਾਰਟੀ ਬਣਾ ਲਈ ਸੀ ਜਾਂ ਹੋਰਨਾਂ ਪਾਰਟੀਆਂ ਵਿਚ ਸ਼ਾਮਲ ਹੋ ਗਏ ਸਨ। ਪਾਰਟੀ ਦੇ ਸੀਨੀਅਰ ਆਗੂ ਤੇ ਕੁਪਵਾੜਾ ਵਿਚ ਚੰਗੀ ਸਾਖ ਰੱਖਦੇ ਸਾਬਕਾ ਰਾਜ ਸਭਾ ਮੈਂਬਰ ਸ਼ੇਖ ਫਯਾਜ਼ ਤਾਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਹੀ ਪੀ ਡੀ ਪੀ ਵਿਚ ਪਰਤ ਆਏ ਸਨ ਤੇ ਪੀ ਡੀ ਪੀ ਨੇ ਉਨ੍ਹਾ ਨੂੰ ਬਾਰਾਮੂਲਾ ਤੋਂ ਲੋਕ ਸਭਾ ਚੋਣ ਵੀ ਲੜਾਈ ਸੀ। ਕੁਝ ਹਫਤੇ ਪਹਿਲਾਂ ਸਾਬਕਾ ਮੰਤਰੀ ਬਸ਼ਾਰਤ ਬੁਖਾਰੀ ਪੀ ਡੀ ਪੀ ਵਿਚ ਪਰਤ ਆਏ ਹਨ।*

*ਹਾਲਾਂਕਿ ਜੰਮੂ ਖੇਤਰ ਦੀਆਂ ਦੋ ਲੋਕ ਸਭਾ ਸੀਟਾਂ ਜੰਮੂ ਤੇ ਊਧਮਪੁਰ ਭਾਜਪਾ ਨੇ ਮੁੜ ਜਿੱਤ ਲਈਆਂ ਸਨ, ਪਰ ਕਸ਼ਮੀਰ ਵਿਚ ਉਸ ਦੀ ਉਮੀਦਵਾਰ ਖੜ੍ਹਾ ਕਰਨ ਦੀ ਹਿੰਮਤ ਨਹੀਂ ਸੀ ਪਈ। ਹੁਣ ਵੀ ਉਸ ਨੂੰ ਕਸ਼ਮੀਰ ਵਿਚ ਖੜ੍ਹੇ ਕਰਨ ਲਈ ਉਮੀਦਵਾਰ ਨਹੀਂ ਲੱਭ ਰਹੇ। ਮੋਦੀ ਸਰਕਾਰ ਦੇ ਫੈਸਲਿਆਂ ਖਿਲਾਫ ਲੋਕਾਂ ਵਿਚ ਗੁੱਸਾ ਹੀ ਏਨਾ ਹੈ। ਕਸ਼ਮੀਰ ਦੀ ਫਿਜ਼ਾ ਇਸ ਤਰ੍ਹਾਂ ਦੀ ਬਣ ਚੁੱਕੀ ਹੈ ਕਿ ਉਸ ਦੀਆਂ ਪਿੱਠੂ ਪਾਰਟੀਆਂ ਦੇ ਹੱਥ-ਪੱਲੇ ਵੀ ਕੁਝ ਪੈਂਦਾ ਨਹੀਂ ਲੱਭਦਾ। 'ਇੰਡੀਆ' ਗੱਠਜੋੜ ਵਿਚ ਸ਼ਾਮਲ ਕਾਂਗਰਸ, ਨੈਸ਼ਨਲ ਕਾਨਫਰੰਸ, ਪੀ ਡੀ ਪੀ ਤੇ ਖੱਬੀਆਂ ਪਾਰਟੀਆਂ ਲਈ ਜੰਮੂ-ਕਸ਼ਮੀਰ ਦੇ ਲੋਕਾਂ ਦਾ ਦਿਲ ਜਿੱਤਣ ਦਾ ਵਧੀਆ ਮੌਕਾ ਹੈ, ਪਰ ਉਨ੍ਹਾਂ ਨੂੰ ਇਕਜੁਟਤਾ ਦਿਖਾਉਣੀ ਪਵੇਗੀ। ਨੈਸ਼ਨਲ ਕਾਨਫਰੰਸ ਨੂੰ ਪੀ ਡੀ ਪੀ ਨਾਲ ਤਾਲਮੇਲ ਨਾ ਕਰਨ ਦੇ ਪੈਂਤੜੇ ਵਿਚ ਨਰਮੀ ਲਿਆਉਣੀ ਪਵੇਗੀ। ਇਹ ਪਾਰਟੀਆਂ ਜੰਮੂ-ਕਸ਼ਮੀਰ ਦਾ ਪੁਰਾਣਾ ਰੁਤਬਾ ਬਹਾਲ ਕਰਨ ਦੀਆਂ ਗੱਲਾਂ ਕਰ ਰਹੀਆਂ ਹਨ ਤੇ ਇਸ ਨੂੰ ਇਕਜੁੱਟ ਹੋ ਕੇ ਹੀ ਹਾਸਲ ਕੀਤਾ ਜਾ ਸਕਦਾ ਹੈ। ਇਕਜੁੱਟਤਾ ਨਾਲ ਹੀ ਉਹ ਆਰ ਐੱਸ ਐੱਸ ਦੀਆਂ ਗੋਂਦਾਂ ਨੂੰ ਨਾਕਾਮ ਕਰ ਸਕਦੀਆਂ ਹਨ।*

# ਆਰ ਐੱਸ ਐੱਸ 'ਚ ਸਰਕਾਰੀ ਕਰਮਚਾਰੀਆਂ ਦੀ ਸ਼ਮੂਲੀਅਤ ਦਾ ਸਵਾਲ

**ਡਾ. ਅਜੀਤਪਾਲ ਸਿੰਘ ਐੱਮ ਡੀ**

ਹਾਲ ਹੀ ਵਿੱਚ ਕੇਂਦਰ ਸਰਕਾਰ ਨੇ ਆਰ ਐੱਸ ਐੱਸ ਦੀਆਂ ਸਰਗਰਮੀਆਂ ਵਿੱਚ ਸਰਕਾਰੀ ਕਰਮਚਾਰੀਆਂ ਦੇ ਭਾਗ ਲੈਣ 'ਤੇ ਲੱਗੀ 58 ਸਾਲ ਪੁਰਾਣੀ ਬੰਦਿਸ਼ ਨੂੰ ਕਮਰਿਕ ਤੇ ਸਿਖਲਾਈ ਵਿਭਾਗ ਨੇ ਇਕ ਆਦੇਸ਼ ਦੀ ਮਾਰਫਤ ਹਟਾ ਦਿੱਤਾ ਹੈ। ਆਦੇਸ਼ ਆਉਣ 'ਤੇ ਕਈ ਦਹਾਕਿਆਂ ਬਾਅਦ ਇਹ ਜਨਤਕ ਵਿਚਾਰ-ਵਟਾਂਦਰੇ ਦਾ ਮੁੱਦਾ ਬਣ ਗਿਆ ਹੈ ਤਾਂ ਅੱਡ-ਅੱਡ ਦਲੀਲਾਂ ਸਾਹਮਣੇ ਆ ਰਹੀਆਂ ਹਨ । ਇਹਨਾਂ ਸਾਰਿਆਂ ਵਿੱਚ ਫੈਸਲੇ ਦਾ ਫੌਰੀ ਪ੍ਰਸੰਗ ਸੰਘ ਤੇ ਭਾਰਤੀ ਜਨਤਾ ਪਾਰਟੀ ਦੇ ਵਿੱਚ ਉਪਜੇ ਤਾਜ਼ਾ ਤਨਾਅ ਤੇ ਬਿਆਨਬਾਜ਼ੀਆਂ ਨੂੰ ਦਿੱਤਾ ਜਾ ਰਿਹਾ ਹੈ ।

ਇੱਥੇ ਜ਼ਿਕਰ ਕਰਨਯੋਗ ਹੈ ਕਿ ਫੈਸਲੇ ਦੀ ਪਿੱਠਭੂਮੀ ਮੱਧ ਪ੍ਰਦੇਸ਼ ਹਾਈਕੋਰਟ ਦੇ ਇੱਕ ਸੇਵਾ ਮੁਕਤ ਸਰਕਾਰੀ ਕਰਮਚਾਰੀ ਦੀ ਪਟੀਸ਼ਨ ਹੈ, ਜਿਸ ਵਿੱਚ ਪਾਬੰਦੀ ਹਟਾਉਣ ਦੀ ਮੰਗ ਕੀਤੀ ਗਈ ਸੀ । ਪਿਛਲੀ ਸੁਣਵਾਈ ਪਿਛਲੇ ਸਾਲ ਸਤੰਬਰ ਵਿੱਚ ਹੋਈ ਸੀ । ਛੇ ਸੁਣਵਾਈਆਂ ਪਿੱਛੋਂ 10 ਜੁਲਾਈ ਨੂੰ ਕੇਂਦਰ ਸਰਕਾਰ ਨੇ ਇੱਕ ਹਲਫਨਾਮਾ ਦਾਇਰ ਕਰਕੇ ਅਦਾਲਤ ਨੂੰ ਦੱਸਿਆ ਸੀ ਕਿ ਉਸ ਨੇ ਪਾਬੰਦੀਸ਼ੁਦਾ ਸੰਗਠਨਾਂ ਵਿੱਚੋਂ ਸੰਘ ਦਾ ਨਾਂਅ ਹਟਾਉਣ ਦਾ ਫੈਸਲਾ ਲੈ ਲਿਆ ਹੈ। 6 ਦਹਾਕੇ ਪੁਰਾਣੀ ਇਸ ਪਾਬੰਦੀ ਨੂੰ ਲੈ ਕੇ ਕਿੰਨੀ ਗਫਲਤ ਸੀ, ਇਸ ਦਾ ਪਤਾ ਉਸ ਸਮੇਂ ਲੱਗਾ, ਜਦੋਂ ਕੋਰਟ ਦੇ ਵਾਰ-ਵਾਰ ਆਦੇਸ਼ ਦੇ ਬਾਵਜੂਦ ਕੇਂਦਰ ਸਰਕਾਰ ਨੇ ਕੋਈ ਜਵਾਬ ਦਾਖਲ ਨਹੀਂ ਕੀਤਾ। ਘੱਟੋ-ਘੱਟ ਪੰਜ ਤਰੀਕਾਂ ਇਹੋ ਜਿਹੀਆਂ ਹਨ, ਜਦ ਅਦਾਲਤ ਨੇ ਕੇਂਦਰ ਸਰਕਾਰ ਦੇ ਕਰਮਚਾਰੀਆਂ ਦੇ ਆਰ ਐੱਸ ਐੱਸ ਨਾਲ ਜੁੜਨ 'ਤੇ ਲੱਗੀ ਪਾਬੰਦੀ ਨਾਲ ਸੰਬੰਧਤ ਸਰਕੂਲਰ ਦਾ ਆਧਾਰ ਜਾਨਣ ਦੀ ਕੋਸ਼ਿਸ਼ ਕੀਤੀ, ਪਰ ਸਰਕਾਰ ਨੇ ਜਵਾਬ ਨਹੀਂ ਦਿੱਤਾ । ਤਦ ਅਦਾਲਤ ਨੇ ਉੱਚ ਅਧਿਕਾਰੀਆਂ ਨੂੰ ਤਲਬ ਕੀਤਾ ।

ਜਦ ਪਹਿਲੀ ਵਾਰ ਸੰਘ ਪ੍ਰਚਾਰਕ ਅਟਲ ਬਿਹਾਰੀ ਵਾਜਪਾਈ ਪ੍ਰਧਾਨ ਮੰਤਰੀ ਬਣੇ, ਉਦੋਂ ਵੀ ਇਹ ਪਾਬੰਦੀ ਜਾਰੀ ਰਹੀ । ਫਿਰ ਦੂਸਰੇ ਪ੍ਰਚਾਰਕ ਨਰਿੰਦਰ ਮੋਦੀ ਦੇ ਤੀਸਰੀ ਵਾਰੀ ਪ੍ਰਧਾਨ ਮੰਤਰੀ ਬਣਨ ਤੱਕ ਇਹ ਸਥਿਤੀ ਬਣੀ ਰਹੀ ਹੈ ਤੇ ਜਨਤਕ ਦਾਇਰੇ ਵਿੱਚ ਇਸ 'ਤੇ ਕੋਈ ਵੱਡੀ ਚਰਚਾ ਨਹੀਂ ਹੋਈ । ਇਸ ਦੇ ਬਾਵਜੂਦ ਕਥਿਤ ਤੌਰ 'ਤੇ 2023 ਦੇ ਅੰਤ ਤੱਕ ਸੰਘ ਦੀਆਂ ਕਰੀਬ ਇਕ ਲੱਖ ਸ਼ਾਖਾਵਾਂ ਦੇਸ਼ ਭਰ ਵਿੱਚ ਚਲਦੀਆਂ ਰਹੀਆਂ ਅਤੇ ਸਰਕਾਰੀ ਕਰਮਚਾਰੀ ਉਹਨਾਂ ਵਿੱਚ ਜਾਂਦੇ ਰਹੇ । ਏਨਾ ਹੀ ਨਹੀਂ, ਮੰਤਰਾਲਿਆਂ ਤੋਂ ਲੈ ਕੇ ਵਿਭਾਗਾਂ ਅਤੇ ਉੱਚ ਸਿੱਖਿਆ ਸੰਸਥਾਵਾਂ ਵਿੱਚ ਨਿਯੁਕਤੀਆਂ ਦੇ ਪਿੱਛੇ ਸੰਘ ਦੀ ਭੂਮਿਕਾ ਦੀ ਚਰਚਾ ਹੁੰਦੀ ਰਹੀ । ਦਿਲਚਸਪ ਗੱਲ ਇਹ ਵੀ ਹੈ ਕਿ ਜਿਸ ਮੱਧ ਪ੍ਰਦੇਸ਼ ਤੋਂ ਇਸ ਪਾਬੰਦੀ ਨੂੰ ਚੁਨੌਤੀ ਦਿੱਤੀ ਗਈ, ਉੱਥੇ ਭਾਜਪਾ ਸਰਕਾਰ ਆਉਣ 'ਤੇ 2003 ਵਿੱਚ ਪਾਬੰਦੀ ਹਟਾ ਲਈ ਗਈ ਸੀ । ਅਜਿਹਾ ਕਰਨ ਵਾਲਾ ਇਹ ਇਕਲੌਤਾ ਰਾਜ ਸੀ । ਇਸ ਪ੍ਰਸੰਗ ਵਿੱਚ ਰਾਜ ਸਰਕਾਰ ਦੇ ਕਰਮਚਾਰੀਆਂ ਲਈ ਦੋ ਸਰਕੂਲਰ 2006 ਵਿੱਚ ਜਾਰੀ ਕੀਤੇ ਗਏ ਸਨ । ਇੱਕ ਵਿੱਚ ਕਰਮਚਾਰੀਆਂ ਨੂੰ ਕਿਸੇ ਵੀ ਰਾਜਨੀਤਕ ਸੰਗਠਨ ਜਾਂ ਉਸ ਦੀਆਂ ਸਰਗਰਮੀਆਂ ਤੋਂ ਅਲੱਗ ਰਹਿਣ ਨੂੰ ਕਿਹਾ ਗਿਆ ਸੀ । ਦੂਜੇ ਵਿੱਚ ਰਾਜਸੀ ਸੰਗਠਨਾਂ ਦੀ ਸੂਚੀ 'ਚੋਂ ਆਰ ਐੱਸ ਐੱਸ ਨੂੰ ਅਲੱਗ ਕਰਨ ਦੀ ਗੱਲ ਕਹੀ ਗਈ ਸੀ । ਹਾਲਾਂਕਿ ਕੇਂਦਰੀ ਲੋਕ ਸੇਵਾ ਆਚਾਰ ਨਿਗਮ 1964 ਦੀ ਧਾਰਾ (ਪੰਜ) ਸਾਫ ਕਹਿੰਦੀ ਹੈ ਕਿ ਕੋਈ ਵੀ ਸਰਕਾਰੀ ਕਰਮਚਾਰੀ ਕਿਸੇ ਵੀ ਰਾਜਨੀਤਕ ਸੰਗਠਨ ਦਾ ਮੈਂਬਰ ਨਹੀਂ ਹੋ ਸਕਦਾ ਜਾਂ ਉਸ ਨਾਲ ਸੰਬੰਧਤ ਨਹੀਂ ਹੋ ਸਕਦਾ, ਜੋ ਰਾਜਨੀਤੀ 'ਚ ਹਿੱਸਾ ਲੈਂਦਾ ਹੋਵੇ । ਸੰਘ ਆਪ ਕਹਿੰਦਾ ਹੈ ਕਿ ਉਹ ਰਾਜਸੀ ਨਹੀਂ ਸੱਭਿਆਚਾਰਕ ਸੰਗਠਨ ਹੈ । ਜਦ ਸਰਕਾਰ ਨੇ ਮੱਧ ਪ੍ਰਦੇਸ਼ ਹਾਈ ਕੋਰਟ ਦੇ ਪੰਜ ਨੋਟਿਸਾਂ ਦਾ ਕੋਈ ਜਵਾਬ ਨਹੀਂ ਦਿੱਤਾ ਤਾਂ ਅਦਾਲਤ ਨੇ 10 ਜੁਲਾਈ ਨੂੰ ਮਤਲਬ ਇਹ ਕੱਢ ਲਿਆ ਕਿ ਸੰਘ ਦੇ ਫਿਰਕੂ ਜਾਂ ਧਰਮ ਨਿਰਪੱਖਤਾ ਵਿਰੋਧੀ ਹੋਣ ਦੇ ਨਾਂਅ 'ਤੇ ਸਰਕਾਰੀ ਕਰਮਚਾਰੀਆਂ ਦੇ ਉਸ ਵਿੱਚ ਜਾਣ 'ਤੇ ਲਾਈ ਗਈ ਪਾਬੰਦੀ ਦਾ ਕੋਈ ਆਧਾਰ ਨਹੀਂ ਸੀ । ਇਸ 'ਤੇ ਸਹਾਰੇ ਕੋਰਟ ਨੇ ਫੈਸਲਾ ਦੇ ਦਿੱਤਾ ਕਿ ਸੰਘ ਰਾਜਨੀਤਕ ਸੰਗਠਨ ਨਹੀਂ ਹੈ । ਸੰਘ ਰਾਜਨੀਤਕ ਸੰਗਠਨ ਹੈ ਜਾਂ ਸੱਭਿਆਚਾਰ ਕਿਸ 'ਤੇ ਬਹਿਸ ਕਰਨ, ਦੇ ਕਈ ਸੰਦਰਭ ਹੋ ਸਕਦੇ ਹਨ, ਪਰ 1966 ਵਿੱਚ ਸਰਕਾਰੀ ਕਰਮਚਾਰੀਆਂ ਦੇ ਇਸ ਵਿੱਚ ਜਾਣ 'ਤੇ ਲਾਈ ਗਈ ਪਾਬੰਦੀ ਦੇ ਪਿੱਛੋਕੜ ਵਜੋਂ ਸਰਦਾਰ ਵੱਲਵ ਭਾਈ ਪਟੇਲ ਦੀ ਇੱਕ ਚਿੱਠੀ ਨੂੰ ਪੜ੍ਹਿਆ ਜਾਣਾ ਚਾਹੀਦਾ ਹੈ, ਜੋ ਉਹਨਾਂ ਨੇ ਸੰਘ ਦੇ ਗੁਰੂ ਗੋਲਵਾਲਕਰ ਨੂੰ 1948 ਵਿੱਚ ਲਿਖੀ ਸੀ, ਉਸ ਵਿੱਚ ਉਹਨਾਂ ਨੇ ਮਹਾਤਮਾ ਗਾਂਧੀ ਦੀ ਹੱਤਿਆ ਤੋਂ ਬਾਅਦ ਸੰਘ 'ਤੇ ਲੱਗੀ ਪਾਬੰਦੀ ਨੂੰ ਜਾਇਜ਼ ਠਹਿਰਾਇਆ ਸੀ। ਪਟੇਲ ਲਿਖਦੇ ਹਨ ਕਿ ਉਹਨਾਂ ਦੇ ਸਾਰੇ ਭਾਸ਼ਣ ਫਿਰਕੂ ਜ਼ਹਿਰ ਨਾਲ ਭਰੇ ਹੋਏ ਸਨ । ਇਸ ਦਾ ਅੰਤਿਮ ਸਿੱਟਾ ਇਹ ਸੀ ਕਿ ਦੇਸ਼ ਨੂੰ ਗਾਂਧੀ ਜੀ ਦੇ ਅਨਮੋਲ ਜੀਵਨ ਦਾ ਬਲੀਦਾਨ ਦੇਖਣਾ ਪਿਆ । ਇਸੇ ਲਈ ਨਾ ਤਾਂ ਲੋਕਾਂ ਦੀ ਤੇ ਨਾ ਹੀ ਸਰਕਾਰ ਦੀ ਲੋਕ ਵਿਖਾਵੇ ਵਜੋਂ ਹਮਦਰਦੀ ਸੰਘ ਦੇ ਲਈ ਰਹਿ ਗਈ ਹੈ ।

ਅਸਲ ਵਿੱਚ ਵਿਰੋਧ ਵੀ ਤੇਜ਼ ਹੋਇਆ । ਇਹ ਵਿਰੋਧ ਏਨਾ ਜ਼ਿਆਦਾ ਤੇਜ਼ ਹੋਇਆ, ਜਦ ਸੰਘ ਦੇ ਲੋਕਾਂ ਨੇ ਗਾਂਧੀ ਜੀ ਦੇ ਦਿਹਾਂਤ ਪਿੱਛੋਂ ਜਸ਼ਨ ਮਨਾਇਆ ਤੇ ਮਿਠਾਈਆਂ ਵੰਡੀਆਂ। ਇਹਨਾਂ ਹਾਲਤਾਂ ਵਿੱਚ ਸਰਕਾਰ ਦੇ ਲਈ ਇਹ ਲਾਜ਼ਮੀ ਹੋ ਗਿਆ ਕਿ ਅਸੀਂ ਸਾਰੇ ਖਿਲਾਫ ਕਾਰਵਾਈ ਕਰੀਏ । ਇਸ ਬਾਰੇ ਉੱਤਰ ਪ੍ਰਦੇਸ਼ ਦੇ ਨੇਤਾ ਸ਼ਾਹਨਵਾਜ਼ ਆਲਮ ਯਾਦ ਦਿਵਾਉਂਦੇ ਹਨ, ਨਿਆਂਪਾਲਿਕਾ ਨੂੰ ਗਾਂਧੀ ਜੀ ਦੀ ਹੱਤਿਆ ਦੀ ਜਾਂਚ ਦੇ ਲਈ ਇੰਦਰਾ ਗਾਂਧੀ ਸਰਕਾਰ ਦੁਆਰਾ ਗਠਿਤ ਜੇ ਐੱਲ ਕਪੂਰ ਕਮਿਸ਼ਨ ਦੀ ਰਿਪੋਰਟ ਪੜ੍ਹਨੀ ਚਾਹੀਦੀ ਹੈ, ਜਿਸ ਵਿੱਚ ਸਮਾਜਵਾਦੀ ਨੇਤਾ ਜੈ ਪ੍ਰਕਾਸ਼ ਨਰਾਇਣ, ਰਾਮ ਮਨੋਹਰ ਲੋਹੀਆ ਤੇ ਕਮਲਾ ਦੇਵੀ ਚਟੋਪਾਧਿਆਏ ਦੀ ਪ੍ਰੈੱਸ ਕਾਨਫਰੰਸ ਵਿੱਚ ਦਿੱਤੇ ਗਏ ਉਸ ਬਿਆਨ ਦਾ ਜ਼ਿਕਰ ਹੈ, ਜਿਸ ਵਿੱਚ ਉਹਨਾਂ ਕਿਹਾ ਸੀ ਕਿ ਗਾਂਧੀ ਜੀ ਦੇ ਹੱਤਿਆ ਲਈ ਕੋਈ ਇੱਕ ਵਿਅਕਤੀ ਜ਼ਿੰਮੇਵਾਰ ਨਹੀਂ ਹੈ, ਬਲਕਿ ਇਸ ਦੇ ਪਿੱਛੇ ਇੱਕ ਵੱਡੀ ਸਾਜ਼ਿਸ਼ ਅਤੇ ਸੰਗਠਨ ਹੈ । ਇਸ ਸੰਗਠਨ ਵਿੱਚ ਉਹਨਾਂ ਆਰ ਐੱਸ ਐੱਸ ਤੇ ਹਿੰਦੂ ਮਹਾਂ ਸਭਾ ਦਾ ਨਾਂਅ ਲਿਆ ਸੀ । ਅਜੇ ਤੱਕ ਤਾਂ ਭਾਜਪਾ ਵੱਲੋਂ 1966 ਦੀ ਪਾਬੰਦੀ ਨੂੰ ਅਸੰਵਿਧਾਨਕ ਦੱਸਿਆ ਜਾ ਰਿਹਾ ਹੈ । ਸੰਘ ਨਾਲ ਜੁੜੇ ਰਕੇਸ਼ ਸਿਨਹਾ ਇੱਕ ਅੰਗਰੇਜ਼ੀ ਦੈਨਿਕ ਵਿੱਚ ਲਿਖੇ ਲੇਖ 'ਚ ਕਹਿੰਦੇ ਹਨ ਕਿ ਸੰਸਕ੍ਰਿਤਕ ਕੀ ਹੁੰਦਾ ਹੈ, ਇਸ ਦੇ ਲਈ ਉਨ੍ਹਾਂ 1968 ਵਿੱਚ ਰਾਜ ਵਿੱਚ ਕੱਛ ਐਵਾਰਡ 'ਤੇ ਹੋਈ ਬਹਿਸ ਦੇ ਪ੍ਰਸੰਗ ਵਿੱਚ ਸੰਘ ਦੇ ਸੰਕਲਪ ਦਾ ਹਵਾਲਾ ਦਿੱਤਾ ਹੈ ਅਤੇ ਸੰਘ ਦੇ ਨੇਤਾ ਦੱਤੋਪੰਤ ਠੇਗੜੀ ਨੂੰ ਉਦਤ ਕੀਤਾ ਹੈ। ਠੇਗੜੀ ਦੇ ਕਥਨ ਦੇ ਅਧਾਰ 'ਤੇ ਉਹ ਕਹਿੰਦੇ ਹਨ ਕਿ ਰਾਸ਼ਟਰੀ ਸੁਰੱਖਿਆ ਤੇ ਅਖੰਡਤਾ ਦੇ ਸਵਾਲ ਰਾਜਨੀਤਕ ਨਹੀਂ, ਸੰਸਕ੍ਰਿਤਕ ਵੀ ਹਨ । ਜੇ ਸੰਘ ਦਖਲਅੰਦਾਜ਼ੀ ਕਰਦਾ ਹੈ ਤਾਂ ਮੈਂ ਸਿਰਫ ਇਸ ਲਈ ਇਹ ਰਾਜਨੀਤਕ ਸੰਗਠਨ ਨਹੀਂ ਹੋ ਸਕਦਾ । ਸਿਨਹਾ ਤਤਕਲੀਨ ਗ੍ਰਹਿ ਮੰਤਰੀ ਵਾਈ ਬੀ ਚਵਾਨ ਦਾ ਬਿਆਨ ਵੀ ਉਦਤ ਕਰਦੇ ਹਨ ਕਿ ਇਹ ਇੱਕ ਦਾਰਸ਼ਨਿਕ ਸਵਾਲ ਹੈ ।

ਆਪਣੇ-ਆਪਣੇ ਰਾਗ ਅਲਾਪੇ ਜਾ ਰਹੇ ਹਨ । ਤਾਜ਼ਾ ਫੈਸਲੇ ਦਾ ਫੌਰੀ ਕਾਰਨ ਸ਼ੁੱਧ ਵਿਹਾਰਕ ਦੱਸਿਆ ਜਾ ਰਿਹਾ ਹੈ । ਆਮ ਚੋਣਾਂ ਤੋਂ ਪਹਿਲਾਂ ਸਰਸੰਘਚਾਲਕ ਦਾ ਬਿਆਨ ਕਿ ਸੰਘ ਆਪਣਾ ਸ਼ਤਾਬਦੀ ਸਾਲ ਜਨਤਕ ਧੂਮਧਾਮ ਨਾਲ ਨਹੀਂ ਮਨਾਏਗਾ । ਉਸ ਪਿੱਛੋਂ ਉਹ ਭਾਜਪਾ ਮੁਖੀ ਜੇ ਪੀ ਨੱਢਾ ਦਾ ਬਿਆਨ ਕਿ ਭਾਜਪਾ ਨੂੰ ਹੁਣ ਸੰਘ ਦੀ ਜ਼ਰੂਰਤ ਨਹੀਂ ਰਹਿ ਗਈ। ਚੋਣਾਂ ਦੇ ਨਤੀਜੇ ਤੋਂ ਪਿੱਛੋਂ ਫਿਰ ਭਾਗਵਤ ਦਾ ਸੁਪਰਮੈਨ ਵਾਲਾ ਬਿਆਨ ਅਤੇ ਇੰਦਰੇਸ਼ ਕੁਮਾਰ ਦਾ ਸਿੱਧਾ ਬਿਆਨ ਇਹ ਸਭ ਮਿਲ ਕੇ ਭਾਜਪਾ ਅਤੇ ਸੰਘ ਦੇ ਵਿੱਚ ਵਧਦੇ ਤਣਾਅ ਨੂੰ ਦਰਸਾਉਂਦੇ ਰਹੇ ਹਨ। ਚੋਣਾਂ ਤੋਂ ਪਿੱਛੋਂ ਫਿਰ ਭਾਗਵਤ ਦਾ ਦੋ ਵਾਰ ਗੋਰਖਪੁਰ ਜਾਣਾ ਅਤੇ ਉਸ ਵਿੱਚੋਂ ਯੋਗੀ ਅਦਿੱਤਿਆ ਨਾਥ ਦੇ ਖਿਲਾਫ ਕੇਸ਼ਵ ਮੋਰੀਆ ਦੇ ਸਹਾਰੇ ਕੇਂਦਰ ਦੀ ਲਾਮਬੰਦੀ ਦੀ ਖਬਰ ਹੁਣ ਸਾਹਮਣੇ ਹੈ। ਇਸੇ ਰੋਸ਼ਨੀ ਵਿੱਚ ਜਾਣ ਕੇ ਸਰਕਾਰ ਦੇ ਤਾਜ਼ਾ ਫੈਸਲੇ ਨੂੰ ਦੇਖ ਰਹੇ ਹਨ । ਇਸ ਦੌਰਾਨ ਯੂ ਪੀ ਕਾਂਗਰਸ ਦੇ ਘੱਟ ਗਿਣਤੀ ਸੈੱਲ ਦੇ ਪ੍ਰੈੱਸ ਨੋਟ ਨੇ ਇਸ ਫੈਸਲੇ ਨੂੰ ਸੰਵਿਧਾਨਕ ਅਧਿਕਾਰਾਂ 'ਤੇ ਹਮਲਾ ਦੱਸਿਆ ਤੇ ਕਿਹਾ ਹੈ ਕਿ ਸਰਕਾਰੀ ਕਰਮਚਾਰੀਆਂ ਨੂੰ ਸੰਘ ਵਿੱਚ ਜਾਣ ਲਈ ਛੋਟ ਦੇ ਕੇ ਸਰਕਾਰ ਦਲਿਤਾਂ, ਘੱਟ ਗਿਣਤੀਆਂ, ਆਦਿਵਾਸੀਆਂ, ਪੱਛੜੀਆਂ ਤੇ ਔਰਤਾਂ ਦੇ ਖਿਲਾਫ ਭੇਦਭਾਵ ਨੂੰ ਸੰਸਥਾਗਤ ਰੂਪ ਦੇਣਾ ਚਾਹੁੰਦੀ ਹੈ। ਹੁਣ ਦੇਖੀਏ ਅਤੀਤ ਦੀ ਸੱਚਾਈ ਕੀ ਹੈ ? ਸਰਕਾਰੀ ਕਰਮਚਾਰੀਆਂ ਲਈ ਪਾਬੰਦੀਸ਼ੁਦਾ ਸੰਗਠਨਾਂ ਦੀ ਸੂਚੀ ਵਿੱਚੋਂ ਸੰਘ ਨੂੰ ਬਾਹਰ ਕੱਢਣ ਦਾ ਅਤੇ ਉਸ ਵਿੱਚ ਜਮਾਤ-ਏ-ਇਸਲਾਮੀ ਨੂੰ ਬਣਾਈ ਰੱਖਣ ਦਾ ਇੱਕ ਹੋਰ ਅਸਰ ਹੈ । ਪਿਛਲੇ ਦਿਨੀਂ ਜਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਾਂਗਰਸ ਦੇ ਘੋਸ਼ਣਾ ਪੱਤਰ 'ਤੇ ਮੁਸਲਿਮ ਦੀ ਛਾਪ ਵਾਲਾ ਬਿਆਨ ਦਿੱਤਾ ਸੀ, ਤਦ ਹਿੰਦੂ ਮਹਾਂਸਭਾ, ਮੁਸਲਿਮ ਲੀਗ ਅਤੇ ਦੇਸ਼ ਦੀ ਵੰਡ ਦੇ ਰਿਸ਼ਤੇ ਦੀ ਯਾਦ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਦਿਵਾਈ ਸੀ । ਸੰਦਰਭ ਇਹ ਹੈ ਕਿ 1943 ਵਿੱਚ ਸਿੰਧ ਦੀ ਸੂਬਾਈ ਸਰਕਾਰ ਵਿੱਚ ਮੁਸਲਿਮ ਲੀਗ ਅਤੇ ਹਿੰਦੂ ਮਹਾਂਸਭਾ ਦੋਨੋਂ ਸ਼ਾਮਿਲ ਸਨ । ਭਾਰਤ ਦੀ ਵੰਡ ਕਰਕੇ ਪਾਕਿਸਤਾਨ ਬਣਾਉਣ ਦਾ ਪਹਿਲਾ ਪ੍ਰਸਤਾਵ ਮਾਰਚ 1943 ਵਿੱਚ ਸਿੰਧ ਦੀ ਅਸੈਂਬਲੀ ਵਿੱਚ ਪਾਸ ਹੋਇਆ ਸੀ । ਇਸ ਲਈ ਤਾਜ਼ਾ ਆਦੇਸ਼ ਇਸ ਅਤੀਤ ਨੂੰ ਗੈਰਭਰੋਸੇਮੰਦ ਬਣਾਉਣ ਦਾ ਵੀ ਹੈ, ਜਿਸ ਵਿੱਚ ਹਿੰਦੂ ਮਹਾਂਸਭਾ ਤੇ ਮੁਸਲਿਮ ਲੀਗ ਵੰਡ ਦੇ ਸਹਿਭਾਗੀ ਸਨ । ਇਸ ਆਦੇਸ਼ ਦੀ ਟਾਈਮਿੰਗ ਆਮ ਚੋਣ ਨਤੀਜਿਆਂ ਦੀ ਤਤਕਾਲੀਨ ਪਿੱਠ ਭੂਮੀ ਵਿੱਚ ਭਾਜਪਾ ਨੂੰ ਸੰਘ ਦੀ ਵਧੀ ਜ਼ਰੂਰਤ ਦਾ ਵੀ ਪਤਾ ਦੱਸਦੀ ਹੈ । ਸੰਘ ਦੇ ਕੁਝ ਪ੍ਰਚਾਰਕਾਂ ਨੂੰ ਗਵਰਨਰ ਬਣਾਇਆ ਜਾਣਾ ਤੇ 29 ਜੁਲਾਈ ਨੂੰ ਹੋਈ ਦੋਨਾਂ ਦੀ ਮੀਟਿੰਗ ਨੂੰ ਵੀ ਇਸੇ ਰੋਸ਼ਨੀ 'ਚ ਦੇਖਿਆ ਜਾ ਸਕਦਾ ਹੈ ।

*# ਸੰਪਰਕ : 98156-29301*

# ਮੁਢਲੀ ਸਿੱਖਿਆ ਪੰਜਾਬ ਦੇ ਵਿਦਿਆਰਥੀਆਂ ਤੋਂ ਕਿੰਨੀ ਦੂਰ

**ਰਮਨ ਧਰਮੂਵਾਲਾ**

ਪੰਜਾਬ ਦੀ ਵਿੱਦਿਆ ਦੇ ਹਾਲਾਤ ਬਹੁਤ ਮਾੜੇ ਹਨ। ਅੰਕੜਿਆਂ ਦੇ ਵਿੱਚ ਭਾਵੇਂ ਇਹਨੂੰ ਕਿਸੇ ਵੀ ਸ਼ਕਲ ਰਾਹੀਂ ਪੇਸ਼ ਕਰ ਲਿਆ ਜਾਵੇ, ਪਰ ਹਕੀਕੀ ਪੱਧਰ 'ਤੇ ਅਸੀਂ ਸਾਰੇ ਜਾਣਦੇ ਹਾਂ ਕਿ ਵਿੱਦਿਆ ਤੱਕ ਪਹੁੰਚ, ਫੀਸਾਂ-ਫੰਡਾ ਦੀ ਮਾਰੋ-ਮਾਰ, ਕੁੱਲ ਵਿੱਦਿਆ ਪ੍ਰਬੰਧ ਵਿੱਚ ਅਧਿਆਪਕਾਂ ਦੀ ਘਾਟ, ਆਵਾਜਾਈ ਦੀਆਂ ਸਮੱਸਿਆਵਾਂ, ਬੁਨਿਆਦੀ ਢਾਂਚੇ ਦੀ ਲੱਗਭੱਗ ਅਣਹੋਂਦ ਵਿੱਦਿਆ ਦੇ ਬਜਟ ਨੂੰ ਲਗਭਗ ਖਤਮ ਕਰਨਾ ਆਦਿ ਪੰਜਾਬ ਦੇ ਵਿੱਦਿਆ ਪ੍ਰਬੰਧ ਦਾ ਜੋੜਫਲ ਪੇਸ਼ ਕਰਦੇ ਸਾਡੇ ਸਾਹਮਣੇ ਹਨ। ਇਸ ਤੋਂ ਅੱਗੇ ਕੌਮੀ ਸਿੱਖਿਆ ਨੀਤੀ -2020 ਨੇ ਵਿੱਦਿਆ ਦੇ ਖੇਤਰ ਵਿੱਚ ਅਜਿਹੀ ਤਬਾਹੀ ਮਚਾਉਣੀ ਹੈ ਕਿ ਪ੍ਰਾਂਤਿਕ-ਪੱਧਰ 'ਤੇ ਸਿੱਖਿਆ ਬੋਰਡਾਂ ਨੂੰ ਬੇਮਾਇਨੇ ਕਰ ਦੇਣਾ ਹੈ।

ਪੰਜਾਬ ਵਿੱਚ ਸਕੂਲੀ ਸਿੱਖਿਆ ਦਾ ਹਾਲ ਵੀ ਪ੍ਰਤੱਖ ਹੈ। ਇੱਕ ਪਾਸੇ ਪੰਜਾਬ ਦੇ ਸਰਕਾਰੀ ਸਕੂਲ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਹਨ, ਇਮਾਰਤਾਂ ਖੰਡਰ ਬਣਨ ਵੱਲ ਹਨ, ਹਜ਼ਾਰਾਂ ਅਧਿਆਪਕ ਕੱਚੇ ਅਤੇ ਨਿਗੂਣੀ ਤਨਖਾਹ 'ਤੇ ਕੰਮ ਕਰਦੇ ਹਨ ।ਅਕਾਲੀ ਸਰਕਾਰ ਵੇਲੇ ਪਹਿਲਾਂ ਵਿਦਿਆਰਥੀਆਂ ਨੂੰ ਆਮ ਵਿਦਿਆਰਥੀ ਅਤੇ ਮੈਰੀਟੋਰੀਅਸ ਵਿਦਿਆਰਥੀਆਂ ਵਿੱਚ ਵੰਡਿਆ ਗਿਆ ਅਤੇ ਸਭ ਨੂੰ ਇਕਸਾਰ ਸਹੂਲਤਾਂ ਦੇਣ ਦੀ ਬਜਾਇ ਕੁਝ ਚੁਣਵੇਂ ਵਿਦਿਆਰਥੀਆਂ ਨੂੰ ਅਲੱਗ ਕਰਕੇ ਬੋਰਡਿੰਗ ਸਕੂਲ ਦੀ ਸਹੂਲਤ ਦਿੱਤੀ ਗਈ, ਭਾਵੇਂ ਇਹਦੇ ਲਈ ਮੈਰਿਟ ਨੂੰ ਆਧਾਰ ਬਣਾਇਆ ਗਿਆ, ਪਰ ਵਿਤਕਤਾ ਤਾਂ ਵਿਤਕਰਾ, ਕਿਸੇ ਵੀ ਆਧਾਰ 'ਤੇ ਕੀਤਾ ਜਾਵੇ, ਸਰਕਾਰੀ ਸਕੂਲਾਂ ਦੇ ਸਭ ਬੱਚਿਆਂ ਨੂੰ ਇਹ ਸਹੂਲਤਾਂ ਕਿਉਂ ਨਹੀਂ ਦਿੱਤੀਆਂ ਜਾਂਦੀਆਂ, ਸਵਾਲ ਇਹ ਹੈ।

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵੈੱਬ-ਪੋਰਟਲ ਅਨੁਸਾਰ ਪੰਜਾਬ ਵਿੱਚ ਸਰਕਾਰੀ ਸਕੂਲਾਂ ਦੀ ਗਿਣਤੀ 12880 ਪੰਜਵੀਂ ਤੱਕ, 2670 ਅੱਠਵੀਂ ਤੱਕ, 1740 ਦਸਵੀਂ ਤੱਕ ਅਤੇ 1972 ਬਾਰ੍ਹਵੀਂ ਜਮਾਤ ਤੱਕ ਹਨ, ਜਿਨ੍ਹਾਂ ਵਿੱਚ ਲਗਭਗ 29 ਲੱਖ ਵਿਦਿਆਰਥੀ ਪੜ੍ਹਦੇ ਹਨ । ਸਕੂਲਾਂ ਦੀ ਕੁਲ ਗਿਣਤੀ 19262 ਹੈ। ਇਹ ਅੰਕੜੇ ਅਨੁਸਾਰ ਪੰਜਵੀ ਤੱਕ ਦੇ ਸਕੂਲਾਂ ਦੀ ਗਿਣਤੀ ਬਾਰ੍ਹਵੀਂ ਤੱਕ ਦੇ ਸਕੂਲਾਂ ਤੋਂ ਲੱਗਭਗ 7 ਗੁਣਾਂ ਵੱਧ ਹੈ, ਜਿਹਦਾ ਅਰਥ ਹੈ ਕਿ ਹਰੇਕ 7 ਪੰਜਵੀਂ ਤੱਕ ਦੇ ਸਕੂਲਾਂ ਪਿੱਛੇ 1 ਬਾਰ੍ਹਵੀਂ ਤੱਕ ਦਾ ਸਕੂਲ ਹੈ । ਇਸ ਅੰਕੜੇ ਨੂੰ ਕੋਈ ਵੀ ਅੱਖੋਂ-ਪਰੋਖੇ ਕਰ ਸਕਦਾ ਹੈ ਕਿ ਬਾਰ੍ਹਵੀਂ ਤੱਕ ਦੇ ਵਿਦਿਆਰਥੀ ਵੱਡੇ ਹੁੰਦੇ ਹਨ, ਘਰੋਂ ਦੂਰ ਤੱਕ ਜਾ ਸਕਦੇ ਹਨ ਅਤੇ ਇਹ ਜ਼ਰੂਰੀ ਨਹੀਂ ਕਿ ਹਰੇਕ ਪਿੰਡ ਵਿੱਚ ਇੱਕ ਵੱਡਾ ਸਕੂਲ ਬਣੇ ਅਤੇ ਇਹ ਵੀ ਕਿਹਾ ਜਾਂ ਸਕਦਾ ਹੈ ਕਿ ਬਾਰ੍ਹਵੀਂ ਤੱਕ ਜਾਂਦਿਆਂ ਵਿਦਿਆਰਥੀਆਂ ਦੀ ਗਿਣਤੀ ਘਟਦੀ ਹੀ ਹੈ, ਇਸ ਲਈ ਇਹਨਾਂ ਸਕੂਲਾਂ ਦੀ ਗਿਣਤੀ ਵੀ ਘੱਟ ਹੈ, ਪਰ ਇਹ ਤਰਕ ਦਰਅਸਲ ਕੁਤਰਕ ਹੀ ਸਾਬਤ ਹੋਣਗੇ। ਪਹਿਲਾ ਇਹ ਕਿ ਸਕੂਲ ਜਿੰਨਾ ਵਧੇਰੇ ਦੂਰ ਜਾਵੇਗਾ, ਲੜਕੀਆਂ ਦੀ ਉਹਦੇ ਤੱਕ ਪਹੁੰਚ ਵਿੱਚ ਓਨੀ ਹੀ ਗਿਰਾਵਟ ਆਵੇਗੀ, ਇਹ ਸਾਡੀ ਸਮਾਜਕ ਹਕੀਕਤ ਹੈ । ਇਸ ਤਰ੍ਹਾਂ ਗਰੀਬ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਤੋਂ ਬਾਹਰ ਕਰਨ ਦਾ ਰਾਹ ਤਿਆਰ ਕੀਤਾ ਜਾਂਦਾ ਹੈ, ਕਿਉਂਕਿ ਉਪਰੋਕਤ ਪੋਰਟਲ ਉੱਪਰ ਹੀ ਲਿਖਿਆ ਹੋਇਆ ਹੈ ਕਿ ਇਹ (ਤਕਰੀਬਨ) 25 ਲੱਖ ਵਿਦਿਆਰਥੀ ਸਮਾਜ ਦੇ ਗਰੀਬ ਤਬਕੇ ਨਾਲ ਸੰਬੰਧ ਰੱਖਦੇ ਹਨ। ਪੰਜਾਬ ਸਰਕਾਰ ਖੁਦ ਮੰਨਦੀ ਹੈ ਸਰਕਾਰੀ ਸਕੂਲਾਂ ਵਿੱਚ ਹੁਣ ਸਿਰਫ ਗਰੀਬ ਪਿਛੋਕੜ ਦੇ ਵਿਦਿਆਰਥੀ ਹੀ ਪੜ੍ਹਦੇ ਹਨ । ਅਸੀਂ ਕਹਿੰਦੇ ਹਾਂ ਕਿ ਇਹ ਸਕੂਲ ਸਮਾਜਕ ਪੱਧਰ 'ਤੇ ਹਾਸ਼ੀਆਕ੍ਰਿਤ ਕਰ ਦਿੱਤੇ ਗਏ ਲੋਕਾਂ ਦੀ ਅੰਤਮ ਉਮੀਦ ਹਨ।

'ਹਿੰਦੋਸਤਾਨ ਟਾਇਮਜ਼' ਦੀ 08 ਅਪ੍ਰੈਲ 2023 ਦੀ ਇੱਕ ਖਬਰ ਅਨੁਸਾਰ ਮੌਜੂਦਾ ਸਮੇਂ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ 2022-2023 ਦੇ 27.95 ਲੱਖ ਦੇ ਮੁਕਾਬਲੇ 29.22 ਲੱਖ ਹੋ ਗਈ ਹੈ, ਭਾਵ ਇਹਦੇ ਵਿੱਚ 1.27 ਲੱਖ ਦਾ ਵਾਧਾ ਹੋਇਆ ਹੈ, ਜਦਕਿ ਯੋਗਦਾਨ ਪੋਰਟਲ ਤੋਂ ਇਹ ਗਿਣਤੀ 4.22 ਲੱਖ ਵੱਧ ਹੈ। ਭਾਵ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮਾਪਦੰਡਾਂ ਅਨੁਸਾਰ ਉਹਨਾਂ ਵੱਲੋਂ ਦਰਜ ਡਾਟਾ ਦੇ ਸਮੇਂ ਤੋਂ ਇਸ ਚਾਲੂ ਅਕਾਦਮਿਕ ਸਾਲ ਤੱਕ 4.22 ਲੱਖ ਵਿਦਿਆਰਥੀਆਂ ਦੇ ਮਾਪੇ ਹੋਰ ਗਰੀਬ ਹੋ ਗਏ ਹਨ, ਜਿਸ ਕਰਕੇ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵੱਲ ਭੇਜਣਾ ਸ਼ੁਰੂ ਕਰ ਰਹੇ ਹਨ।

ਪੰਜਾਬ ਵਿੱਚ ਅਧਿਆਪਕਾਂ ਦੀਆਂ ਲਗਭਗ 40,000 ਅਸਾਮੀਆਂ ਖਾਲੀ ਪਈਆਂ ਹਨ, ਨਾਲ ਹੀ ਪੰਜਾਬ ਵਿੱਚ 400 ਸਰਕਾਰੀ ਸਕੂਲ ਅਜਿਹੇ ਹਨ ਜਿੱਥੇ ਕੋਈ ਵੀ ਪੱਕਾ ਅਧਿਆਪਕ ਨਹੀਂ ਹੈ ਅਤੇ 1500 ਤੋਂ 1600 ਸਕੂਲ ਹਨ, ਜਿੱਥੇ ਸਿਰਫ 1 ਅਧਿਆਪਕ ਹੈ। ਇੱਕਲੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ 23% ਸਕੂਲ ਹਨ, ਜਿੱਥੇ ਸਿਰਫ ਇੱਕੋ ਅਧਿਆਪਕ ਹੈ । ਕਈ ਥਾਵਾਂ 'ਤੇ ਇੱਕ-ਦੋ ਅਧਿਆਪਕ ਹਨ ਤਾਂ ਉੱਥੇ ਸਹਾਇਕ ਅਮਲਾ ਕੋਈ ਨਹੀਂ, ਉਹ ਖੁਦ ਹੀ ਕਲਰਕ, ਖੁਦ ਹੀ ਕੁੱਕ, ਖੁਦ ਹੀ ਚਪੜਾਸੀ ਅਤੇ ਖੁਦ ਹੀ ਘੰਟੀ ਵਜਾਉਣ ਵਾਲਾ ਹੈ ਅਤੇ ਜੇ ਇਹਨਾਂ ਕੰਮਾਂ ਵਿੱਚੋਂ ਸਮਾਂ ਮਿਲ ਜਾਵੇ ਤਾਂ ਖੁਦ ਹੀ ਬਚਦਾ-ਖੁਚਦਾ ਅਧਿਆਪਕ ਵੀ ਹੈ। ਸੋ ਸਭ ਤੋਂ ਪਹਿਲੀ ਸ਼ਰਤ ਸਕੂਲਾਂ ਵਿੱਚ ਅਧਿਆਪਕ ਮੁਹੱਈਆ ਕਰਾਉਣੇ ਹੁੰਦੀ ਹੈ, ਜਿਸ ਵਿੱਚ ਸਰਕਾਰੀ ਵਿੱਦਿਆ ਪ੍ਰਬੰਧ ਨੂੰ ਬੁਰੀ ਤਰ੍ਹਾਂ ਮਾਰਿਆ ਗਿਆ ਹੈ, ਜਿਸ ਕਾਰਨ ਮਾਪੇ ਆਪਣੇ ਜੇਬ 'ਤੇ ਵੱਜਦੇ ਮੋਟੇ ਡਾਕੇ ਦੇ ਬਾਵਜੂਦ ਪ੍ਰਾਈਵੇਟ ਸਕੂਲਾਂ 'ਤੇ ਟੇਕ ਲਾਉਂਦੇ ਹਨ।

ਅਸੀਂ ਚਾਹੁੰਦੇ ਹਾਂ ਕਿ ਸਾਰੇ ਸਰਕਾਰੀ ਸਕੂਲ ਹੀ ਉੱਤਮ ਕਿਸਮ ਦੇ ਹੋਣ ਅਤੇ ਉਹਨਾਂ ਵਿੱਚ ਹਰ ਇੱਕ ਉੱਤਮ ਸਹੂਲਤ ਉਹਨਾਂ ਵਿੱਚ ਮੌਜੂਦ ਹੋਵੇ, ਚੋਣਵੇਂ ਵਿਦਿਆਰਥੀਆਂ ਲਈ ਗਿਣਤੀ ਦੇ ਮੈਰੀਟੋਰੀਅਸ, ਮਾਡਲ, ਸਕੂਲ ਆਫ ਐਮੀਨੈਂਸ ਜਾਂ ਕਿਸੇ ਵੀ ਹੋਰ ਸਕੀਮ ਤਹਿਤ ਬਣਾਏ ਸਕੂਲ ਵਿਤਕਰੇ ਦਾ ਪ੍ਰਬੰਧ ਹਨ, ਜਦਕਿ ਹਰ ਇੱਕ ਲਈ ਇੱਕ ਸਮਾਨ ਸਰਵ-ਉੱਤਮ ਦਰਜੇ ਦੇ ਸਕੂਲ ਸਿੱਖਿਆ ਦੇ ਅਧਿਕਾਰ ਦਾ ਅਸਲ ਅਮਲੀ ਰੂਪ ਹੋਣਗੇ। ਸਰਕਾਰ ਦੇ ਇਹਨਾਂ ਪ੍ਰੋਜੈਕਟਾਂ ਦੀ ਸਹੂਲਤ ਸਿਰਫ 3 ਲੱਖ 30 ਹਜ਼ਾਰ ਵਿਦਿਆਰਥੀਆਂ ਨੂੰ ਮਿਲੇਗੀ, ਜਦਕਿ ਕਿ ਪੰਜਾਬ ਵਿੱਚ ਕੁੱਲ ਵਿਦਿਆਰਥੀ 30 ਲੱਖ ਦੇ ਕਰੀਬ ਹਨ । ਕੀ ਇਹ ਬਾਕੀ ਵਿਦਿਆਰਥੀਆਂ ਤੋਂ ਮੌਕੇ ਖੋਹ ਲੈਣਾ ਨਹੀਂ ?

**# ਪ੍ਰਧਾਨ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ, ਸੰਪਰਕ: 84379-87979**

# ਸਿਲੈਕਟ ਹੋਏ ਅਸਿਸਟੈਂਟ ਪ੍ਰੋਫ਼ੈਸਰਾਂ ਦਾ ਉਲਝਿਆ ਮਸਲਾ ਸਰਕਾਰ ਹੱਲ ਕਰੇ

**ਮੇਜਰ ਸਿੰਘ ਨਾਭਾ**

ਉਚੇਰੀ ਸਿੱਖਿਆ ਦੇ ਗਿਰ ਚੁੱਕੇ ਮਿਆਰ ਨੇ ਸਰਕਾਰ ਲਈ ਚੁਣੌਤੀ ਵਾਲਾ ਮਾਹੌਲ ਪੈਦਾ ਕੀਤਾ ਹੋਇਆ ਹੈ, ਜੋ ਕਿ ਨਵੀਂ ਸਰਕਾਰ ਦਾ ਪ੍ਰਾਥਮਿਕ ਅਹਿਮ ਸੁਧਾਰ ਦਾ ਮੁੱਦਾ ਸੀ, ਪਰ ਇਸ ਵੱਲ ਕੋਈ ਅਜੇ ਤੱਕ ਸਰਕਾਰ ਨੇ ਗੰਭੀਰਤਾ ਨਹੀਂ ਦਿਖਾਈ । ਪੰਜਾਬ ਦੇ ਸਰਕਾਰੀ ਕਾਲਜਾਂ ਅੰਦਰ ਦੋ ਦਹਾਕੇ ਤੋਂ ਵੱਧ ਸਮੇਂ ਤੋਂ ਪ੍ਰੋਫੈਸਰਾਂ ਦੀ ਰੈਗੂਲਰ ਭਰਤੀ ਨਹੀਂ ਹੋਈ, ਜੋ ਕਿ ਉਚੇਰੀ ਸਿੱਖਿਆ ਦੇ ਮਿਆਰ ਨੂੰ ਜ਼ਰੂਰ ਢਾਹ ਲਾ ਰਹੀ ਹੈ । ਮੌਜੂਦਾ ਸਮੇਂ ਦੌਰਾਨ ਕਰੀਬ 63 ਸਰਕਾਰੀ ਕਾਲਜ ਸੂਬੇ ਅੰਦਰ ਚੱਲ ਰਹੇ ਹਨ । ਇੱਕ ਖਬਰ ਮੁਤਾਬਕ ਇਨ੍ਹਾਂ ਕਾਲਜਾਂ ਵਿੱਚ 1990 ਵਿੱਚ ਪ੍ਰੋਫੈਸਰਾਂ ਦੀਆਂ 1873 ਰੈਗੂਲਰ ਆਸਾਮੀਆਂ ਮਨਜ਼ੂਰ ਸਨ । ਸਮੇਂ ਦੀਆਂ ਸਰਕਾਰਾਂ ਨੇ ਨਵੇਂ ਕਾਲਜ ਤਾਂ ਹੋਰ ਕਈ ਵਾਰ ਖੋਲ੍ਹ ਦਿੱਤੇ, ਪਰ ਪੋਸਟਾਂ ਨਵੀਆਂ ਨਹੀਂ ਦਿੱਤੀਆਂ । ਪਿਛਲੇ ਲੰਬੇ ਸਮੇਂ ਤੋਂ 1500 ਦੇ ਕਰੀਬ ਆਸਾਮੀਆਂ ਖਾਲੀ ਪਈਆਂ ਹਨ । ਅਗਲੇ ਕੁਝ ਸਾਲਾਂ ਦੌਰਾਨ ਜੋ ਪੱਕੇ ਪ੍ਰੋਫੈਸਰ ਹਨ, ਉਹ ਵੀ ਸੇਵਾ-ਮੁਕਤ ਹੋਣ ਜਾ ਰਹੇ ਹਨ । ਇਨ੍ਹਾਂ ਕਾਲਜਾਂ ਵਿੱਚ ਬਹੁਤੇ ਗੈੱਸਟ ਫੈਕਲਟੀ, ਪਾਰਟ ਟਾਈਮ ਅਤੇ ਠੇਕੇ ਉੱਪਰ ਰੱਖੇ ਅਧਿਆਪਕ ਹੀ ਹੁਣ ਕਾਲਜਾਂ ਨੂੰ ਚਲਾ ਰਹੇ ਹਨ । ਇਨ੍ਹਾਂ ਵਿੱਚੋਂ ਬਹੁਤੇ ਯੂ ਜੀ ਸੀ ਵਲੋਂ ਨਿਰਧਾਰਤ ਯੋਗਤਾ ਵੀ ਪੂਰੀ ਨਹੀਂ ਕਰਦੇ। ਠੇਕੇ 'ਤੇ ਕੰਮ ਕਰਨ ਵਾਲੇ ਅਧਿਆਪਕਾਂ ਦੀ ਗਿਣਤੀ ਵਿਦਿਆਰਥੀਆਂ ਦੀ ਗਿਣਤੀ ਉੱਪਰ ਨਿਰਭਰ ਕਰਦੀ ਹੈ, ਉਨ੍ਹਾਂ ਦੀ ਤਨਖਾਹ ਵਿਦਿਆਰਥੀਆਂ ਕੋਲੋਂ ਵਸੂਲੀ ਜਾਂਦੀ ਫੀਸ / ਫੰਡਾਂ ਉੱਪਰ ਨਿਰਭਰ ਕਰਦੀ ਹੈ । ਕਈ ਕਾਲਜਾਂ ਵਿੱਚ ਤਾਂ ਤਕਰੀਬਨ ਨਾਮਾਤਰ ਹੀ ਰੈਗੂਲਰ ਅਧਿਆਪਕ ਹਨ । ਹੁਣ ਉਚੇਰੀ ਸਿੱਖਿਆ ਵਿਭਾਗ ਨੇ ਸਰਕਾਰੀ ਕਾਲਜਾਂ ਦੇ ਕਲੱਸਟਰ ਬਣਾ ਦਿੱਤੇ ਹਨ, ਜਿਨ੍ਹਾਂ 'ਚ ਦੂਜੇ ਜ਼ਿਲ੍ਹਿਆਂ ਦੇ ਕਾਲਜ ਵੀ ਸ਼ਾਮਲ ਕੀਤੇ ਗਏ ਹਨ। ਅਧਿਆਪਕ ਹਫਤੇ ਦੇ ਅੱਧੇ ਦਿਨ ਆਪਣੇ ਕਾਲਜ ਵਿੱਚ ਅਤੇ ਬਾਕੀ ਦੂਜੇ ਕਾਲਜਾਂ ਵਿੱਚ ਪੜ੍ਹਾਉਣ ਜਾਣ ਕਰਕੇ ਖੱਜਲ-ਖੁਆਰ ਹੋ ਰਹੇ ਹਨ । ਦੋਹਾਂ ਪਾਸੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਤਾਂ ਹੋ ਹੀ ਰਿਹਾ ਹੈ ।

ਸਰਕਾਰੀ ਕਾਲਜਾਂ ਵਿੱਚ ਲੰਮੇ ਸਮੇਂ ਤੋਂ ਰੈਗੂਲਰ ਅਸਿਸਟੈਂਟ ਪ੍ਰੋਫੈਸਰਾਂ/ਪ੍ਰੋਫੈਸਰਾਂ ਦੀ ਭਰਤੀ ਨਾ ਹੋਣ ਤੇ ਉਚੇਰੀ ਸਿੱਖਿਆ ਦੇ ਡਿੱਗ ਰਹੇ ਮਿਆਰ ਨੂੰ ਉੱਚਾ ਚੁੱਕਣ ਲਈ ਪਿਛਲੀ ਸਰਕਾਰ ਵੱਲੋਂ 19 ਅਕਤੂਬਰ 2021 ਨੂੰ ਖਾਲੀ ਆਸਾਮੀਆਂ ਭਰਨ ਦੇ ਐਲਾਨ ਨੂੰ ਅਮਲੀ ਰੂਪ ਦਿੰਦੇ ਹੋਏ 1158 ਅਸਾਮੀਆਂ ਜਿਨ੍ਹਾਂ ਵਿੱਚ 1091 ਅਸਿਸਟੈਂਟ ਪ੍ਰੋਫੈਸਰਾਂ ਅਤੇ ਬਾਕੀ ਦੀਆਂ ਲਾਇਬਰੇਰੀਅਨ ਭਰਨ ਦਾ ਇਸ਼ਤਿਹਾਰ ਨਾਲੋ-ਨਾਲ ਜਾਰੀ ਕਰ ਦਿੱਤਾ ਸੀ, ਜੋ ਕਿ ਇਨ੍ਹਾਂ ਆਸਾਮੀਆਂ ਨੂੰ ਉਡੀਕ ਰਹੇ ਯੋਗ ਉਮੀਦਵਾਰਾਂ ਲਈ ਖੁਸ਼ੀ ਵਾਲੀ ਗੱਲ ਸੀ । ਇਹ ਭਰਤੀ ਯੂ ਜੀ ਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰਾਂ ਦੀ ਅਗਵਾਈ ਵਿੱਚ ਕਮੇਟੀਆਂ ਬਣਾ ਕੇ ਭਰਤੀ ਨਿਰੋਲ ਲਿਖਤੀ ਟੈਸਟ ਦੇ ਆਧਾਰ 'ਤੇ ਤੇਜ਼ੀ ਨਾਲ 45 ਦਿਨਾਂ 'ਚ ਮੁਕੰਮਲ ਕਰਨ ਦੀ ਵਧੀਆ ਗੱਲ ਕੀਤੀ ਸੀ। ਇਸ਼ਤਿਹਾਰ ਦੀ ਚੋਣ ਪ੍ਰਕ੍ਰਿਆ ਮੁਤਾਬਿਕ ਸਰਕਾਰੀ ਕਾਲਜਾਂ ਦੇ ਗੈੱਸਟ ਫੈਕਲਟੀ, ਪਾਰਟ ਟਾਈਮ, ਠੇਕਾ ਆਧਾਰਤ ਕਾਲਜ ਅਧਿਆਪਕਾਂ ਨੂੰ ਇੱਕ ਸੈਸ਼ਨ ਦੇ ਤਜਰਬੇ ਦਾ ਇੱਕ ਨੰਬਰ ਅਤੇ ਵੱਧ ਤੋਂ ਵੱਧ ਪੰਜ ਅੰਕ ਲਿਖਤੀ ਟੈਸਟ ਦੇ ਅੰਕਾਂ 'ਚ ਵਾਧਾ ਲੈ ਸਕਣਗੇ । ਇਸ ਲਈ ਇਹ ਟੀਚਿੰਗ ਤਜਰਬੇ ਨੂੰ ਦੋ ਦਹਾਕਿਆਂ ਤੋਂ ਕੰਮ ਕਰ ਰਹੇ ਗੈੱਸਟ ਫੈਕਲਟੀ /ਪਾਰਟ ਟਾਈਮ ਅਧਿਆਪਕਾਂ ਆਦਿ ਨੂੰ ਹਮਦਰਦੀ ਵਜੋਂ ਦੇਣ ਦੇ ਸਰਕਾਰ ਦੇ ਫੈਸਲੇ ਨੂੰ ਕਾਨੂੰਨੀ ਪੱਖਾਂ ਤੋਂ ਚੰਗੀ ਤਰ੍ਹਾਂ ਨਾ ਵਿਚਾਰੇ ਜਾਣ ਕਾਰਨ ਸਾਰੀ ਭਰਤੀ ਪ੍ਰਕ੍ਰਿਆ ਮੁਕੰਮਲ ਹੋਣ ਉਪਰੰਤ ਇਸ਼ਤਿਹਾਰ 'ਚ ਇਕੱਲੇ 'ਸਰਕਾਰੀ ਕਾਲਜ ਦੇ ਤਜਰਬੇ' ਦੀ ਸ਼ਬਦਾਵਲੀ ਨੇ ਬਾਅਦ 'ਚ ਕਈ ਉਲਝਣਾਂ ਪੈਦਾ ਕਰ ਦਿੱਤੀਆਂ ਸਨ । ਪੰਜਾਬੀ ਯੂਨੀਵਰਸਿਟੀ ਅਧੀਨ ਚੱਲ ਰਹੇ ਕਾਲਜਾਂ 'ਚ ਪੜ੍ਹਾ ਰਹੇ ਅਧਿਆਪਕਾਂ ਵੱਲੋਂ ਉਨ੍ਹਾਂ ਦੇ ਤਜਰਬੇ ਨੂੰ ਸਕਰੂਟਿੰਗ ਸਮੇਂ ਨਾ ਮੰਨਣ ਕਾਰਨ ਉਨ੍ਹਾਂ ਨੇ ਮਾਣਯੋਗ ਹਾਈ ਕੋਰਟ ਵਿੱਚ ਪਟੀਸ਼ਨਰ ਵਜੋਂ ਰਿੱਟ ਪਾ ਕੇ ਭਰਤੀ ਪ੍ਰਕ੍ਰਿਆ 'ਚ ਰੋਕ ਲਗਵਾ ਦਿੱਤੀ ਸੀ । ਇਸੇ ਤਰ੍ਹਾਂ ਕਈ ਅਸਫਲ ਉਮੀਦਵਾਰਾਂ ਨੇ ਹੋਰ ਕਈ ਤਰ੍ਹਾਂ ਦੀਆਂ ਰਿੱਟਾਂ ਪਾ ਕੇ ਇਸ ਪ੍ਰਕ੍ਰਿਆ ਨੂੰ ਰੋਕਣ ਦਾ ਯਤਨ ਕੀਤਾ ।

ਸਰਕਾਰ ਨੇ ਬਾਅਦ 'ਚ ਸਾਰੀ ਪ੍ਰਕ੍ਰਿਆ ਮੁਕੰਮਲ ਹੋਣ 'ਤੇ ਪੰਜ ਅੰਕਾਂ ਵਾਲੇ ਫੈਸਲੇ ਨੂੰ ਵਾਪਸ ਲੈਣ ਦਾ ਪਬਲਿਕ ਨੋਟਿਸ ਰਾਹੀਂ ਸ਼ੋਧ-ਪੱਤਰ ਜਾਰੀ ਕਰਕੇ ਮਸਲੇ ਨੂੰ ਹੱਲ ਕਰਨ ਦੀ ਕੋਸ਼ਿਸ਼ ਕੀਤੀ ਸੀ, ਪਰ ਮਾਣਯੋਗ ਹਾਈ ਕੋਰਟ ਨੇ ਨੌਂ ਮਹੀਨਿਆਂ ਬਾਅਦ 8 ਅਗਸਤ 2022 ਨੂੰ ਇਸ ਭਰਤੀ ਨੂੰ ਰੱਦ ਕਰਨ ਦਾ ਫੈਸਲਾ ਸੁਣਾ ਕੇ 1158 ਪਰਵਾਰਾਂ ਦੀਆਂ ਆਸਾਂ 'ਤੇ ਪਾਣੀ ਫੇਰ ਦਿੱਤਾ। ਜਿਨ੍ਹਾਂ ਨੂੰ ਆਸ ਸੀ ਕਿ ਉੱਚ ਅਦਾਲਤ ਸਿੱਖਿਆ ਦੇ ਡਿੱਗ ਰਹੇ ਮਿਆਰ ਨੂੰ ਬਚਾਉਣ ਲਈ ਸਫਲ ਉਮੀਦਵਾਰਾਂ ਦੇ ਹੱਕ 'ਚ ਫੈਸਲਾ ਦੇਵੇਗੀ। ਪਿਛਲੀ ਸਰਕਾਰ ਸਮੇਂ 1158 ਅਸਿਸਟੈਂਟ ਪ੍ਰੋਫੈਸਰਾਂ ਅਤੇ ਲਾਇਬ੍ਰੇਰੀਅਨ ਦੀ ਭਰਤੀ ਸਮੇਂ ਬਹੁਤ ਸਾਰੇ ਸਫਲ ਉਮੀਦਵਾਰ ਆਪਣੀਆਂ ਪਿਛਲੀਆਂ ਨੌਕਰੀਆਂ ਤੋਂ ਵਿਭਾਗ ਦੇ ਕਹਿਣ 'ਤੇ ਅਸਤੀਫੇ ਦੇ ਕੇ ਚਾਅ ਨਾਲ ਨਵੀਂ ਨਿਯੁਕਤੀ ਹੋਣ ਕਾਰਨ ਨਵੀਂ ਨੌਕਰੀ ਹਾਸਲ ਕਰਕੇ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰਨ ਦੀ ਸੋਚ ਰਹੇ ਸਨ, ਪਰ ਇਹ ਕੰਮ ਉੱਚ- ਅਦਾਲਤ ਦੇ ਆਦੇਸ਼ਾਂ ਅਨੁਸਾਰ ਐਨ ਮੌਕੇ 'ਤੇ ਰੋਕ ਦਿੱਤਾ ਗਿਆ । ਦੂਜੇ ਪਾਸੇ ਦੋ-ਤਿੰਨ ਵਿਸ਼ਿਆਂ ਦੀਆਂ ਲਿਸਟਾਂ ਮਹਿਕਮੇ ਦੀ ਵੈਬਸਾਈਟ 'ਤੇ ਪਾ ਕੇ ਸਾਈਟ ਤੋਂ ਹਟਾ ਦਿੱਤੀਆਂ ਗਈਆਂ ਸਨ, ਜੋ ਕਿ ਭਾਵੇਂ ਡਾਊਨਲੋਡ ਹੋ ਕੇ ਆਊਟ ਹੋ ਚੁੱਕੀਆਂ ਸਨ, ਪਰ ਇਨ੍ਹਾਂ ਲਿਸਟਾਂ ਦੇ ਸਫਲ ਉਮੀਦਵਾਰਾਂ ਦੀ ਚਿੰਤਾ ਹੋਰ ਵੀ ਵਧੇਰੇ ਹੈ । ਸਮੇਂ ਸਿਰ ਇਹ ਲਿਸਟਾਂ ਜਾਰੀ ਨਾ ਹੋਣ ਕਾਰਨ ਸਫਲ ਉਮੀਦਵਾਰ ਨਿਯੁਕਤੀ ਪੱਤਰ ਪ੍ਰਾਪਤ ਨਹੀਂ ਕਰ ਸਕੇ, ਜਦੋਂ ਕਿ ਹੋਰ ਵਿਸ਼ਿਆਂ ਦੇ ਬਹੁਤੇ ਸਫਲ ਉਮੀਦਵਾਰ ਨਿਯੁਕਤੀ ਪੱਤਰ ਪ੍ਰਾਪਤ ਕਰ ਚੁੱਕੇ ਹਨ, ਜਿਨ੍ਹਾਂ 'ਚੋਂ ਬਹੁਤੇ ਸਕੂਲਾਂ/ਕਾਲਜਾਂ ਜਾਂ ਹੋਰ ਅਦਾਰਿਆਂ ਵਿੱਚ ਰੈਗੂਲਰ ਜਾਂ ਐਡਹਾਕ ਤੌਰ 'ਤੇ ਡਿਊਟੀ ਨਿਭਾਅ ਰਹੇ ਸੀ, ਉਨ੍ਹਾਂ ਨੂੰ ਪਿਛਲੀ ਨੌਕਰੀ ਤੋਂ ਅਸਤੀਫਾ ਦੇ ਕੇ ਹੀ ਜੁਆਇਨ ਕਰਨ ਲਈ ਕਿਹਾ ਗਿਆ ਸੀ , ਜਿਸ ਨਾਲ ਉਹ ਹੁਣ ਬੇਰੁਜ਼ਗਾਰ ਹੋਏ ਬੈਠੇ ਹਨ । ਕਈ ਵਿਸ਼ਿਆਂ ਦੇ ਸੌ ਤੋਂ ਉੱਪਰ ਸਿਲੈਕਟ ਹੋਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਅਤੇ ਸਟੇਸ਼ਨ ਸਟੇਅ ਤੋਂ ਪਹਿਲਾਂ ਅਲਾਟ ਹੋ ਚੁੱਕੇ ਸਨ, ਜੋ ਕਿ ਕਾਲਜਾਂ 'ਚ ਹਾਜ਼ਰੀ ਦੇ ਕੇ ਸੇਵਾ ਨਿਭਾਅ ਰਹੇ ਹਨ ਅਤੇ ਆਪਣੀ ਤਨਖਾਹ ਲੈ ਰਹੇ ਹਨ। ਬਾਅਦ 'ਚ ਵਿਭਾਗ ਵੱਲੋਂ ਇੱਕ ਪੱਤਰ ਜਾਰੀ ਕਰਕੇ ਜਿਨ੍ਹਾਂ ਨੂੰ ਨਿਯੁਕਤੀ ਪੱਤਰ ਮਿਲ ਚੁੱਕੇ ਸਨ, ਪਰ ਉਹ ਕਾਲਜਾਂ 'ਚ ਜੁਆਇਨ ਨਹੀਂ ਕਰ ਸਕੇ। ਉਨ੍ਹਾਂ ਕੁਲ 462 ਸਹਾਇਕ ਪ੍ਰੋਫੈਸਰਾਂ ਦੀ ਹਾਜ਼ਰੀ ਡਾਇਰੈਕਟੋਰੇਟ ਦਫਤਰ ਵਿਖੇ ਮੰਨ ਕੇ ਉਨ੍ਹਾਂ ਦੀ ਵੀ ਹਾਜ਼ਰ ਹੋ ਚੁੱਕੇ ਅਸਿਸਟੈਂਟ ਪ੍ਰੋਫੈਸਰਾਂ ਦੇ ਨਾਲ ਹੀ ਤਨਖਾਹ ਵੱਖ-ਵੱਖ ਕਾਲਜਾਂ ਵਿੱਚ ਪਈਆਂ ਖਾਲੀ ਪੋਸਟਾਂ ਵਿਰੁੱਧ ਕਢਵਾਉਣ ਲਈ ਸੰਬੰਧਤ ਕਾਲਜਾਂ ਦੇ ਪ੍ਰਿੰਸੀਪਲਾਂ ਨੂੰ ਆਦੇਸ਼ ਦਿੱਤੇ ਗਏ ਸਨ, ਪਰ ਅਜੇ ਤੱਕ ਉਨ੍ਹਾਂ ਨੂੰ ਤਨਖਾਹ ਨਹੀਂ ਮਿਲੀ। ਇੱਥੇ ਇਹ ਵੀ ਵਰਣਨਯੋਗ ਹੈ ਕਿ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਤੋਂ ਪਿਛਲੀਆਂ ਨੌਕਰੀਆਂ ਤੋਂ ਅਸਤੀਫੇ ਲਏ ਗਏ ਹਨ, ਜਿਸ ਨਾਲ ਹੁਣ ਉਹ ਸਾਰੇ ਹੀ ਬੇਰੁਜ਼ਗਾਰ ਹੋ ਕੇ ਆਰਥਿਕ ਤੰਗੀ 'ਚੋਂ ਲੰਘ ਰਹੇ ਹਨ । ਕਈਆਂ ਨੇ ਕਈ ਕਿਸਮ ਦੇ ਲੋਨ ਵਗੈਰਾ ਲਏ ਹੋਣਗੇ, ਉਨ੍ਹਾਂ ਦੀਆਂ ਕਿਸ਼ਤਾਂ ਉਹ ਕਿਵੇਂ ਭਰਨਗੇ ।

ਪੰਜਾਬ ਅੰਦਰ ਨਵੀਂ ਬਣੀ ਸਰਕਾਰ ਵੱਲੋਂ ਸਿਹਤ ਅਤੇ ਸਿੱਖਿਆ ਦੇ ਸੁਧਾਰ ਦੇ ਮਹੱਤਵਪੂਰਨ ਮੁੱਦੇ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਰੱਖੇ ਗਏ ਸਨ, ਜਿਨ੍ਹਾਂ 'ਚੋਂ ਉਚੇਰੀ ਸਿੱਖਿਆ ਦੇ ਡਿੱਗ ਰਹੇ ਮਿਆਰ ਨੂੰ ਬਚਾਉਣਾ ਵੀ ਅਹਿਮ ਮੁੱਦਾ ਹੈ, ਜੋ ਨੌਜਵਾਨਾਂ ਅਤੇ ਰੁਜ਼ਗਾਰ ਨਾਲ ਜੁੜਿਆ ਹੋਇਆ ਹੈ । ਇਸ ਵਿਭਾਗ ਦੇ ਸਿੱਖਿਆ ਮੰਤਰੀ ਵੀ ਨੌਜਵਾਨ ਅਤੇ ਚੰਗੇ ਪੜ੍ਹੇ-ਲਿਖੇ ਹਨ, ਜਿਨ੍ਹਾਂ ਤੋਂ ਇਸ ਮਸਲੇ ਦੇ ਹੱਲ ਦੀ ਆਸ ਕੀਤੀ ਜਾ ਰਹੀ ਹੈ ਕਿਉਂਕਿ ਉਹ ਜ਼ਰੂਰ ਬੇਰੁਜ਼ਗਾਰਾਂ ਦੇ ਦਰਦ ਨੂੰ ਭਲੀਭਾਂਤ ਜਾਣਦੇ ਹੋਣਗੇ। ਪਿਛਲੇ ਦਿਨਾਂ ਤੋਂ ਵੱਖ-ਵੱਖ ਸ਼ਹਿਰਾਂ ਵਿਖੇ ਪੀੜਤ ਸਫਲ ਉਮੀਦਵਾਰਾਂ ਵੱਲੋਂ ਸਥਾਨਕ ਪੱਧਰੀ ਇਕੱਤਰਤਾ ਕਰਕੇ ਆਪਣਾ ਸ਼ਾਂਤਮਈ ਰੋਸ ਪ੍ਰਗਟ ਕੀਤਾ ਹੈ। ਪਿਛਲੇ ਸਮੇਂ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਕੋਠੀ ਅੱਗੇ ਰੋਸ ਰੈਲੀ ਕੱਢ ਕੇ ਵੱਡਾ ਇਕੱਠ ਕਰਕੇ ਆਪਣੀਆਂ ਮੰਗਾਂ ਦੇ ਸਬੰਧ ਵਿਚ ਤਹਿਸੀਲਦਾਰ ਨੂੰ ਮੰਗ ਪੱਤਰ ਦੇਣ ਉਪਰੰਤ ਮੁੱਖ ਮੰਤਰੀ ਨਾਲ ਮੀਟਿੰਗ ਦੀ ਤਰੀਕ ਲਈ ਹਾਂ ਹੋਈ ਸੀ, ਪਰ ਇਹ ਮੀਟਿੰਗ ਨਹੀਂ ਮਿਲੀ । ਮਾਣਯੋਗ ਹਾਈ ਕੋਰਟ ਵੱਲੋਂ 16 ਸਤੰਬਰ 2022 ਨੂੰ ਫੈਸਲੇ ਦੀ ਕਾਪੀ ਜਾਰੀ ਕੀਤੀ ਗਈ, ਜਿਸ ਵਿੱਚ ਸਰਕਾਰ ਵੱਲੋਂ ਭਰਤੀ ਪ੍ਰਕ੍ਰਿਆ ਨੂੰ ਕਰਦੇ ਸਮੇਂ ਜੋ ਊਣਤਾਈਆਂ ਪਾਈਆਂ ਗਈਆਂ, ਜੋ ਕਿ ਸਰਕਾਰ ਦੀ ਅਣਗਹਿਲੀ ਸਦਕਾ ਹੋਇਆ । ਇਸ ਲਈ 1158 ਸਫਲ ਉਮੀਦਵਾਰਾਂ ਦਾ ਇਸ 'ਚ ਕੋਈ ਕਸੂਰ ਨਹੀਂ । ਜਿਨ੍ਹਾਂ ਸੰਬੰਧਤ ਅਧਿਕਾਰੀਆਂ ਨੇ ਅਣਗਹਿਲੀ ਕੀਤੀ ਹੈ, ਉਨ੍ਹਾਂ ਨੂੰ ਸਜ਼ਾ ਮਿਲਣੀ ਚਾਹੀਦੀ ਹੈ, ਨਾ ਕਿ ਉਮੀਦਵਾਰਾਂ ਨੂੰ ।

ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਐਡਵੋਕੇਟ ਜਨਰਲ ਨੂੰ ਬਦਲਣ ਦੇ ਚੱਕਰ ਵਿੱਚ ਹੀ ਸਮਾਂ ਲੰਘਦਾ ਜਾ ਰਿਹਾ ਹੈ, ਜਿਸ ਸਦਕਾ ਇਸ ਕੇਸ ਦੀ ਸਰਕਾਰ ਤਰਫੋਂ ਕੋਈ ਲੋਕ ਹਿੱਤ ਲਈ ਠੋਸ ਪੈਰਵਾਈ ਹੁਣ ਤੱਕ ਨਹੀਂ ਹੋ ਸਕੀ । ਮਾਣਯੋਗ ਹਾਈ ਕੋਰਟ ਵੱਲੋਂ ਕਿੰਨੀ ਵਾਰ ਤਾਂ ਸਰਕਾਰ ਵੱਲੋਂ ਜਵਾਬਦਾਅਵਾ ਪੇਸ਼ ਨਾ ਕਰਨ ਕਾਰਨ ਸੁਣਵਾਈ ਵਾਰ-ਵਾਰ ਅੱਗੇ ਪਾਈ ਗਈ ਹੈ ।

ਕੁਝ ਸਿਲੈਕਟ ਹੋਏ ਉਮੀਦਵਾਰਾਂ ਨੂੰ ਸਟੇਸ਼ਨ ਅਲਾਟ ਹੋ ਚੁੱਕੇ ਹਨ, ਜੋ ਕਿ ਕਾਲਜਾਂ 'ਚ ਹਾਜ਼ਰੀ ਦੇ ਚੁੱਕੇ ਹਨ, ਉਨ੍ਹਾਂ ਦੀ ਤਨਖਾਹ ਕਢਵਾਉਣ ਦੇ ਮਹਿਕਮੇ ਵੱਲੋਂ ਪ੍ਰਿੰਸੀਪਲਾਂ ਨੂੰ ਪੱਤਰ ਜਾਰੀ ਕੀਤਾ ਗਿਆ । ਬਾਅਦ 'ਚ ਨਵਾਂ ਪੱਤਰ ਜਾਰੀ ਕਰਕੇ ਜਿਨ੍ਹਾਂ ਨੂੰ ਨਿਯੁਕਤੀ ਪੱਤਰ ਮਿਲ ਚੁੱਕੇ ਹਨ, ਉਨ੍ਹਾਂ ਕੁਲ 462 ਸਹਾਇਕ ਪ੍ਰੋਫੈਸਰਾਂ ਦੀ ਹਾਜ਼ਰੀ ਡਾਇਰੈਕਟੋਰੇਟ ਦਫਤਰ ਵਿਖੇ ਮੰਨ ਕੇ ਉਨ੍ਹਾਂ ਦੀ ਵੀ ਹਾਜ਼ਰ ਹੋ ਚੁੱਕੇ ਅਸਿਸਟੈਂਟ ਪ੍ਰੋਫੈਸਰਾਂ ਦੇ ਨਾਲ ਹੀ ਤਨਖਾਹ ਵੱਖ-ਵੱਖ ਕਾਲਜਾਂ ਵਿੱਚ ਪਈਆਂ ਖਾਲੀ ਪੋਸਟਾਂ ਵਿਰੁੱਧ ਕਢਵਾਉਣ ਲਈ ਸੰਬੰਧਤ ਕਾਲਜਾਂ ਦੇ ਪ੍ਰਿੰਸੀਪਲਾਂ ਨੂੰ ਆਦੇਸ਼ ਦਿੱਤੇ ਗਏ ਸਨ, ਪਰ ਅਜੇ ਤੱਕ ਉਨ੍ਹਾਂ ਨੂੰ ਤਨਖਾਹ ਨਹੀਂ ਮਿਲੀ। ਇੱਥੇ ਇਹ ਵੀ ਵਰਣਨਯੋਗ ਹੈ ਕਿ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਤੋਂ ਪਿਛਲੀਆਂ ਨੌਕਰੀਆਂ ਤੋਂ ਅਸਤੀਫੇ ਲਏ ਗਏ ਹਨ, ਜਿਸ ਨਾਲ ਹੁਣ ਉਹ ਸਾਰੇ ਹੀ ਬੇਰੁਜ਼ਗਾਰ ਹੋ ਕੇ ਆਰਥਿਕ ਤੰਗੀ 'ਚੋਂ ਲੰਘ ਰਹੇ ਹਨ।

ਜੇ ਨਵੀਂ ਸਰਕਾਰ ਇਨ੍ਹਾਂ ਸਫਲ਼ ਉਮੀਦਵਾਰਾਂ ਲਈ ਜੁਆਇਨਿੰਗ ਕਰਵਾਉਣ ਲਈ ਕਾਨੂੰਨੀ ਰਾਇ ਲੈ ਕੇ ਸਪੈਸ਼ਲ ਆਰਡੀਨੈਂਸ ਜਾਰੀ ਕਰਕੇ ਇਸ ਮਸਲੇ ਦਾ ਹੱਲ ਕੱਢ ਸਕਦੀ ਹੈ ਤਾਂ ਜ਼ਰੂਰ ਕੱਢਣਾ ਚਾਹੀਦਾ ਹੈ ।

ਆਸ ਸੀ ਕਿ ਨਵੀਂ ਸਰਕਾਰ ਆਪਣਾ ਪੱਖ ਮਜ਼ਬੂਤੀ ਨਾਲ ਰੱਖ ਕੇ ਸਟੇਅ ਨੂੰ ਤੜਵਾਉਣ ਲਈ ਹਰ ਸੰਭਵ ਯਤਨ ਕਰੇਗੀ ਤਾਂ ਕਿ ਇਹ ਭਰਤੀ ਜਲਦੀ ਸਿਰੇ ਚੜ੍ਹ ਜਾਵੇ, ਜਿਸ ਨਾਲ ਰਹਿੰਦੇ ਸਫਲ ਉਮੀਦਵਾਰਾਂ ਨੂੰ ਰੁਜ਼ਗਾਰ ਮਿਲ ਸਕੇ ਅਤੇ ਉਚੇਰੀ ਸਿੱਖਿਆ ਦੇ ਡਿੱਗ ਰਹੇ ਮਿਆਰ ਨੂੰ ਬਚਾਇਆ ਜਾ ਸਕੇ, ਕਿਉਂਕਿ ਲੋਕਾਂ ਲਈ ਸਿੱਖਿਆ ਅਤੇ ਸਿਹਤ 'ਚ ਸੁਧਾਰ ਕਰਨਾ ਆਮ ਆਦਮੀ ਪਾਰਟੀ ਦੇ ਮੁੱਖ ਮੁੱਦੇ ਸੀ ।

ਆਸ ਹੈ ਕਿ ਉੱਚ ਅਦਾਲਤ ਇਨ੍ਹਾਂ ਸਫਲ ਉਮੀਦਵਾਰਾਂ ਨੂੰ ਜ਼ਰੂਰ ਰਾਹਤ ਦੇਵੇਗੀ, ਜਿਨ੍ਹਾਂ ਖਿਲਾਫ ਕੋਈ ਸ਼ਿਕਾਇਤ ਨਹੀਂ । ਜੇਕਰ ਰਿੱਟਾਂ ਕਰਨ ਵਾਲੇ ਉਮੀਦਵਾਰਾਂ ਲਈ ਕੋਈ ਰਾਹਤ ਦੀ ਗੱਲ ਹੈ, ਉਹ ਕੋਰਟ ਦੇ ਫੈਸਲੇ 'ਤੇ ਛੱਡ ਦੇਣੀ ਚਾਹੀਦੀ ਹੈ । ਐਡੀ ਵੱਡੀ ਪ੍ਰਕ੍ਰਿਆ ਨੂੰ ਬਹੁਤ ਸਾਲਾਂ ਬਾਅਦ ਬਹੁਤ ਘੱਟ ਸੀਮਤ ਸਮੇਂ ਵਿੱਚ ਨੇਪੜੇ ਚਾੜ੍ਹਨਾ ਮਹਿਕਮੇ ਦੀ ਵੱਡੀ ਪ੍ਰਾਪਤੀ ਜ਼ਰੂਰ ਹੈ । ਇਸ ਵਿੱਚ ਕੋਈ ਸ਼ੱਕ ਨਹੀਂ ਕਿ ਭਰਤੀ ਨਿਰੋਲ ਪਾਰਦਰਸ਼ੀ ਢੰਗ ਨਾਲ ਹੋਈ ਹੈ । ਸਿਫਾਰਸ਼ ਦੀ ਗੁੰਜਾਇਸ਼ ਨਾ ਹੋਣ ਕਰਕੇ ਵੀ ਕਈਆਂ ਨੂੰ ਐਨੀ ਜਲਦੀ ਭਰਤੀ ਕਰਨ ਕਰਕੇ ਵੀ ਇਹ ਗੱਲ਼ ਹਜ਼ਮ ਨਹੀਂ ਆ ਰਹੀ । ਅਜੇ ਵੀ ਇਨ੍ਹਾਂ ਸਿਲੈਕਟ ਹੋਏ ਉਮੀਦਵਾਰਾਂ ਨੂੰ ਆਸ ਹੈ ਕਿ ਸਿੱਖਿਆ ਮੰਤਰੀ ਅਤੇ ਸਿੱਖਿਆ ਸਕੱਤਰ ਰਾਜ ਸਰਕਾਰ ਵੱਲੋਂ ਦਿਆਨਤਦਾਰੀ ਨਾਲ ਇਸ ਕੇਸ ਦੀ ਪੈਰਵੀ ਕਰਵਾ ਕੇ ਮਸਲਾ ਹੱਲ ਕਰਵਾ ਲੈਣਗੇ ।

# ਪੰਜਾਬ ਸਰਕਾਰ ਦੀ ਵਾਅਦਾ-ਖਿਲਾਫੀ ਵਿਰੁੱਧ ਪਾਵਰਕਾਮ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ










**ਰਾਜਪੁਰਾ (ਰਮੇਸ਼ ਕਟਾਰੀਆ)**
ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਸਾਂਝਾ ਫ਼ੋਰਮ ਪੰਜਾਬ ਦੇ ਸੱਦੇ 'ਤੇ ਐਕਸੀਅਨ ਦਫ਼ਤਰ ਰਾਜਪੁਰਾ ਸਾਹਮਣੇ ਰੋਸ ਧਰਨਾ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਦੀ ਅਗਵਾਈ ਹੇਠ ਦਿੱਤਾ ਗਿਆ।ਇਸ ਮੌਕੇ ਸਾਥੀ ਪਿਲਖਣੀ ਨੇ ਪੰਜਾਬ ਸਰਕਾਰ ਤੇ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨਾ ਮੰਨਣ ਕਾਰਨ ਸਰਕਾਰ ਤੇ ਮੈਨੇਜਮੈਂਟ ਨੂੰ ਪੂਰੀ ਤਰ੍ਹਾਂ ਕੋਸਿਆ ਗਿਆ, ਕਿਉਂਕਿ ਸਰਕਾਰ ਤੇ ਮੈਨੇਜਮੈਂਟ ਵੱਲੋਂ ਵਾਰ ਵਾਰ ਮੀਟਿੰਗਾਂ ਕਰਕੇ ਮੰਗਾਂ ਨੂੰ ਮੰਨਣ ਦੀ ਬਜਾਏ ਟਾਲ ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ, ਜਦੋਂ ਕਿ ਮੁਲਾਜ਼ਮਾਂ 'ਤੇ ਕੰਮ ਦਾ ਭਾਰ ਪਹਿਲਾਂ ਨਾਲੋਂ ਬਹੁਤ ਜ਼ਿਆਦਾ ਵਧ ਗਿਆ ਹੈ। ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ, ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਵੱਲੋਂ ਸਰਕਾਰ ਤੇ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ 31.08.2024. ਤੱਕ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਜਿਵੇਂ ਕਿ ਬਕਾਇਆ ਡੀ ਏ, ਕੱਚੇ ਕਾਮਿਆਂ ਨੂੰ ਤੁਰੰਤ ਬਿਨਾਂ ਸ਼ਰਤ ਪੱਕਾ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨੀ, ਕੱਟੇ ਭੱਤੇ ਬਹਾਲ ਕਰਨਾ ਅਤੇ ਹੋਰ ਅਨੇਕਾਂ ਮੰਗਾਂ ਨਾ ਮੰਨੀਆਂ ਤਾਂ 1 ਸਤੰਬਰ 2024 ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਦੇ ਹਲਕੇ ਅੰਮ੍ਰਿਤਸਰ ਵਿੱਚ ਸੂਬਾ ਪੱਧਰੀ ਵਿਸ਼ਾਲ ਰੋਸ ਧਰਨਾ ਦੇਣ ਉਪਰੰਤ ਵੱਡਾ ਰੋਸ ਮਾਰਚ ਕੀਤਾ ਜਾਵੇਗਾ। ਇਸ ਧਰਨੇ ਵਿੱਚ ਪੂਰੇ ਪੰਜਾਬ ਤੋਂ ਬਿਜਲੀ ਬੋਰਡ ਦੇ ਮੁਲਾਜ਼ਮ ਤੇ ਪੈਨਸ਼ਨਰ ਹਜ਼ਾਰਾਂ ਦੀ ਗਿਣਤੀ ਵਿੱਚ ਹਿੱਸਾ ਲੈਣਗੇ।ਅੱਜ ਦੇ ਇਸ ਰੋਸ ਧਰਨੇ ਵਿੱਚ ਸਾਥੀ ਸੁਖਦੇਵ ਸਿੰਘ, ਸਾਥੀ ਹਰਦੀਪ ਸਿੰਘ, ਸਾਥੀ ਸਤਨਾਮ ਸਿੰਘ, ਪੈਨਸ਼ਨਰ ਯੂਨੀਅਨ ਏਟਕ ਦੇ ਆਗੂ ਸਾਥੀ ਰਾਮ ਰਤਨ, ਸਾਥੀ ਸ਼ਾਮ ਸੁੰਦਰ, ਕਮਰਸ਼ੀਅਲ ਸਬ ਡਵੀਜ਼ਨ ਦੇ ਸਾਥੀ ਅਤਿੰਦਰਪਾਲ ਸਿੰਘ, ਸਬ ਅਰਬਨ ਸਬ ਡਵੀਜ਼ਨ ਦੇ ਪ੍ਰਧਾਨ ਸਾਥੀ ਸੁਰਮੁੱਖ ਸਿੰਘ ਤੇ ਮੰਡਲ ਦਫ਼ਤਰ ਰਾਜਪੁਰਾ ਤੋਂ ਸ੍ਰੀਮਤੀ ਸੁਰੇਖਾ ਰਾਣੀ ਤੇ ਹੋਰ ਆਗੂਆਂ ਨੇ ਹਿੱਸਾ ਲਿਆ।ਅੰਤ ਵਿੱਚ ਆਏ ਸਾਰੇ ਸਾਥੀਆਂ ਦਾ ਧੰਨਵਾਦ ਡਵੀਜ਼ਨ ਰਾਜਪੁਰਾ ਦੇ ਸਰਪ੍ਰਸਤ ਸਾਥੀ ਪਰਮਜੀਤ ਸਿੰਘ ਵੱਲੋਂ ਕੀਤਾ ਗਿਆ।

**ਚੌਕੀਮਾਨ/ਅੱਡਾ ਦਾਖਾ (ਬਲਬੀਰ ਮਾਨ, ਗੁਰਮੇਲ ਮੈਲਡੇ)** : ਪੰਜਾਬ ਅੰਦਰ ਵਿਚਰ ਰਹੀਆਂ ਰਾਜਨੀਤਕ ਪਾਰਟੀਆਂ ਅਕਾਲੀ, ਭਾਜਪਾ, ਕਾਂਗਰਸ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ ਬਦਲਾ ਲੈਂਦਿਆਂ ਆਮ ਆਦਮੀ ਪਾਰਟੀ ਨੂੰ ਸੱਤਾ 'ਚ ਲਿਆਉਣ ਦੀ ਗੱਲ ਪੰਜਾਬ ਦੇ ਲੋਕਾਂ ਨੇ ਕੀਤੀ ਸੀ, ਪ੍ਰੰਤੂ ਭੰਡਾਂ ਦੀ ਸਰਕਾਰ ਦੇ ਸੇਖ ਚਿੱਲੀ ਮੁੱਖ ਮੰਤਰੀ ਨੇ ਚੋਣ ਮਨੋਰਥ ਪੱਤਰਾਂ ਵਿੱਚ ਕੀਤੇ ਵਾਅਦਿਆਂ ਨੂੰ ਭੁੱਲ ਕੇ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਬਦਲਾ ਲਊ ਨੀਤੀਆਂ ਤਹਿਤ ਵਾਰ ਵਾਰ ਮੀਟਿੰਗਾਂ ਤਹਿ ਕਰਕੇ ਆਉਣ ਵਾਲੇ ਚੋਣ ਜ਼ਾਬਤੇ ਤੱਕ ਮਸਲੇ ਟਾਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਕਾਰਨ ਹਰ ਆਮ ਨਾਗਰਿਕ ਇਸ ਨਿਕੰਮੀ ਸਰਕਾਰ ਤੋਂ ਨਿਰਾਸ਼ ਹੈ। ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਨੇ ਪਹਿਲਾਂ ਹੀ 18 ਅਗਸਤ ਦੀਆਂ ਬਰਨਾਲਾ ਤੇ ਚੱਬੇਵਾਲ ਦੀਆਂ ਰੈਲੀਆਂ ਕਰਕੇ ਖੁੱਲ੍ਹੇ ਚੈਲਿੰਜ ਰਾਹੀਂ ਦੱਸ ਦਿੱਤਾ ਸੀ ਕਿ ਜੇਕਰ ਪਹਿਲਾਂ ਦਿੱਤੀਆਂ ਮੀਟਿੰਗਾਂ ਵਾਂਗ ਮੁੱਖ ਮੰਤਰੀ ਨਾਲ 22 ਅਗਸਤ ਦੀ ਮੀਟਿੰਗ ਰੱਦ ਕਰਕੇ ਅੱਗੇ ਪਾਈ ਗਈ ਤਾਂ ਪੂਰੇ ਪੰਜਾਬ ਅੰਦਰ 22, 23, 24 ਅਗਸਤ ਨੂੰ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕ ਕੇ ਵਿੱਚ ਚੌਰਾਹੇ ਪਾਪਾਂ ਦਾ ਘੜਾ ਭੰਨਿਆ ਜਾਵੇਗਾ। ਇਸੇ ਲੜੀ ਤਹਿਤ ਅੱਜ ਪ੍ਰਧਾਨ ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਮੰਡਲ ਯੂਨਿਟ ਅੱਡਾ ਦਾਖਾ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਸੀਨੀਅਰ ਪ੍ਰਧਾਨ ਚਮਕੌਰ ਸਿੰਘ ਬਰਮੀ, ਕੇਵਲ ਸਿੰਘ ਬਨਵੈਤ, ਸਕੱਤਰ ਬਲਵੀਰ ਸਿੰਘ ਮਾਨ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਇਸ ਅਰਥੀ ਫੂਕ ਮੁਜ਼ਾਹਰੇ ਨੂੰ ਕਾਮਯਾਬ ਕੀਤਾ। ਇਸ ਮੌਕੇ ਬੋਲਦਿਆਂ ਸਰਕਲ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ, ਸਕੱਤਰ ਬਲਵਿੰਦਰ ਸਿੰਘ ਇਯਾਲੀ, ਵਿੱਤ ਸਕੱਤਰ ਦਰਸ਼ਨ ਸਿੰਘ, ਹੰਸ ਰਾਜ, ਜਸਮੇਲ ਸਿੰਘ ਮੋਹੀ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਵਾਅਦੇ ਪੂਰੇ ਨਾ ਕੀਤੇ ਤਾਂ 8 ਸਤੰਬਰ ਨੂੰ ਡੇਰਾ ਬਾਬਾ ਨਾਨਕ ਤੇ ਗਿੱਦੜਬਾਹਾ ਹਲਕਿਆਂ ਵਿੱਚ ਆਮ ਆਦਮੀ ਪਾਰਟੀ ਨੂੰ ਰਾਜਨੀਤਕ ਗਿੱਦੜ ਕੁੱਟ ਕੁੱਟਦਿਆਂ ਸੱਤਾ ਤੋਂ ਲਾਂਭੇ ਕਰਨ ਦੀਆਂ ਤਿਆਰੀਆਂ ਵਿੱਢੀਆਂ ਜਾਣਗੀਆਂ। ਇਸ ਮੌਕੇ ਮਨਜੀਤ ਸਿੰਘ ਬੁਰਜ ਰਿੱਟਾਂ, ਸਤਪਾਲ ਭਨੋਹੜ, ਚਰਨਜੀਤ ਸਿੰਘ ਘਮਨੇਵਾਲ, ਮਲਕੀਤ ਸਿੰਘ ਚਚਰਾੜੀ, ਜੋਰਾ ਸਿੰਘ ਸੁਧਾਰ, ਮੱਘਰ ਸਿੰਘ ਕਲੇਰਾਂ, ਨਿਰਮਲ ਸਿੰਘ ਸੋਹੀਆਂ, ਨਰੇਸ਼ ਕੁਮਾਰ, ਦਰਬਾਰਾ ਸਿੰਘ ਲਲਤੋਂ, ਮਿਲਖਾ ਸਿੰਘ ਹਸਨਪੁਰੀ, ਬਲਬੀਰ ਸਿੰਘ ਘਮਨੇਵਾਲ, ਹਰਨੇਕ ਸਿੰਘ ਨੇਕੀ, ਮਹਿੰਦਰ ਸਿੰਘ ਟੂਸੇ ਆਦਿ ਨੇ ਨਾਅਰੇਬਾਜ਼ੀ ਕਰਦਿਆਂ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ।

**ਮੱਖੂ (ਰਛਪਾਲ ਸਿੰਘ ਸੰਧੂ)** : ਜਾਇੰਟ ਫੋਰਮ ਦੇ ਸੱਦੇ 'ਤੇ ਪੀਐੱਸਈਬੀ ਇੰਪਲਾਈਜ਼ ਜਾਇੰਟ ਫੋਰਮ ਸਬ ਡਵੀਜ਼ਨ ਮਖੂ ਦੇ ਮੈਂਬਰਾਂ ਵੱਲੋਂ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਨਾ ਕਰਨ ਦੇ ਵਿਰੋਧ ਵਿੱਚ ਸਾਥੀ ਪ੍ਰਤਾਪ ਸਿੰਘ ਪ੍ਰਧਾਨ ਤੇ ਸਾਥੀ ਵੱਸਣ ਸਿੰਘ ਲਹੁਕਾ, ਬਲਬੀਰ ਸਿੰਘ ਲਹੁਕਾ ਦੀ ਅਗਵਾਈ ਵਿੱਚ ਬਿਜਲੀ ਘਰ ਸਬ ਡਵੀਜ਼ਨ ਮਖੂ ਵਿਖੇ ਰੋਸ ਧਰਨਾ ਦਿੱਤਾ ਗਿਆ ਅਤੇ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਧਰਨੇ ਨੂੰ ਪ੍ਰਤਾਪ ਸਿੰਘ ਪ੍ਰਧਾਨ, ਸਾਥੀ ਵੱਸਣ ਸਿੰਘ ਲਾਹੁਕਾ, ਬਲਬੀਰ ਸਿੰਘ ਲਹੁਕਾ, ਜਗਦੇਵ ਸਿੰਘ ਮੰਡਲ ਆਗੂ, ਜਸਵੀਰ ਸਿੰਘ ਪੱਟੀ, ਜੀਵਨ ਜੀਤ ਸਿੰਘ ਸਕੱਤਰ, ਗੁਰਪ੍ਰੀਤ ਸਿੰਘ ਐੱਸ ਐੱਸ ਏ, ਦਲੇਰ ਸਿੰਘ ਮਖੂ, ਸੁਰਜੀਤ ਸਿੰਘ ਚੱਕੀਆਂ, ਕਪਿਲ ਅਰੋੜਾ, ਸੁਖਵਿੰਦਰ ਸਿੰਘ ਘੁੱਦੂ ਵਾਲਾ, ਸੁਖਦੇਵ ਸਿੰਘ ਲਹੁਕਾ ਮੰਡਲ ਪ੍ਰਧਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਾ ਕਰਨ ਦੇ ਵਿਰੋਧ ਵਿੱਚ, 295/19 ਦੇ ਸਾਥੀਆਂ ਨਾਲ ਹੋ ਰਹੀ ਬੇਇਨਸਾਫੀ ਦੇ ਵਿਰੋਧ ਵਿੱਚ, ਖਾਲੀ ਪਈਆਂ ਅਸਾਮੀਆਂ ਨੂੰ ਨਾ ਭਰਨ ਵਿਰੁੱਧ, ਕਲੈਰੀਕਲ ਸਟਾਫ ਨੂੰ ਪੂਰਾ ਨਾ ਕਰਨ ਦੇ ਵਿਰੋਧ ਵਿਚ ਤੇ ਹੋਰ ਮੰਗਾਂ ਸੰਬੰਧੀ ਧਰਨਾ ਲਗਾਇਆ ਗਿਆ। ਉਨ੍ਹਾਂ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮੁਲਾਜ਼ਮਾਂ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਦੀ ਹੋਵੇਗੀ।

# ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ 'ਚ ਹੜਤਾਲ ਜਾਰੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਚੱਲ ਰਹੀ ਹੜਤਾਲ ਵੀਰਵਾਰ ਸੱਤਵੇਂ ਦਿਨ ਵਿੱਚ ਪਹੁੰਚ ਗਈ।ਕੋਲਕਾਤਾ ਮੈਡੀਕਲ ਕਾਲਜ ਵਿੱਚ ਇੱਕ ਪੀਜੀ ਡਾਕਟਰ ਦੀ ਬੇਰਹਿਮੀ ਨਾਲ ਹੱਤਿਆ ਦੇ ਦੋਸ਼ੀਆਂ ਖਿਲਾਫ ਇਹ ਹੜਤਾਲ ਡਾਕਟਰੀ ਭਾਈਚਾਰੇ ਵਿੱਚ ਨਿਰੰਤਰ ਸਮਰਪਣ ਤੇ ਵਧ ਰਹੀ ਏਕਤਾ ਦਾ ਪ੍ਰਤੀਕ ਹੈ।ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਦੇ ਰੈਜ਼ੀਡੈਂਟ ਡਾਕਟਰਜ਼ ਐਸੋਸੀਏਸ਼ਨ ਦੇ ਪ੍ਰਧਾਨ ਡਾ: ਰਾਮ ਮੇਹਰ ਸ਼ਰਮਾ, ਮੀਤ ਪ੍ਰਧਾਨ ਡਾ: ਸ਼ਾਲੂ ਗੁਪਤਾ, ਮੁੱਖ ਸਕੱਤਰ ਡਾ: ਅਮਨਦੀਪ ਕੌਰ ਤੇ ਸਕੱਤਰ ਡਾ: ਪ੍ਰਗਟ ਸਿੰਘ ਨੇ ਦੱਸਿਆ ਕਿ ਰੋਸ ਪ੍ਰਦਰਸ਼ਨ 'ਚ ਹਸਪਤਾਲ ਦੇ ਸਟਾਫ਼ ਸਮੇਤ ਡਾ. ਰੈਜ਼ੀਡੈਂਟ ਡਾਕਟਰਾਂ ਨਾਲ ਅੱਜ ਦੇ ਧਰਨੇ ਦੀ ਖਾਸ ਗੱਲ ਇਹ ਹੈ ਕਿ ਇਹ 30 ਫੁੱਟ ਲੰਬਾ ਹੱਥਾਂ ਨਾਲ ਪੇਂਟ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਟ੍ਰੀਟ ਪਲੇ ਪ੍ਰਦਰਸ਼ਨ ਵੀ ਕੀਤਾ ਗਿਆ, ਜੋਕਿ ਜਾਗਰੂਕਤਾ ਪੈਦਾ ਕਰਨ ਤੇ ਲੋਕਾਂ ਨੂੰ ਸ਼ਾਮਲ ਕਰਨ ਲਈ, ਵਿਦਿਆਰਥੀਆਂ ਨੇ ਜਾਗਰੂਕਤਾ ਪੈਦਾ ਕਰਨ ਤੇ ਜਨਤਾ ਨੂੰ ਸ਼ਾਮਲ ਕਰਨ ਲਈ ਹਸਪਤਾਲ ਦੇ ਅਹਾਤੇ ਵਿੱਚ 'ਨੁੱਕੜ ਨਾਟਕ' (ਸਟ੍ਰੀਟ ਪਲੇ) ਦਾ ਪ੍ਰਦਰਸ਼ਨ ਕੀਤਾ ਗਿਆ।ਪ੍ਰਦਰਸ਼ਨ ਨੂੰ ਚੰਗੀ ਤਰ੍ਹਾਂ ਪ੍ਰਾਪਤ ਕੀਤਾ ਗਿਆ ਤੇ ਸਿਹਤ ਸੰਭਾਲ ਪੇਸ਼ੇਵਰਾਂ ਦੁਆਰਾ ਦਰਪੇਸ਼ ਸੰਘਰਸ਼ਾਂ ਅਤੇ ਚੁਣੌਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਗਟ ਕੀਤਾ ਗਿਆ, ਤੁਰੰਤ ਕਾਰਵਾਈ ਤੇ ਪ੍ਰਣਾਲੀਗਤ ਤਬਦੀਲੀ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।ਆਗਾਮੀ ਖ਼ੂਨਦਾਨ ਕੈਂਪ ਦਾ ਆਯੋਜਨ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਦੇ ਉਦੇਸ਼ ਪ੍ਰਤੀ ਇਕਜੁੱਟਤਾ ਤੇ ਵਚਨਬੱਧਤਾ ਨੂੰ ਦਰਸਾਉਣ ਲਈ ਰੈਜ਼ੀਡੈਂਟ ਡਾਕਟਰਜ਼ ਐਸੋਸੀਏਸ਼ਨ (ਆਰ.ਡੀ.ਏ.) ਭਲਕੇ ਖ਼ੂਨਦਾਨ ਕੈਂਪ ਦਾ ਆਯੋਜਨ ਕਰੇਗੀ।ਇਵੈਂਟ ਦਾ ਉਦੇਸ਼ ਨਾ ਸਿਰਫ਼ ਭਾਈਚਾਰੇ ਦਾ ਸਮਰਥਨ ਕਰਨਾ ਹੈ, ਸਗੋਂ ਸਾਨੂੰ ਦੂਜਿਆਂ ਦੀ ਭਲਾਈ ਲਈ ਸਾਡੇ ਸਮਰਪਣ ਦੀ ਯਾਦ ਦਿਵਾਉਣਾ ਵੀ ਹੈ, ਭਾਵੇਂ ਅਸੀਂ ਆਪਣੇ ਹੱਕਾਂ ਲਈ ਲੜਦੇ ਹਾਂ।ਅੱਜ ਵੀ ਰੋਸ ਵਜੋਂ ਓਪੀਡੀ ਸੇਵਾਵਾਂ ਮੁਅੱਤਲ ਰਹੀਆਂ, ਜਦੋਂਕਿ ਗੰਭੀਰ ਮਰੀਜ਼ਾਂ ਦੀ ਦੇਖਭਾਲ ਵਿੱਚ ਵਿਘਨ ਨਾ ਪੈਣ ਨੂੰ ਯਕੀਨੀ ਬਣਾਉਣ ਲਈ ਐਮਰਜੈਂਸੀ ਸੇਵਾਵਾਂ ਆਮ ਵਾਂਗ ਚੱਲਦੀਆਂ ਰਹੀਆਂ।ਉਨ੍ਹਾਂ ਕਿਹਾ ਕਿ ਅਸੀਂ ਆਪਣੀਆਂ ਮੰਗਾਂ 'ਤੇ ਦ੍ਰਿੜ੍ਹ ਹਾਂ ਤੇ ਜ਼ਮੀਨੀ ਪੱਧਰ 'ਤੇ ਸਾਰਥਕ ਕਾਰਵਾਈ ਤੇ ਸੁਧਾਰ ਹੋਣ ਤੱਕ ਹੜਤਾਲ ਜਾਰੀ ਰੱਖਾਂਗੇ।

## ਕਾਤਰਾਂ

### ਫੇਰੀ ਵਾਲੇ ਤੋਂ ਨਕਦੀ ਤੇ ਮੋਬਾਈਲ ਖੋਹਿਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਬੀਤੀ ਸ਼ਾਮ ਪਿੰਡ ਚੱਕ ਸ਼ੇਰੇਵਾਲਾ ਨੇੜਿਓਂ ਸ੍ਰੀ ਮੁਕਤਸਰ ਸਾਹਿਬ ਵਾਸੀ ਸੰਦੀਪ ਕੁਮਾਰ (ਤੇਲੀਆਂ ਵਾਲੀ ਗਲੀ) ਪੁੱਤਰ ਸ਼ਾਮ ਲਾਲ ਨੂੰ ਮੋਟਰਸਾਈਕਲ 'ਤੇ ਸਵਾਰ 2 ਲੁਟੇਰਿਆਂ ਨੇ ਲੁੱਟ ਲਿਆ ਤੇ ਉਸ ਕੋਲੋਂ 8 ਹਜ਼ਾਰ ਰੁਪਏ ਤੇ ਮੋਬਾਈਲ ਫੋਨ ਖੋਹ ਲਿਆ।ਇਸ ਤੋਂ ਇਲਾਵਾ ਉਸ ਦੇ ਬਟੂਏ ਵਿੱਚ ਕੁੱਝ ਜ਼ਰੂਰੀ ਕਾਗਜ਼ ਪੱਤਰ ਵੀ ਸਨ।ਸੰਦੀਪ ਕੁਮਾਰ ਪਿੰਡ ਪਾਕਾ ਵਾਲੇ ਪਾਸੇ ਤੋਂ ਚੱਕ ਸ਼ੇਰੇਵਾਲਾ ਰਾਹੀਂ ਸ੍ਰੀ ਮੁਕਤਸਰ ਸਾਹਿਬ ਨੂੰ ਆ ਰਿਹਾ ਸੀ।ਉਹ ਚੱਪਲਾਂ ਦੇ ਸਟੈਪ ਪਿੰਡਾਂ ਵਿੱਚ ਜਾ ਕੇ ਵੇਚਦਾ ਹੈ।ਲੁਟੇਰਿਆਂ ਨੇ ਪਹਿਲਾਂ ਉਸ ਨੂੰ ਡੰਡਿਆਂ ਨਾਲ ਕੁੱਟਿਆ।ਪੀੜਤ ਵਿਅਕਤੀ ਨੇ ਇਹ ਮਾਮਲਾ ਲੱਖੇਵਾਲੀ ਪੁਲਸ ਦੇ ਧਿਆਨ ਵਿੱਚ ਲਿਆਂਦਾ ਹੈ ਤੇ ਪੁਲਸ ਮਾਮਲੇ ਦੀ ਪੜਤਾਲ ਕਰ ਰਹੀ ਹੈ।

### ਕਰੰਟ ਲੱਗਣ ਨਾਲ ਮਿਸਤਰੀ ਦੀ ਮੌਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਦੇ ਸਰਗਰਮ ਮੈਂਬਰ ਹਰਜਿੰਦਰ ਸਿੰਘ ਜਗਦੇ (30) ਪੁੱਤਰ ਮਿਸਤਰੀ ਹਰਪਾਲ ਸਿੰਘ ਪਾਲਾ ਵਾਸੀ ਮਹਿਲ ਖੁਰਦ (ਬਰਨਾਲਾ), ਜੋ ਪਿੰਡ ਖੇੜੀ ਕਲਾਂ ਵਿਖੇ ਸਰਵਿਸ ਸਟੇਸ਼ਨ, ਵਰਕਸ਼ਾਪ ਦਾ ਕਾਰੋਬਾਰ ਚਲਾ ਕੇ ਰੁਜ਼ਗਾਰ ਤੋਰ ਰਿਹਾ ਸੀ, ਘਟਨਾ ਸਮੇਂ ਛੋਟੇ ਹਾਥੀ ਟੈਂਪੂ ਦਾ ਕੰਮ ਕਰਦੇ ਸਮੇਂ ਕਟਰ ਦੀ ਬਿਜਲੀ ਸਪਲਾਈ ਤਾਰ ਕੂਹਣੀ ਨੂੰ ਛੂਹ ਜਾਣ ਨਾਲ ਬਿਜਲੀ ਕਰੰਟ ਦਾ ਜ਼ੋਰਦਾਰ ਝਟਕਾ ਲੱਗਿਆ, ਜਿਸ ਨੂੰ ਤੁਰੰਤ ਹੀ ਸਿਵਲ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਇਸ ਦੁਖਦਾਈ ਖਬਰ ਦਾ ਪਤਾ ਲੱਗਦਿਆਂ ਹੀ ਇਲਾਕੇ ਅੰਦਰ ਸੋਗ ਦੀ ਲਹਿਰ ਫੈਲ ਗਈ।ਮ੍ਰਿਤਕ ਨੌਜਵਾਨ ਹਰਜਿੰਦਰ ਸਿੰਘ ਜਗਦੇ ਦਾ ਅੰਤਿਮ ਸੰਸਕਾਰ ਗਮਗੀਨ ਮਾਹੌਲ ਵਿੱਚ ਪਿੰਡ ਮਹਿਲ ਖੁਰਦ ਵਿਖੇ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ 'ਚ ਪਿੰਡ ਵਾਸੀਆਂ, ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਦੇ ਆਗੂਆਂ, ਵੱਖ-ਵੱਖ ਰਾਜਨੀਤਕ, ਧਾਰਮਿਕ, ਸਮਾਜਿਕ ਆਗੂਆਂ ਨੇ ਪੀੜਤ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਦਿਲੀ ਹਮਦਰਦੀ ਜ਼ਾਹਰ ਕੀਤੀ।

### 20 ਲੀਟਰ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਖੇੜੀ ਨੌਧ ਸਿੰਘ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ 20 ਲੀਟਰ ਸ਼ਰਾਬ ਸਣੇ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਥਾਣਾ ਖੇੜੀ ਨੌਧ ਸਿੰਘ ਦੀ ਇੱਕ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਭੜੀ ਤੋਂ ਖੇੜੀ ਨੌਧ ਸਿੰਘ ਵੱਲ ਨੂੰ ਜਾ ਰਹੀ ਸੀ ਤਾਂ ਪਿੰਡ ਰਾਇਪੁਰ ਦੇ ਲੇਬਰ ਭੱਠੇ ਨਜ਼ਦੀਕ ਪੁਲਸ ਨੂੰ ਇੱਕ ਮੋਨਾ ਵਿਅਕਤੀ ਸ਼ੱਕੀ ਹਾਲਤ ਵਿੱਚ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਰੋਕ ਕੇ ਪੁੱਛੇ ਜਾਣ 'ਤੇ ਉਸਨੇ ਆਪਣੀ ਪਛਾਣ ਰਣਜੀਤ ਸਿੰਘ ਉਰਫ ਟਿੰਕੂ ਵਾਸੀ ਪਿੰਡ ਘੇਲ ਵਜੋਂ ਦੱਸੀ।ਸਹਾਇਕ ਥਾਣੇਦਾਰ ਬਿਕਰਮਜੀਤ ਸਿੰਘ ਵੱਲੋਂ ਰਣਜੀਤ ਸਿੰਘ ਟਿੰਕੂ ਦੇ ਕਬਜ਼ੇ ਵਾਲੀ ਕੈਨੀ ਨੂੰ ਚੈੱਕ ਕੀਤਾ ਗਿਆ ਤਾਂ ਉਸ 'ਚੋਂ 20 ਲੀਟਰ ਨਜਾਇਜ਼ ਸ਼ਰਾਬ ਬਰਾਮਦ ਹੋਈ।ਇਸ ਸਬੰਧੀ ਥਾਣਾ ਖੇੜੀ ਨੌਧ ਸਿੰਘ ਵਿਖੇ ਅ/ਧ 61/1/14 ਆਬਕਾਰੀ ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਰਣਜੀਤ ਸਿੰਘ ਉਰਫ਼ ਟਿੰਕੂ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਖੇੜੀ ਨੌਧ ਸਿੰਘ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਵਾਲੀਬਾਲ ਟੂਰਨਾਮੈਂਟ 'ਚ ਸੋਨ ਤਮਗ਼ੇ ਜਿੱਤੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੇਵੀਗੜ੍ਹ ਦੇ ਖਿਡਾਰੀਆਂ ਨੇ ਸਹੋਦਿਆ ਵੱਲੋਂ ਕਰਾਏ ਗਏ ਵਾਲੀਬਾਲ ਟੂਰਨਾਮੈਂਟ, ਜੋ 21 ਅਗਸਤ ਨੂੰ ਸਪਾਰਕਲਿੰਗ ਕਿਡਸ ਪਾਤੜਾਂ ਵਿਖੇ ਹੋਇਆ, ਵਿੱਚ ਖਿਡਾਰੀਆਂ ਨੇ ਸੋਨ ਤਮਗੇ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਕੋਚ ਦਰਸ਼ਨ ਸਿੰਘ ਦੀ ਅਗਵਾਈ ਵਿੱਚ ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਨੇ ਟੂਰਨਾਮੈਂਟ 'ਚ ਭਾਗ ਲਿਆ।ਟੂਰਨਾਮੈਂਟ ਵਿੱਚ ਵੱਖ-ਵੱਖ ਸਕੂਲਾਂ ਦੇ ਲਗਭਗ 250 ਦੇ ਕਰੀਬ ਖਿਡਾਰੀਆਂ ਨੇ ਭਾਗ ਲਿਆ।ਇਸ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਦੇ ਅੰਡਰ 19 ਲੜਕਿਆਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਮਗੇ ਜਿੱਤ ਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਨ੍ਹਾਂ ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਸਕੂਲ ਦੇ ਨਿਰਦੇਸ਼ਕ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਪ੍ਰਿੰਸੀਪਲ ਮੈਡਮ ਤਰਨਦੀਪ ਕੌਰ ਅਰੋੜਾ ਤੇ ਅਕਾਦਮਿਕ ਡਾਇਰੈਕਟਰ ਮੈਡਮ ਤਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉਪਲਬਧੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਣ ਵਾਲੀਆਂ ਪ੍ਰਤੀਯੋਗਤਾਵਾਂ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ।

# ਅਧਿਆਪਕ ਜਥੇਬੰਦੀਆਂ ਵੱਲੋਂ ਡੀ ਈ ਓ ਐਲੀਮੈਂਟਰੀ ਵਿਰੁੱਧ ਧਰਨਾ



**ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸਿੰਘ ਸੱਪਲ)** : ਡੈਮੋਕ੍ਰੇਟਿਕ ਟੀਚਰਜ਼ ਫਰੰਟ ਸੰਗਰੂਰ ਤੇ 6505 ਅਧਿਆਪਕ ਯੂਨੀਅਨ ਸੰਗਰੂਰ ਵੱਲੋਂ ਡੀ.ਈ.ਓ. ਐਲੀਮੈਂਟਰੀ ਸੰਗਰੂਰ ਦੇ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ।ਧਰਨੇ ਨੂੰ ਡੀ.ਟੀ.ਐੱਫ. ਦੇ ਦਾਤਾ ਸਿੰਘ ਨਮੋਲ, ਜਗਦੇਵ ਕੁਮਾਰ, ਨਾਇਬ ਸਿੰਘ ਰਟੋਲਾਂ, ਸੁਖਜਿੰਦਰ ਸੰਗਰੂਰ, ਰਣਬੀਰ ਜਖੇਪਲ, ਜਸਬੀਰ ਨਮੋਲ ਤੇ 6505 ਅਧਿਆਪਕ ਜਥੇਬੰਦੀ ਦੇ ਸੰਸਾਰ ਸਿੰਘ, ਅਧਿਆਪਕ ਆਗੂ ਪ੍ਰੇਮ ਨਿਮਾਣਾ ਨੇ ਸੰਬੋਧਨ ਕੀਤਾ।ਬੁਲਾਰਿਆਂ ਨੇ ਸੰਬੋਧਨ ਵਿੱਚ ਕਿਹਾ ਕਿ ਡੀ.ਈ.ਓ. ਵੱਲੋਂ ਜਥੇਬੰਦੀਆਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ ਅਤੇ ਮੀਟਿੰਗ ਤੈਅ ਕਰਕੇ ਮਿਲਿਆ ਨਹੀਂ ਜਾ ਰਿਹਾ ਤੇ ਨਾ ਹੀ ਆਗੂਆਂ ਦੇ ਫੋਨ ਚੁੱਕੇ ਜਾ ਰਹੇ ਹਨ।ਜਥੇਬੰਦੀਆਂ ਵੱਲੋਂ ਨੋਟ ਕਰਾਏ ਅਧਿਆਪਕਾਂ ਦੇ ਮੰਗਾਂ ਮਸਲੇ ਹੱਲ ਨਹੀਂ ਕੀਤੇ ਜਾ ਰਹੇ। ਡੀ.ਈ.ਓ. ਦੀ ਗੈਰ-ਮੌਜੂਦਗੀ ਵਿੱਚ ਡਿਪਟੀ ਡੀ.ਈ.ਓ. ਵੱਲੋਂ ਆਪਣਾ ਕੰਮ ਸਿਰਫ ਅਧਿਆਪਕਾਂ ਦੇ ਮੰਗਾਂ ਮਸਲੇ ਨੋਟ ਕਰਨ ਤੱਕ ਸੀਮਤ ਕਰ ਰੱਖਿਆ ਹੈ, ਜਦਕਿ ਨਿਯਮਾਂ ਡੀ.ਈ.ਓ. ਦੀ ਗੈਰ-ਮੌਜੂਦਗੀ ਵਿੱਚ ਉਹ ਪੂਰੀ ਤਰ੍ਹਾਂ ਪ੍ਰਬੰਧਕੀ ਕੰਮ ਨੂੰ ਚਲਾਉਣ ਦੇ ਜ਼ਿੰਮੇਵਾਰ ਹਨ, ਪ੍ਰੰਤੂ ਉਨ੍ਹਾਂ ਦੁਆਰਾ ਵੀ ਜਥੇਬੰਦੀਆਂ ਨੂੰ ਲਾਰੇ-ਲੱਪੇ ਹੀ ਲਾਏ ਜਾ ਰਹੇ ਹਨ। ਅਧਿਕਾਰੀਆਂ ਦੇ ਅਜਿਹੇ ਰਵੱਈਏ ਕਾਰਨ ਹੀ ਅੱਜ ਉਨ੍ਹਾਂ ਨੂੰ ਇਹ ਰੋਸ ਧਰਨਾ ਲਾਉਣ ਲਈ ਮਜਬੂਰ ਹੋਣਾ ਪਿਆ ਹੈ।ਆਗੂਆਂ ਨੇ ਕਿਹਾ ਕਿ ਜਥੇਬੰਦੀਆਂ ਲੰਮੇ ਸਮੇਂ ਤੋਂ ਈਟੀਟੀ ਤੋਂ ਹੈੱਡ ਟੀਚਰਾਂ ਦੀਆਂ ਤਰੱਕੀਆਂ ਦਾ ਪਾਲਿਸੀ ਅਨੁਸਾਰ ਬਣਦਾ ਬੈਕਲਾਗ ਭਰਨ, ਇਹ ਤਰੱਕੀਆਂ ਤੁਰੰਤ ਕਰਨ, ਬਲਾਕ ਚੀਮਾ ਦੇ ਅਧਿਆਪਕਾਂ ਨੂੰ 2021-22 ਤੇ 2022-23 ਦੀਆਂ ਏ.ਸੀ.ਆਰ. ਨਿਯਮਾਂ ਅਨੁਸਾਰ ਅਧਿਕਾਰੀਆਂ ਦੇ ਹਸਤਾਖਰ ਕਰਵਾ ਕੇ ਤੁਰੰਤ ਦੇਣ, ਡਾਇਰੈਕਟਰ ਸਕੂਲ ਸਿੱਖਿਆ ਦੇ ਹੁਕਮਾਂ ਅਨੁਸਾਰ ਬਲਾਕ ਚੀਮਾ ਦੇ ਬੀ.ਪੀ.ਈ.ਓ. ਵਿਰੁੱਧ ਸਾਰੀਆਂ ਸ਼ਿਕਾਇਤਾਂ ਦੀ ਪੜਤਾਲ ਨਿਰਪੱਖ ਜਾਂਚ ਅਧਿਕਾਰੀ ਲਗਾ ਕੇ ਜਲਦ ਤੋਂ ਜਲਦ ਕਰਵਾ ਕੇ ਉਸ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਕਰਨ ਤੇ ਬਲਾਕ ਸੰਗਰੂਰ 2 ਦੇ ਬੀ.ਪੀ.ਈ.ਓ. ਵੱਲੋਂ ਮਈ ਮਹੀਨੇ ਵਿੱਚ ਚੋਣ ਡਿਊਟੀ ਕਰਨ ਵਾਲੇ ਅਧਿਆਪਕਾਂ ਦਾ ਕੱਟਿਆ ਮੋਬਾਇਲ ਭੱਤਾ ਤੁਰੰਤ ਜਾਰੀ ਕਰਨ ਦੀਆਂ ਹਦਾਇਤਾਂ ਕਰਨ ਦੀਆਂ ਮੰਗਾਂ ਡੀ.ਈ.ਓ. ਦੇ ਧਿਆਨ ਵਿੱਚ ਲਿਆ ਰਹੀਆਂ ਹਨ, ਪ੍ਰੰਤੂ ਡੀ.ਈ.ਓ. ਵੱਲੋਂ ਅਧਿਆਪਕਾਂ ਦੇ ਮੰਗਾਂ-ਮਸਲਿਆਂ ਪ੍ਰਤੀ ਗ਼ੈਰ-ਸੰਵੇਦਨਸ਼ੀਲ ਰਵੱਈਆ ਅਪਣਾਇਆ ਜਾ ਰਿਹਾ ਹੈ ਤੇ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ।ਆਗੂਆਂ ਨੇ ਕਿਹਾ ਕਿ ਇਸ ਤਰ੍ਹਾਂ ਲੱਗ ਰਿਹਾ ਹੈ ਕਿ ਡੀ.ਈ.ਓ. ਦਫ਼ਤਰ ਅਧਿਆਪਕਾਂ ਦੇ ਕੰਮਾਂ ਨੂੰ ਜਾਣ-ਬੁੱਝ ਕੇ ਲਟਕਾਉਣ ਤੇ ਅਨੇਕਾਂ ਬੇਨਿਯਮੀਆਂ ਦੇ ਦੋਸ਼ੀ ਬੀ.ਪੀ.ਈ.ਓ. ਚੀਮਾ ਨੂੰ ਬਚਾਉਣ ਵਿੱਚ ਲੱਗਿਆ ਹੋਇਆ ਹੈ।ਆਗੂਆਂ ਨੇ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਮੁੱਖ-ਮੰਤਰੀ ਤੇ ਕੈਬਨਿਟ ਮੰਤਰੀਆਂ ਦੇ ਜ਼ਿਲ੍ਹੇ ਵਿੱਚ ਅਧਿਕਾਰੀਆਂ ਦਾ ਅਜਿਹਾ ਹਾਲ ਹੈ, ਜਿਸ ਕਾਰਨ ਅਧਿਆਪਕਾਂ ਨੂੰ ਧਰਨੇ ਮੁਜ਼ਾਹਰੇ ਕਰਨੇ ਪੈ ਰਹੇ ਹਨ।ਧਰਨੇ ਵਿੱਚ ਉਕਤ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਭਾਗ ਲਿਆ।ਦਫ਼ਤਰ ਵੱਲੋਂ ਕੋਈ ਵੀ ਅਧਿਕਾਰੀ ਧਰਨਾਕਾਰੀ ਅਧਿਆਪਕਾਂ ਦੀ ਗੱਲ ਸੁਣਨ ਨਹੀਂ ਆਇਆ, ਜਿਸ ਕਾਰਨ ਜਥੇਬੰਦੀਆਂ ਨੇ ਆਉਂਦੇ ਦਿਨੀਂ ਡੀ.ਈ.ਓ. ਦੀਆਂ ਅਰਥੀਆਂ ਫੂਕਣ ਦਾ ਐਲਾਨ ਕੀਤਾ।

# ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ ਤੇ ਨਾਲ ਆਏ ਸਾਥੀਆਂ ਨੂੰ ਜੀ ਆਇਆਂ ਆਖਿਆ ਤੇ ਹਲਕਾ ਸਮਰਾਲਾ ਤੇ ਬਲਾਕ ਮਾਛੀਵਾੜਾ ਸਾਹਿਬ ਵਿਖੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਬਾਰੇ ਗੱਲ ਕੀਤੀ।ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਤੇ ਮਾਛੀਵਾੜਾ ਸਾਹਿਬ ਦੇ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਨਾਲ ਗੱਲਬਾਤ ਹੋਈ ਤਾਂ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ ਤੇ ਦੋ ਸਾਬਕਾ ਕੌਂਸਲਰ ਜਗਦੀਸ਼ ਸਿੰਘ ਰਾਠੌਰ ਤੇ ਬੋਧਰਾਜ ਬੁੱਧੂ ਤੋਂ ਇਲਾਵਾ ਤਜਿੰਦਰ ਪਾਲ ਬਰਾੜ, ਨਿਸ਼ਾਂਤ ਕੌੜਾ, ਰੋਹਿਤ ਕੰਡਾ ਇਨ੍ਹਾਂ ਆਏ ਸਾਰੇ ਸਾਥੀਆਂ ਦਾ ਸਵਾਗਤ ਕਰਦੇ ਹਾਂ ਅਤੇ ਧੰਨਵਾਦ ਵੀ ਕਰਦੇ ਹਾਂ ਕਿ ਜਿਨ੍ਹਾਂ ਨੇ ਸਾਡੀ ਸਰਕਾਰ ਨਾ ਹੋਣ ਦੇ ਬਾਵਜੂਦ ਕਾਂਗਰਸ ਪਾਰਟੀ ਦੇ ਮੋਢੇ ਨਾਲ ਮੋਢਾ ਲਾਇਆ, ਜੋ ਕਿ ਪਹਿਲਾਂ ਨਾਲੋਂ ਹੋਰ ਮਜ਼ਬੂਤ ਹੋਈ ਹੈ।ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਖੇਰੂੰ ਖੇਰੂੰ ਹੋਣ ਕਰਕੇ ਕੋਈ ਵਜੂਦ ਨਹੀਂ ਰਿਹਾ ਅਤੇ ਉਸ ਨੂੰ ਅਲਵਿਦਾ ਆਖ ਦਿੱਤਾ।ਇਸ ਲਈ ਨੈਸ਼ਨਲ ਕਾਂਗਰਸ ਪਾਰਟੀ ਵਿੱਚ ਜਾਣਾ ਚੰਗਾ ਸਮਝਿਆ ਤੇ ਅਸੀਂ ਕਾਂਗਰਸ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਾਂਗੇ ਤੇ ਕਾਂਗਰਸ ਪਾਰਟੀ ਨੂੰ ਕਾਮਯਾਬ ਕਰਾਂਗੇ।

ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ ਨੇ ਕਿਹਾ ਕਿ ਉਨ੍ਹਾਂ ਪ੍ਰਧਾਨਗੀ ਸਮੇਂ ਸ਼ਹਿਰ ਦੀਆਂ ਸਾਰੀਆਂ ਕਲੋਨੀਆਂ ਵਿੱਚ ਸੀਵਰੇਜ, ਪੱਕੀਆਂ ਸੜਕਾਂ, ਸ੍ਰੀ ਗੁਰੂ ਗੋਬਿੰਦ ਸਿੰਘ ਸਟੇਡੀਅਮ ਦਾ ਨਿਰਮਾਣ, ਟ੍ਰੀਟਮੈਂਟ ਪਲਾਂਟ ਦਾ ਨਿਰਮਾਣ ਆਦਿ ਕਰਵਾਇਆ ਹੈ ਜੋ ਕਿ ਅੱਜ ਲੋਕਾਂ ਨੂੰ ਵਧੀਆ ਸਹੂਲਤਾਂ ਦੇ ਰਿਹਾ ਹੈ।ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ ਨੇ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਉਹ ਭਾਰੀ ਬਹੁਮਤ ਨਾਲ ਕਾਂਗਰਸ ਨੂੰ ਜਿਤਾਉਣਗੇ ਤੇ ਇਸ ਇਤਿਹਾਸਕ ਸ਼ਹਿਰ ਦੀ ਦਿੱਖ ਬਦਲਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।

# ਲਾਇਬ੍ਰੇਰੀ ਨੂੰ ਆਧੁਨਿਕ ਬਣਾਉਣ ਲਈ ਪੁਰਾਣੇ ਵਿਦਿਆਰਥੀਆਂ ਵੱਲੋਂ ਉਪਰਾਲਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮਮਦੋਟ ਦੇ ਵਿਦਿਆਰਥੀਆਂ ਨੇ ਦੇਸ਼-ਵਿਦੇਸ਼ ਵਿੱਚ ਮਿਹਨਤ ਕਰਕੇ ਆਪਣਾ ਇੱਕ ਵਿਸ਼ੇਸ਼ ਸਥਾਨ ਬਣਾਇਆ ਹੈ ਤੇ ਪੁਰਾਣੇ ਵਿਦਿਆਰਥੀਆਂ ਨੇ ਸਕੂਲ ਵੱਲੋਂ ਦਿੱਤੀ ਗਈ ਸਿੱਖਿਆ ਤੇ ਅਮਲ ਕਰਦੇ ਹੋਏ ਸਕੂਲ ਨੂੰ ਸਹਿਯੋਗ ਦਿੱਤਾ ਗਿਆ।ਇਸ 'ਤੇ ਚਲਦੇ ਪੁਰਾਣੇ ਵਿਦਿਆਰਥੀ ਐਸੋਸੀਏਸ਼ਨ ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਲੋਕ ਚੇਤਨਾ ਮੰਚ ਮਮਦੋਟ ਵੱਲੋਂ ਸਾਂਝੇ ਸਹਿਯੋਗ ਨਾਲ ਸਕੂਲ ਵਿਚਲੀ ਲਾਇਬ੍ਰੇਰੀ ਨੂੰ ਆਧੁਨਿਕ ਤੇ ਨਿਵੇਕਲਾ ਬਣਾਉਣ ਦੇ ਮਕਸਦ ਨੂੰ ਲੈ ਕੇ ਛੋਟਾ ਜਿਹਾ ਯੋਗਦਾਨ ਦਿੱਤਾ ਗਿਆ, ਜਿਸ ਵਿੱਚ ਕੁਝ ਕਿਤਾਬਾਂ, ਕੁਰਸੀਆਂ, ਮੇਜ਼ ਤੇ ਏ. ਸੀ. ਆਦਿ ਦਾ ਯੋਗਦਾਨ ਪਾਇਆ ਗਿਆ ਤਾਂ ਜੋ ਇਲਾਕੇ ਦੇ ਹੋਰ ਹੋਣਹਾਰ ਵਿਦਿਆਰਥੀ ਇਸ ਵਿੱਦਿਆ ਦੇ ਕੇਂਦਰ ਵਿੱਚੋਂ ਸਿੱਖਿਆ ਲੈ ਕੇ ਜ਼ਿੰਦਗੀ ਵਿੱਚ ਕਾਮਯਾਬ ਹੋ ਸਕਣ।

ਇਸ ਮੌਕੇ ਕੁਲਦੀਪ ਸਿੰਘ ਇੰਸਪੈਕਟਰ ਫੂਡ ਸਪਲਾਈ, ਰਜਿੰਦਰ ਸਿੰਘ (ਰਜਿੰਦਰ ਡੇਅਰੀ), ਚਰਨਜੀਤ ਸਿੰਘ ਗੱਟੀ ਮੱਤੜ, ਜਨਕ ਸਿੰਘ ਇੰਸਪੈਕਟਰ ਫੂਡ ਸਪਲਾਈ, ਕਰਨਜੀਤ ਸਿੰਘ (ਸੋਨੂੰ ਡੇਅਰੀ), ਦੀਪਕ ਕੁਮਾਰ ਮਮਦੋਟ, ਰਣਜੀਤ ਸਿੰਘ (ਡੀ ਸੀ), ਮਨਪ੍ਰੀਤ ਵਿੱਕੀ ਆਸਟ੍ਰੇਲੀਆ, ਕੁਲਬੀਰ ਸਿੰਘ ਨਿਊਜ਼ੀਲੈਂਡ, ਅਮਨਪ੍ਰੀਤ ਸਿੰਘ ਨਿਊਜ਼ੀਲੈਂਡ ਆਦਿ ਹਾਜ਼ਰ ਸਨ।

# ਠੇਕਾ ਮੁਲਾਜ਼ਮਾਂ ਵੱਲੋਂ ਕਾਰਜਕਾਰੀ ਇੰਜੀਨੀਅਰ ਖਿਲਾਫ ਰੋਸ ਪ੍ਰਦਰਸ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਮਲੋਟ ਖਿਲਾਫ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਸ੍ਰੀ ਮੁਕਤਸਰ ਸਾਹਿਬ ਦੇ ਮੇਨ ਦਫ਼ਤਰ ਕੋਟਕਪੂਰਾ ਰੋਡ ਉਪਰ ਧਰਨਾ ਦਿੱਤਾ ਗਿਆ। ਇਸ ਮੌਕੇ ਮੋਰਚੇ ਦੇ ਆਗੂ ਗੁਰਵਿੰਦਰ ਸਿੰਘ ਪੁੰਨੂੰ, ਜਗਰੂਪ ਸਿੰਘ ਲਹਿਰਾਂ, ਬਲਜੀਤ ਸਿੰਘ ਭੱਟੀ, ਬਲਜਿੰਦਰ ਸਿੰਘ, ਇਕਬਾਲ ਸਿੰਘ, ਵਰਿੰਦਰ ਪਾਲ ਸਿੰਘ, ਖੁਸ਼ਦੀਪ ਸਿੰਘ, ਗਗਨਦੀਪ ਸਿੰਘ, ਸੁਰਜੀਤ ਸਿੰਘ ਤੱਖੀ, ਬਿਕਰਮਜੀਤ ਸਿੰਘ ਕਪੂਰ, ਕੁਲਦੀਪ ਸਿੰਘ ਤੇ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮਲੋਟ ਦੇ ਇੱਕ ਠੇਕਾ ਮੁਲਾਜ਼ਮ ਸੁਰਿੰਦਰ ਸਿੰਘ (ਆਊਟਸੋਰਸ) ਦੀ ਮੌਤ ਪਿਛਲੇ ਸਾਲ 2023 ਦੇ ਨਵੰਬਰ ਮਹੀਨੇ ਦੀ ਹੋਈ, ਪਰ ਉਸ ਦੇ ਮ੍ਰਿਤਕ ਦੇ ਪਰਿਵਾਰ ਨੂੰ ਤਕਰੀਬਨ ਇਕ ਸਾਲ ਦੇ ਕਰੀਬ ਹੋ ਜਾਣ ਦੇ ਬਾਵਜੂਦ ਨੌਕਰੀ ਨਹੀਂ ਦਿੱਤੀ ਗਈ। ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਮਲੋਟ ਦੇ ਨਾਲ ਬਹੁਤ ਵਾਰ ਮਿਲ ਕੇ ਅਤੇ ਫੋਨ ਰਾਹੀਂ ਮੀਟਿੰਗ ਕੀਤੀ ਗਈ, ਪਰ ਉਨ੍ਹਾਂ ਵੱਲੋਂ ਮ੍ਰਿਤਕ ਦੇ ਪਰਿਵਾਰ ਨੂੰ ਨੌਕਰੀ ਨਹੀਂ ਦਿੱਤੀ, ਜਿਸ ਸੰਬੰਧੀ ਜਥੇਬੰਦੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ, ਪਰ ਕਾਰਜਕਾਰੀ ਇੰਜੀਨੀਅਰ ਮਲੋਟ ਵੱਲੋਂ ਲਾਰੇ ਲੱਪੇ ਲਾ ਕੇ ਸਮਾਂ ਟਪਾਇਆ ਜਾ ਰਿਹਾ ਹੈ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਐਕਸੀਅਨ ਸਾਹਿਬ ਵੱਲੋਂ ਪਹਿਲਾਂ ਮੈਂਬਰ ਪਾਰਲੀਮੈਂਟ ਦੀਆਂ ਵੋਟਾਂ ਦਾ ਬਹਾਨਾ ਲਾ ਕੇ ਸਮਾਂ ਲੰਘਾਇਆ ਜਾ ਰਿਹਾ ਸੀ ਅਤੇ ਕਿਹਾ ਜਾ ਰਿਹਾ ਸੀ ਕਿ ਵੋਟਾਂ ਤੋਂ ਬਾਅਦ ਨੌਕਰੀ ਦੇ ਦਿੱਤੀ ਜਾਵੇਗੀ, ਪਰ ਵੋਟਾਂ ਬੀਤੇ ਨੂੰ ਵੀ ਤਕਰੀਬਨ ਦੋ ਮਹੀਨੇ ਹੋ ਗਏ, ਪਰ ਹਰ ਰੋਜ਼ ਐਕਸੀਅਨ ਸਾਹਿਬ ਵੱਲੋਂ ਅੱਜਕੱਲ੍ਹ ਦੇ ਲਾਰੇ ਲਗਾ ਕੇ ਸਮਾਂ ਲੰਘਾਇਆ ਜਾ ਰਿਹਾ ਹੈ, ਜਿਸ ਦੇ ਵਿਰੋਧ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਸ੍ਰੀ ਮੁਕਤਸਰ ਸਾਹਿਬ ਦੇ ਮੇਨ ਦਫਤਰ ਕੋਟਕਪੂਰਾ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਧਰਨਾ ਦਿੱਤਾ ਗਿਆ। ਇਸ ਮੌਕੇ ਨਿਗਰਾਨ ਇੰਜੀਨੀਅਰ ਸਰਕਲ ਸ੍ਰੀ ਮੁਕਤਸਰ ਸਾਹਿਬ ਨੇ ਮੀਟਿੰਗ ਕਰਕੇ ਭਰੋਸਾ ਦਿੱਤਾ ਕਿ ਇਕ ਹਫਤੇ ਅੰਦਰ ਮ੍ਰਿਤਕ ਦੇ ਪਰਿਵਾਰ ਨੂੰ ਨੌਕਰੀ ਦੇ ਦਿੱਤੀ ਜਾਵੇਗੀ। ਮੀਟਿੰਗ ਉਪਰੰਤ ਆਗੂਆਂ ਵੱਲੋਂ ਐਲਾਨ ਕੀਤਾ ਗਿਆ ਕਿ ਇਕ ਹਫਤੇ ਅੰਦਰ ਮ੍ਰਿਤਕ ਦੇ ਪਰਿਵਾਰ ਨੂੰ ਨੌਕਰੀ ਨਹੀਂ ਦਿੱਤੀ ਜਾਂਦੀ ਤਾਂ 3 ਸਤੰਬਰ 2024 ਨੂੰ ਵੱਡਾ ਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਵਿਭਾਗ ਦੀ ਹੋਵੇਗੀ।

# ਸ਼ਹਿਰ ਦੀਆਂ ਮੁਸ਼ਕਲਾਂ ਸੰਬੰਧੀ ਕਾਂਗਰਸੀਆਂ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ

*ਅਸੀਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਲਕੇ ਦਾ ਵਿਕਾਸ ਚਾਹੁੰਦੇ ਹਾਂ : ਦੌਲਤਪੁਰ*

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਤੇ ਹਲਕਾ ਧੂਰੀ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਧੂਰੀ ਸ਼ਹਿਰ ਦੀਆਂ ਮੰਗਾਂ ਤੇ ਮੁਸ਼ਕਲਾਂ ਸੰਬੰਧੀ ਪੰਜਾਬ ਦੇ ਮੁੱਖ ਮੰਤਰੀ ਤੇ ਹਲਕਾ ਧੂਰੀ ਤੋਂ ਵਿਧਾਇਕ ਭਗਵੰਤ ਸਿੰਘ ਮਾਨ ਦੇ ਨਾਮ ਤਹਿਸੀਲਦਾਰ ਧੂਰੀ ਮੈਡਮ ਦਿੱਵਿਆ ਸਿੰਗਲਾ ਨੂੰ ਮੰਗ ਪੱਤਰ ਸੌਂਪਿਆ।ਜ਼ਿਲ੍ਹਾ ਪ੍ਰੀਸ਼ਦ ਮੈਂਬਰ ਇੰਦਰਪਾਲ ਸਿੰਘ ਗੋਲਡੀ, ਜ਼ਿਲ੍ਹਾ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਮਿੱਠੂ ਲੱਡਾ, ਸੋਨੀ ਬੇਨੜਾ, ਹੈਵਨ ਦੌਲਤਪੁਰ, ਸਰਪੰਚ ਸੁਖਵਿੰਦਰ ਸਿੰਘ ਰਣੀਕੇ ਤੇ ਰਵੀ ਗਿੱਲ ਕਹੇਰੂ ਸਮੇਤ ਹੋਰਨਾਂ ਕਾਂਗਰਸੀਆਂ ਦੀ ਹਾਜ਼ਰੀ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਹਰਦੀਪ ਸਿੰਘ ਦੌਲਤਪੁਰ ਨੇ ਦੱਸਿਆ ਕਿ ਹਲਕੇ ਦੇ ਵਿਕਾਸ ਲਈ ਸਿਆਸੀ ਦੁਸ਼ਮਣੀ ਨਹੀਂ ਕਰਨਾ ਚਾਹੁੰਦੇ ਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਲਕੇ ਦਾ ਵਿਕਾਸ ਚਾਹੁੰਦੇ ਹਨ, ਜਿਸ ਲਈ ਅੱਜ ਮੁੱਖ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਦੇ ਕੇ ਸ਼ਹਿਰ ਦੇ ਕੱਕੜਵਾਲ ਚੌਕ ਵਿੱਚ ਬੰਦ ਪਈਆਂ ਟ੍ਰੈਫਿਕ ਲਾਇਟਾਂ ਚਲਾਉਣ, ਵਿਸ਼ਵਕਰਮਾ ਚੌਕ, ਮਾਲੇਰਕੋਟਲਾ ਬਾਈਪਾਸ, ਚੈਂਬਰ ਬਾਗ ਰੋਡ, ਦੌਲਤਪੁਰ ਰੋਡ ਸੜਕਾਂ ਦੀ ਹਾਲਤ ਸੁਧਾਰਨ, ਸ਼ਹਿਰ ਵਿੱਚ ਚੋਰੀਆਂ ਦੇ ਮੱਦੇਨਜ਼ਰ ਸੀਸੀਟੀਵੀ ਕੈਮਰੇ ਲਗਵਾਉਣ ਤੇ ਸ਼ਹਿਰ ਵਿੱਚ ਪੁਲਸ ਨਫ਼ਰੀ ਵਧਾਉਣ ਦੀ ਮੰਗ ਕੀਤੀ ਹੈ।



# ਰਵਨੀਤ ਬਿੱਟੂ ਲੋਕਾਂ ਦਾ ਨਕਾਰਿਆ ਹੋਇਆ ਆਗੂ : ਖੋਸਾ, ਸੰਧੂ



**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਪਿਛਲੇ ਦਿਨੀਂ ਰਵਨੀਤ ਸਿੰਘ ਬਿੱਟੂ ਵੱਲੋਂ ਕਿਸਾਨ ਜਥੇਬੰਦੀਆਂ ਖ਼ਿਲਾਫ਼ ਦਿੱਤੇ ਬਿਆਨ ਸਬੰਧੀ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਤੇ ਸੂਬਾ ਪ੍ਰੈੱਸ ਸਕੱਤਰ ਮੰਗਲ ਸਿੰਘ ਸੰਧੂ ਸਾਹ ਵਾਲਾ ਨੇ ਦੱਸਿਆ ਕਿ ਰਵਨੀਤ ਬਿੱਟੂ ਲੋਕਾਂ ਦਾ ਨਕਾਰਿਆ ਹੋਇਆ ਆਗੂ ਹੈ, ਪਰ ਅਫਸੋਸ ਕਿ ਲੋਕਾਂ ਵੱਲੋਂ ਨਿਕਾਰਨ ਦੇ ਬਾਵਜੂਦ ਬੀ ਜੇ ਪੀ ਵੱਲੋਂ ਉਸ ਨੂੰ ਕੇਂਦਰ ਸਰਕਾਰ ਵਿੱਚ ਰਾਜ ਮੰਤਰੀ ਬਣਾ ਦਿੱਤਾ ਗਿਆ। ਬਿੱਟੂ ਵੱਲੋਂ ਕਿਸਾਨ ਜਥੇਬੰਦੀਆਂ ਖ਼ਿਲਾਫ਼ ਦਿੱਤੇ ਬਿਆਨ ਦੀ ਨਿਖੇਧੀ ਕਰਦਿਆਂ ਉਕਤ ਕਿਸਾਨ ਆਗੂਆਂ ਨੇ ਕਿਹਾ ਕਿ ਬਿੱਟੂ ਵੱਲੋਂ ਦਿੱਤੇ ਬਿਆਨ ਨਾਗਪੁਰ ਤੋਂ ਟਾਈਪ ਹੋ ਕੇ ਆਉਂਦੇ ਹਨ। ਕਿਸਾਨ ਜਥੇਬੰਦੀਆਂ ਵੱਲੋਂ ਲੜੇ ਜਾ ਰਹੇ ਸੰਘਰਸ਼ਾਂ ਦੀ ਗੱਲ ਕਰਦਿਆਂ ਖੋਸਾ ਤੇ ਸੰਧੂ ਨੇ ਦੱਸਿਆ ਕਿ ਕਿਸਾਨ ਜਥੇਬੰਦੀਆਂ ਨੇ ਹਮੇਸ਼ਾ ਦਸਾਂ ਨਹੁੰਆਂ ਦੀ ਕਿਰਤ ਕਰਨ ਵਾਲੇ ਕਿਸਾਨਾਂ, ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਦੀ ਗੱਲ ਕੀਤੀ ਹੈ ਅਤੇ ਜਥੇਬੰਦੀਆਂ ਇਨ੍ਹਾਂ ਕਿਰਤੀ ਲੋਕਾਂ ਦੇ ਸਹਾਰੇ ਹੀ ਸੰਘਰਸ਼ ਲੜਦੀਆਂ ਹਨ। ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਦੀ ਗੱਲ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਹਮੇਸ਼ਾ ਬੀ ਜੇ ਪੀ ਦੀਆਂ ਨੀਤੀਆਂ ਦਾ ਵਿਰੋਧ ਕੀਤਾ ਹੈ, ਜਿਸ ਕਾਰਨ ਬੀ ਜੇ ਪੀ ਨੂੰ ਪੰਜਾਬ ਵਿੱਚ ਲੋਕ ਸਭਾ ਚੋਣਾਂ ਦੌਰਾਨ ਵੱਡੀ ਹਾਰ ਮਿਲੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਆਪਣੇ ਹੱਕ ਲੈਣ ਲਈ ਸੰਘਰਸ਼ ਕਰਨਾ ਕਿਸਾਨ, ਮਜ਼ਦੂਰ ਦਾ ਬੁਨਿਆਦੀ ਹੱਕ ਹੈ ਤੇ ਜੇ ਕਿਸਾਨਾਂ, ਮਜ਼ਦੂਰਾਂ ਦੀਆਂ ਮੰਗਾਂ ਨੂੰ ਕੇਂਦਰ ਸਰਕਾਰ ਨੇ ਨਾ ਮੰਨਿਆ ਤਾਂ ਅਸੀਂ ਦਿੱਲੀ ਕੂਚ ਕਰਾਂਗੇ ਅਤੇ ਬਿੱਟੂ ਵਰਗੇ ਨਕਾਰੇ ਹੋਏ ਆਗੂ ਸਾਨੂੰ ਦਿੱਲੀ ਜਾਣ ਤੋਂ ਨਹੀਂ ਰੋਕ ਸਕਦੇ। ਇਸ ਮੌਕੇ ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਝਾਮਕਾ, ਸੂਬਾ ਕਮੇਟੀ ਮੈਂਬਰ ਕੁਲਵਿੰਦਰ ਸਿੰਘ ਰਟੌਲ ਰੋਹੀ, ਜ਼ਿਲ੍ਹਾ ਪ੍ਰੈੱਸ ਸਕੱਤਰ ਕ੍ਰਿਪਾਲ ਸਿੰਘ ਛੂਛਕ, ਬਲਾਕ ਪ੍ਰਧਾਨ ਬਲਵੀਰ ਸਿੰਘ ਧੂੜਕੋਟ, ਯੂਥ ਪ੍ਰਧਾਨ ਹਰਮਨ ਖੋਸਾ, ਮਹਿੰਦਰ ਸਿੰਘ ਦੀਨਾ ਸਮੇਤ ਅਨੇਕਾਂ ਆਗੂ ਤੇ ਵਰਕਰ ਹਾਜ਼ਰ ਸਨ।

# ਇਤਿਹਾਸਕ ਗੁਰਦੁਆਰਾ ਗਨੀ ਖਾਂ ਨਬੀ ਖਾਂ ਸਾਹਿਬ ਦੀ ਪ੍ਰਬੰਧਕ ਕਮੇਟੀ ਦਾ ਵਿਵਾਦ ਭਖਿਆ

**ਕਮੇਟੀ 'ਤੇ ਲੱਖਾਂ ਰੁਪਏ ਗਬਨ ਦੇ ਲਗਾਏ ਦੋਸ਼**



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਨਿੰਨ ਸੇਵਕ ਦੋ ਮੁਸਲਮਾਨ ਭਰਾ ਭਾਈ ਗਨੀ ਖਾਂ ਨਬੀ ਖਾਂ ਦੀ ਯਾਦ ਵਿੱਚ ਬਣੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦਾ ਚੱਲ ਰਿਹਾ ਵਿਵਾਦ ਉਸ ਸਮੇਂ ਸਿਖ਼ਰਾਂ 'ਤੇ ਪਹੁੰਚ ਗਿਆ, ਜਦੋਂ ਪੁਲਸ ਤੇ ਪ੍ਰਸ਼ਾਸਨ ਨੂੰ ਦਖ਼ਲ ਅੰਦਾਜ਼ੀ ਕਰਨੀ ਪਈ। ਬੁੱਧਵਾਰ ਗੁਰਦੁਆਰਾ ਗਨੀ ਖਾਂ ਨਬੀ ਖਾਂ ਸਾਹਿਬ ਵਿਖੇ ਕਾਰ ਸੇਵਾ ਵਾਲੇ ਬਾਬਾ, ਨਿਹੰਗ ਸਿੱਖ ਜਥੇਬੰਦੀਆਂ 'ਚ ਬਾਬਾ ਸਰਵਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਕ੍ਰਿਪਾਨ ਭੇਟ ਸਾਹਿਬ ਤੇ ਸੰਗਤਾਂ ਦਾ ਵੱਡਾ ਇਕੱਠ ਹੋਇਆ, ਜਿੱਥੇ ਉਨ੍ਹਾਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ 'ਤੇ ਕਾਫ਼ੀ ਦੋਸ਼ ਲਗਾਏ। ਗੁਰਦੁਆਰਾ ਗਨੀ ਖਾਂ ਨਬੀ ਖਾਂ ਸਾਹਿਬ, ਜਿਸ ਦੀ ਸੇਵਾ ਸੰਭਾਲ ਸਵ. ਬਾਬਾ ਹਰਬੰਸ ਸਿੰਘ ਜੀ ਕਾਰ ਸੇਵਾ ਵਾਲੇ (ਦਿੱਲੀ ਵਾਲੇ) ਵੱਲੋਂ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਦੇ ਸਹਿਯੋਗ ਨਾਲ ਇੱਕ ਪ੍ਰਬੰਧਕ ਕਮੇਟੀ ਦਾ ਗਠਨ ਵੀ ਕੀਤਾ ਹੈ। ਅੱਜ ਗੁਰੂ ਘਰ ਵਿਖੇ ਸੰਗਤਾਂ ਨਾਲ ਮੌਜੂਦ ਜਥੇਦਾਰ ਮਨਮੋਹਣ ਸਿੰਘ ਖੇੜਾ ਨੇ ਦੱਸਿਆ ਕਿ ਗੁਰਦੁਆਰਾ ਗਨੀ ਖਾਂ ਨਬੀ ਖਾਂ ਸਾਹਿਬ ਵਿਖੇ ਮੁੱਖ ਸੇਵਾਦਾਰ ਬਾਬਾ ਜਰਨੈਲ ਸਿੰਘ ਕਾਰ ਸੇਵਾ ਵਾਲਿਆਂ ਦੇ ਅਕਾਲ ਚਲਾਣਾ ਕਰ ਜਾਣ ਤੋਂ ਬਾਅਦ ਇੱਥੋਂ ਦੀ ਸੇਵਾ ਬਾਬਾ ਵਧਾਵਾ ਸਿੰਘ ਨੂੰ ਸੌਂਪੀ ਗਈ, ਜਿਨ੍ਹਾਂ ਨਾਲ ਪ੍ਰਬੰਧਕ ਕਮੇਟੀ ਸਾਰੇ ਕੰਮ ਦੀ ਨਿਗਰਾਨੀ ਕਰ ਰਹੀ ਹੈ। ਕਰੀਬ 1 ਮਹੀਨਾ ਪਹਿਲਾਂ ਮੁੱਖ ਸੇਵਾਦਾਰ ਬਾਬਾ ਵਧਾਵਾ ਸਿੰਘ 'ਤੇ ਇਤਰਾਜ਼ ਹੋ ਗਿਆ, ਜਿਸ 'ਤੇ ਉਨ੍ਹਾਂ ਨੂੰ ਕਾਰ ਸੇਵਾ ਵਾਲੇ ਬਾਬਿਆਂ ਵੱਲੋਂ ਬਦਲ ਦਿੱਤਾ ਗਿਆ ਅਤੇ ਪ੍ਰਬੰਧਕ ਕਮੇਟੀ ਭੰਗ ਕਰ ਦਿੱਤੀ ਗਈ ਸੀ। ਜਥੇਦਾਰ ਖੇੜਾ ਨੇ ਦੱਸਿਆ ਕਿ ਦਿੱਲੀ ਕਾਰ ਸੇਵਾ ਵਾਲੇ ਬਾਬਿਆਂ ਵੱਲੋਂ ਗੁਰਦੁਆਰਾ ਗਨੀ ਖਾਂ ਨਬੀ ਖਾਂ ਦੀ ਸੇਵਾ ਸੰਭਾਲ ਲਈ ਬਾਬਾ ਸੁਰਿੰਦਰ ਸਿੰਘ ਨਿਯੁਕਤ ਕਰ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਗੁਰੂ ਘਰ ਦਾ ਸਾਰਾ ਪ੍ਰਬੰਧ ਕਾਰ ਸੇਵਾ ਵਾਲੇ ਬਾਬਿਆਂ ਵੱਲੋਂ ਕੀਤਾ ਜਾ ਰਿਹਾ ਹੈ, ਪਰ ਭੰਗ ਕੀਤੀ ਗਈ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਨਾ ਚਾਬੀਆਂ ਸੌਂਪੀਆਂ, ਬਲਕਿ ਆਪਣੀ ਗੁਰੂ ਘਰ ਵਿੱਚ ਦਖ਼ਲ ਅੰਦਾਜ਼ੀ ਜਾਰੀ ਰੱਖੀ। ਜਥੇਦਾਰ ਖੇੜਾ ਨੇ ਕਿਹਾ ਕਿ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਜਗਦੀਸ਼ ਸਿੰਘ ਰਾਠੌਰ ਨੇ ਲੱਖਾਂ ਦੀ ਗਿਣਤੀ 'ਚ ਨਕਦ ਰਾਸ਼ੀ ਖਾਤਿਆਂ 'ਚੋਂ ਕਢਵਾਈ ਤੇ ਕੁਝ ਘਰੇਲੂ ਖਾਤਿਆਂ ਵਿੱਚ ਵੀ ਪੈਸੇ ਟਰਾਂਸਫਰ ਕੀਤੇ, ਜਿਸ ਦਾ ਉਹ ਆ ਕੇ ਸੰਗਤ ਨੂੰ ਹਿਸਾਬ ਦੇਣ। ਉਨ੍ਹਾ ਕਿਹਾ ਕਿ ਅੱਜ ਭਾਰੀ ਗਿਣਤੀ 'ਚ ਸੰਗਤ ਗੁਰੂ ਘਰ ਇਕੱਠੀ ਹੋਈ, ਜਿਨ੍ਹਾਂ ਦੀ ਮੰਗ ਸੀ ਕਿ ਇੱਥੇ ਕੋਈ ਪ੍ਰਬੰਧਕ ਕਮੇਟੀ ਨਹੀਂ ਚਾਹੀਦੀ ਬਲਕਿ ਗੁਰੂ ਘਰ ਦੀ ਸੇਵਾ ਸੰਭਾਲ ਕਾਰ ਸੇਵਾ ਵਾਲੇ ਬਾਬਿਆਂ ਵੱਲੋਂ ਹੀ ਕੀਤੀ ਜਾਣੀ ਚਾਹੀਦੀ ਹੈ। ਅੱਜ ਇੱਥੇ ਭਾਰੀ ਗਿਣਤੀ 'ਚ ਇਕੱਤਰ ਹੋਈਆਂ ਸ਼ਰਧਾਲੂ ਔਰਤਾਂ ਨੇ ਪ੍ਰਬੰਧਕ ਕਮੇਟੀ 'ਤੇ ਕਈ ਦੋਸ਼ ਲਗਾਉਂਦਿਆਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਗੁਰੂ ਘਰ ਦੀ ਸੇਵਾ ਸੰਭਾਲ ਕਾਰ ਸੇਵਾ ਬਾਬੇ ਹੀ ਕਰਨ। ਗੁਰਦੁਆਰਾ ਗਨੀ ਖਾਂ ਨਬੀ ਖਾਂ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਨੂੰ ਲੈ ਕੇ ਉੱਠੇ ਵਿਵਾਦ ਨੂੰ ਸੁਲਝਾਉਣ ਲਈ ਅੱਜ ਡੀਐੱਸਪੀ (ਐੱਚ) ਪਲਵਿੰਦਰ ਸਿੰਘ ਤੇ ਨਾਇਬ ਤਹਿਸੀਲਦਾਰ ਦਲਵਿੰਦਰ ਸਿੰਘ ਮੌਕੇ 'ਤੇ ਪੁੱਜੇ, ਜਿਨ੍ਹਾਂ ਨੇ ਪਹਿਲਾਂ ਗੁਰੂ ਘਰ ਇਕੱਠੀ ਸੰਗਤ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਸ਼ਾਂਤਮਈ ਮਾਹੌਲ ਬਣਾ ਕੇ ਰੱਖਣ। ਉਧਰ, ਗੁਰਦੁਆਰਾ ਗਨੀ ਖਾਂ ਨਬੀ ਖਾਂ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੁੱਖ ਅਹੁਦੇਦਾਰ ਜਗਦੀਸ਼ ਸਿੰਘ ਰਾਠੌਰ ਨੇ ਕਿਹਾ ਕਿ ਉਨ੍ਹਾਂ ਉੱਪਰ ਜੋ ਲੱਖਾਂ ਰੁਪਏ ਗਬਨ ਦੇ ਦੋਸ਼ ਲਗਾਏ ਗਏ ਹਨ, ਉਹ ਬਿਲਕੁਲ ਬੇਬੁਨਿਆਦ ਤੇ ਝੂਠੇ ਹਨ।

ਉਨ੍ਹਾ ਕਿਹਾ ਕਿ ਬੈਂਕ ਦੇ ਚੈੱਕਾਂ ਉੱਪਰ ਬਾਬਾ ਵਧਾਵਾ ਸਿੰਘ ਤੇ ਉਨ੍ਹਾਂ ਦੇ ਦਸਤਖ਼ਤ ਹੋਣ ਤੋਂ ਬਾਅਦ ਹੀ ਬੈਂਕਾਂ 'ਚੋਂ ਰਾਸ਼ੀ ਕਢਵਾਈ ਗਈ, ਜਿਸ ਨਾਲ ਗੁਰੂ ਘਰ ਵਿੱਚ ਚੱਲ ਰਹੀ ਪੰਜ ਮੰਜ਼ਲਾਂ ਇਮਾਰਤ ਲਈ ਮਟੀਰੀਅਲ ਤੇ ਜੋ ਮਿਸਤਰੀ, ਮਜ਼ਦੂਰਾਂ ਦੀ ਲੱਖਾਂ ਰੁਪਏ ਲੇਬਰ ਅਦਾ ਕੀਤੀ ਗਈ ਹੈ।

# ਕ੍ਰਿਸ਼ਨਾ ਕਾਲਜ ਰੱਲੀ 'ਚ 'ਨਸ਼ਾ ਮੁਕਤ ਪੰਜਾਬ' ਵਿਸ਼ੇ 'ਤੇ ਸੈਮੀਨਾਰ




**ਬਰੇਟਾ (ਗੋਬਿੰਦ ਸ਼ਰਮਾ)**
ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸਬੰਧਤ ਕ੍ਰਿਸ਼ਨਾ ਕਾਲਜ ਆਫ ਹਾਇਰ ਐਜੂਕੇਸ਼ਨ ਰੱਲੀ ਵਿਖੇ 'ਨਸ਼ਾ ਮੁਕਤ ਪੰਜਾਬ' ਵਿਸ਼ੇ 'ਤੇ ਸੈਮੀਨਾਰ ਕਰਾਇਆ ਗਿਆ, ਜਿਸ 'ਚ ਮੁੱਖ ਬੁਲਾਰੇ ਦੇ ਤੌਰ 'ਤੇ ਜਸਬੀਰ ਸਿੰਘ ਉੱਤਰ ਖੇਤਰ ਸੰਪਰਕ ਪ੍ਰਮੁੱਖ, ਰਾਸ਼ਟਰੀ ਸਵੈਸੇਵਕ ਸੰਘ, ਅਮਿਤ ਕਾਂਸਲ ਪ੍ਰਾਂਤ ਸਹਿ-ਸੰਯੋਜਕ ਤੇ ਡਾਇਰੈਕਟਰ ਐਨ.ਐਚ.ਪੀ.ਸੀ, ਭਾਰਤ ਸਰਕਾਰ ਉਚੇਚੇ ਤੌਰ 'ਤੇ ਹਾਜ਼ਰ ਹੋਏ ਤੇ ਉਨ੍ਹਾਂ ਨੇ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ।ਉਨ੍ਹਾਂ ਪੰਜਾਬ ਵਿੱਚ ਨਸ਼ਿਆਂ ਦੀ ਸਥਿਤੀ ਇਸ ਦੇ ਅੰਕੜੇ ਤੇ ਕਾਰਨਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਦਲਜੀਤ ਸਿੰਘ ਦਰਸ਼ੀ, ਡਾ. ਜਸਪਾਲ ਸਿੰਘ, ਕੁਲਦੀਪ ਸਿੰਘ, ਸਰਪੰਚ ਬੱਪੀਆਣਾ, ਨਿਰਮਲ ਸ਼ਰਮਾ, ਜਤਿੰਦਰ ਜ਼ਿਲ੍ਹਾ ਸੰਘ ਚਾਲਕ, ਸਤੀਸ਼ ਖਿੱਪਲ ਜ਼ਿਲ੍ਹਾ ਸਹਿ ਦਫ਼ਤਰ, ਕ੍ਰਿਸ਼ਨ ਠੇਕੇਦਾਰ ਨਗਰ ਦਫ਼ਤਰ, ਨਰਿੰਦਰ ਸ਼ਰਮਾ ਨੇ ਵੀ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ।

ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਡਾਕਟਰ ਅਮਿਤ ਕਾਂਸਲ ਡਾਇਰੈਕਟਰ (ਐਨ.ਆਰ.ਪੀ.ਸੀ) ਬਿਜਲੀ ਮੰਤਰਾਲਾ ਭਾਰਤ ਸਰਕਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਡਾ. ਕਾਂਸਲ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਪੰਜਾਬ ਪੰਜ ਦਰਿਆਵਾਂ ਦੀ ਧਰਤੀ ਹੈ, ਨੌਜਵਾਨ ਇਸਦਾ ਭਵਿੱਖ ਹਨ ਉਹ ਨਰੋਆ ਸਮਾਜ ਸਿਰਜਣ ਵਿੱਚ ਆਪਣੀ ਭੂਮਿਕਾ ਨਿਭਾਉਣ।ਪ੍ਰੋਗਰਾਮ ਦੌਰਾਨ ਮੰਚ ਸੰਚਾਲਨ ਪ੍ਰੋ. ਸਰਬਜੀਤ ਸਿੰਘ ਸਰਾਂ (ਪੰਜਾਬੀ ਵਿਭਾਗ) ਵੱਲੋਂ ਕੀਤਾ ਗਿਆ।

# ਰੋਹ 'ਚ ਆਏ ਖੇਤ ਮਜ਼ਦੂਰਾਂ ਨੇ ਘੇਰੀ ਵਿੱਤ ਮੰਤਰੀ ਦੀ ਕੋਠੀ

**ਮੁੱਖ ਮੰਤਰੀ ਗੱਲਾਂ ਦੇ ਕੜਾਹ ਨਾਲ ਢਿੱਡ ਭਰਨ ਦੀ ਥਾਂ ਮੰਗਾਂ ਨੂੰ ਅਮਲੀ ਰੂਪ 'ਚ ਹੱਲ ਕਰੇ : ਨਸਰਾਲੀ**



**ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸਿੰਘ ਸੱਪਲ)**-ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਅੱਕੇ ਖੇਤ ਮਜ਼ਦੂਰਾਂ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਘੇਰ ਕੇ ਰੋਹ ਭਰਪੂਰ ਪ੍ਰਦਰਸ਼ਨ ਕਰਦਿਆਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਸੇ ਤਰ੍ਹਾਂ ਮਜ਼ਦੂਰਾਂ ਨੂੰ ਅਣਗੌਲਿਆ ਕਰਨ ਦੀ ਧਾਰਨ ਕੀਤੀ ਨੀਤੀ ਛੱਡ ਕੇ ਮਜ਼ਦੂਰਾਂ ਦੀਆਂ ਠੋਸ ਮੰਗਾਂ ਨੂੰ ਅਮਲੀ ਰੂਪ ਵਿੱਚ ਲਾਗੂ ਨਾ ਕੀਤਾ ਤਾਂ ਸਰਕਾਰ ਨੂੰ ਖੇਤ ਮਜ਼ਦੂਰਾਂ ਦੇ ਤਿੱਖੇ ਰੋਹ ਦਾ ਸਾਹਮਣਾ ਕਰਨਾ ਪਵੇਗਾ। ਮਜ਼ਦੂਰਾਂ ਨੇ ਆਪਣਾ ਸਖ਼ਤ ਵਿਰੋਧ ਦਰਜ ਕਰਾਉਂਦਿਆਂ ਕਿਹਾ ਕਿ ਵਾਰ-ਵਾਰ ਲਿਖਤੀ ਮੀਟਿੰਗਾਂ ਦੇ ਕੇ ਵੀ ਮੁੱਖ ਮੰਤਰੀ ਪੰਜਾਬ ਨੇ ਮਜ਼ਦੂਰਾਂ ਦੇ ਨਾਲ ਗੱਲਬਾਤ ਨਹੀਂ ਕੀਤੀ, ਜਿਸ ਤੋਂ ਇਹ ਗੱਲ ਸਪੱਸ਼ਟ ਹੋ ਜਾਂਦੀ ਹੈ ਕਿ ਮੁੱਖ ਮੰਤਰੀ ਤੇ ਉਸ ਦੀ ਸਰਕਾਰ ਖੇਤ ਮਜ਼ਦੂਰਾਂ ਨਾਲ ਜਮਾਤੀ ਵਿਰੋਧ ਕਾਰਨ ਉਨ੍ਹਾਂ ਨੂੰ ਬਰਾਬਰ ਦੇ ਨਾਗਰਿਕ ਸਮਝਣ ਤੇ ਬਣਦਾ ਮਾਣ ਸਨਮਾਨ ਦੇਣ ਤੋਂ ਪਾਸਾ ਵੱਟ ਰਹੀ ਹੈ, ਜਿਸ ਨੂੰ ਮਜ਼ਦੂਰ ਹੁਣ ਬਹੁਤੀ ਦੇਰ ਬਰਦਾਸ਼ਤ ਨਹੀਂ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਅੱਗੇ ਪੁਲਸ ਵੱਲੋਂ ਨਾਕੇ ਲਾ ਕੇ ਰੋਕੇ ਮਜ਼ਦੂਰ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ ਤੇ ਸੂਬਾ ਕਮੇਟੀ ਮੈਂਬਰ ਹਰਭਗਵਾਨ ਮੂਨਕ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਰੁਜ਼ਗਾਰ ਦੀ ਗਰੰਟੀ ਕਰਵਾਉਣ, ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਤੇ ਮਕਾਨ ਉਸਾਰੀ ਲਈ ਗ੍ਰਾਂਟਾਂ ਦੇਣ, ਪੈਨਸ਼ਨਾਂ ਦੀ ਰਾਸ਼ੀ ਵਧਾ ਕੇ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ, ਚੋਣ ਗਾਰੰਟੀ ਮੁਤਾਬਕ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਮਨਰੇਗਾ ਦਿਹਾੜੀ 700 ਰੁਪਏ ਕਰਵਾਉਣ ਤੇ ਪਰਵਾਰ ਦੇ ਸਾਰੇ ਬਾਲਗ ਮੈਂਬਰਾਂ ਨੂੰ ਸਾਲ ਭਰ ਕੰਮ ਦੇਣ, ਮਨਰੇਗਾ ਕੰਮ ਵਿੱਚ ਸਿਆਸੀ ਦਖ਼ਲ ਬੰਦ ਕਰਨ ਤੇ ਜਨਤਕ ਵੰਡ ਪ੍ਰਣਾਲੀ ਤਹਿਤ ਰਸੋਈ ਵਰਤੋਂ ਦੀਆਂ ਵਸਤਾਂ ਸਸਤੇ ਭਾਅ ਡਿੱਪੂਆਂ 'ਤੇ ਦੇਣ ਤੇ ਕਾਲਜਾਂ 'ਚ ਦਾਖ਼ਲ ਹੋਣ ਵਾਲੇ ਐੱਸ ਸੀ ਵਿਦਿਆਰਥੀਆਂ ਤੋਂ ਪੀ ਟੀ ਏ ਫੰਡ ਵਸੂਲਣਾ ਬੰਦ ਕਰਨ ਆਦਿ ਮੰਗਾਂ ਨੂੰ ਲੈ ਕੇ ਇਹ ਧਰਨਾ ਸੂਬੇ ਪੱਧਰ ਕੈਬਨਿਟ ਮੰਤਰੀਆਂ ਦੇ ਘਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ ਦੀ ਲੜੀ ਅਨੁਸਾਰ ਦਿੱਤਾ ਗਿਆ। ਮਜ਼ਦੂਰ ਆਗੂਆਂ ਨੇ ਭਗਵੰਤ ਮਾਨ ਸਰਕਾਰ ਦੀ ਮਜ਼ਦੂਰਾਂ ਨੂੰ ਅਣਗੌਲਿਆ ਕਰਨ ਦੀ ਨੀਤੀ 'ਤੇ ਵਰ੍ਹਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨਾ ਸਿਰਫ਼ ਖੇਤ ਮਜ਼ਦੂਰਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ, ਸਗੋਂ ਲਗਾਤਾਰ ਮਜ਼ਦੂਰ ਵਿਰੋਧੀ ਫ਼ੈਸਲੇ ਲਾਗੂ ਕੀਤੇ ਜਾ ਰਹੇ ਹਨ। ਉਨ੍ਹਾਂ ਆਖਿਆ ਕਿ ਆਪ ਸਰਕਾਰ ਵੱਲੋਂ ਧਰਤੀ ਹੇਠਲਾ ਪਾਣੀ ਬਚਾਉਣ ਦੇ ਨਾਂਅ ਹੇਠ 2 ਲੱਖ 48 ਏਕੜ ਵਿੱਚ ਸਿੱਧੀ ਬਜਾਈ ਕਰਵਾਉਣ ਕਰਕੇ ਮਜ਼ਦੂਰਾਂ ਨੂੰ 86 ਕਰੋੜ 80 ਲੱਖ ਰੁਪਏ ਦੇ ਰੁਜ਼ਗਾਰ ਦਾ ਘਾਟਾ ਪਿਆ ਹੈ। ਮਜ਼ਦੂਰਾਂ ਦੇ ਹੋਏ ਇਸ ਰੁਜ਼ਗਾਰ ਉਜਾੜੇ ਦਾ ਕੋਈ ਬਦਲਵਾਂ ਪ੍ਰਬੰਧ ਨਹੀਂ ਕੀਤਾ ਗਿਆ। ਗੜੇਮਾਰੀ ਕਾਰਨ ਕਣਕ ਦੇ ਹੋਏ ਨੁਕਸਾਨ ਸੰਬੰਧੀ ਜਾਰੀ ਕੀਤੇ ਮੁਆਵਜ਼ੇ 'ਚੋਂ ਮਜ਼ਦੂਰਾਂ ਨੂੰ ਦਿੱਤਾ ਜਾਣ ਵਾਲਾ ਦਸ ਫ਼ੀਸਦੀ ਮੁਆਵਜ਼ਾ ਵੀ ਨਹੀਂ ਦਿੱਤਾ ਗਿਆ, ਨਾ ਹੀ ਚੋਣ ਵਾਅਦੇ ਮੁਤਾਬਕ ਪੈਨਸ਼ਨਾਂ ਦੀ ਰਾਸ਼ੀ 'ਚ ਕੋਈ ਵਾਧਾ ਕੀਤਾ ਗਿਆ। ਮਜ਼ਦੂਰ ਆਗੂ ਨੇ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਪਹਿਲੀਆਂ ਅਕਾਲੀ ਤੇ ਕਾਂਗਰਸੀ ਸਰਕਾਰਾਂ ਵਾਂਗ ਹੀ ਪੰਚਾਇਤੀ ਜ਼ਮੀਨ 'ਚੋਂ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ ਦੀ ਥਾਂ ਡੰਮੀ ਬੋਲੀਆਂ ਕਰਾਈਆਂ ਜਾ ਰਹੀਆਂ ਹਨ। ਮਜ਼ਦੂਰਾਂ ਨੂੰ ਕੋਆਪ੍ਰੇਟਿਵ ਸੋਸਾਇਟੀ ਦੇ ਮੈਂਬਰ ਬਣਾ ਕੇ ਸਸਤੇ ਕਰਜ਼ੇ ਦੇਣ ਦੇ ਕਾਨੂੰਨੀ ਹੱਕ ਤੋਂ ਵੀ ਵਾਂਝੇ ਰੱਖ ਕੇ ਉਨ੍ਹਾਂ ਨੂੰ ਮਾਈਕਰੋ ਫਾਈਨਾਂਸ ਕੰਪਨੀ ਦੇ ਤੰਦੂਆ ਜਾਲ 'ਚ ਜਕੜਿਆ ਜਾ ਰਿਹਾ ਹੈ। ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਜ਼ਦੂਰਾਂ ਦੀਆਂ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਨਾ ਕੀਤਾ ਗਿਆ ਤਾਂ ਸਰਕਾਰ ਵਿਰੁੱਧ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਧਰਨੇ ਨੂੰ ਮਜ਼ਦੂਰ ਆਗੂ ਗੋਪੀ ਗਿਰ, ਬਲਵਿੰਦਰ ਸਿੰਘ ਕੱਲਰ ਭੈਣੀ, ਹਰਵਿੰਦਰ ਸਿੰਘ ਦੀਵਾਨਾ, ਗੁਰਜੰਟ ਸਿੰਘ ਢੀਂਡਸਾ, ਗੁਰਜੰਟ ਸਿੰਘ ਲਹਿਲ ਕਲਾਂ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਆਗੂ ਅਮਰਜੀਤ ਕੌਰ ਬਡਬਰ, ਕਮਲਜੀਤ ਕੌਰ ਬਰਨਾਲਾ ਤੇ ਪੰਜਾਬ ਸਟੂਡੈਂਟ ਯੂਨੀਅਨ ਸ਼ਹੀਦ ਰੰਧਾਵਾ ਦੇ ਆਗੂ ਹੁਸ਼ਿਆਰ ਸਿੰਘ ਸਲੇਮਗੜ੍ਹ ਆਦਿ ਆਗੂਆ ਨੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੰਗਾਂ ਦੀ ਪ੍ਰਾਪਤੀ ਲਈ ਉਨ੍ਹਾਂ ਨੂੰ ਇਕਜੁੱਟ ਹੋ ਕੇ ਸੰਘਰਸ਼ਾਂ ਦੇ ਪੈਣ ਦੀ ਲੋੜ ਹੈ।

## ਜ਼ੋਨ ਪੱਧਰੀ ਟੂਰਨਾਮੈਂਟ 'ਚ ਸੰਤ ਕਬੀਰ ਸਕੂਲ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜ਼ੋਨ ਪੱਧਰੀ ਟੂਰਨਾਮੈਂਟ ਵਿੱਚ ਸੰਤ ਕਬੀਰ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਟੂਰਨਾਮੈਂਟ ਵਿੱਚ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੀਆਂ ਟੀਮਾਂ ਨੇ ਵਧ ਚੜ੍ਹ ਕੇ ਉਤਸ਼ਾਹ ਨਾਲ ਭਾਗ ਲਿਆ, ਜਿਸ ਵਿੱਚ ਸੰਤ ਕਬੀਰ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਧਾਕ ਜਮਾਉਂਦਿਆਂ ਕਈ ਤਮਗੇ ਜਿੱਤੇ। ਇਸ ਟੂਰਨਾਮੈਂਟ ਵਿੱਚ 7ਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਨਤੀਜਿਆਂ 'ਚੋਂ ਅੰਡਰ-17 ਵਿੱਚ ਕ੍ਰਿਕਟ ਤੇ ਬਾਸਕਟਬਾਲ 'ਚੋਂ ਪਹਿਲਾ, ਅੰਡਰ-14, ਅੰਡਰ-17, ਅੰਡਰ-19 ਵਰਗ (ਲੜਕੇ) ਟੱਗ ਆਫ਼ ਵਾਰ 'ਚੋਂ ਪਹਿਲਾ, ਅੰਡਰ-14 ਕ੍ਰਿਕਟ ਤੇ ਸਕੇਟਿੰਗ 'ਚੋਂ ਦੂਜਾ, ਅੰਡਰ-17 ਤੇ 19 ਵਿੱਚ ਬੈਡਮਿੰਟਨ 'ਚੋਂ ਦੂਜਾ, ਅੰਡਰ-14 ਵਰਗ ਫੁੱਟਬਾਲ, ਅੰਡਰ-17 ਚੈੱਸ, ਅੰਡਰ-17 (ਲੜਕੀਆਂ) ਟੱਗ ਆਫ ਵਾਰ ਤੇ ਅੰਡਰ-11 ਸਕੇਟਿੰਗ ਵਿੱਚ ਤੀਜਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਨੇ ਬਾਕਸਿੰਗ ਤੇ ਰੈਸਲਿੰਗ ਵਿੱਚ ਵੀ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਦੇ ਐੱਮ. ਡੀ. ਪ੍ਰੋਫੈਸਰ ਐੱਮ. ਐੱਲ. ਅਰੋੜਾ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਖੇਡਾਂ 'ਚ ਹਿੱਸਾ ਲੈਂਦੇ ਰਹਿਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਕੂਲ ਬੱਚਿਆਂ ਦੀ ਤਰੱਕੀ ਵਿੱਚ ਹਮੇਸ਼ਾ ਮਦਦ ਕਰੇਗਾ ਤੇ ਯਤਨਸ਼ੀਲ ਰਹੇਗਾ।

## ਪੱਕੇ ਮੋਰਚੇ ਦੀਆਂ ਤਿਆਰੀਆਂ ਸੰਬੰਧੀ ਪਿੰਡਾਂ 'ਚ ਮੀਟਿੰਗਾਂ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕਿਸਾਨਾਂ ਮਜ਼ਦੂਰਾਂ ਦੀਆਂ ਅਹਿਮ ਮੰਗਾਂ ਨੂੰ ਲੈ ਕੇ ਪੰਜਾਬ ਦੇ ਡੀ ਸੀ ਹੈੱਡ ਕੁਆਰਟਰਾਂ 'ਤੇ 27 ਤੋਂ 31 ਅਗਸਤ ਤੱਕ ਪੱਕਾ ਮੋਰਚਾ ਲਾਇਆ ਜਾ ਰਿਹਾ ਹੈ। ਇਸ ਦੀ ਤਿਆਰੀ ਵਜੋਂ ਸੁਨਾਮ ਬਲਾਕ ਵੱਲੋਂ ਪਿੰਡ ਪੱਧਰ 'ਤੇ ਜੰਗੀ ਤਿਆਰੀ ਚੱਲ ਰਹੀ ਹੈ। ਇਸ ਸਬੰਧੀ ਆਗੂਆਂ ਨੇ ਕਿਹਾ ਕਿ ਇਸ ਮੋਰਚੇ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਸੁਨਾਮ ਬਲਾਕ ਦੇ 40 ਪਿੰਡਾਂ ਵਿੱਚ ਤਿਆਰੀਆਂ ਹੋ ਚੁੱਕੀਆਂ ਹਨ। ਸੁਨਾਮ ਬਲਾਕ ਦੇ ਸਾਰੇ ਪਿੰਡਾਂ ਵਿੱਚ ਰੈਲੀਆਂ, ਔਰਤ ਮੀਟਿੰਗਾਂ, ਕਲੱਥ ਮੀਟਿੰਗਾਂ ਹੋ ਚੁੱਕੀਆਂ ਹਨ। ਅੱਜ ਦੀਆਂ ਰੈਲੀਆਂ ਦੀ ਅਗਵਾਈ ਬਲਾਕ ਪ੍ਰਧਾਨ ਜਸਵੰਤ ਸਿੰਘ ਤੋਲਾਵਾਲ, ਪ੍ਰੈੱਸ ਸਕੱਤਰ ਸੁਖਪਾਲ ਸਿੰਘ ਮਾਣਕ ਕਣਕਵਾਲ ਦੀ ਅਗਵਾਈ ਹੇਠ ਹੋਈਆਂ। ਇਸ ਮੌਕੇ ਬਲਾਕ ਆਗੂ ਰਾਮਸ਼ਰਨ ਸਿੰਘ ਉਗਰਾਹਾਂ, ਮਨੀ ਸਿੰਘ ਭੈਣੀ, ਲਾਲੀ ਦੌਲੇਵਾਲ ਹਾਜ਼ਰ ਸਨ, ਨਾਲ ਹੀ ਬਲਾਕ ਪ੍ਰਧਾਨ ਜਸਵੀਰ ਕੌਰ ਉਗਰਾਹਾਂ ਤੇ ਬਲਾਕ ਆਗੂ ਮਨਜੀਤ ਕੌਰ ਤੋਲਾਵਾਲ ਨੇ ਬਲਾਕ ਵਿੱਚ ਔਰਤਾਂ ਦੀਆਂ ਮੀਟਿੰਗਾਂ ਕਰਵਾਈਆਂ ਅਤੇ ਖੇਤੀ ਨੀਤੀ ਬਾਰੇ ਜਾਗਰੂਕ ਕੀਤਾ।

## ਭੋੜ੍ਹੇ ਸਾਈਫ਼ਨ ਤੇ ਸਰਹਿੰਦ ਚੋਅ ਦੀ ਸਫਾਈ ਸੰਬੰਧੀ ਡਾ. ਗਾਂਧੀ ਨੂੰ ਦਿੱਤਾ ਮੰਗ ਪੱਤਰ



**ਨਾਭਾ (ਵਰਿੰਦਰ ਵਰਮਾ)**-ਪਿਛਲੇ ਲੰਮੇ ਸਮੇਂ ਤੋਂ ਭੋੜ੍ਹੇ ਸਾਈਫ਼ਨ ਤੇ ਸਰਹੰਦ ਚੋਅ ਦੀ ਸਹੀ ਢੰਗ ਨਾਲ ਸਫਾਈ ਨਾ ਹੋਣ ਕਾਰਨ ਦਰਜਨਾਂ ਪਿੰਡਾਂ ਦੇ ਕਿਸਾਨਾਂ ਦੀ ਬਰਸਾਤਾਂ ਦੇ ਦਿਨਾਂ ਵਿੱਚ ਹਜ਼ਾਰਾਂ ਏਕੜ ਫਸਲ ਪਾਣੀ ਦੀ ਮਾਰ ਹੇਠ ਆਉਣ ਨਾਲ ਤਬਾਹ ਹੋ ਜਾਂਦੀ ਹੈ, ਪ੍ਰੰਤੂ ਲੋਕਾਂ ਵੱਲੋਂ ਹਰ ਸਾਲ ਦੁਹਾਈ ਪਾਉਣ ਦੇ ਬਾਵਜੂਦ ਸਰਕਾਰਾਂ ਤੇ ਪ੍ਰਸ਼ਾਸਨ ਦੇ ਪਿੰਡੇ 'ਤੇ ਜੂੰ ਨਹੀਂ ਸਰਕਦੀ। ਕੇਵਲ ਤੇ ਕੇਵਲ ਗੋਂਗਲੂਆਂ ਤੋਂ ਮਿੱਟੀ ਝਾੜਨ ਵਾਲਾ ਕੰਮ ਕਰਕੇ ਬਰਸਾਤੀ ਨਾਲਿਆਂ ਤੇ ਚੋਅ ਦੀ ਸਫਾਈ ਲਈ ਜਾਰੀ ਕੀਤੀ ਰਾਸ਼ੀ ਦੀ ਸਹੀ ਵਰਤੋਂ ਨਾ ਕਰਕੇ ਅਫਸਰਸ਼ਾਹੀ ਦੀ ਮਿਲੀਭੁਗਤ ਨਾਲ ਗਲਤ ਹੱਥਾਂ ਵਿੱਚ ਚਲੀ ਜਾਂਦੀ ਹੈ ਅਤੇ ਕਿਸਾਨ ਵਿਚਾਰੇ ਹਰ ਸਾਲ ਪਾਣੀ ਦੀ ਮਾਰ ਨਾਲ ਫਸਲ ਤਬਾਹ ਹੋਣ ਕਾਰਨ ਦਿਨੋਂ ਦਿਨ ਕਰਜ਼ਾਈ ਹੁੰਦੇ ਜਾ ਰਹੇ ਹਨ। ਆਖਿਰਕਾਰ ਉਨ੍ਹਾਂ ਨੂੰ ਖੁਦਕੁਸ਼ੀਆਂ ਵਰਗੇ ਗਲਤ ਰਾਹ ਅਪਣਾਉਣੇ ਪੈਂਦੇ ਹਨ। ਇਸੇ ਹੀ ਮਸਲੇ ਨੂੰ ਲੈ ਕੇ ਅੱਜ ਨਾਭਾ ਨੇੜਲੇ ਪਿੰਡ ਖੋਖ, ਕੋਟਲੀ, ਬਿਰੜਵਾਲ, ਭੋਜੋਮਾਜਰੀ, ਅਗੌਲ ਤੇ ਗੋਬਿੰਦਗੜ੍ਹ ਛੰਨਾ ਆਦਿ ਪਿੰਡਾਂ ਦੇ ਕਿਸਾਨਾਂ ਨੇ ਲੋਕ ਸਭਾ ਹਲਕਾ ਪਟਿਆਲਾ ਦੇ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਤੇ ਇੱਕ ਮੰਗ ਪੱਤਰ ਦਿੱਤਾ। ਇਸ ਮੌਕੇ ਬਲਦੇਵ ਸਿੰਘ ਕੋਟਲੀ, ਕਮਲਜੀਤ ਸਿੰਘ ਬਿਰੜਵਾਲ, ਬਲਵੀਰ ਸਿੰਘ ਕੋਟਲੀ, ਮਨਜੀਤ ਸਿੰਘ ਖੋਖ, ਬਲਤੇਜ ਸਿੰਘ ਖੋਖ, ਕੁਲਦੀਪ ਸਿੰਘ ਬਿਰੜਵਾਲ, ਧਰਮਿੰਦਰ ਸਿੰਘ ਭੋਜੋਮਾਜਰੀ, ਵਿਕਰਮਜੀਤ ਸਿੰਘ ਗੋਬਿੰਦਗੜ੍ਹ ਛੰਨਾ, ਜਗਦੇਵ ਸਿੰਘ ਜੱਗੀ ਕੋਟਲੀ, ਧਰਮ ਸਿੰਘ ਪਹਿਲਵਾਨ ਬਿਰੜਵਾਲ, ਸੁਖਦੇਵ ਸਿੰਘ ਕੋਟਲੀ, ਗੁਰਮੀਤ ਸਿੰਘ ਕੋਟਲੀ, ਨਰਿੰਦਰ ਸਿੰਘ ਨਹਿਲ ਗੋਬਿੰਦਗੜ੍ਹ ਛੰਨਾ, ਅਵਤਾਰ ਸਿੰਘ ਖੋਖ, ਸੁਖਬੀਰ ਸਿੰਘ ਬਿੱਲੂ ਨੰਬਰਦਾਰ ਖੋਖ,ਨਿਰਮਲ ਸਿੰਘ ਕਾਲਾ ਜੈਲਦਾਰ ਖੋਖ, ਮਲਕੀਤ ਸਿੰਘ ਬਿਰੜਵਾਲ ਤੇ ਹੋਰ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਬੁੱਢਾ ਦਰਿਆ ਨੂੰ ਪ੍ਰਦੂਸ਼ਤ ਕਰਨ ਵਾਲੀਆਂ ਡੇਅਰੀਆਂ 'ਤੇ ਵਾਤਾਵਰਨ ਮੁਆਵਜ਼ਾ ਲਾਉਣ ਦੇ ਹੁਕਮ ਜਾਰੀ



**ਲੁਧਿਆਣਾ (ਰਾਜ ਸਿੰਗਲਾ)**

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਨਗਰ ਨਿਗਮ ਲੁਧਿਆਣਾ ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਉਨ੍ਹਾਂ ਡੇਅਰੀਆਂ 'ਤੇ ਵਾਤਾਵਰਨ ਮੁਆਵਜ਼ਾ (ਜੁਰਮਾਨਾ) ਲਾਉਣ ਦੇ ਨਿਰਦੇਸ਼ ਦਿੱਤੇ, ਜੋ ਬੁੱਢੇ ਦਰਿਆ ਵਿੱਚ ਪਸ਼ੂਆਂ ਦਾ ਗੋਬਰ ਸੁੱਟ ਕੇ ਪ੍ਰਦੂਸ਼ਤ ਕਰ ਰਹੀਆਂ ਹਨ।

ਬੁੱਢਾ ਦਰਿਆ ਦੇ ਪੁਨਰ ਸੁਰਜੀਤੀ ਪ੍ਰੋਜੈਕਟ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਨਗਰ ਨਿਗਮ ਕਮਿਸ਼ਨਰ ਸੰਦੀਪ ਰਿਸ਼ੀ ਤੇ ਪੀ.ਪੀ.ਸੀ.ਬੀ, ਡਰੇਨੇਜ, ਪੇਂਡੂ ਵਿਕਾਸ ਤੇ ਹੋਰਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਰਾਜ ਸਭਾ ਮੈਂਬਰ ਸੀਚੇਵਾਲ ਨੇ ਬੁੱਢਾ ਦਰਿਆ ਦੀ ਸਫਾਈ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਬੁੱਢਾ ਦਰਿਆ ਦੀ ਸਫਾਈ ਲਈ ਸਰਕਾਰੀ ਫੰਡਾਂ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਇਸ ਪ੍ਰਦੂਸ਼ਣ ਨੂੰ ਰੋਕਣ ਲਈ ਅਧਿਕਾਰੀਆਂ ਨੂੰ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੋਸ਼ੀ ਪਾਏ ਜਾਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਉਹ ਬੁੱਢਾ ਦਰਿਆ ਦੇ ਕਿਨਾਰਿਆਂ 'ਤੇ ਪਸ਼ੂ ਚਰਾਉਣ 'ਤੇ ਪਾਬੰਦੀ ਲਾਉਣ, ਜਿੱਥੇ ਹਾਲ ਹੀ ਦੇ ਮਹੀਨਿਆਂ ਵਿੱਚ ਬੂਟੇ ਲਾਏ ਗਏ ਹਨ।ਐਮ.ਪੀ. ਸੀਚੇਵਾਲ ਨੇ ਪੀ.ਪੀ.ਸੀ.ਬੀ. ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਡਾਇੰਗ ਉਦਯੋਗ ਵਿਰੁੱਧ ਸਖ਼ਤ ਕਾਰਵਾਈ ਕਰਨ, ਜੋ ਅਣਸੋਧਿਆ ਪਾਣੀ ਨਿਗਮ ਦੀਆਂ ਸੀਵਰ ਲਾਈਨਾਂ ਵਿੱਚ ਪਾ ਰਹੇ ਹਨ।ਉਨ੍ਹਾਂ ਅਧਿਕਾਰੀਆਂ ਨੂੰ ਬੁੱਢਾ ਦਰਿਆ ਵਿੱਚ ਖਤਰਨਾਕ ਭਾਰੀ ਧਾਤਾਂ ਛੱਡਣ ਵਾਲੀਆਂ ਇਕਾਈਆਂ ਦੀ ਪਛਾਣ ਕਰਨ ਦਾ ਕੰਮ ਵੀ ਸੌਂਪਿਆ ਗਿਆ ਹੈ।ਬੁੱਢਾ ਦਰਿਆ ਮੁੜ-ਸੁਰਜੀਤੀ ਪ੍ਰੋਜੈਕਟ ਦੇ ਵੱਖ-ਵੱਖ ਪਹਿਲੂਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਠੋਸ ਰਹਿੰਦ-ਖੂੰਹਦ ਪ੍ਰਬੰਧਨ, ਸੀਵਰੇਜ ਟ੍ਰੀਟਮੈਂਟ ਪਲਾਂਟਾਂ (ਐਸ.ਟੀ.ਪੀ), ਐਫਲੂਐਂਟ ਟ੍ਰੀਟਮੈਂਟ ਪਲਾਂਟ (ਈ.ਟੀ.ਪੀ.) ਆਦਿ ਸ਼ਾਮਲ ਹਨ।ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸੰਸਦ ਮੈਂਬਰ ਸੀਚੇਵਾਲ ਨੂੰ ਦੱਸਿਆ ਕਿ ਬੁੱਢੇ ਦਰਿਆ ਵਿੱਚ ਪਸ਼ੂਆਂ ਦਾ ਗੋਹਾ ਸੁੱਟਣ ਵਾਲੀਆਂ ਡੇਅਰੀਆਂ ਵਿਰੁੱਧ ਪਹਿਲਾਂ ਹੀ 70 ਤੋਂ ਵੱਧ ਐਫ.ਆਈ.ਆਰ. ਦਰਜ ਕੀਤੀਆਂ ਜਾ ਚੁੱਕੀਆਂ ਹਨ।ਜ਼ਿਆਦਾਤਰ ਮਾਮਲਿਆਂ ਵਿੱਚ ਬਿਜਲੀ ਦੇ ਕੁਨੈਕਸ਼ਨ ਵੀ ਕੱਟ ਦਿੱਤੇ ਗਏ ਹਨ।ਉਨ੍ਹਾਂ ਨਗਰ ਨਿਗਮ ਤੇ ਪੀ.ਪੀ.ਸੀ.ਬੀ. ਨੂੰ ਡਿਫਾਲਟਰ ਡੇਅਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਤੇ ਬਾਅਦ ਵਿੱਚ ਕਾਨੂੰਨ ਅਨੁਸਾਰ ਵਾਤਾਵਰਨ ਮੁਆਵਜ਼ਾ ਲਾਗੂ ਕਰਨ ਲਈ ਵੀ ਕਿਹਾ।

## ਟ੍ਰੈਫ਼ਿਕ ਪੁਲਸ ਵੱਲੋਂ ਵਹੀਕਲਾਂ 'ਤੇ ਲਾਏ ਗਏ ਰਿਫਲੈਕਟਰ



**ਜਲਾਲਾਬਾਦ (ਜੀਤ ਕੁਮਾਰ)**

ਸ਼ਹੀਦ ਊਧਮ ਸਿੰਘ ਚੌਕ ਦੇ ਨਜ਼ਦੀਕ ਫ਼ਿਰੋਜ਼ਪੁਰ-ਫ਼ਾਜ਼ਿਲਕਾ ਨੈਸ਼ਨਲ ਹਾਈਵੇਅ 'ਤੇ ਟ੍ਰੈਫ਼ਿਕ ਪੁਲਸ ਵੱਲੋਂ ਨਾਕਾਬੰਦੀ ਕਰਕੇ ਚਾਰ ਪਹੀਆ ਵਹੀਕਲਾਂ 'ਤੇ ਰਿਫਲੈਕਟਰ ਲਾਏ ਗਏ, ਉਥੇ ਹੀ ਵਾਹਨ ਚਾਲਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਕੇ ਆਪਣੇ ਵਹੀਕਲ ਚਲਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਟ੍ਰੈਫ਼ਿਕ ਪੁਲਸ ਇੰਚਾਰਜ ਪਰਮਜੀਤ ਸਿੰਘ ਤੇ ਜਲਾਲਾਬਾਦ ਟ੍ਰੈਫ਼ਿਕ ਪੁਲਸ ਇੰਚਾਰਜ ਸੂਰਜ ਭਾਨ ਸਮੇਤ ਹੋਰ ਟ੍ਰੈਫ਼ਿਕ ਪੁਲਸ ਕ੍ਰਮਚਾਰੀ ਮੌਜੂਦ ਸਨ। ਜ਼ਿਲ੍ਹਾ ਟ੍ਰੈਫ਼ਿਕ ਪੁਲਸ ਦੇ ਇੰਚਾਰਜ ਪਰਮਜੀਤ ਸਿੰਘ ਨੇ ਕਿਹਾ ਕਿ ਸੜਕੀ ਹਾਦਸੇ ਜ਼ਿਆਦਾਤਰ ਟ੍ਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਨਾਲ ਹੀ ਵਾਪਰਦੇ ਹਨ। ਇਸ ਲਈ ਹਰੇਕ ਵਿਅਕਤੀ ਨੂੰ ਚਾਹੀਦਾ ਹੈ ਕਿ ਉਹ ਸੜਕਾਂ 'ਤੇ ਵਹੀਕਲ ਚਲਾਉਣ ਸਮੇਂ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਦੇ ਹੋਏ ਦੋ ਪਹੀਆ ਵਾਹਨ ਚਾਲਕ ਨੂੰ ਹੈਲਮਟ ਦਾ ਪ੍ਰਯੋਗ ਕੀਤਾ ਜਾਵੇ। ਕਾਰ ਚਾਲਕਾਂ ਨੂੰ ਸੀਟ ਬੈਲਟ ਲਾਉਣੀ ਚਾਹੀਦੀ ਹੈ। ਸੜਕ ਨੂੰ ਕਰਾਸ ਕਰਨ ਸਮੇਂ ਦੋਹਾਂ ਸਾਇਡਾਂ 'ਤੇ ਵਹੀਕਲ ਆਉਣ ਬਾਰੇ ਦੇਖਿਆ ਜਾਵੇ ਅਤੇ ਕਦੇ ਵੀ ਜਲਦਬਾਜ਼ੀ ਅਤੇ ਲਾਪ੍ਰਵਾਹੀ ਕਰਦੇ ਹੋਏ ਸੜਕ ਨੂੰ ਕਰਾਸ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਗਾਮੀ ਮੌਸਮ ਨੂੰ ਵੇਖਦੇ ਹੋਏ ਟ੍ਰੈਫ਼ਿਕ ਪੁਲਸ ਵੱਲੋਂ ਸੜਕ ਤੋਂ ਲੰਘ ਰਹੇ ਵਹੀਕਲਾਂ ਤੇ ਰਿਫਲੈਕਟਰ ਲਾਏ ਜਾ ਰਹੇ ਹਨ ਅਤੇ ਵਾਹਨ ਚਾਲਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ। ਟ੍ਰੈਫ਼ਿਕ ਪੁਲਸ ਦੇ ਇੰਚਾਰਜ ਸੂਰਜ ਭਾਨ ਨੇ ਕਿਹਾ ਕਿ ਜਿੱਥੇ ਲੋਕਾਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਲਈ ਸਮੇਂ-ਸਮੇਂ 'ਤੇ ਉਜਾਗਰ ਕੀਤਾ ਜਾਂਦਾ ਹੈ, ਉਥੇ ਹੀ ਜਲਾਲਾਬਾਦ ਸ਼ਹਿਰ ਵਿੱਚ ਬਾਹਮਣੀ ਚੁੰਗੀ ਚੌਕ, ਸ਼੍ਰੀ ਮੁਕਤਸਰ ਸਾਹਿਬ ਰੋਡ 'ਤੇ ਫਲਾਈ ਓਵਰ ਬ੍ਰਿਜ, ਲੜਕੀਆ ਦੇ ਸਰਕਾਰੀ ਸਕੂਲ ਆਦਿ ਥਾਂਵਾਂ 'ਤੇ ਆਵਾਜਾਈ ਨੂੰ ਸੁਚਾਰੂ ਚਲਾਉਣ ਲਈ ਟ੍ਰੈਫ਼ਿਕ ਪੁਲਸ ਵੱਲੋਂ ਨਾਕਾਬੰਦੀ ਕੀਤੀ ਜਾਂਦੀ ਹੈ।

ਕੁੜੀਆਂ ਦੇ ਸਕੂਲ ਦੇ ਗੇਟ ਅੱਗੇ ਦੁਪਹਿਰੇ ਛੁੱਟੀ ਸਮੇਂ ਨਾਕਾਬੰਦੀ ਕਰਕੇ ਦੋ ਪਹੀਆ ਵਹੀਕਲਾਂ 'ਤੇ ਗੇੜੀਆਂ ਮਾਰਨ ਵਾਲੇ ਭੂੰਡ ਆਸ਼ਕਾਂ ਖ਼ਿਲਾਫ਼ ਵੀ ਕਾਰਵਾਈ ਕਰਦੇ ਹੋਏ ਕਈ ਵਾਰ ਚਲਾਨ ਵੀ ਕੀਤੇ ਗਏ ਹਨ ਤੇ ਪੁਲਸ ਕ੍ਰਮਚਾਰੀਆਂ ਦੀ ਤੈਨਾਤੀ ਕੀਤੀ ਜਾਂਦੀ ਹੈ।

## ਪ੍ਰਭਕਰਨ ਸਿੰਘ ਨੇ ਸਿਲਵਰ ਮੈਡਲ ਹਾਸਲ ਕੀਤਾ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਕਰਾਈਆਂ ਖੇਡਾਂ ਵਿੱਚ 68ਵੀਂ ਜ਼ਿਲ੍ਹਾ ਪੱਧਰੀ ਫ੍ਰੀ ਸਟਾਈਲ ਕੁਸ਼ਤੀ ਦੇ ਮੁਕਾਬਲੇ ਸ੍ਰੀ ਆਲਮਗੀਰ ਸਾਹਿਬ ਅਖਾੜੇ ਵਿੱਚ ਹੋਏ, ਜਿਸ ਵਿੱਚ ਸਮਰਾਲਾ ਜ਼ੋਨਲ ਤੋਂ ਕਿੰਡਰ ਗਾਰਟਨ ਐਂਡ ਸੀ. ਸੈਕੰ: ਸਕੂਲ ਦੇ ਵਿਦਿਆਰਥੀ ਪ੍ਰਭਕਰਨ ਸਿੰਘ ਨੇ 86 ਕਿੱਲੋ ਵਰਗ ਕੁਸ਼ਤੀਆਂ ਮੁਕਾਬਲੇ 'ਚ ਹਿੱਸਾ ਲਿਆ ਅਤੇ ਮੁਕਾਬਲੇ ਵਿੱਚ ਜਗਰਾਉਂ ਜ਼ੋਨਲ ਨੂੰ ਹਰਾ ਕੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਡਾਇਰੈਕਟਰ ਮੈਡਮ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਰਣਜੋਤ ਕੌਰ ਅਤੇ ਸਮੂਹ ਸਟਾਫ਼ ਨੇ ਵਿਦਿਆਰਥੀ ਪ੍ਰਭਕਰਨ ਸਿੰਘ, ਉਸਦੇ ਮਾਤਾ-ਪਿਤਾ ਤੇ ਡੀ.ਪੀ. ਮੈਡਮ ਹਰਪ੍ਰੀਤ ਕੌਰ ਨੂੰ ਵਧਾਈ ਦਿੱਤੀ।

## ਕੰਗਣਾ ਰਣੌਤ ਦੀ 'ਐਮਰਜੈਂਸੀ' ਨੂੰ ਸੈਂਸਰ ਬੋਰਡ ਬੈਨ ਕਰੇ : ਸੁੱਖ ਗਿੱਲ, ਜਸਕਰਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਸਮੇਂ-ਸਮੇਂ 'ਤੇ ਸਿੱਖਾਂ ਤੇ ਕਿਸਾਨਾਂ ਖ਼ਿਲਾਫ ਜ਼ਹਿਰ ਉਗਲਣ ਵਾਲੀ ਹਿਮਾਚਲ ਤੋਂ ਨਵੀਂ ਬਣੀ ਮੈਂਬਰ ਪਾਰਲੀਮੈਂਟ ਤੇ ਬਾਲੀਵੁੱਡ ਦੀ ਅਦਾਕਾਰਾ ਕੰਗਣਾ ਰਣੌਤ ਨੇ "ਐਮਰਜੈਂਸੀ" ਫਿਲਮ ਸਿਰਫ ਸਿੱਖਾਂ ਦੇ ਹਿਰਦੇ ਵਲੂੰਧਰਣ ਲਈ ਬਣਾਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨੌਜਵਾਨ ਕਿਸਾਨ ਆਗੂ ਸੁੱਖ ਗਿੱਲ ਮੋਗਾ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਦੁਨੀਆ 'ਤੇ ਸਿੱਖ ਚਾਹੇ 2% ਹਨ, ਪਰ ਜਿੱਥੇ ਕਿਤੇ ਹੜ੍ਹ, ਤੂਫਾਨ, ਆਫਤ ਜਾਂ ਫਿਰ ਐਮਰਜੈਂਸੀ ਜਿਹੇ ਹਾਲਾਤ ਬਣਦੇ ਹਨ ਤਾਂ ਸਭ ਤੋਂ ਪਹਿਲਾਂ ਬਾਬੇ ਨਾਨਕ ਦਾ 20 ਰੁਪੈ ਦਾ ਚਲਾਇਆ ਹੋਇਆ ਲੰਗਰ ਲੈ ਕੇ ਸਿੱਖ ਹੀ ਪਹੁੰਚਦੇ ਹਨ, ਜੇ ਕਿਸੇ ਵੀ ਕੌਮ 'ਤੇ ਜ਼ੁਲਮ ਜਾਂ ਤਸ਼ੱਦਦ ਹੁੰਦਾ ਹੈ ਤਾਂ ਸਿੰਘ ਜ਼ੁਲਮ ਖ਼ਿਲਾਫ ਸਭ ਤੋਂ ਪਹਿਲਾਂ ਹਿੱਕ ਡਾਹ ਕੇ ਖੜਦੇ ਹਨ, ਸਾਡੇ ਹੱਕਾਂ ਖਾਤਰ ਖੰਡੇ ਖੜਕਾਉਣ ਵਾਲੀ ਕੌਮ ਨੂੰ ਬਦਨਾਮ ਕਰਨ ਲਈ ਕੰਗਣਾ ਰਣੌਤ ਨੇ ਐਮਰਜੈਂਸੀ ਫਿਲਮ ਬਣਾਈ ਹੈ, ਇਸ ਸਮੇਂ ਬੀਜੇਪੀ ਦੀ ਐੱਮ ਪੀ ਹੋਣ ਦੇ ਬਾਵਜੂਦ ਕਾਂਗਰਸ ਦੀ ਪ੍ਰਧਾਨ ਮੰਤਰੀ ਸ਼੍ਰੀਮਤੀ ਇੰਦਰਾ ਗਾਂਧੀ 'ਤੇ ਫਿਲਮ ਬਣਾਉਣਾ ਜਾਂ ਉਸ 'ਤੇ ਪੈਸਾ ਲਾਉਣਾ ਕੀ ਇਹ ਸਿੱਖਾਂ ਖਿਲਾਫ ਜਾਣਬੁੱਝ ਜ਼ਹਿਰ ਉਗਲਣ ਵਾਲੀ ਗੱਲ ਨਹੀਂ ਹੈ, ਸੁੱਖ ਗਿੱਲ ਮੋਗਾ ਨੇ ਸੈਂਸਰ ਬੋਰਡ ਤੋਂ ਸਪੈਸ਼ਲ ਤੌਰ 'ਤੇ ਮੰਗ ਕੀਤੀ ਹੈ ਕਿ ਸਿੱਖਾਂ ਦੀ ਧਾਰਮਿਕ ਆਸਥਾ ਨੂੰ ਧਿਆਨ ਵਿੱਚ ਰੱਖਦੇ ਹੋਏ ਐਮਰਜੈਂਸੀ ਫਿਲਮ ਬਿੱਲਕੁਲ ਬੈਨ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਉਹ ਸੈਂਸਰ ਬੋਰਡ ਨੂੰ ਲਿਖਤੀ ਚਿੱਠੀ ਵੀ ਕੱਢਣਗੇ ਤੇ ਐਮਰਜੈਂਸੀ ਫਿਲਮ ਨੂੰ ਜਲਦ ਬੈਨ ਕਰਨ ਦੀ ਮੰਗ ਵੀ ਕਰਨਗੇ। ਇਸ ਮੌਕੇ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਬਾਪੂ ਗੁਰਚਰਨ ਸਿੰਘ, ਗੁਰਦੀਪ ਸਿੰਘ ਬਠਿੰਡਾ, ਲਖਵਿੰਦਰ ਸਿੰਘ ਕਰਮੂੰਵਾਲਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਪਰਮਜੀਤ ਸਿੰਘ ਗਦਾਈਕੇ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਧਰਮ ਸਿੰਘ ਸਭਰਾ ਮੀਤ ਪ੍ਰਧਾਨ ਪੰਜਾਬ, ਪਰਵਿੰਦਰ ਸਿੰਘ ਗਿੱਲ ਯੂਥ ਕਿਸਾਨ ਆਗੂ, ਬਲਵਿੰਦਰ ਸਿੰਘ, ਸੁਖਮੰਦਰ ਸਿੰਘ ਮਿਸ਼ਰੀਵਾਲਾ, ਤਰਨਜੀਤ ਸਿੰਘ ਕਰਮੂੰਵਾਲਾ, ਲੱਖਾ ਦਾਨੇਵਾਲਾ, ਮਲਕੀਤ ਸਿੰਘ ਸਰਪੰਚ ਸ਼ਾਹਕੋਟ, ਰਿੰਕੂ ਸਿੱਧੂ ਮੋਹਾਲੀ, ਗੋਰਾ ਤਖਾਣਬੱਧ, ਧੰਨਾਂ ਜੱਟ ਨਕੋਦਰ, ਕਾਲਾ ਮੋਹਾਲੀ, ਭਾਊ, ਪੱਪੀ ਖਰੜ ਅਤੇ ਬੀਬੀ ਜਸਬੀਰ ਕੌਰ ਨੇ ਸਾਥੀਆਂ ਸਮੇਤ ਹਾਜ਼ਰ ਸਨ।

## ਬੇਜ਼ਮੀਨੇ ਦਲਿਤ ਮਜ਼ਦੂਰਾਂ ਦੀਆਂ ਮੰਗਾਂ ਦੇ ਹੱਲ ਲਈ ਝੰਡਾ ਮਾਰਚ ਸ਼ੁਰੂ



**ਜਗਰਾਉਂ (ਨਛੱਤਰ ਸੰਧੂ)**-ਪਿੰਡਾਂ ਦੇ ਬੇਜ਼ਮੀਨੇ ਦਲਿਤ ਗ਼ਰੀਬਾਂ ਤੇ ਮਜ਼ਦੂਰਾਂ ਦੇ ਬੁਨਿਆਦੀ ਮੰਗਾਂ ਮਸਲਿਆਂ ਦੇ ਹੱਲ ਅਤੇ ਮਜ਼ਦੂਰਾਂ ਨੂੰ ਜਾਗ੍ਰਿਤ ਤੇ ਸੰਗਠਿਤ ਕਰਨ ਲਈ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾਈ ਪ੍ਰੋਗਰਾਮ ਮੁਤਾਬਕ ਪਿੰਡ ਸਿੱਧਵਾਂ ਕਲਾਂ ਤੋਂ ਝੰਡਾ ਮਾਰਚ ਸ਼ੁਰੂ ਕੀਤਾ ਗਿਆ, ਜਿਸ ਵਿੱਚ ਜਥੇਬੰਦੀ ਦੇ ਸਰਗਰਮ ਮੈਂਬਰਾਂ ਨੇ ਸ਼ਮੂਲੀਅਤ ਕੀਤੀ।ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਰਸੂਲਪੁਰ ਜ਼ਿਲ੍ਹਾ ਸਕੱਤਰ ਸੁਖਦੇਵ ਸਿੰਘ ਮਾਣੂੰਕੇ, ਇਲਾਕਾ ਪ੍ਰਧਾਨ ਕੁਲਵੰਤ ਸਿੰਘ ਸੋਨੀ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵਿਤਕਰੇ ਭਰੀ ਮਾਨਸਿਕਤਾ ਤਹਿਤ ਮਜ਼ਦੂਰਾਂ ਦੇ ਬੁਨਿਆਦੀ ਮੰਗਾਂ ਮਸਲਿਆਂ ਨੂੰ ਅੱਖੋਂ-ਪਰੋਖੇ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਖੇਤੀਬਾੜੀ 'ਚ ਹੋਏ ਬੇਢੱਬੇ ਬਦਲਾਅ ਨੇ ਮਜ਼ਦੂਰ ਭਾਈਚਾਰਾ, ਖੇਤੀ ਅਧਾਰਤ ਰੁਜ਼ਗਾਰ ਅਤੇ ਪਸ਼ੂ ਪਾਲਣ ਵਰਗੇ ਪੁਸ਼ਤੈਨੀ ਕਿੱਤੇ ਤੋਂ ਵਿਰਵਾ ਕਰ ਦਿੱਤਾ ਹੈ।ਖੇਤਾਂ ਵਿੱਚ ਆਏ ਹਰੇ ਇਨਕਲਾਬ ਨੇ ਖੇਤ ਮਜ਼ਦੂਰਾਂ ਦੇ ਚਿਹਰੇ ਪੀਲੇ ਕਰ ਦਿੱਤੇ ਹਨ।ਉਨ੍ਹਾਂ ਕਿਹਾ ਕਿ ਇੱਕਾ ਦੁੱਕਾ ਢੰਗ ਟਪਾਊ ਸਰਕਾਰੀ ਨੀਤੀਆਂ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀ।ਉਨ੍ਹਾਂ ਕੇਂਦਰ ਤੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਦਲਿਤ ਮਜ਼ਦੂਰਾਂ ਨੂੰ ਰਿਜ਼ਰਵ ਜ਼ਮੀਨਾਂ ਦਾ ਪੱਕਾ ਪ੍ਰਬੰਧ ਦਲਿਤ ਕਮੇਟੀਆਂ ਬਣਾ ਕੇ ਦਿੱਤਾ ਜਾਵੇ ਤਾਂ ਜੁ ਉਹ ਆਪ ਸਾਂਝੀ ਖੇਤੀ ਕਰ ਸਕਣ।ਲੈਂਡ ਸੀਲਿੰਗ ਐਕਟ ਸਖ਼ਤੀ ਨਾਲ ਲਾਗੂ ਕਰਕੇ ਵਾਧੂ ਜ਼ਮੀਨਾਂ ਬੇਜ਼ਮੀਨੇ ਕਿਸਾਨਾਂ ਤੇ ਦਲਿਤਾਂ ਵਿੱਚ ਤਕਸੀਮ ਕੀਤੀਆਂ ਜਾਣ।ਨਜ਼ੂਲ ਤੇ ਗੌਰਮਿੰਟ ਪ੍ਰੋਫੈਸ਼ਨਲ ਅਲਾਟ ਜ਼ਮੀਨਾਂ ਤੋਂ ਨਜਾਇਜ਼ ਕਬਜ਼ੇ ਹਟਾ ਕੇ ਉਨ੍ਹਾਂ ਦੇ ਮਾਲਕੀ ਹੱਕ ਬੇਜ਼ਮੀਨੇ ਦਲਿਤ ਮਜ਼ਦੂਰਾਂ ਨੂੰ ਦਿੱਤੇ ਜਾਣ।ਮਜ਼ਦੂਰਾਂ ਨੂੰ ਮਨਰੇਗਾ ਤਹਿਤ ਸਾਰਾ ਸਾਲ ਕੰਮ ਅਤੇ ਦਿਹਾੜੀ 700 ਰੁਪੈ ਕੀਤੀ ਜਾਵੇ।ਲਾਲ ਲਕੀਰ ਵਿੱਚ ਵਸਦੇ ਲੋਕਾਂ ਨੂੰ ਉਸ ਜਗ੍ਹਾ ਦੀ ਮਾਲਕੀ ਦਿੱਤੀ ਜਾਵੇ।ਮਾਈਕਰੋ ਫਾਇਨੈਂਸ ਕੰਪਨੀਆਂ ਅਤੇ ਸ਼ਾਹੂਕਾਰਾਂ ਦੇ ਕਰਜ਼ਿਆਂ ਸਮੇਤ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ 'ਤੇ ਲੀਕ ਮਾਰੀ ਜਾਵੇ।ਉਨ੍ਹਾਂ ਮਜ਼ਦੂਰਾਂ ਨੂੰ ਉਕਤ ਮੰਗਾਂ ਮਸਲਿਆਂ 'ਤੇ ਸੰਗਠਿਤ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ।

## ਮੀਟਿੰਗ ਨੂੰ 7ਵੀਂ ਵਾਰ ਰੱਦ ਕਰਨਾ ਸਰਕਾਰ ਦਾ ਬਜ਼ੁਰਗ ਪੈਨਸ਼ਨਰਾਂ ਨਾਲ ਕੋਝਾ ਤੇ ਭੱਦਾ ਮਜ਼ਾਕ : ਪਵਨ ਕੌਸ਼ਲ



**ਦੋਰਾਹਾ (ਹਰਮਿੰਦਰ ਸੇਠ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੋਰਾਹਾ ਦੇ ਪ੍ਰਧਾਨ ਪਵਨ ਕੁਮਾਰ ਕੌਸ਼ਲ ਨੇ ਇੱਕ ਬਿਆਨ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਚੋਣਾਂ ਦੌਰਾਨ ਕਿਹਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਨਣ 'ਤੇ ਪੈਨਸ਼ਨਰਜ਼ ਦੀਆਂ ਮੰਗਾਂ ਜਿਨ੍ਹਾਂ ਵਿੱਚ 1.1.2016 ਤੋਂ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਕਰਨ, ਪੈਨਸ਼ਨ ਦੁਹਰਾਈ ਸਮੇਂ ਮਹਿੰਗਾਈ ਭੱਤਾ 119% ਲੈਣ, 1.1.2016 ਤੋਂ ਪੈਨਸ਼ਨ ਦੁਹਰਾਈ ਤੇ ਰਹਿੰਦੀਆਂ ਮਹਿੰਗਾਈ ਕਿਸ਼ਤਾਂ ਦੇਣ ਅਤੇ ਉਨ੍ਹਾਂ ਦਾ ਬਣਦਾ ਬਕਾਇਆ ਆਦਿ ਦਿੱਤਾ ਜਾਵੇਗਾ, ਪ੍ਰੰਤੂ ਸਰਕਾਰ ਬਣੀ ਨੂੰ ਢਾਈ ਸਾਲ ਦਾ ਸਮਾਂ ਹੋ ਗਿਆ ਇੱਕ ਵੀ ਮੰਗ ਪੂਰੀ ਨਹੀਂ ਕੀਤੀ। ਮੁਲਾਜ਼ਮ ਤੇ ਪੈਨਸ਼ਨਰਜ਼ ਜਾਇੰਟ ਫਰੰਟ ਨਾਲ ਮੰਗਾਂ ਸਬੰਧੀ ਮੀਟਿੰਗ ਦੀਆਂ ਤਰੀਕਾਂ ਨਿਯੁਕਤ ਕਰਕੇ ਹੁਣ ਸੱਤਵੀਂ ਵਾਰ 22 ਅਗਸਤ ਨੂੰ ਰੱਖੀ ਮੀਟਿੰਗ ਵੀ ਰੱਦ ਕਰ ਦਿੱਤੀ। ਮੌਜੂਦਾ ਸਰਕਾਰ ਦਾ ਬਜ਼ੁਰਗ ਪੈਨਸ਼ਨਰਜ਼ ਨਾਲ ਇੱਕ ਕੋਝਾ ਤੇ ਭੱਦੇ ਮਜ਼ਾਕ ਤੋਂ ਘੱਟ ਨਹੀਂ। ਸਰਕਾਰ ਦੇ ਲਾਰਿਆਂ ਕਾਰਨ ਕੋਈ 35000 ਦੇ ਕਰੀਬ ਪੈਨਸ਼ਨਰ ਬਕਾਇਆਂ ਨੂੰ ਉਡੀਕਦੇ ਤੇ ਮਹਿੰਗੇ ਇਲਾਜ ਖੁਣੋਂ ਆਪਣੀ ਜਾਨ ਗਵਾ ਬੈਠੇ ਹਨ। ਹੁਣ ਵੀ ਬਹੁਤੇ ਪੈਨਸ਼ਨਰ 80 ਸਾਲ ਦੀ ਉਮਰ ਪਾਰ ਕਰ ਚੁੱਕੇ ਹਨ ਤੇ ਸਰਕਾਰ ਵੱਲੋਂ ਆਪਣੇ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਤੋਂ ਟਾਲ ਮਟੋਲ ਦੀ ਨੀਤੀ ਅਪਣਾਉਣ ਕਾਰਨ ਬਕਾਇਆਂ ਦੀ ਉਡੀਕ ਵਿੱਚ ਮਹਿੰਗੇ ਇਲਾਜ ਕਾਰਨ ਹਸਪਤਾਲ ਜਾਣੋਂ ਅਸਮਰਥ ਹਨ, ਜਦੋਂ ਕਿ ਝੂਠੇ ਪ੍ਰਚਾਰ ਕਰਨ ਉੱਪਰ ਸਰਕਾਰ ਵੱਲੋਂ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਸਮੂਹ ਜਥੇਬੰਦੀਆਂ ਸਰਕਾਰ, ਇਸ ਦੇ ਮੁੱਖ ਮੰਤਰੀ ਤੇ ਮੰਤਰੀਆਂ ਦੇ ਖਾਸੇ ਨੂੰ ਸਮਝ ਕੇ ਅਗਲਾ ਪਰੋਗਰਾਮ ਉਲੀਕਣ।

## ਵਿਆਪਕ ਜਨਤਕ ਵਿਰੋਧ ਕਾਰਨ ਮੋਦੀ ਸਰਕਾਰ ਲੇਟਰਲ ਐਂਟਰੀ ਸਕੀਮ ਰੱਦ ਕਰਨ ਲਈ ਹੋਈ ਮਜਬੂਰ : ਲਿਬਰੇਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**-ਸੀਪੀਆਈ (ਐਮ ਐਲ) ਲਿਬਰੇਸ਼ਨ ਦਾ ਕਹਿਣਾ ਹੈ ਕਿ ਬੇਸ਼ੱਕ ਐਸ.ਸੀ- ਐਸ.ਟੀ ਸੰਗਠਨਾਂ, ਵਿਰੋਧੀ ਧਿਰ ਤੇ ਖੁਦ ਅਪਣੇ ਭਾਈਵਾਲਾਂ ਦੇ ਦਬਾਅ ਹੇਠ ਮੋਦੀ ਸਰਕਾਰ ਲੇਟਰਲ ਇੰਟਰੀ ਦੇ ਨਾਂਅ 'ਤੇ ਕਾਰਪੋਰੇਟਰਾਂ ਅਤੇ ਸੰਘ ਪਰਵਾਰ ਦੇ ਚਹੇਤਿਆਂ ਨੂੰ ਸਿੱਧੇ ਨੀਤੀਗਤ ਅਸਾਮੀਆਂ 'ਤੇ ਨਿਯੁਕਤ ਕਰਨ ਦੀ ਸਕੀਮ ਤੋਂ ਪਿੱਛੇ ਹਟਣ ਲਈ ਮਜਬੂਰ ਹੋ ਗਈ ਹੈ, ਪਰ ਇਸ ਨੇ ਅਣਐਲਾਨੇ ਢੰਗ ਨਾਲ ਸੰਵਿਧਾਨ ਨੂੰ ਖਤਮ ਕਰਨ ਦੀਆਂ ਅਪਣੀਆਂ ਕੋਸ਼ਿਸ਼ਾਂ ਬੰਦ ਨਹੀਂ ਕੀਤੀਆਂ।ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਤੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵੱਲੋਂ ਕਿਹਾ ਗਿਆ ਹੈ ਕਿ ਤਾਜ਼ਾ ਲੋਕ ਸਭਾ ਚੋਣਾਂ ਵਿੱਚ ਕਈ ਬੀਜੇਪੀ ਲੀਡਰਾਂ ਵੱਲੋਂ ਦਿੱਤੇ ਅਜਿਹੇ ਬਿਆਨਾਂ ਕਿ ਉਹ 400 ਸੀਟਾਂ ਇਸ ਲਈ ਜਿੱਤਣਾ ਚਾਹੁੰਦੇ ਹਨ, ਤਾਂ ਜੁ ਸੰਵਿਧਾਨ ਨੂੰ ਬਦਲਿਆ ਜਾ ਸਕੇ, ਤੋਂ ਸੁਚੇਤ ਹੋ ਕੇ ਬੇਸ਼ੱਕ ਦੇਸ਼ ਦੀ ਜਨਤਾ ਨੇ ਮੋਦੀ ਨੂੰ ਬਹੁਮਤ ਤੋਂ ਕਾਫੀ ਪਿੱਛੇ ਖਿੱਚ ਲਿਆ, ਪਰ ਉਸ ਦੇ ਸਾਜ਼ਿਸ਼ੀ ਇਰਾਦੇ ਨਹੀਂ ਬਦਲੇ।ਮੋਦੀ ਜੁੰਡਲੀ ਜਾਤੀ ਜਨਗਣਨਾ ਕਰਾ ਕੇ ਹਰ ਵਰਗ ਤੇ ਜਾਤੀ ਦੀ ਅਨੁਪਾਤਕ ਪ੍ਰਤੀਨਿਧਤਾ ਨਵੇਂ ਸਿਰਿਉਂ ਨਿਰਧਾਰਿਤ ਕਰਨ ਲਈ ਤਿਆਰ ਨਹੀਂ।ਉਲਟਾ ਇਹ ਮਨੂੰਵਾਦੀ ਪਾਰਟੀ ਅਖੌਤੀ ਲੇਟਰਲ ਇੰਟਰੀ ਦੀ ਆੜ ਵਿੱਚ ਨੀਤੀ ਨਿਰਧਾਰਨ ਦੀਆਂ ਕੁੰਜੀਵਤ ਅਸਾਮੀਆਂ ਉਤੇ ਚੋਰ ਦਰਵਾਜ਼ਿਓਂ ਅਡਾਨੀ-ਅੰਬਾਨੀ ਦੀਆਂ ਕੰਪਨੀਆਂ ਦੇ ਅਫ਼ਸਰਾਂ ਨੂੰ ਲਿਆ ਕੇ ਬਿਠਾਉਣਾ ਚਾਹੁੰਦੀ ਹੈ।ਇੰਝ ਉਹ ਆਈ.ਏ.ਐਸ, ਆਈ.ਪੀ.ਐਸ ਤੇ ਆਈ.ਆਰ.ਐਸ ਵਰਗੇ ਉੱਚ ਅਹੁਦਿਆਂ ਤੋਂ ਪੂਰੀ ਮਿਹਨਤ ਨਾਲ ਯੂ. ਪੀ.ਐਸ.ਸੀ ਰਾਹੀਂ ਚੁਣ ਕੇ ਆਏ ਸ਼ਡਿਊਲਡ ਕਾਸਟ ਅਤੇ ਸ਼ਡਿਊਲਡ ਟਰਾਈਬ ਵਰਗ ਦੇ ਯੋਗ ਸੀਨੀਅਰ ਅਫਸਰਾਂ ਨੂੰ ਵੀ ਬਾਹਰ ਕਰਨ ਦੀ ਸਾਜ਼ਿਸ਼ ਰਚ ਰਹੀ ਹੈ।

## ਪੁਰਾਣੀ ਪੈਨਸ਼ਨ ਲਾਗੂ ਨਾ ਕਰਨਾ ਸਰਕਾਰ ਦੀ ਬੇਈਮਾਨੀ : ਡੀ ਟੀ ਐੱਫ਼



**ਸਮਰਾਲਾ (ਸੁਰਜੀਤ ਸਿੰਘ)** ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਮੁਲਾਜ਼ਮ ਨਾਲ ਇਹ ਵਾਅਦਾ ਕਰਕੇ ਸੱਤਾ ਵਿਚ ਕਾਬਜ਼ ਹੋਈ ਸੀ ਕਿ ਉਹ ਤੁਰੰਤ ਪੁਰਾਣੀ ਪੈਨਸ਼ਨ ਲਾਗੂ ਕਰੇਗੀ, ਪਰ ਕਰੀਬ ਅੱਧਾ ਕਾਰਜਕਾਲ ਗੁਜ਼ਰ ਜਾਣ ਦੇ ਬਾਵਜੂਦ ਸਰਕਾਰ ਲਾਰੇ ਹੀ ਲਾ ਰਹੀ ਹੈ।ਉਨ੍ਹਾਂ ਕਿਹਾ ਕਿ ਵਾਅਦੇ ਤੋਂ ਮੁੱਕਰ ਜਾਣਾ ਸਰਕਾਰ ਦੀ ਬੇਈਮਾਨੀ ਹੈ।ਡੀ ਟੀ ਐਫ਼ ਦੇ ਸੀਨੀਅਰ ਆਗੂ ਰੁਪਿੰਦਰ ਸਿੰਘ ਜੰਡਿਆਲੀ ਨੇ ਇਹ ਵਿਚਾਰ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਸ ਵੇਲੇ ਸਾਰਾ ਹੀ ਮੁਲਾਜ਼ਮ ਵਰਗ ਸਰਕਾਰ ਤੋਂ ਨਰਾਜ਼ ਹੈ, ਲਿਹਾਜ਼ਾ ਆਉਂਦੀਆਂ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਇਸਦਾ ਖਮਿਆਜ਼ਾ ਜ਼ਰੂਰ ਭੁਗਤਣਾ ਪਵੇਗਾ।ਜੰਡਿਆਲੀ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਪੰਜਾਬ ਵੱਲੋਂ ਸੂਬੇ ਵਿੱਚ ਨਵੀਂ ਪੈਨਸ਼ਨ ਤੋਂ ਅਜ਼ਾਦੀ ਪੰਦਰਵਾੜਾ ਮਨਾਇਆ ਜਾ ਰਿਹਾ ਹੈ।ਇਸ ਤਹਿਤ ਵੱਖ-ਵੱਖ ਸਕੂਲਾਂ ਤੇ ਦਫ਼ਤਰਾਂ ਵਿੱਚ ਨਵੀ ਪੈਨਸ਼ਨ ਸਕੀਮ ਤੋਂ ਅਜ਼ਾਦੀ ਲਈ ਰੋਸ ਪ੍ਰਗਟ ਕੀਤਾ ਗਿਆ। ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਆਗੂ ਮਨਪ੍ਰੀਤ ਸਿੰਘ ਸਮਰਾਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕਰਕੇ ਪੰਜਾਬ ਦੀ ਰਾਜ ਸੱਤਾ 'ਤੇ ਕਾਬਜ਼ ਹੋਈ ਸੀ।ਆਮ ਆਦਮੀ ਪਾਰਟੀ ਦੇ ਆਗੂ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਚੋਣਾਂ ਵਿੱਚ ਝੂਠ ਬੋਲ ਕੇ ਕਿ ਅਸੀਂ ਪੰਜਾਬ ਵਿੱਚ ਪੁਰਾਣੀ ਪੈਨਸ਼ਨ ਲਾਗੂ ਕਰ ਦਿੱਤੀ ਲੋਕਾਂ ਗੁੰਮਰਾਹ ਕਰਦੇ ਰਹੇ ਹਨ।ਉਨ੍ਹਾਂ ਕਿਹਾ ਕਿ ਪੁਰਾਣੀ ਪੈਨਸ਼ਨ ਦੀ ਪ੍ਰਾਪਤੀ ਲਈ ਤਿੱਖਾ ਸੰਘਰਸ਼ ਕਰਨ ਦਾ ਜਥੇਬੰਦੀ ਨੇ ਨਿਸਚਾ ਕਰ ਲਿਆ ਹੈ।ਇਸ ਤੋਂ ਪੰਜਾਬ ਸਰਕਾਰ ਦੇ ਮੰਤਰੀਆਂ ਤੇ ਵਿਧਾਇਕਾਂ ਨੂੰ ਨਵੀਂ ਪੈਨਸ਼ਨ ਲਾਗੂ ਨਾ ਕਰਨ ਲਈ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾਣਗੇ ਤੇ ਪਹਿਲੀ ਤੋਂ ਤਿੰਨ ਅਕਤੂਬਰ ਤੱਕ ਸੰਗਰੂਰ ਵਿੱਚ ਪੱਕਾ ਮੋਰਚਾ ਲਾਇਆ ਜਾਵੇਗਾ।

## 104998 ਰੁਪਏ ਦੀ ਧੋਖਾਧੜੀ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੱਕ ਬਜ਼ੁਰਗ ਔਰਤ ਨਾਲ ਧੋਖਾਧੜੀ ਕੀਤੇ ਜਾਣ ਦੇ ਕਥਿਤ ਮਾਮਲੇ ਵਿੱਚ ਸਾਈਬਰ ਕ੍ਰਾਈਮ ਪੁਲਸ ਥਾਣਾ ਵੱਲੋਂ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਸੁਰਿੰਦਰ ਕੌਰ (70) ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਹ ਇੱਕ ਰਿਟਾਇਰਡ ਅਧਿਆਪਕਾ ਹੈ ਤੇ ਉਸਦਾ ਬੱਚਤ ਖਾਤਾ ਸਟੇਟ ਬੈਂਕ ਆਫ ਇੰਡੀਆ ਦੀ ਸਰਹਿੰਦ ਸ਼ਹਿਰ ਬ੍ਰਾਂਚ ਵਿਖੇ ਹੈ, ਜਿਸ ਵਿੱਚ ਉਸਦੀ ਪੈਨਸ਼ਨ ਵੀ ਆਉਂਦੀ ਹੈ ਤੇ 13/7/24 ਨੂੰ ਦੁਪਹਿਰ ਕਰੀਬ 2 ਵਜੇ ਜਦੋਂ ਉਹ ਘਰ ਵਿੱਚ ਇਕੱਲੀ ਸੀ ਤਾਂ ਉਸਦੇ ਘਰ ਆਏ 2 ਨਾਮਾਲੂਮ ਵਿਅਕਤੀਆਂ ਨੇ ਕਿਹਾ ਕਿ ਉਹ ਐਸ.ਬੀ.ਆਈ. ਬੈਂਕ ਤੋਂ ਉਸਦਾ ਬੈਂਕ ਖਾਤਾ ਅਪਡੇਟ ਕਰਨ ਲਈ ਆਏ ਹਨ, ਜਿਸ ਤੋਂ ਬਾਅਦ ਉਕਤ ਵਿਅਕਤੀਆਂ ਨੇ ਉਸਨੂੰ ਵਿਸ਼ਵਾਸ 'ਚ ਲੈਂਦੇ ਹੋਏ ਉਸਦਾ ਮੋਬਾਈਲ ਫੋਨ ਲੈ ਲਿਆ ਤੇ ਉਸਨੂੰ ਗੱਲਾਂ 'ਚ ਲਾ ਕੇ ਉਸਦੇ ਮੋਬਾਈਲ ਨਾਲ ਛੇੜਛਾੜ ਕਰਨ ਉਪਰੰਤ ਉਕਤ ਵਿਅਕਤੀ ਚਲੇ ਗਏ।ਸ਼ਿਕਾਇਤਕਰਤਾ ਨੇ ਦੱਸਿਆ ਕਿ ਕੁਝ ਦਿਨ ਬਾਅਦ ਉਸਨੇ ਜਦੋਂ ਬੈਂਕ 'ਚ ਜਾ ਕੇ ਆਪਣੇ ਖਾਤੇ ਦੀ ਸਟੇਟਮੈਂਟ ਕਢਵਾਈ ਤਾਂ ਉਸ ਨੂੰ ਪਤਾ ਲੱਗਾ ਕਿ ਉਸਦੇ ਖਾਤੇ 'ਚੋਂ 104998/- ਟਰਾਂਸਫਰ ਹੋ ਚੁੱਕੇ ਸਨ, ਜਿਸ ਸਬੰਧੀ ਉਸ ਨੇ ਬੈਂਕ ਅਧਿਕਾਰੀਆਂ ਨੂੰ ਦੱਸਿਆ ਕਿ ਦੋ ਬੈਂਕ ਕ੍ਰਮਚਾਰੀ ਖਾਤਾ ਅਪਡੇਟ ਕਰਨ ਲਈ ਉਸਦੇ ਘਰ ਆਏ ਸਨ, ਜਿਸ 'ਤੇ ਬੈਂਕ ਅਧਿਕਾਰੀਆਂ ਨੇ ਦੱਸਿਆ ਕਿ ਉਨਾਂ ਦਾ ਕੋਈ ਵੀ ਕ੍ਰਮਚਾਰੀ ਉਸਦੇ ਘਰ ਨਹੀਂ ਗਿਆ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਨਾਮਾਲੂਮ ਵਿਅਕਤੀਆਂ ਨੇ ਸਾਜ਼ਿਸ਼ ਰਚਕੇ ਧੋਖਾਧੜੀ ਰਾਹੀਂ ਉਸਦੇ ਖਾਤੇ 'ਚੋਂ 104998/- ਕਿਸੇ ਹੋਰ ਅਕਾਊਂਟ 'ਚ ਟਰਾਂਸਫਰ ਕੀਤੇ ਹਨ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਅ/ਧ 318(4),61(2) ਬੀ.ਐਨ.ਐਸ. ਤਹਿਤ ਮੁਕੱਦਮਾ ਨੰਬਰ 1 ਦਰਜ ਕਰਕੇ ਥਾਣਾ ਸਾਈਬਰ ਕ੍ਰਾਈਮ ਦੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਪੈਰਾਡਾਈਜ਼ ਸਕੂਲ ਨੇ ਵਾਲੀਬਾਲ ਟੂਰਨਾਮੈਂਟ ਜਿੱਤਿਆ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਪਟਿਆਲਾ ਸਹੋਦਿਆ ਸਕੂਲ ਕੰਪਲੈਕਸ ਵੱਲੋਂ ਕਰਵਾਏ ਗਏ ਜ਼ਿਲ੍ਹਾ ਪੱਧਰੀ ਵਾਲੀਬਾਲ ਟੂਰਨਾਮੈਂਟ ਵਿੱਚ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਟੂਰਨਾਮੈਂਟ ਆਪਣੇ ਨਾਮ ਕੀਤਾ।ਸਕੂਲ ਦੀਆਂ ਵੱਖ ਵੱਖ ਟੀਮਾਂ, ਜਿਨ੍ਹਾਂ ਵਿੱਚ ਅੰਡਰ-19 ਮੁੰਡਿਆਂ, ਅੰਡਰ-19 ਕੁੜੀਆਂ ਤੇ ਅੰਡਰ-14 ਕੁੜੀਆਂ ਦੀਆਂ ਟੀਮਾਂ ਉੱਪ-ਜੇਤੂ ਰਹੀਆਂ ਅਤੇ ਟਰਾਫੀਆਂ ਆਪਣੇ ਨਾਮ ਕੀਤੀਆਂ।ਅੰਡਰ 14 ਮੁੰਡਿਆਂ ਦੀ ਟੀਮ ਨੇ ਕਾਂਸੀ ਦੇ ਤਮਗੇ 'ਤੇ ਆਪਣਾ ਕਬਜ਼ਾ ਕੀਤਾ।ਇਸ ਟੂਰਨਾਮੈਂਟ ਵਿੱਚ ਪਟਿਆਲਾ ਜ਼ਿਲ੍ਹੇ ਦੇ 23 ਸਕੂਲਾਂ ਦੇ ਤਕਰੀਬਨ 300 ਖਿਡਾਰੀਆਂ ਨੇ ਭਾਗ ਲਿਆ ਅਤੇ ਪੈਰਾਡਾਈਜ਼ ਸਕੂਲ ਹੀ ਇਕੱਲਾ ਅਜਿਹਾ ਮੋਹਰੀ ਹੋ ਕੇ ਨਿੱਤਰਿਆ, ਜਿਸ ਦੀਆਂ ਚਾਰੇ ਹੀ ਟੀਮਾਂ ਨੇ ਟਰਾਫੀਆਂ ਹਾਸਲ ਕੀਤੀਆਂ ਤੇ ਆਪਣੀ ਖੇਡ ਦੇ ਜੌਹਰ ਦਿਖਾਏ।ਸਕੂਲ ਦੇ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਤੇ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਹੋਰ ਲਗਨ ਤੇ ਮਿਹਨਤ ਕਰਨ ਲਈ ਪ੍ਰੇਰਿਆ।ਉਨ੍ਹਾਂ ਕੋਚ ਰਵਿੰਦਰ ਸਿੰਘ ਦੇ ਯਤਨਾਂ ਨੂੰ ਵੀ ਸਰਾਹਿਆ।

## ਐੱਨ.ਆਰ.ਆਈ.ਦਸਤਾਵੇਜ਼ ਕਾਊਂਟਰ ਸਾਈਨ ਕਰਾਉਣ ਈ-ਸਨਦ ਪੋਰਟਲ 'ਤੇ ਕਰ ਸਕਦੇ ਅਪਲਾਈ : ਡੀ ਸੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਐੱਨ.ਆਰ.ਆਈ. ਪੰਜਾਬੀਆਂ ਨੂੰ ਹੁਣ ਆਪਣੇ ਜ਼ਰੂਰੀ ਦਸਤਾਵੇਜ਼ਾਂ ਨੂੰ ਕਾਊਂਟਰ ਸਾਈਨ ਕਰਾਉਣ ਲਈ ਸਰਕਾਰੀ ਦਫ਼ਤਰਾਂ ਵਿੱਚ ਜਾਣ ਦੀ ਜ਼ਰੂਰਤ ਨਹੀਂ ਹੈ।ਉਨ੍ਹਾਂ ਦੱਸਿਆ ਕਿ ਐੱਨ. ਆਰ. ਆਈ ਲੋਕਾਂ ਦੀ ਇਸ ਖੱਜਲ ਖ਼ੁਆਰੀ ਨੂੰ ਖਤਮ ਕਰਨ ਲਈ ਸਰਕਾਰ ਵੱਲੋਂ ਇੱਕ ਆਨਲਾਈਨ ਈ-ਸਨਦ ਪੋਰਟਲ ਬਣਾ ਦਿੱਤਾ ਗਿਆ ਹੈ, ਜਿਸ ਰਾਹੀਂ ਇਹ ਕੰਮ ਹੁਣ ਘਰ ਬੈਠੇ ਹੋ ਜਾਇਆ ਕਰੇਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 25 ਅਗਸਤ ਤੋਂ ਐੱਨ.ਆਰ.ਆਈ. ਪੰਜਾਬੀ ਆਪਣੇ ਜਨਮ ਸਰਟੀਫਿਕੇਟ, ਵਿਆਹ ਸਰਟੀਫਿਕੇਟ, ਡਰਾਈਵਿੰਗ ਲਾਇਸੈਂਸ ਸਮੇਤ ਵੱਖ-ਵੱਖ ਦਸਤਾਵੇਜ਼ ਕਾਊਂਟਰ ਸਾਈਨ ਕਰਾਉਣ ਲਈ ਈ-ਸਨਦ ਪੋਰਟਲ 'ਤੇ ਆਨਲਾਈਨ ਅਪਲਾਈ ਕਰ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਹਿਲਾਂ ਅਰਜ਼ੀਕਰਤਾ ਸੇਵਾ ਕੇਂਦਰ ਵਿੱਚ ਜਾ ਕੇ ਖੁਦ ਅਪਲਾਈ ਕਰਦਾ ਸੀ।ਉਸ ਤੋਂ ਬਾਅਦ ਉਸ ਨੂੰ ਆਪਣੀ ਅਰਜ਼ੀ ਲੈ ਕੇ ਚੰਡੀਗੜ੍ਹ ਤੇ ਪਟਿਆਲਾ ਹਾਊਸ, ਦਿੱਲੀ ਵੀ ਖ਼ੁਦ ਹੀ ਜਾਣਾ ਪੈਂਦਾ ਸੀ।ਇਸ ਨਾਲ ਉਨ੍ਹਾਂ ਦਾ ਸਮਾਂ ਅਤੇ ਪੈਸੇ ਦੀ ਬਰਬਾਦੀ ਦੇ ਨਾਲ-ਨਾਲ ਕਾਫੀ ਖੱਜਲ ਖ਼ੁਆਰੀ ਹੁੰਦੀ ਸੀ। ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਸਮੂਹ ਐੱਨ. ਆਰ. ਆਈ. ਪੰਜਾਬੀਆਂ ਨੂੰ ਇਸ ਸਹੂਲਤ ਦਾ ਲਾਭ ਲੈਣ ਦੀ ਅਪੀਲ ਕੀਤੀ ਹੈ।

## ਡੀ ਸੀ ਦੇ ਹੁਕਮਾਂ 'ਤੇ ਬਿਜਲੀ ਚੋਰਾਂ ਖਿਲਾਫ਼ ਕੱਸਿਆ ਸ਼ਿਕੰਜਾ

**ਪਾਵਰਕਾਮ ਨੇ ਕਾਸਮਭੱਟੀ ਦੇ 35 ਘਰਾਂ 'ਚ ਬਿਜਲੀ ਮੀਟਰਾਂ ਦੀ ਕੀਤੀ ਪੜਤਾਲ**

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਦੇ ਹੁਕਮਾਂ ਉਪਰੰਤ ਪਾਵਰਕਾਮ ਦੇ ਫੀਲਡ ਸਟਾਫ਼ ਵੱਲੋਂ ਪਿੰਡ ਕਾਸਮਭੱਟੀ ਵਿਖੇ ਬਿਜਲੀ ਚੋਰੀ ਦੀਆਂ ਘਟਨਾਵਾਂ ਦੀ ਜਾਂਚ ਲਈ 30-35 ਘਰਾਂ ਵਿੱਚ ਜਾ ਕੇ ਪੜਤਾਲ ਕੀਤੀ।ਸੀਨੀਅਰ ਕਾਰਜਕਾਰੀ ਇੰਜੀਨੀਅਰ ਵੰਡ ਮੰਡਲ ਕੋਟਕਪੂਰਾ ਨੇ ਦੱਸਿਆ ਕਿ ਦਫ਼ਤਰ ਡਿਪਟੀ ਕਮਿਸ਼ਨਰ ਵੱਲੋਂ ਪ੍ਰਾਪਤ ਸੰਦੇਸ਼ ਉਪਰੰਤ ਉਪ ਮੰਡਲ ਅਫਸਰ ਜੈਤੋ ਵੱਲੋਂ ਜਾਂਚ ਕੀਤੀ ਗਈ।ਉਨ੍ਹਾਂ ਦੱਸਿਆ ਕਿ ਪਾਵਰਕਾਮ ਦੀ ਟੀਮ ਵੱਲੋਂ ਘਰਾਂ ਵਿੱਚ ਲੱਗੇ ਬਿਜਲੀ ਦੇ ਮੀਟਰਾਂ ਦੀ ਰੀਡਿੰਗ, ਮੇਨ ਸਪਲਾਈ ਤੋਂ ਜਾਂਦੀਆਂ ਤਾਰਾਂ ਦਾ ਨਿਰੀਖਣ ਤੇ ਲਾਏ ਗਏ ਘਰੇਲੂ ਕੁਨੈਕਸ਼ਨਾਂ ਦਾ ਰਿਕਾਰਡ ਨਾਲ ਮਿਲਾਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਜਾਂਚ ਦੌਰਾਨ ਦੋ ਘਰਾਂ ਵੱਲੋਂ ਬਿਜਲੀ ਚੋਰੀ ਕਰਨੀ ਪਾਈ ਗਈ ਹੈ।ਉਨ੍ਹਾਂ ਆਖਿਆ ਕਿ ਇਹਨਾਂ ਘਰਾਂ ਨੂੰ ਹਦਾਇਤਾਂ ਮੁਤਾਬਕ ਜੁਰਮਾਨਾ ਪਾ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਬਿਜਲੀ ਚੋਰੀ ਦੀ ਕਾਰਵਾਈ ਨੂੰ ਅੰਜਾਮ ਦੇਣ ਵਾਲੇ ਇਨ੍ਹਾਂ ਘਰਾਂ ਦੇ ਮਾਲਕਾਂ ਤੋਂ ਬਣਦੀ ਰਕਮ ਵਸੂਲਣ ਲਈ ਢੁੱਕਵਾਂ ਰੁਖ ਅਖ਼ਤਿਆਰ ਕੀਤਾ ਜਾਵੇਗਾ।ਕਾਰਜਕਾਰੀ ਇੰਜਨੀਅਰ ਨੇ ਜ਼ਿਲ੍ਹੇ ਦੇ ਹਰ ਆਮ ਤੇ ਖਾਸ ਨੂੰ ਮੁਖ਼ਾਤਬ ਹੁੰਦਿਆਂ ਗੁਹਾਰ ਲਾਈ ਕਿ ਕਿਸੇ ਵੀ ਸੂਰਤ ਵਿੱਚ ਕੋਈ ਵੀ ਬਾਸ਼ਿੰਦਾ ਬਿਜਲੀ ਚੋਰੀ ਦੀ ਘਟਨਾ ਨੂੰ ਅੰਜਾਮ ਨਾ ਦੇਵੇ।ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨਾਲ ਜਿੱਥੇ ਬਿਜਲੀ ਦੀ ਨਿਰਵਿਘਨ ਸਪਲਾਈ ਵਿੱਚ ਅੜਿੱਕਾ ਪੈਂਦਾ ਹੈ, ਉੱਥੇ ਬਿਜਲੀ ਚੋਰੀ ਕਰਨ ਲਈ ਵਰਤੇ ਗਏ ਗ਼ੈਰ ਕਾਨੂੰਨੀ ਵਿੰਗੇ-ਟੇਢੇ ਢੰਗ ਕਈ ਵਾਰ ਬੰਦੇ ਦੀ ਜਾਨ ਵੀ ਜ਼ੋਖ਼ਮ ਵਿੱਚ ਪਾ ਦਿੰਦੇ ਹਨ।

ਉਨ੍ਹਾਂ ਕਿਹਾ ਕਿ ਹੁਣ ਪਾਵਰਕਾਮ ਵੱਲੋਂ ਲੋਕਾਂ ਦੀਆਂ ਬਿਜਲੀ ਸਬੰਧੀ ਹਰ ਤਰ੍ਹਾਂ ਦੀਆਂ ਸ਼ਿਕਾਇਤਾਂ ਕਈ ਤਰ੍ਹਾਂ ਦੀਆਂ ਲੋਕ-ਪੱਖੀ ਸਕੀਮਾਂ ਰਾਹੀਂ ਜਲਦ ਹੱਲ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਤੇਜ਼ ਇੰਟਰਨੈੱਟ ਅਤੇ ਸੋਸ਼ਲ ਮੀਡੀਆ ਦੇ ਜ਼ਮਾਨੇ ਵਿੱਚ ਪਾਵਰਕਾਮ ਵੱਲੋਂ ਲੋਕਾਂ ਨੂੰ ਘਰ ਬੈਠੇ ਆਨਲਾਈਨ ਮਾਧਿਅਮ ਰਾਹੀਂ ਹਰ ਸਮੱਸਿਆ ਦੀ ਸ਼ਿਕਾਇਤ ਨੂੰ ਦਰਜ ਕਰਨ ਲਈ ਅਤੇ ਮਸਲੇ ਸੁਲਝਾਉਣ ਦੇ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਗਏ ਹਨ।ਉਨ੍ਹਾਂ ਲੋਕਾਂ ਨੂੰ ਕਿਹਾ ਕਿ ਅਜਿਹੇ ਉਪਰਾਲਿਆਂ ਰਾਹੀਂ ਉਹ ਸਮੱਸਿਆਵਾਂ ਦਾ ਸਮਾਧਾਨ ਕਰਾ ਸਕਦੇ ਹਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ 'ਚ ਏ ਆਈ ਟੂਲਜ਼ ਵਿਸ਼ੇ 'ਤੇ ਵਰਕਸ਼ਾਪ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸਿੱਖਿਆ ਵਿੱਚ ਏ ਆਈ ਟੂਲਜ਼ ਵਿਸ਼ੇ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਵਰਕਸ਼ਾਪ ਦਾ ਉਦੇਸ਼ ਫੈਕਲਟੀ ਮੈਂਬਰਾਂ ਨੂੰ ਅਤਿ-ਆਧੁਨਿਕ ਤਕਨੀਕੀ ਹੁਨਰਾਂ ਨਾਲ ਜਾਣੂ ਕਰਾਉਣਾ ਸੀ।ਵਰਕਸ਼ਾਪ ਦੀ ਅਗਵਾਈ ਸਿੱਖਿਆ ਦੇ ਉੱਘੇ ਆਈਸੀਟੀ ਮਾਹਿਰ ਡਾ. ਤਨਵੀਰ ਸਿੰਘ ਨੇ ਕੀਤੀ।ਵਰਕਸ਼ਾਪ ਦਾ ਸੰਚਾਲਨ ਸਿੱਖਿਆ ਵਿਭਾਗ ਦੇ ਮੁਖੀ ਡਾ. ਹਰਨੀਤ ਬਿਲਿੰਗ ਨੇ ਕੀਤਾ। ਉਨ੍ਹਾਂ ਸਾਂਝਾ ਕੀਤਾ ਕਿ ਵਰਕਸ਼ਾਪ ਦਾ ਉਦੇਸ਼ ਆਧੁਨਿਕ ਸਿੱਖਿਆ ਦੀਆਂ ਵਿਕਸਤ ਲੋੜਾਂ ਨੂੰ ਪੂਰਾ ਕਰਨ ਲਈ ਕਲਾਸ ਰੂਮ ਵਿੱਚ ਏਆਈ ਨੂੰ ਏਕੀਕ੍ਰਿਤ ਕਰਨ ਦੀ ਮਹੱਤਤਾ ਬਾਰੇ ਵਿਚਾਰ ਕਰਨਾ ਸੀ।ਹੈਂਡ-ਆਨ ਸੈਸ਼ਨਾਂ ਨੂੰ ਭਾਗੀਦਾਰਾਂ ਵੱਲੋਂ ਵਿਸ਼ੇਸ਼ ਤੌਰ 'ਤੇ ਪਸੰਦ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਨੂੰ ਵਿਹਾਰਕ ਗਿਆਨ ਤੇ ਸਾਧਨਾਂ ਨਾਲ ਜਾਣੂ ਕਰਾਇਆ ਗਿਆ, ਜੋ ਉਹ ਆਪਣੇ ਅਧਿਆਪਨ ਵਿੱਚ ਲਾਗੂ ਕਰ ਸਕਦੇ ਹਨ।ਵਰਕਸ਼ਾਪ ਵਿੱਚ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ ਦੀ ਸਰਗਰਮ ਭਾਗੀਦਾਰੀ ਦੇਖੀ ਗਈ, ਜੋ ਸਾਰੇ ਵਿਦਿਅਕ ਵਿਧੀਆਂ ਨੂੰ ਵਧਾਉਣ ਵਿੱਚ 19 ਦੀ ਸੰਭਾਵਨਾ ਦੀ ਪੜਚੋਲ ਕਰਨ ਲਈ ਉਤਸੁਕ ਹਨ।ਡਾ. ਤਨਵੀਰ ਸਿੰਘ ਨੇ ਅਧਿਆਪਨ ਵਿੱਚ 19 ਟੂਲਜ਼ ਦੀ ਵਰਤੋਂ ਬਾਰੇ ਡੂੰਘਾਈ ਨਾਲ ਜਾਣਕਾਰੀ ਪ੍ਰਦਾਨ ਕੀਤੀ।ਉਨ੍ਹਾਂ ਦੱਸਿਆ ਕਿ ਕਿਵੇਂ ਇਹ ਤਕਨੀਕਾਂ ਰਵਾਇਤੀ ਵਿਦਿਅਕ ਅਭਿਆਸਾਂ ਨੂੰ ਬਦਲ ਸਕਦੀਆਂ ਹਨ ਤੇ ਸਿੱਖਣ ਦੇ ਵਧੇਰੇ ਦਿਲਚਸਪ ਮਾਹੌਲ ਪੈਦਾ ਕਰ ਸਕਦੀਆਂ ਹਨ।ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਵਰਕਸ਼ਾਪ ਦੇ ਸਫਲ ਆਯੋਜਨ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਸਮਾਗਮ ਸਿੱਖਿਆ ਵਿੱਚ ਨਵੀਨਤਾ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਵਿੱਚ ਇੱਕ ਮਹੱਤਵਪੂਰਨ ਕਦਮ ਦੀ ਨਿਸ਼ਾਨਦੇਹੀ ਕਰਦਾ ਹੈ।19 ਨੂੰ ਅਪਨਾ ਕੇ ਅਧਿਆਪਕ ਅਧਿਆਪਨ ਅਭਿਆਸਾਂ ਨੂੰ ਵਧਾ ਰਹੇ ਹਨ ਤੇ ਵਿਦਿਆਰਥੀਆਂ ਨੂੰ ਭਵਿੱਖ ਲਈ ਵੀ ਤਿਆਰ ਕਰ ਰਹੇ ਹਨ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਵਿਦਿਅਕ ਤਰੱਕੀ ਵਿੱਚ ਹਮੇਸ਼ਾ ਸਭ ਤੋਂ ਅੱਗੇ ਰਹੀ ਹੈ।ਵਰਕਸ਼ਾਪ ਦਾ ਸਫ਼ਲਤਾਪੂਰਵਕ ਸੰਪੂਰਨ ਹੋਣਾ ਯੂਨੀਵਰਸਿਟੀ ਦੇ ਫੈਕਲਟੀ ਦੇ ਉੱਤਮਤਾ ਪ੍ਰਤੀ ਸਮਰਪਣ ਤੇ ਨਵੀਨਤਮ ਸਾਧਨਾਂ ਅਤੇ ਤਕਨਾਲੋਜੀਆਂ ਨਾਲ ਫੈਕਲਟੀ ਨੂੰ ਸਮਰੱਥ ਬਣਾਉਣ ਲਈ ਚੱਲ ਰਹੇ ਯਤਨਾਂ ਦਾ ਪ੍ਰਮਾਣ ਹੈ।

tru

TRUCAP FINANCE LIMITED
Registered Office: 3 rd Floor, A Wing, D.J. House, Old Nagardas Road, Andheri (East), Mumbai - 400069, Maharashtra,
GST No: 27AAACD9887D1ZC
Corporate Identity Number: L64920MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 28 ਅਗਸਤ 2024 ਨੂੰ ਅਬੋਹਰ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ। ਸ਼ਾਖਾ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ ਪਹਿਲੀ ਮੰਜ਼ਲ, ਮੇਵਾ ਮਾਰਕਿਟ ਕੰਪਲੈਕਸ ਸਰਕੂਲਰ ਰੋਡ, ਗਲੀ ਨੰ. 3, ਅਬੋਹਰ, ਪੰਜਾਬ-152116

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਹੇਠਾਂ ਦਰਸਾਏ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸ਼ਾਖਾ ਦੇ ਨਾਂਅ ਨਾਲ ਸੰਬੰਧਤ ਹਨ।

ਅਬੋਹਰ ਬਰਾਂਚ : GI0000000230937
ਬਠਿੰਡਾ ਬਰਾਂਚ : GL0000000128206,GI0000000123480.

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰ. 9560735444
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ 'ਚ ਤਬਦੀਲੀ ਅਤੇ ਮੁਲਤਵੀ/ਬਿਨਾਂ ਅਗਾਊਂ ਨੋਟਿਸ ਨਿਲਾਮੀ ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ

# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਬੀ ਡੀ ਪੀ ਓ ਦਫਤਰ ਅੱਗੇ ਧਰਨਾ




**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਬੀਡੀਪੀਓ ਨਵਾਂਸ਼ਹਿਰ ਦਫਤਰ ਅੱਗੇ ਬਲਾਕ ਪੱਧਰੀ ਧਰਨਾ ਦਿੱਤਾ ਗਿਆ। ਪੰਜਾਬ ਦੇ ਸੂਬਾ ਆਗੂ ਕਮਲਜੀਤ ਸਨਾਵਾ ਨੇ ਮਜ਼ਦੂਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਮਜ਼ਦੂਰਾਂ ਦੇ ਬੁਨਿਆਦੀ ਮਸਲਿਆਂ ਨੂੰ ਸਰਕਾਰ ਅੱਖੋਂ ਪਰੋਖੇ ਕਰ ਰਹੀ ਹੈ। ਉਨਾ ਕਿਹਾ ਕਿ ਸਰਕਾਰ ਵੱਲੋਂ ਮਜ਼ਦੂਰਾਂ ਨੂੰ ਆਪਣੇ ਲਾਲ ਲਕੀਰ ਦੇ ਅੰਦਰ ਆਉਂਦੇ ਮਕਾਨਾਂ ਦੀ ਹਾਲੇ ਤੱਕ ਰਜਿਸਟਰੀ ਨਹੀਂ ਦਿੱਤੀ ਗਈ।ਨਰੇਗਾ ਕੰਮ ਪੂਰਾ ਸਾਲ ਦੇਣ ਵਾਸਤੇ, ਮਜ਼ਦੂਰਾਂ ਦਿਹਾੜੀ ਵਿੱਚ ਵਾਧਾ ਕੀਤਾ ਜਾਵੇ ਤੇ ਬਿਨਾਂ ਸ਼ਰਤ ਮਾਈਕਰੋ ਫ਼ਾਈਨਾਸ ਕੰਪਨੀਆਂ ਤੋਂ ਇਲਾਵਾ ਬਾਕੀ ਸਾਰਾ ਕਰਜ਼ਾ ਮੁਆਫ਼ ਕੀਤਾ ਜਾਵੇ ਤੇ ਲੈਂਡ ਸੀਲਿੰਗ ਐਕਟ 1972 ਨੂੰ ਲਾਗੂ ਕਰਨ ਦੀ ਗੱਲ ਵੀ ਆਖੀ ਗਈ। ਇਸ ਮੌਕੇ ਇਲਾਕਾ ਆਗੂ ਲਾਡੀ ਕੋਟ ਰਾਂਝਾ ਨੇ ਵੀ ਸੰਬੋਧਨ ਕਰਦੇ ਹੋਏ ਕਿਹਾ ਕਿ ਸਰਕਾਰ ਹਰ ਮਜ਼ਦੂਰ ਨੂੰ 5-5 ਮਰਲੇ ਦੇ ਪਲਾਟ ਦੇਵੇ ਅਤੇ ਮਜ਼ਦੂਰਾਂ ਦੇ ਕੱਚੇ ਘਰਾਂ ਨੂੰ ਪੱਕੇ ਕਰਨ ਦੀ ਗਰਾਂਟ ਵੀ ਜਾਰੀ ਕਰੇ। ਇਸ ਮੌਕੇ ਯੂਨੀਅ ਦੇ ਆਗੂ ਆਗੂ ਕਿਰਨਜੀਤ ਨੇ ਕਿਹਾ ਕਿ ਮੇਹਟਾਂ ਨੂੰ 365 ਦਿਨ ਕੰਮ ਦਿਓ ਜਾਂ ਉਨ੍ਹਾਂ ਨੂੰ ਤਨਖਾਹ ਦਿਓ। ਉਨ੍ਹਾ ਨੇ ਕਿਹਾ ਕਿ ਜੇ ਮੰਗਾਂ ਜਲਦੀ ਨਹੀਂ ਮੰਨੀਆਂ ਤਾਂ ਅੱਗੇ ਤੋਂ ਸੰਘਰਸ਼ ਹੋਰ ਤੇਜ ਕੀਤਾ ਜਾਵੇਗਾ। ਇਸ ਮੌਕੇ, ਕੁਲਵਿੰਦਰ ਕੌਰ, ਕਰਿਸ਼ਮਾ, ਹਰਜਿੰਦਰ ਕੌਰ, ਮੱਖਣ ਰਾਮ ਅਤੇ ਸੁੱਚਾ ਸਿੰਘ ਵੀ ਹਾਜਰ ਸਨ।

# ਜ਼ੋਨਲ ਟੂਰਨਾਮੈਂਟ ਦੀ ਸਿੱਖਿਆ ਬੋਰਡ ਦੇ ਉੱਪ ਚੇਅਰਮੈਨ ਨੇ ਕੀਤੀ ਸ਼ੁਰੂਆਤ



**ਗੁਰਾਇਆ (ਬਿੰਦਰ ਸੁਮਨ, ਰਘਵੀਰ ਸਿੰਘ, ਨਿਰਮਲ)** - ਗੁਰਾਇਆ ਜ਼ੋਨ ਨੰਬਰ 9 ਅਤੇ ਗੁਰਾਇਆ ਬਲਾਕ ਸਿੱਖਿਆ ਦੇ ਆਧੀਨ ਪੈਂਦੇ ਸਕੂਲਾਂ ਦੇ ਜ਼ੋਨਲ ਲੜਕੀਆਂ ਦੇ ਮੁਕਾਬਲਿਆਂ ਦੀ ਸ਼ੁਰੂਆਤ ਸ਼੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ 'ਚ ਕੀਤੀ ਗਈ।ਇਸ ਮੌਕੇ ਜ਼ੋਨਲ ਟੂਰਨਾਮੈਂਟ ਦਾ ਉਦਘਾਟਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਾਈਸ ਚੈਅਰਮੈਨ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਰੀਬਨ ਕੱਟ ਕੇ ਕੀਤਾ।ਉਨ੍ਹਾਂ ਇਸ ਮੌਕੇ ਕਿਹਾ ਕਿ ਸਿੱਖਿਆ ਬੋਰਡ ਅਤੇ ਪੰਜਾਬ ਸਰਕਾਰ ਦਾ ਮੁੱਖ ਮੰਤਵ ਪੰਜਾਬ ਨੂੰ ਖੇਡਾਂ 'ਚ ਅੱਗੇ ਲਿਆਉਣਾ ਹੈ।ਇਸ ਮੌਕੇ ਉਨ੍ਹਾਂ ਪੰਜਾਬ ਦੇ ਹਾਕੀ ਖਿਡਾਰੀਆਂ ਦੀ ਵੀ ਪ੍ਰਸ਼ੰਸਾ ਕੀਤੀ।ਟੂਰਨਾਮੈਂਟ ਦੌਰਾਨ ਪ੍ਰਧਾਨ ਪ੍ਰਿੰਸੀਪਲ ਸਤਵਿੰਦਰਪਾਲ ਸਿੰਘ ਰੀਹਲ ਅਤੇ ਸਕੱਤਰ ਬਲਦੇਵ ਸਿੰਘ ਜੋਹਲ ਨੇ ਦੱਸਿਆ ਕਿ ਇਹ ਮੁਕਾਬਲੇ ਪਾਰਦਰਸ਼ੀ ਢੰਗ ਨਾਲ ਕਰਵਾਏ ਜਾਣਗੇ।ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਅਤੇ ਪੂਰੀ ਜ਼ੋਨਲ ਟੀਮ ਦੀ ਅਗਵਾਈ 'ਚ ਅੱਜ ਪਹਿਲਾਂ ਖੋ-ਖੋ ਦੇ ਮੁਕਾਬਲੇ ਸ.ਸ.ਸ ਸਕੂਲ ਪੱਦੀ ਜਾਗੀਰ 'ਚ ਕਰਵਾਏ ਗਏ। ਅੱਟੀ 'ਚ ਹੋਏ ਬੈਡਮਿੰਟਨ 14 ਸਾਲ ਵਰਗ 'ਚ ਮੇਜ਼ਵਾਨ ਸਕੂਲ ਅਤੇ ਜੇ ਐਸ ਐਫ ਐਚ ਖਾਲਸਾ ਸਕੂਲ ਅੱਟਾ ਫਾਈਨਲ 'ਚ ਪਹੁੰਚ ਗਏ ਹਨ ਜਦਕਿ 17 ਸਾਲ ਵਰਗ 'ਚ ਸ.ਸ.ਸ .ਸਕੂਲ ਮਨਸੂਰਪੁਰ ਅਤੇ ਖਾਲਸਾ ਸਕੂਲ ਅੱਟਾ ਫਾਈਨਲ 'ਚ ਪਹੁੰਚ ਗਏ ਹਨ। 19 ਸਾਲ ਬੈਡਮਿੰਟਨ 'ਚ ਅੱਟਾ ਸਕੂਲ ਜੇਤੂ ਅਤੇ ਮਨਸੂਰਪੁਰ ਸਕੂਲ ਉੱਪ ਜੇਤੂ ਰਹੇ। ਰੱਸਾ ਕੱਸ਼ੀ ਦੇ 14 ਸਾਲ ਵਰਗ ਅਤੇ 17 ਸਾਲ ਵਰਗ 'ਚ ਮੇਜ਼ਵਾਨ ਸਕੂਲ ਜੇਤੂ ਅਤੇ ਸਰਕਾਰੀ ਕੰਨਿਆ ਸ.ਸ. ਸਕੂਲ ਦੁਸਾਂਝ ਕਲਾਂ ਉੱਪ ਜੇਤੂ ਰਹੇ। ਰੱਸਾ ਕਸ਼ੀ ਦੇ 14 ਸਾਲ ਵਰਗ 'ਚ 5 ਐੱਚ ਪਬਲਿਕ ਸਕੂਲ ਅਤੇ 17 ਸਾਲ ਵਰਗ 'ਚ ਖਾਲਸਾ ਸਕੂਲ ਅੱਟਾ ਤੀਸਰੇ ਸਥਾਨ 'ਤੇ ਰਹੇ। 19 ਸਾਲ ਵਰਗ ਦੇ ਰੱਸਾ ਕਸ਼ੀ 'ਚ ਸ.ਸ.ਸ. ਸਕੂਲ ਦੁਸਾਂਝ ਕਲਾਂ ਜੇਤੂ ਰਿਹਾ। ਕਬੱਡੀ ਦੇ ਮੁਕਾਬਲਿਆਂ 'ਚ ਅੱਜ 14 ਸਾਲ ਵਰਗ 'ਚ ਖਾਲਸਾ ਸਕੂਲ ਅੱਟਾ ਅਤੇ ਸ.ਸ.ਸ ਸਕੂਲ ਮਨਸੂਰਪੁਰ ਨੇ ਫਾਈਨਲ 'ਚ ਸਥਾਨ ਬਣਾਇਆ ਜਦਕਿ 17 ਸਾਲ ਵਰਗ ਖਾਲਸਾ ਸਕੂਲ ਅੱਟਾ ਅਤੇ ਇਲਮ ਚੰਦ ਸਰਵ ਹਿਤਕਰੀ ਵਿਦਿਆ ਮੰਦਿਰ ਹਾਈ ਸਕੂਲ ਛੋਕਰਾਂ ਨੇ ਫਾਈਨਲ 'ਚ ਸਥਾਨ ਬਣਾਇਆ।ਜਦਕਿ ਸ.ਸ.ਸ. ਸਕੂਲ ਗੜ੍ਹੀ ਮਹਾਂ ਸਿੰਘ ਜੇਤੂ ਅਤੇ ਸ.ਸ.ਸ ਸਕੂਲ ਮਨਸੂਰਪੁਰ ਉੱਪ ਜੇਤੂ ਰਿਹਾ।ਇਸ ਮੌਕੇ ਜ਼ੋਨਲ ਕਮੇਟੀ ਵਿੱਤ ਅਧਿਕਾਰੀ ਸੋਮ ਨਾਥ, ਹੈਂਡਬਾਲ ਕੋਚ ਕੁਲਵਿੰਦਰ ਸਿੰਘ, ਬੈਡਮਿੰਟਨ ਕੋਚ ਬਲਜਿੰਦਰ ਕੁਮਾਰ, ਜ਼ੋਨਲ ਕਮੇਟੀ ਮੈਂਬਰ ਸੁਖਦੀਪ ਸਿੰਘ, ਬਲਜੀਤ ਕੌਰ, ਅਖਿਲ ਸ਼ਰਮਾ, ਮਨੀਸ਼ਾ ਰਾਣੀ, ਨਵਦੀਪ ਕੌਰ, ਕੁਲਦੀਪ ਕੌਰ, ਸੁਖਵਿੰਦਰ ਸਿੰਘ, ਗੀਤਾ ਮੈਡਮ, ਬੂਟਾ ਸਿੰਘ, ਮਨਜੀਤ, ਸੀਤਾ ਦੇਵੀ, ਸੁਸ਼ਮਾ ਰਾਣੀ, ਅਤੇ ਵੱਖ-ਵੱਖ ਸਕੂਲਾਂ ਦੇ ਖੇਡ ਅਧਿਕਾਰੀ ਹਾਜ਼ਰ ਸਨ।

# ਓਮ ਪ੍ਰਕਾਸ਼ ਪ੍ਰਧਾਨ ਤੇ ਹਰੀ ਰਾਮ ਜਨਰਲ ਸਕੱਤਰ ਚੁਣੇ




**ਜਲੰਧਰ ( ਰਾਜੇਸ਼ ਥਾਪਾ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਵੱਲੋਂ ਆਪਣੀਆਂ ਜਥੇਬੰਦਕ ਚੋਣਾਂ ਕਰਵਾਉਣ ਦੇ ਫੈਸਲੇ ਤਹਿਤ ਜਲੰਧਰ ਬਰਾਂਚ ਦੀ ਚੋਣ ਕਰਨ ਲਈ ਯੂਨੀਅਨ ਦਾ ਅਜਲਾਸ ਤਰਸੇਮ ਮਾਧੋਪੁਰੀ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਪ ਸ ਸ ਫ ਜਲੰਧਰ ਦੇ ਜ਼ਿਲ੍ਹਾ ਪ੍ਰਧਾਨ ਅਤੇ ਯੂਨੀਅਨ ਕਪੂਰਥਲਾ ਜਲੰਧਰ ਦੇ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਨੇ ਕਿਹਾ ਚੋਣਾਂ ਹੀ ਜਥੇਬੰਦੀਆਂ ਦੀ ਬਣਤਰ ਅਤੇ ਕਾਰਜ ਪ੍ਰਣਾਲੀ ਨੂੰ ਮਜ਼ਬੂਤ ਕਰਦੀਆਂ ਹਨ। ਇਹ ਵੀ ਸੰਘਰਸ਼ ਦਾ ਹਿੱਸਾ ਹੁੰਦੀਆਂ ਹਨ।ਇਸ ਮੌਕੇ ਚੋਣ ਆਬਜ਼ਰਵਰ ਦੇ ਤੌਰ 'ਤੇ ਸ਼ਾਮਲ ਹੋਏ ਯੂਨੀਅਨ ਜੋਨ ਜਲੰਧਰ ਕਪੂਰਥਲਾ ਦੇ ਜਨਰਲ ਸਕੱਤਰ ਅਮਰੀਕ ਸਿੰਘ ਸੇਖੋਂ ਨੇ ਅਗਲੀ ਟਰਮ ਲਈ ਬਰਾਂਚ ਦੀ ਕਮੇਟੀ ਦਾ ਪੈਨਲ ਪੇਸ਼ ਕੀਤਾ ਜਿਸ ਦੀ ਤਾਈਦ ਅਕਲ ਚੰਦ ਸਿੰਘ ਨੇ ਕੀਤੀ। ਚੇਅਰਮੈਨ ਤਰਸੇਮ ਮਾਧੋਪੁਰੀ, ਪ੍ਰਧਾਨ ਓਮ ਪ੍ਰਕਾਸ਼, ਸੀਨੀਅਰ ਮੀਤ ਪ੍ਰਧਾਨ ਰਾਮ ਬ੍ਰਿਸ਼,ਰਾਜ ਕੁਮਾਰ,ਅਮਰ ਕਲਿਆਣ ,ਮੀਤ ਪ੍ਰਧਾਨ ਸੰਤ ਰਾਮ, ਬਲਵਿੰਦਰ ਕੁਮਾਰ, ਜਨਰਲ ਸਕੱਤਰ ਹਰੀ ਰਾਮ,ਵਿੱਤ ਸਕੱਤਰ ਮਨੋਹਰ ਲਾਲ, ਪ੍ਰੈੱਸ ਸਕੱਤਰ ਦੀਵਾਨ ਸਿੰਘ, ਸ਼ਿਵ ਕੁਮਾਰ ਅਤੇ ਗੁਰਜੀਤ ਸਿੰਘ, ਜਸਪਾਲ ਭੱਟੀ ਕਮੇਟੀ ਮੈਂਬਰ ਆਦਿ ਅਹੁਦੇਦਾਰ ਸਰਬ ਸੰਮਤੀ ਨਾਲ ਚੁਣੇ ਗਏ। ਇਸ ਮੌਕੇ 'ਤੇ 6 ਸਤੰਬਰ 2024 ਨੂੰ ਜਲੰਧਰ ਵਿਖੇ ਹੋ ਰਹੇ ਜ਼ਿਲ੍ਹਾ ਪੱਧਰੀ ਅਜਲਾਸ ਲਈ ਡੈਲੀਗੇਟਾਂ ਦੀ ਵੀ ਚੋਣ ਕੀਤੀ ਗਈ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਮਨੌਲੀ 'ਚ ਅੱਜ ਕੈਂਪ

**ਮੋਹਾਲੀ (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਉਨ੍ਹਾਂ ਦੇ ਜੀਵਨ ਵਿੱਚ ਰੋਜ਼ਾਨਾ ਦੇ ਕੰਮ ਨੂੰ ਨਿਪਟਾਉਣ ਲਈ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਸੁਵਿਧਾ ਕੈਂਪ 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਕੈਂਪਾਂ ਦੀ ਲੜੀ ਵਜੋਂ 23 ਅਗਸਤ ਨੂੰ ਮੋਹਾਲੀ ਬਲਾਕ ਦੇ ਪਿੰਡ ਮਨੌਲੀ ਦੇ ਕਮਿਊਨਿਟੀ ਸੈਂਟਰ ਵਿਖੇ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦਾ ਸਮਾਂ ਸਵੇਰੇ 10.00 ਵਜੇ ਤੋਂ ਦੁਪਿਹਰ 1.00 ਵਜੇ ਤੱਕ ਦਾ ਹੋਵੇਗਾ। ਇਸ ਕੈਂਪ ਵਿੱਚ ਪਿੰਡ ਚਾਉ ਮਾਜਰਾ, ਧਰਾਲੀ, ਮਨੌਲੀ ਅਤੇ ਸੈਣੀ ਮਾਜਰਾ ਪਿੰਡਾਂ ਦੇ ਵਸਨੀਕ ਆਪਣੀਆਂ ਮੁਸਕਿਲਾਂ/ਸਮੱਸਿਆਵਾਂ ਲਈ ਅਰਜ਼ੀਆਂ ਦੇ ਸਕਦੇ ਹਨ।ਕੈਂਪ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐਸ ਡੀ ਐਮ ਮੋਹਾਲੀ ਦੀਪਾਂਕਰ ਗਰਗ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਆਮ ਨਾਗਰਿਕਾਂ ਨੂੰ ਉਨ੍ਹਾਂ ਦੇ ਰੋਜ਼-ਮਰ੍ਹਾ ਦੇ ਸਰਕਾਰੀ ਦਫ਼ਤਰਾਂ ਨਾਲ ਸਬੰਧਤ ਕੰਮਾਂ ਨੂੰ ਸੌਖਾਲੇ ਢੰਗ ਨਾਲ ਨਿਪਟਾਉਣ ਲਈ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਜਾ ਰਹੇ ਕੈਂਪਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ/ਮੁਸ਼ਕਲਾਂ ਸੁਣੀਆਂ ਜਾਣਗੀਆਂ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਹੁਣ ਤੱਕ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਡੀ ਗਿਣਤੀ ਵਿੱਚ ਕੈਂਪ ਲਗਾਏ ਜਾ ਚੁੱਕੇ ਹਨ, ਜਿਸ ਨਾਲ ਲੋਕਾਂ ਵੱਲੋਂ ਆਪਣੇ ਬਹੁਤ ਸਾਰੇ ਕੰਮ ਨਿਪਟਾ ਲਏ ਗਏ ਹਨ। ਹੁਣ ਆਮ ਲੋਕ ਸਰਕਾਰ ਵੱਲੋਂ ਉਨ੍ਹਾਂ ਦੀ ਸੁਵਿਧਾ ਲਈ ਲਾਏ ਜਾ ਰਹੇ ਜਾ ਰਹੇ ਕੈਂਪਾਂ ਦਾ ਭਰਪੂਰ ਲਾਹਾ ਲੈ ਰਹੇ ਹਨ।ਉਨ੍ਹਾਂ ਇਹ ਵੀ ਕਿਹਾ ਕਿ ਜਿਹੜੇ ਲੋਕ/ਬੁਜ਼ਰਗ ਆਪਣੇ ਰੋਜ਼ਾਨਾ ਦੇ ਕੰਮਾਂ ਲਈ ਦਫਤਰਾਂ ਵਿਚ ਪੁੱਜਣ ਤੋਂ ਅਸਮਰੱਥ ਸਨ। ਹੁਣ ਉਹ ਲੋਕ ਆਪਣੇ ਘਰ ਬੈਠੇ ਹੀ ਆਪਣੇ ਕੰਮ ਕਰਵਾ ਰਹੇ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਘਰ ਬੈਠੇ ਹੀ ਹਾਸਲ ਕਰਨ ਲਈ ਹੈਲਪ ਲਾਈਨ ਨੰਬਰ 1076 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਨ੍ਹਾਂ ਕੈਂਪਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਿਆਂਗ ਅਤੇ ਆਸ਼ਰਿਤ ਪੈਨਸ਼ਨ, ਜਨਮ ਸਰਟੀਫਿਕੇਟ 'ਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸੰਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐਨ.ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਿਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

# ਚਾਰ ਦਿਨਾ ਗੁਰਮਤਿ ਸਮਾਗਮ ਸ਼ੁਰੂ




**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਆੜ੍ਹਤੀ ਐਸੋਸੀਏਸ਼ਨ ਚਮਕੌਰ ਸਾਹਿਬ ਵਲੋਂ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਚਾਰ ਦਿਨਾ ਗੁਰਮਤਿ ਸਮਾਗਮ ਇੱਥੋ ਦੀ ਅਨਾਜ ਮੰਡੀ ਵਿਚ ਸ਼ੁਰੂ ਹੋ ਗਏ ਹਨ।

ਆੜ੍ਹਤੀ ਮਨਜੀਤ ਸਿੰਘ ਕੰਗ ਅਤੇ ਉੱਜਲ ਸਿੰਘ ਨੇ ਦੱਸਿਆ ਕਿ ਪਹਿਲੇ ਦਿਨ ਸੰਤ ਬਾਬਾ ਲਖਵੀਰ ਸਿੰਘ ਰਤਵਾੜਾ ਸਾਹਿਬ ਵਾਲਿਆਂ, ਭਾਈ ਜਸਵੰਤ ਸਿੰਘ ਰਤਵਾੜਾ ਸਾਹਿਬ ਅਤੇ ਭਾਈ ਗੁਰਮੀਤ ਸਿੰਘ ਰੋਲੂਮਾਜਰਾ ਵਾਲਿਆਂ ਵਲੋਂ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕਰਦਿਆਂ ਅਜੋਕੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ। ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਪਹਿਲੇ ਦਿਨ ਬਾਣੀ ਦਾ ਅਨੰਦ ਮਾਣਿਆ।

ਇਸ ਮੌਕੇ ਪ੍ਰਧਾਨ ਮੇਜਰ ਸਿੰਘ ਮਾਂਗਟ, ਕਿਹਰ ਸਿੰਘ ਦੁੱਗਰੀ, ਪ੍ਰਗਟ ਸਿੰਘ ਰੋਲੂਮਾਜਰਾ, ਸੁਖਵਿੰਦਰ ਸਿੰਘ, ਸੁਰਮੁੱਖ ਸਿੰਘ, ਜਸਵੰਤ ਸਿੰਘ, ਚਰਨਜੀਤ ਸਿੰਘ, ਗਿਆਨੀ ਮੋਹਣ ਸਿੰਘ, ਕੁਲਵਿੰਦਰ ਸਿੰਘ, ਜੋਗਿੰਦਰ ਸਿੰਘ ਅਤੇ ਅਵਤਾਰ ਸਿੰਘ ਆਦਿ ਹਾਜਰ ਸਨ।

# ਡਾਨਸੀਵਾਲੀਆ ਦੀ ਚੌਥੀ ਬਰਸੀ 'ਤੇ ਸਕੂਲ ਦੇ ਬੱਚਿਆਂ ਨੂੰ ਸਟੇਸ਼ਨਰੀ ਭੇਟ





**ਬੰਗਾ (ਅਵਤਾਰ ਕਲੇਰ)**—ਪੱਤਰਕਾਰੀ ਦੇ ਖੇਤਰ ਵਿੱਚ ਵਧੀਆ ਸੇਵਾਵਾਂ ਨਿਭਾਉਣ ਵਾਲੇ ਸੈਲਾਬ ਮੈਗਜੀਨ ਦੇ ਮੁੱਖ ਸੰਪਾਦਕ ਉਘੇ ਲੇਖਕ ਅਤੇ ਪੱਤਰਕਾਰ ਨਰਿੰਦਰ ਸਿੰਘ ਡਾਨਸੀਵਾਲੀਆ ਦੀ ਯਾਦ ਵਿੱਚ ਉਨ੍ਹਾਂ ਦੀ ਸਾਲਾਨਾ ਬਰਸੀ ਮੌਕੇ ਪਰਵਾਰ ਵਲੋਂ ਸਤਿਗੁਰੂ ਰਵਿਦਾਸ ਪਬਲਿਕ ਸਕੂਲ ਭਰੋਮਜਾਰਾ ਦੇ ਬੱਚਿਆ ਨੂੰ ਸਟੇਸ਼ਨਰੀ ਭੇਂਟ ਕੀਤੀ ਗਈ।ਸਕੂਲ ਦੇ ਮੁੱਖ ਪ੍ਰਬੰਧਕ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ:ਪੰਜਾਬ ਨੇ ਕਿਹਾ ਕਿ ਡਾਨਸੀਵਾਲੀਆ ਭਾਵੇਂ ਸਾਡੇ ਵਿੱਚ ਨਹੀਂ ਹਨ ਪਰ ਉਹ ਸਾਡੇ ਦਿਲਾਂ ਵਿੱਚ ਹਮੇਸ਼ਾ ਵੱਸਦੇ ਰਹਿਣਗੇ, ਕਿਉਂਕਿ ਉਹ ਇਕ ਨਿਧੱੜਕ ਅਤੇ ਦੂਰਅੰਦੇਸ਼ੀ ਪੱਤਰਕਾਰ ਸਨ ਜਿਨ੍ਹਾਂ ਨੇ ਆਪਣੇ ਜੀਵਨ ਵਿੱਚ ਸਮਾਜ ਸੁਧਾਰਕ ਕਿਤਾਬਾਂ ਲਿਖ ਕੇ ਭਾਰਤ ਤੋਂ ਇਲਾਵਾ ਅੰਤਰਰਾਸ਼ਟਰੀ ਪੱਧਰ 'ਤੇ ਵੀ ਨਾਂਅ ਕਮਾਇਆ। ਸਾਡੇ ਵਲੋਂ ਉਨ੍ਹਾ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਉਨ੍ਹਾਂ ਦੀ ਪੱਤਰਕਾਰੀ ਅਤੇ ਉਨ੍ਹਾ ਦੀ ਸੋਚ ਨੂੰ ਘਰ ਘਰ ਪਹੁੰਚਾਈਏ।ਉਪਰੰਤ ਨਰਿੰਦਰ ਸਿੰਘ ਡਾਂਨਸੀਵਾਲੀਏ ਵਲੋਂ ਲਿਖੀਆਂ ਕਿਤਾਬਾਂ ਦਾ ਸੈੱਟ ਉਕਤ ਸਕੂਲ ਦੀ ਲਾਇਬ੍ਰੇਰੀ ਲਈ ਭੇਂਟ ਕੀਤਾ।ਇਸ ਮੌਕੇ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ,ਬਾਬਾ ਜਿੰਦਰ ,ਅਮਰਜੀਤ ਕਲਸੀ ਤਲਵੰਡੀ ਜੱਟਾਂ,ਅਵਤਾਰ ਕਲੇਰ ਮੇਹਲੀ,ਬੁੱਧ ਰਾਮ ਜੱਖੂ,ਨਛੱਤਰ ਸਿੰਘ ਬਹਿਰਾਮ, ਜਸਵਿੰਦਰ ਸਿੰਘ ਬਗਵਾਂਈ,ਲੇਖ ਰਾਜ ਕੁਲਥਮ,ਪ੍ਰੇਮ ਜੰਡਿਆਲੀ, ਸੰਤੋਖ ਰਾਮ ਜੱਸੋਮਜਾਰਾ, ਅਮਰਜੀਤ ਸਿੰਘ ਗੰਗੜ ਰੁੜਕੀ ਖਾਸ,ਜਗਤਾਰ ਪਾਲ ਸਲੋਹ,ਮੱਖਣ ਲਾਲ ਭਰੋਮਜਾਰਾ, ਪ੍ਰਿੰਸੀਪਲ ਜੋਬਨਜੀਤ ਕੌਰ,ਸਕੂਲ ਸਟਾਫ ਅਤੇ ਬੱਚੇ ਹਾਜ਼ਰ ਸਨ।

# 100 ਗ੍ਰਾਮ ਨਸ਼ੀਲੇ ਪਦਾਰਥ ਸਮੇਤ 2 ਕਾਬੂ



**ਭੁਲੱਥ, (ਮਨਪ੍ਰੀਤ ਸਿੰਘ)**-ਪੁਲਸ ਨੇ ਨਸ਼ਿਆ ਵਿਰੁੱਧ ਵਿੱਢੀ ਮੁਹਿੰਮ ਤਹਿਤ ਦੋ ਨੌਜਵਾਨਾਂ ਨੂੰ 100 ਗ੍ਰਾਮ ਨਸ਼ੀਲੇ ਪਦਾਰਥ ਅਤੇ ਗੱਡੀ ਸਮੇਤ ਕਾਬੂ ਕੀਤਾ ਹੈ।ਥਾਣਾ ਮੁਖੀ ਢਿੱਲਵਾਂ ਰਮਨਦੀਪ ਕੁਮਾਰ ਨੇ ਦੱਸਿਆ ਕਿ ਕੁਲਦੀਪ ਸਿੰਘ ਏ ਐਸ ਆਈ ਪੁਲਸ ਪਾਰਟੀ ਸਮੇਤ ਹਾਈਟੈਕ ਨਾਕਾ ਢਿੱਲਵਾਂ ਪੁਲਸ ਪਾਰਟੀ ਵਲੋਂ ਗੱਡੀਆਂ ਦੀ ਰੁਟੀਨ ਚੈਕਿੰਗ ਕੀਤੀ ਜਾ ਰਹੀ ਸੀ ਕਿ ਇੱਕ ਬਲੈਰੋ ਗੱਡੀ ਆਈ ਜਿਸ ਵਿੱਚ ਦੋ ਨੌਜਵਾਨ ਸਵਾਰ ਸਨ। ਉਸਨੂੰ ਰੋਕ ਕੇ ਚੈਕਿੰਗ ਵਾਸਤੇ ਕਿਹਾ ਤਾਂ ਗੱਡੀ ਚਾਲਕ ਦੇ ਨਾਲ ਦੀ ਸੀਟ 'ਤੇ ਬੈਠਾ ਵਿਅਕਤੀ ਗੱਡੀ ਵਿੱਚੋਂ ਫਟਾਫਟ ਉਤਰ ਕੇ ਆਪਣੀ ਜੇਬ ਵਿੱਚੋਂ ਵਜਨਦਾਰ ਮੋਮੀ ਲਿਫਾਫਾ ਤਾਕੀ ਦੇ ਲਾਗੇ ਹੀ ਸੁੱਟ ਕੇ ਸਾਇਡ ਨੂੰ ਖਿਸਕਣ ਲੱਗਾ ਤਾਂ ਪੁਲਸ ਵਲੋਂ ਨੇ ਸ਼ੱਕ ਪੈਣ 'ਤੇ ਇਸ ਸੰਬੰਧੀ ਪੁੱਛਿਆ ਤਾਂ ਗੱਡੀ ਚਾਲਕ ਦੇ ਨਾਲ ਦੇ ਵਿਅਕਤੀ ਨੇ ਘਬਰਾਈ ਅਵਾਜ ਵਿੱਚ ਕਿਹਾ ਕਿ ਇਸ ਵਿੱਚ ਨਸ਼ੀਲਾ ਪਦਾਰਥ ਹੈ। ਜੋ ਅਸੀ ਦੋਨੋ ਜਾਣੇ ਰਲ ਕੇ ਅੰਮ੍ਰਿਤਸਰ ਤੋ ਕਿਸੇ ਨਾਮਲੂਮ ਵਿਅਕਤੀ ਪਾਸੋ ਖਰੀਦ ਕੇ ਲਿਆਏ ਸੀ । ਗੱਡੀ ਚਾਲਕ ਆਪਣਾ ਨਾਂਅ ਭਾਗੀਰਥ ਸਿੰਘ ਉਰਫ ਰਵੀ ਵਾਸੀ ਬਰਸੂ ਥਾਣਾ ਬੱਲ ਜ਼ਿਲ੍ਹਾ ਮੰਡੀ ਹਿਮਾਚਲ ਪ੍ਰਦੇਸ਼ ਦੱਸਿਆ ਤਾਂ ਉਸਦੇ ਨਾਲ ਵਾਲੇ ਵਿਅਕਤੀ ਨੇ ਆਪਣਾ ਨਾਂਅ ਰੋਬਨਦੀਪ ਸਿੰਘ ਵਾਸੀ ਕੋਲੋਵਾਲ ਥਾਣਾ ਲੋਪੋਕੇ ਜ਼ਿਲ੍ਹਾ ਅੰਮ੍ਰਿਤਸਰ ਦੱਸਿਆ, ਜਿਹਨਾਂ ਪਾਸੋ 100 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਕੀਤਾ ਗਿਆ। ਢਿੱਲਵਾ ਪੁਲਸ ਨੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਕੈਬਨਿਟ ਮੰਤਰੀ ਨੇ ਫੋਕਲ ਪੁਆਇੰਟ ਵਿਖੇ ਸਟਰੀਟ ਲਾਈਟਾਂ ਦਾ ਕੀਤਾ ਉਦਘਾਟਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬ ਦੇ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸੂਬਾ ਸਰਕਾਰ ਲਘੂ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਹ ਫਗਵਾੜਾ ਰੋਡ 'ਤੇ ਸਥਿਤ ਫੋਕਲ ਪੁਆਇੰਟ ਵਿਖੇ ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਲਗਾਈਆਂ ਸਟਰੀਟ ਲਾਈਟਾਂ ਦੇ ਉਦਘਾਟਨ ਮੌਕੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰ ਰਹੇ ਸਨ। ਸਮਾਗਮ ਦਾ ਆਯੋਜਨ ਫੋਕਲ ਪੁਆਇੰਟ ਇੰਡਸਟਰੀਅਲ ਐਸੋਸੀਏਸ਼ਨ ਵੱਲੋਂ ਕੀਤਾ ਗਿਆ। ਇਸ ਮੌਕੇ ਹੁਸ਼ਿਆਰਪੁਰ ਦੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤਾ ਚੌਧਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲਘੂ ਉਦਯੋਗਾਂ ਦੀ ਹਰ ਸਮੱਸਿਆ ਨੂੰ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਫੋਕਲ ਪੁਆਇੰਟ ਖੇਤਰ ਦੇ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਲਈ ਵੀ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ, ਤਾਂ ਜੋ ਉੱਦਮੀਆਂ ਨੂੰ ਸੁਰੱਖਿਅਤ ਅਤੇ ਸੁਚੱਜਾ ਮਾਹੌਲ ਮਿਲ ਸਕੇ।ਫੋਕਲ ਪੁਆਇੰਟ 'ਤੇ ਸਟਰੀਟ ਲਾਈਟਾਂ ਲਗਾਉਣ ਨੂੰ ਇਕ ਮਹੱਤਵਪੂਰਨ ਕਦਮ ਦੱਸਦਿਆਂ ਜਿੰਪਾ ਨੇ ਕਿਹਾ ਕਿ ਇਸ ਨਾਲ ਨਾ ਸਿਰਫ ਖੇਤਰ ਦੀ ਸੁਰੱਖਿਆ ਵਧੇਗੀ ਸਗੋਂ ਉਦਯੋਗਾਂ ਨੂੰ ਵੀ ਵਧੀਆ ਢੰਗ ਨਾਲ ਕੰਮ ਕਰਨ ਦੀ ਸਹੂਲਤ ਮਿਲੇਗੀ।

ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਪੰਜਾਬ ਸਰਕਾਰ ਸੂਬੇ ਦੇ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਇਸ ਦਿਸ਼ਾ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਅੰਤ ਵਿਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿਚ ਉਦਯੋਗਾਂ ਦੇ ਵਿਕਾਸ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਸਨਅਤਕਾਰਾਂ ਨੂੰ ਸੱਦਾ ਦਿੱਤਾ ਕਿ ਉਹ ਸੂਬੇ ਦੇ ਉਦਯੋਗਿਕ ਵਿਕਾਸ ਵਿਚ ਸਰਕਾਰ ਦਾ ਸਾਥ ਦੇਣ ਅਤੇ ਆਪਣੇ ਸੁਝਾਵਾਂ ਰਾਹੀਂ ਇਸ ਦਿਸ਼ਾ ਵਿਚ ਹੋਰ ਸੁਧਾਰ ਲਿਆਉਣ ਵਿਚ ਯੋਗਦਾਨ ਪਾਉਣ। ਇਸ ਮੌਕੇ ਫੋਕਲ ਪੁਆਇੰਟ ਇੰਡਸਟਰੀਅਲ ਐਸੋਸੀਏਸ਼ਨ ਦੇ ਪ੍ਰਧਾਨ ਜਸਪਾਲ ਸਿੰਘ ਸੋਢੀ, ਜਨਰਲ ਸਕੱਤਰ ਹਰਭਗਤ ਸਿੰਘ ਤੁਲੀ, ਅੰਕੁਰ ਮਲਹੋਤਰਾ, ਕੌਂਸਲਰ ਦ੍ਰਿਪਨ ਸੈਣੀ, ਰੂਬੀ ਤੁਲੀ, ਕਾਮਰੇਡ ਗੰਗਾ ਪ੍ਰਸਾਦ, ਗੁਰਭਗਤ ਸਿੰਘ ਤੁਲੀ, ਹਰਬੀਰ ਸਿੰਘ ਸੋਢੀ, ਨਵੀਨ ਕੁਮਾਰ, ਰਾਜੇਸ਼ ਅਗਰਵਾਲ, ਅਜੇ ਸੂਦ, ਡਾ. ਹਰਸ਼ ਚਾਵਲਾ, ਵਿਵੇਕ ਗੁਪਤਾ, ਲੱਕੀ ਜੈਨ, ਸੁਰਜੀਤ ਸਿੰਘ ਮਠਾਰੂ, ਜੀ.ਐਸ ਬਾਵਾ, ਪਾਲ ਭੋਗਪੁਰੀਆ, ਹਰਿੰਦਰ ਸਿੰਘ, ਜਸਪਾਲ ਸਿੰਘ, ਕੁਲਵੰਤ ਸਿੰਘ, ਮਹਾਵੀਰ ਢਿੱਲੋਂ, ਸਤਿੰਦਰ ਕੁਮਾਰ ਆਦਿ ਹਾਜ਼ਰ ਸਨ।

# ਕਲੱਬ ਨੇ ਫੋਟੋਗ੍ਰਾਫ਼ੀ ਦਿਵਸ ਮਨਾਇਆ



**ਮਹਿਤਪੁਰ (ਰਾਜਾ)** ਮਹਿਤਪੁਰ ਫੋਟੋਗ੍ਰਾਫ਼ੀ ਕਲੱਬ ਵਲੋਂ ਫੋਟੋਗ੍ਰਾਫ਼ੀ ਦਿਵਸ ਕੇਕ ਕੱਟ ਕੇ ਮਨਾਇਆ ਗਿਆ। ਕਲੱਬ ਦੇ ਪ੍ਰਧਾਨ ਰਮਨਪ੍ਰੀਤ ਸਿੰਘ (ਪ੍ਰੀਤ ਸਟੂਡੀਉ), ਕੁਲਵਿੰਦਰ ਸਿੰਘ (ਮਠਾੜੂ ਸਟੂਡੀਉ) ਤੇ ਹੋਰਾਂ ਨੇ ਸਾਂਝੇ ਤੌਰ 'ਤੇ ਹਾਜ਼ਰ ਹੋਏ ਫੋਟੋਗ੍ਰਾਫ਼ਰਾਂ ਨੂੰ ਮੁਬਾਰਕਬਾਦ ਦਿੱਤੀ।ਫੋਟੋਗ੍ਰਾਫ਼ੀ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਤਕਨੀਕੀਆਂ ਵਿੱਚ ਆਈਆਂ ਤਬਦੀਲੀਆਂ ਬਾਰੇ ਜਾਣਕਾਰੀ ਦਿੱਤੀ ਤੇ ਕਿਹਾ ਕਿ ਫੋਟੋਗ੍ਰਾਫ਼ੀ ਇੱਕ ਸਾਫ਼ ਸੁਥਰਾ ਕਿੱਤਾ ਹੈ ਤੇ ਬਦਲਦੇ ਸਮੇਂ ਦੌਰਾਨ ਆ ਰਹੀਆਂ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਹੋਣੀ ਬਹੁਤ ਲਾਜ਼ਮੀ ਹੈ। ਫੋਟੋਗ੍ਰਾਫ਼ਰ ਨੂੰ ਸੀਜਨ ਦੌਰਾਨ ਆਉਣ ਵਾਲੀਆਂ ਮੁਸ਼ਕਿਲਾਂ ਦੇ ਹੱਲ ਬਾਰੇ ਵੀ ਆਪਸੀ ਵਿਚਾਰ ਕੀਤੇ ਗਏ। ਇਸ ਮੌਕੇ ਬੌਬੀ ਸਟੂਡੀਉ, ਲਖਵਿੰਦਰ ਸਿੰਘ (ਦਾਸ ਫੋਟੋਗ੍ਰਾਫ਼ੀ), ਕ੍ਰਿਸ਼ਨ ਸਟੂਡੀਉ, ਲਖਵਿੰਦਰ ਸਿੰਘ ਮਹਿਕ, ਵਿਜੇ ਕੁਮਾਰ (ਅਮਾਨਤ ਸਟੂਡੀਉ), ਵਰਿੰਦਰ ਸਿੰਘ (ਵੀਡਿਓ ਮੈਮਰੀ ਮੇਕਰ), ਪਰਮਜੀਤ ਪੰਮਾ, ਮਨਜਿੰਦਰ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਹਨੂਮਤ ਆਈ ਐੱਮ ਟੀ ਦੇ ਵਿਦਿਆਰਥੀਆਂ ਵੱਲੋਂ ਸ੍ਰੀਮਾਨ ਸੁਪਰ ਸਪੈਸ਼ਲਿਸਟ ਹਸਪਤਾਲ ਦਾ ਦੌਰਾ



**ਗੁਰਾਇਆ (ਬਿੰਦਰ ਸੁਮਨ)**- ਸ਼੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਮੈਡੀਕਲ ਲੈਬਾਰਟਰੀ ਸਾਇੰਸ ਵਿਭਾਗ ਵਲੋਂ ਵਿਦਿਆਰਥੀਆਂ ਨੂੰ ਉਦਯੋਗ ਬਾਰੇ ਵਿਹਾਰਕ ਗਿਆਨ ਵਿੱਚ ਵਾਧਾ ਕਰਨ ਅਤੇ ਮਨ 'ਚ ਉੱਠਦੇ ਸਵਾਲਾਂ ਦੀ ਜਿਗਿਆਸਾ ਨੂੰ ਸ਼ਾਂਤ ਕਰਨ ਦਾ ਇੱਕ ਵਿਲੱਖਣ ਮੌਕਾ ਪ੍ਰਦਾਨ ਕਰਦੇ ਹੋਏ ਸ਼੍ਰੀਮਾਨ ਸੁਪਰਸਪੈਸ਼ਲਿਸਟ ਹਸਪਤਾਲ ਜਲੰਧਰ ਦੀ ਯਾਤਰਾ ਕਕਰਵਾਈ ਗਈ। ਇਸ ਦੌਰਾਨ ਵਿਦਿਆਰਥੀਆਂ ਨੇ ਤਜਰਬੇਕਾਰ ਡਾਕਟਰਾਂ ਅਤੇ ਲੈਬਾਰਟਰੀ ਟੈਕਨੀਸ਼ੀਅਨਾਂ ਨਾਲ ਗੱਲਬਾਤ ਕੀਤੀ। ਜਿਨ੍ਹਾਂ ਨੇ ਮੈਡੀਕਲ ਲੈਬਾਰਟਰੀ ਸਾਇੰਸ ਦੀਆਂ ਨਵੀਨਤਮ ਤਕਨੀਕਾਂ ਬਾਰੇ ਆਪਣੀ ਮੁਹਾਰਤ ਅਤੇ ਸੂਝ ਵਿਦਿਆਰਥੀਆਂ ਨਾਲ ਸਾਂਝੀ ਕੀਤੀ। ਇਸ ਇੰਟਰਐਕਟਿਵ ਸੈਸ਼ਨ ਨੇ ਵਿਦਿਆਰਥੀਆਂ ਨੂੰ ਅਸਲ-ਸੰਸਾਰ ਸੈਟਿੰਗ ਵਿੱਚ ਵਿਸ਼ੇ ਅਤੇ ਇਸ ਦੀਆਂ ਡੂੰਘਾਈਆਂ ਦੀ ਸਮਝ ਪ੍ਰਾਪਤ ਕਰਨ ਦੇ ਯੋਗ ਬਣਾਇਆ। ਵਧੇਰੇ ਜਾਣਕਾਰੀ ਦਿੰਦਿਆਂ ਕਾਲਜ ਡਾਇਰੈਕਟਰ ਡਾ: ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਉਦਯੋਗਿਕ ਦੌਰਾ ਵਿਦਿਆਰਥੀਆਂ ਨੂੰ ਵਿਹਾਰਕ ਅਨੁਭਵ ਅਤੇ ਪੇਸ਼ੇਵਰ ਵਿਕਾਸ ਦੇ ਮੌਕੇ ਪ੍ਰਦਾਨ ਕਰਨ ਲਈ ਇੰਸਟੀਟਿਊਟ ਮੈਨੇਜਮੈਂਟ ਦੇ ਯਤਨਾਂ ਦਾ ਹਿੱਸਾ ਹੈ। ਸ਼੍ਰੀ ਹਨੂਮਤ-ਆਈਐਮਟੀ ਪ੍ਰਬੰਧਨ ਭਵਿੱਖ ਵਿੱਚ ਵੀ ਅਜਿਹੇ ਯਤਨਾਂ ਨੂੰ ਜਾਰੀ ਰੱਖਣ ਦੀ ਯੋਜਨਾ ਬਣਾ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸ਼੍ਰੀ ਹਨੂਮਤ ਆਈਐਮਟੀ ਦੇ ਵਿਦਿਆਰਥੀ ਉਦਯੋਗ ਦੇ ਰੁਝਾਨਾਂ ਅਤੇ ਇਸ ਦੇ ਵਿਕਾਸ ਬਾਰੇ ਸੌ ਫੀਸਦੀ ਅਪਡੇਟ ਰਹਿਣ। ਇਸ ਦੌਰਾਨ ਵਿਦਿਆਰਥੀਆਂ ਨੇ ਵੀ ਕਿਹਾ ਕਿ ਇਹ ਦੌਰਾ ਉਹਨਾਂ ਦੇ ਲਈ ਯਾਦਗਾਰੀ ਹੋ ਨਿਬੜਿਆ ਹੈ ਕਿਉਂਕਿ ਇਸ ਵਿਜਿਟ ਦੌਰਾਨ ਉਹਨਾਂ ਨੂੰ ਆਪਣੇ ਮਨ 'ਚ ਉੱਠਣ ਵਾਲੇ ਅਨੇਕਾਂ ਸਵਾਲਾਂ ਦੇ ਸਟੀਕ ਜਵਾਬ ਹਾਸਲ ਹੋਏ ਹਨ ਤੇ ਨਾਲ ਹੀ ਪ੍ਰੈਕਟੀਕਲ ਤਜੁਰਬਾ ਵੀ ਮਿਲਿਆ ਹੈ। ਉਹਨਾਂ ਇਸ ਉਪਰਾਲੇ ਲਈ ਕਾਲਜ ਦੇ ਪ੍ਰਬੰਧਕਾਂ ਅਤੇ ਖਾਸ ਤੌਰ ਤੇ ਡਾਇਰੈਕਟਰ ਮੈਡਮ ਡਾ. ਸ਼ੈਲੀ ਰੇਖੀ ਸ਼ਰਮਾ ਦਾ ਤਹਿ ਦਿਲੋ ਧੰਨਵਾਦ ਵੀ ਕੀਤਾ।

# ਗੋਇਨਕਾ ਸਕੂਲ ਨੇ ਕਰਾਟੇ ਚੈਂਪੀਅਨਸ਼ਿਪ 'ਚ ਹਾਸਲ ਕੀਤੇ 24 ਤਮਗੇ



**ਕਪੂਰਥਲਾ ( ਹਨੀ )** ਸੀ ਕੇ ਸੀ ਨੌਰਥ ਇੰਡੀਆ ਕਰਾਟੇ ਚੈਂਪੀਅਨਸ਼ਿਪ ਵੱਲੋਂ ਡੀ.ਏ.ਵੀ.ਇੰਸਟੀਟਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲਜੀ ਕਾਲਜ ਜਲੰਧਰ ਵਿਖੇ ਸੰਪੰਨ ਕਰਾਟੇ ਚੈਂਪੀਅਨਸ਼ਿਪ ਵਿਚ ਹਿੱਸਾ ਲੈਂਦਿਆਂ ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਪੁਜੀਸ਼ਨਾਂ ਹਾਸਿਲ ਕਰਕੇ ਸੋਨੇ ਦੇ 13, ਚਾਂਦੀ ਦੇ 6 ਅਤੇ ਕਾਂਸੇ ਦੇ 5 ਤਗਮੇ ਪ੍ਰਾਪਤ ਕੀਤੇ। ਜ਼ਿਕਰਯੋਗ ਹੈ ਕਿ ਜੇਤੂ ਵਿਦਿਆਰਥੀ ਮਲੇਸ਼ੀਆ, ਕੈਨੇਡਾ ਅਤੇ ਦੁਬਈ ਵਿੱਚ ਹੋ ਰਹੇ ਮਾਇਲੋ ਕੰਪੀਟੀਸ਼ਨ ਵਿੱਚ ਭਾਗ ਲੈਣਗੇ। ਇਹ ਕੰਪੀਟੀਸ਼ਨ ਜਤਿੰਦਰ ਕੁਮਾਰ ਟੈਕਨੀਕਲ ਡਾਇਰੈਕਟਰ 'ਕੋਬਰਾ ਕਰਾਟੇ ਅਕੈਡਮੀ' ਇੰਡੀਆਂ ਕੋਬਰਾ ਕਰਾਟੇ ਸਕੂਲ ਕੈਨੇਡਾ ਦੀ ਮਿਹਨਤ ਅਤੇ ਦੇਖ ਰੇਖ ਹੇਠ ਕਰਵਾਏ ਜਾ ਰਹੇ ਹਨ। ਵਿਦਿਆਰਥੀਆਂ ਦੇ ਇਸ ਉਤਸ਼ਾਹ ਨੂੰ ਦੇਖਦਿਆਂ ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ, ਸਕੱਤਰ ਪਰਮਿੰਦਰ ਕੌਰ ਅਤੇ ਪ੍ਰਿੰਸੀਪਲ ਊਸ਼ਾ ਪਰਮਾਰ ਨੇ ਜੇਤੂ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਵਿਦਿਆਰਥੀ ਕਿਤਾਬੀ ਗਿਆਨ ਦੇ ਨਾਲ ਨਾਲ ਖੇਡਾਂ ਵਿੱਚ ਭਾਗ ਲੈ ਕੇ ਸਕੂਲ ਦਾ ਨਾਂਅ ਰੌਸ਼ਨ ਕਰ ਰਹੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਰਾਜੇਸ਼ ਕੁਮਾਰ ਤੇ ਵਿੱਕੀ ਸ਼ਿਵ ਸੈਨਾ ਹਿੰਦ ਪਰਵਾਰ 'ਚ ਸ਼ਾਮਲ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸ਼ਿਵ ਸੈਨਾ ਹਿੰਦ ਦੀ ਮੀਟਿੰਗ ਪਾਰਟੀ ਦਫ਼ਤਰ ਚੰਡੀਗੜ੍ਹ ਰੋਡ ਵਿਖੇ ਹੋਈ। ਮੀਟਿੰਗ ਵਿਚ ਕੌਮੀ ਚੇਅਰਮੈਨ ਭਾਰਤੀ ਆਂਗਰਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਮੀਟਿੰਗ ਦੀ ਪ੍ਰਧਾਨਗੀ ਕੀਮਤੀ ਲਾਲ ਕਸ਼ਯਪ ਕੌਮੀ ਪ੍ਰਧਾਨ ਐਨਆਰਆਈ ਵਿੰਗ ਤੇ ਸ਼ਹਿਰੀ ਯੂਥ ਪ੍ਰਧਾਨ ਸੁਨੀਲ ਅਰੋੜਾ ਨੇ ਸਾਂਝੇ ਤੌਰ 'ਤੇ ਕੀਤੀ। ਮੀਟਿੰਗ 'ਚ ਸ਼ਿਵ ਸੈਨਾ ਹਿੰਦ ਨਾਲ ਸਨਾਤਨੀਆਂ ਨੂੰ ਜੋੜਨ ਦੇ ਮਿਸ਼ਨ ਤਹਿਤ ਰਾਜੇਸ਼ ਕੁਮਾਰ ਅਤੇ ਵਿੱਕੀ ਨੂੰ ਸ਼ਿਵ ਸੈਨਾ ਹਿੰਦ ਪਰਵਾਰ ਵਿਚ ਸ਼ਾਮਲ ਕੀਤਾ ਗਿਆ। ਇਸ ਮੌਕੇ ਸ਼ਿਵ ਸੈਨਾ ਹਿੰਦ ਦੀ ਮੈਂਬਰਸ਼ਿਪ ਸਵੀਕਾਰ ਕਰਦੇ ਹੋਏ ਰਾਜੇਸ਼ ਕੁਮਾਰ ਤੇ ਵਿੱਕੀ ਨੇ ਕਿਹਾ ਕਿ ਅਸੀਂ ਸ਼ਿਵ ਸੈਨਾ ਹਿੰਦ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਸ਼ਿਵ ਸੈਨਾ ਹਿੰਦ ਪਰਿਵਾਰ ਦਾ ਹਿੱਸਾ ਬਣ ਗਏ ਹਾਂ।

ਸ਼ਿਵ ਸੈਨਾ ਹਿੰਦ ਸਨਾਤਨ ਧਰਮ ਅਤੇ ਹਿੰਦੂਤਵ ਲਈ ਤਨ-ਮਨ ਨਾਲ ਕੰਮ ਕਰਾਂਗੇ ਅਤੇ ਸਨਾਤਨ ਪਰਵਾਰਾਂ ਨੂੰ ਵੀ ਇਸ ਵਿੱਚ ਸ਼ਾਮਲ ਕਰਾਂਗੇ। ਇਸ ਮੌਕੇ ਭਾਰਤੀ ਆਂਗਰਾ ਨੇ ਕਿਹਾ ਕਿ ਸਾਨੂੰ ਸਾਰੇ ਸਨਾਤਨੀਆਂ ਨੂੰ ਜਾਤੀਵਾਦ ਦਾ ਸੱਦਾ ਦੇਣਾ ਚਾਹੀਦਾ ਹੈ ਅਤੇ ਇਕ ਝੰਡੇ ਹੇਠ ਕੰਮ ਕਰਨਾ ਚਾਹੀਦਾ ਹੈ।



# ਸਾਰੇ ਬਲਾਕਾਂ 'ਚ ਨਵਜੰਮੀਆਂ ਬੱਚੀਆਂ ਦੇ ਨਾਂਅ 'ਤੇ ਲਗਾਏ ਜਾਣਗੇ ਪੌਦੇ : ਕੋਮਲ ਮਿੱਤਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਪ੍ਰਧਾਨਗੀ ਵਿਚ 'ਬੇਟੀ ਬਚਾਓ-ਬੇਟੀ ਪੜ੍ਹਾਓ' ਸਕੀਮ ਦੀ ਸਮੀਖਿਆ ਮੀਟਿੰਗ ਕੀਤੀ ਗਈ, ਜਿਸ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਇਸ ਸਕੀਮ ਦੀ ਪ੍ਰਗਤੀ 'ਤੇ ਤਸੱਲੀ ਪ੍ਰਗਟ ਕਰਦਿਆਂ ਕਈ ਅਹਿਮ ਫ਼ੈਸਲੇ ਲਏ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਦੇ 10 ਬਲਾਕਾਂ ਵਿਚ ਨਵਜੰਮੀਆਂ ਬੱਚੀਆਂ ਦੇ ਨਾਂਅ 'ਤੇ ਪੌਦੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਪਹਿਲ ਵਾਤਾਵਰਨ ਸੁਰੱਖਿਆ ਦੇ ਨਾਲ-ਨਾਲ ਨਵਜੰਮੀਆਂ ਬੱਚੀਆਂ ਦੇ ਮਾਣ-ਸਨਮਾਨ ਨੂੰ ਉਤਸ਼ਾਹਿਤ ਕਰਨ ਦਾ ਪ੍ਰਤੀਕ ਵੀ ਹੋਵੇਗਾ।ਇਸ ਤੋਂ ਇਲਾਵਾ ਜ਼ਿਲ੍ਹੇ ਵਿਚ ਲੜਕੀਆਂ ਅਤੇ ਔਰਤਾਂ ਲਈ ਵੀ ਕਈ ਨਵੀਆਂ ਸਕੀਮਾਂ ਸ਼ੁਰੂ ਕੀਤੀਆਂ ਜਾਣਗੀਆਂ। ਇਨ੍ਹਾਂ ਵਿਚ ਲੜਕੀਆਂ ਅਤੇ ਔਰਤਾਂ ਲਈ ਮੁਫ਼ਤ ਡਰਾਈਵਿੰਗ ਸਿਖਲਾਈ ਅਤੇ ਲੜਕੀਆਂ ਲਈ ਮੁਫ਼ਤ ਕੋਚਿੰਗ ਕਲਾਸਾਂ ਸ਼ਾਮਲ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਪ੍ਰੋਗਰਾਮਾਂ ਦਾ ਉਦੇਸ਼ ਲੜਕੀਆਂ ਅਤੇ ਔਰਤਾਂ ਨੂੰ ਆਤਮ ਨਿਰਭਰ ਬਣਾਉਣਾ ਅਤੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਲਈ ਲੋੜੀਂਦੇ ਹੁਨਰ ਪ੍ਰਦਾਨ ਕਰਨਾ ਹੈ।ਕੋਮਲ ਮਿੱਤਲ ਨੇ ਇਹ ਵੀ ਕਿਹਾ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ 27 ਅਗਸਤ ਨੂੰ ਲਗਾਏ ਜਾ ਰਹੇ ਮੈਗਾ ਰੋਜ਼ਗਾਰ ਮੇਲੇ ਵਿਚ ਵੱਧ ਤੋਂ ਵੱਧ ਲੜਕੀਆਂ ਅਤੇ ਔਰਤਾਂ ਨੂੰ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਰੋਜ਼ਗਾਰ ਮੇਲਾ ਔਰਤਾਂ ਨੂੰ ਰੁਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰੇਗਾ, ਜਿਸ ਨਾਲ ਉਹ ਆਰਥਿਕ ਤੌਰ 'ਤੇ ਸਸ਼ਕਤ ਹੋ ਸਕਣਗੀਆਂ।ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਵਿਭਾਗਾਂ ਰਾਹੀਂ ਇਨ੍ਹਾਂ ਸਕੀਮਾਂ ਨੂੰ ਸਮਾਂਬੱਧ ਢੰਗ ਨਾਲ ਲਾਗੂ ਕਰਨ ਅਤੇ ਇਨ੍ਹਾਂ ਦਾ ਲਾਭ ਵੱਧ ਤੋਂ ਵੱਧ ਲੜਕੀਆਂ ਅਤੇ ਔਰਤਾਂ ਤੱਕ ਪਹੁੰਚਾਉਣਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਜ਼ਿਲ੍ਹੇ ਵਿਚ ਲੜਕੀਆਂ ਅਤੇ ਔਰਤਾਂ ਦੇ ਸਸ਼ਕਤੀਕਰਨ ਵੱਲ ਇਕ ਅਹਿਮ ਕਦਮ ਹੈ, ਜਿਸ ਨਾਲ ਸਮਾਜਿਕ ਅਤੇ ਆਰਥਿਕ ਤੌਰ 'ਤੇ ਉਸਾਰੂ ਤਬਦੀਲੀਆਂ ਆਉਣਗੀਆਂ।ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਹਰਦੀਪ ਕੌਰ, ਜ਼ਿਲ੍ਹਾ ਵਿਕਾਸ ਫੈਲੋ ਜ਼ੋਇਆ ਸਿੱਦੀਕੀ, ਸਹਾਇਕ ਸਿਵਲ ਸਰਜਨ ਡਾ: ਕਮਲੇਸ਼, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਧੀਰਜ ਵਸ਼ਿਸ਼ਟ, ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸੰਜੀਵ ਕੁਮਾਰ ਅਤੇ ਸਮੂਹ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਯੂਥ ਜਥੇਬੰਦੀਆਂ ਨੇ ਕੱਢਿਆ ਕੈਂਡਲ ਮਾਰਚ ਦਿੱਤੀ ਸ਼ਰਧਾਂਜਲੀ



**ਮਹਿਤਪੁਰ (ਰਾਜਾ)** ਕਲਕੱਤਾ ਦੇ ਮੈਡੀਕਲ ਕਾਲਜ ਦੀ ਟਰੇਨਰ ਡਾਕਟਰ ਦੇ ਰੇਪ ਤੋਂ ਬਾਅਦ ਦਰਦਨਾਕ ਹੱਤਿਆ ਮਾਮਲੇ 'ਚ ਮਹਿਤਪੁਰ ਦੀਆਂ ਯੂਥ ਜੱਥੇਬੰਦੀਆਂ ਵੱਲੋ ਇੱਕ ਕੈਂਡਲ ਮਾਰਚ ਕੱਢਿਆ ਗਿਆ। ਆਗੂਆਂ ਨੇ ਕਿਹਾ ਕਿ ਡਾਕਟਰ ਹੋਇਆ ਹੈ ਉਹ ਭਾਰਤੀ ਦੀ ਕਿਸੇ ਵੀ ਧੀ ਨਾਲ ਨਾ ਹੋਵੇ। ਅੱਜ ਪੂਰਾ ਭਾਰਤ ਇਨਸਾਫ ਦੀ ਮੰਗ ਕਰ ਰਿਹਾ ਹੈ ਅਤੇ ਦੋਸ਼ੀਆ ਨੂੰ ਫਾਂਸੀ ਦੀ ਮੰਗ ਕਰ ਰਿਹਾ ਹੈ। ਇਸ ਘਟਨਾ ਤੋ ਬਾਅਦ ਕੋਈ ਵੀ ਧੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੀ। ਅਸੀਂ ਭਾਰਤ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜੋ ਪਿਛਲੇ ਦਿਨੀਂ ਭਾਰਤ ਦੀਆਂ ਧੀਆਂ ਨਾਲ ਬਲਾਤਕਾਰ ਦੀਆਂ ਘਟਨਾਵਾਂ ਹੋਈਆਂ ਹਨ ਇਸ ਸਬੰਧੀ ਕੋਈ ਸਖਤ ਤੋਂ ਸਖਤ ਕਾਨੂੰਨ ਬਣਾਇਆ ਜਾਵੇ। ਇਸ ਮੌਕੇ ਮਸੀਹੀ ਨੌਜਵਾਨ ਸਭਾ ਦੇ ਪ੍ਰਧਾਨ ਮਰਕੁਸ ਵਾਲੀਆ, ਉਪ ਪ੍ਰਧਾਨ ਗੁਰਪ੍ਰੀਤ ਬਿੱਲਗਾ, ਸੈਕਟਰੀ ਜੋਹਨ ਮਸੀਹ, ਸੈਕਟਰੀ ਵਿਕਰਮਜੀਤ, ਕੌਮੀ ਲੀਡਰ ਸੱਤਪਾਲ ਸਹੋਤਾ, ਪੰਜਾਬ ਕ੍ਰਿਸਚੀਅਨ ਯੂਥ ਦੇ ਪ੍ਰਧਾਨ ਸਧੀਰ ਨਾਹਰ, ਪਵਨ ਪਰਜੀਆ, ਅਨੁਸ਼,ਹਾਰੂਨ, ਮਨੀ, ਪ੍ਰਿੰਸ, ਸਾਬੀ, ਯੂਨਸ, ਸੰਜੂ ਗੋਰਾ, ਪ੍ਰਿੰਸ, ਵਿਕੀ, ਗੁਲਸ਼ਨ ਸੰਧੂ ਨਕੋਦਰ, ਕਰਨ ਆਦਰਾਮਾਨ, ਰਿਕੀ, ਹਾਜਰ ਸਨ।

# ਲਿੱਦੜ ਖੁਰਦ ਵਿਖੇ ਸਾਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)** ਪਿੰਡ ਲਿੱਦੜ ਖੁਰਦ ਵਿਖੇ ਹਜ਼ਰਤ ਪੀਰ ਬਾਬਾ ਗਰੀਬ ਸ਼ਾਹ ਸਾਬਰੀ ਕਲੀਅਰ ਸ਼ਰੀਫ਼ ਵਾਲਿਆਂ ਦੀ ਬਰਸੀ 'ਤੇ ਸਾਲਾਨਾ ਮੇਲਾ ਗੱਦੀ ਨਸ਼ੀਨ ਬਾਬਾ ਮਨਜੀਤ ਸਾਬਰੀ ਚੇਅਰਮੈਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ- ਵੱਖ ਦਰਬਾਰਾਂ ਤੋਂ ਸਾਈਂ ਉਮਰੇ ਸ਼ਾਹ ਕਾਦਰੀ ਜੀ ਗੱਦੀ ਨਸ਼ੀਨ ਰੌਜਾ ਸ਼ਰੀਫ਼ ਮੰਢਾਲੀ, ਸਾਈਂ ਜੀਤ ਸ਼ਾਹ ਰੁੜਕਾ,ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ, ਸਾਈਂ ਲਖਵੀਰ ਸ਼ਾਹ ਕਾਦਰੀ ਕਟਾਰੀਆ, ਬਾਬਾ ਸ਼ੰਭੂ ਜੀ ਫਿਲੌਰ, ਸਾਈਂ ਅਵਿਨਾਸ਼ ਸ਼ਾਹ ਕਾਦਰੀ ਕੋਟ ਫਤੂਹੀ, ਬਾਬਾ ਸੋਮੇ ਸ਼ਾਹ ਦੋਸਾਂਝ ਖੁਰਦ, ਬੀਬੀ ਰਣਜੀਤ ਕੌਰ ਮੁਕੰਦਪੁਰ, ਬਾਬਾ ਸ਼ੌਕਤ ਅਲੀ ਥਲਾ,ਬੀਬੀ ਗੇਜੋ ਸਾਬਰੀ, ਬਾਬਾ ਕੁਲਰਾਜ ਮੁਹੰਮਦ ਖਾਨਖਾਨਾ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਬਲਰਾਜ ਬਿਲਗਾ, ਹਰਮਨ ਛੱਤਾ, ਨੂਰ ਮੁਹੰਮਦ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਗੱਦੀ ਨਸ਼ੀਨ ਬਾਬਾ ਮਨਜੀਤ ਸਾਬਰੀ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ।



# ਬਿਜਲੀ ਕਾਮਿਆਂ ਦੇ ਜੁਆਇੰਟ ਫੋਰਮ ਵੱਲੋਂ ਜ਼ਬਰਦਸਤ ਰੈਲੀ



**ਖਰੜ (ਹਰਨਾਮ ਸਿੰਘ ਡੱਲਾ)**-ਜੁਆਇੰਟ ਫੋਰਮ ਪੰਜਾਬ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਖਰੜ ਡਵੀਜ਼ਨ ਦੇ ਬਿਜਲੀ ਕਾਮਿਆਂ ਵੱਲੋਂ ਡਵੀਜ਼ਨ ਦਫ਼ਤਰ ਖਰੜ ਵਿਖੇ ਭੁਪਿੰਦਰ ਮਦਨਹੇੜੀ ਡਵੀਜ਼ਨ ਪ੍ਰਧਾਨ ਟੀ.ਐਸ.ਯੂ. ਦੀ ਅਗਵਾਈ ਹੇਠ ਇੱਕ ਜ਼ਬਰਦਸਤ ਰੋਸ ਰੈਲੀ ਕੀਤੀ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਦੁੱਮਣਾ ਮੈਂਬਰ ਜੁਆਇੰਟ ਫੋਰਮ ਪੰਜਾਬ ਨੇ ਕਿਹਾ ਕਿ ਬਿਜਲੀ ਨਿਗਮ ਦੀ ਮੈਨੇਜਮੈਂਟ ਵਲੋਂ ਜੱਥੇਬੰਦੀ ਨਾਲ ਮੀਟਿੰਗਾਂ ਵਿੱਚ ਹੋਈ ਗੱਲਬਾਤ ਅਨੁਸਾਰ ਮੰਨਿਆ ਹੋਇਆ ਮੰਗਾਂ ਦੀ ਪੂਰਤੀ 15 ਅਗਸਤ ਤੱਕ ਕਰਨ ਦਾ ਭਰੋਸਾ ਦਿੱਤਾ ਸੀ ਪਰ ਹਾਲੇ ਤੱਕ ਕੋਈ ਮੰਗ ਲਾਗੂ ਨਹੀਂ ਕੀਤੀ ਗਈ। ਠੇਕੇਦਾਰੀ ਪ੍ਰਣਾਲੀ ਕਰਕੇ ਲਗਾਤਾਰ ਹਾਦਸੇ ਵੱਧ ਰਹੇ ਹਨ ਅਤੇ ਬਿਜਲੀ ਕਾਮਿਆਂ ਦੀ ਕੀਮਤੀ ਜਾਨਾਂ ਇਹਨਾਂ ਹਾਦਸਿਆਂ ਕਰਕੇ ਜਾ ਰਹੀਆ ਹਨ । ਇਹਨਾਂ ਹਾਦਸਿਆਂ ਵਿੱਚ ਮਰਨ ਵਾਲੇ ਕਾਮਿਆਂ ਨੂੰ ਸ਼ਹੀਦ ਦਾ ਦਰਜਾ ਦੇਣ ਦੀ ਮੰਗ ਕਰਦਿਆਂ ਕਿਹਾ ਕਿ ਇਸੇ ਤਰਜ਼ 'ਤੇ ਪਰਵਾਰ ਦੀ ਵਿੱਤੀ ਸਹਾਇਤਾ ਕੀਤੀ ਜਾਵੇ। ਚੇਤੇ ਰਹੇ ਕਿ ਵੱਖ ਵੱਖ ਮੀਟਿੰਗਾਂ ਵਿੱਚ ਹੋਈਆਂ ਸਹਿਮਤੀਆਂ ਅਨੁਸਾਰ ਗਰਿੱਡ ਸਬ ਸਟੇਸ਼ਨ ਉੱਪਰ ਕੰਮ ਕਰ ਰਹੇ ਬਿਜਲੀ ਕਾਮਿਆਂ(ਆਰ ਟੀ ਐਮ, ਓ ਸੀ, ਐਸ ਐਸ ਏ) ਦੀਆਂ ਤਰੱਕੀਆਂ /ਓ. ਸੀ ਕੈਟਾਗਰੀ ਨੂੰ ਪੇ ਬੈਂਡ ਲਾਗੂ ਕਰਨ, ਮ੍ਰਿਤਕ ਕਰਮਚਾਰੀਆਂ ਦੇ ਵਾਰਿਸਾਂ ਨੂੰ ਯੋਗ ਨੌਕਰੀ ਦੇਣ ਆਦਿ ਮੰਗਾਂ ਕਾਫੀ ਸਮੇਂ ਤੋਂ ਪੈਂਡਿੰਗ ਪਈਆਂ ਹਨ। ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ। ਇਸ ਰੈਲੀ ਨੂੰ ਬਲਜਿੰਦਰ ਸਿੰਘ ਡਵੀਜ਼ਨ ਸਕੱਤਰ ਖਰੜ, ਪਰਮਜੀਤ ਸਿੰਘ ਸਰਕਲ ਸਕੱਤਰ ਰੋਪੜ, ਬਲਵਿੰਦਰ ਸਿੰਘ ਸਾਬਕਾ ਸਰਕਲ ਆਗੂ, ਵਰਿੰਦਰ ਸਿੰਘ ਡਿਵੀਜ਼ਨ ਪ੍ਰਧਾਨ ਐਮ ਐਸ ਯੂ ਖਰੜ, ਸੁਖਜਿੰਦਰ ਸਿੰਘ ਪ੍ਰਧਾਨ ਟੀ ਐਸ ਯੂ ਸਿਟੀ ਮੋਰਿੰਡਾ, ਤਰਨਜੀਤ ਸਿੰਘ ਇੰਪਲਾਈ ਫੈਡਰੇਸ਼ਨ ਏਟਕ, ਨਿਰਮਲ ਸਿੰਘ ਇੰਪਲਾਈ ਫੈਡਰੇਸ਼ਨ ਏਟਕ, ਰੰਜੂ ਮੈਡਮ, ਸਰਬਜੀਤ ਸਿੰਘ ਜੇ ਈ, ਦੀਪਕ ਕੁਮਾਰ ਸਕੱਤਰ ਮਾਜਰਾ, ਬਲਵਿੰਦਰ ਸਿੰਘ ਹੈਪੀ ਖਰੜ, ਰਣਵੀਰ ਸਿੰਘ ਇੰਪਲਾਈ ਫੈਡਰੇਸ਼ਨ ਏਟਕ ਅਤੇ ਸ਼ੇਰ ਸਿੰਘ ਸਕੱਤਰ ਖਰੜ ਨੇ ਵੀ ਸੰਬੋਧਨ ਕੀਤਾ।ਰੈਲੀ ਵਿੱਚ ਇਕੱਤਰ ਹੋਏ ਆਗੂਆਂ ਵਲੋਂ ਦੱਸਿਆ ਗਿਆ ਕਿ ਬਿਜਲੀ ਅਦਾਰਾ ਇੱਕ ਬੇਹੱਦ ਮਹੱਤਵਪੂਰਨ ਅਦਾਰਾ ਹੈ, ਪ੍ਰੰਤੂ ਸਰਕਾਰ ਵਲੋਂ ਇਸ ਅਦਾਰੇ ਵਿੱਚ ਕੰਮ ਕਰਦੇ ਕਾਮਿਆਂ ਦੀ ਸਾਰ ਨਹੀਂ ਲਈ ਜਾ ਰਹੀ। ਆਗੂਆਂ ਨੇ ਦੱਸਿਆ ਕਿ 21-08-2024 ਤੋਂ ਬਿਜਲੀ ਮੁਲਾਜ਼ਮਾਂ ਵੱਲੋਂ ਬੋਰਡ ਮੈਨੇਜਮੈਂਟ ਵਿਰੁੱਧ ਵਿੱਢੇ ਸੰਘਰਸ਼ ਦੀ ਪਹਿਲੀ ਕੜੀ ਅਨੁਸਾਰ 21 ਅਗਸਤ ਤੋਂ 31 ਅਗਸਤ ਤੱਕ ਵਰਕ ਟੂ ਰੂਲ ਕੀਤਾ ਜਾਵੇਗਾ ਅਤੇ 01-09-2024 ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਇਸੇ ਦੌਰਾਨ ਰੈਲੀ ਵਿੱਚ ਇਕੱਤਰ ਹੋਏ ਬਿਜਲੀ ਮੁਲਾਜ਼ਮਾਂ ਵੱਲੋਂ ਬਿਜਲੀ ਨਿਗਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਰੈਲੀ ਵਿੱਚ ਬਲਜਿੰਦਰ ਸਿੰਘ, ਅਮਨਦੀਪ ਸਿੰਘ, ਜਸਵਿੰਦਰ ਸਿੰਘ, ਮਨਦੀਪ ਸਿੰਘ, ਮਨੋਜ ਕੁਮਾਰ, ਗੁਰਪ੍ਰੀਤ ਸਿੰਘ, ਜਸਵੀਰ ਸਿੰਘ , ਮਲਕੀਤ ਸਿੰਘ,ਅਮਰੀਕ ਸਿੰਘ ਮੈਡਮ ਪਰਮਜੀਤ ਕੌਰ ,ਮੈਡਮ ਪਰਮਿੰਦਰ ਕੌਰ, ਯੋਗਰਾਜ ਪ੍ਰਧਾਨ ਟੀ ਐਸ ਯੂ ਖਰੜ, ਗੁਰਦੀਪ ਸਿੰਘ, ਜਗਦੀਪ ਸਿੰਘ, ਗੁਰਪ੍ਰੀਤ ਸਿੰਘ, ਰੇਸ਼ਮ ਸਿੰਘ, ਸ਼ਮਸ਼ੇਰ ਸਿੰਘ, ਅਮਰੀਕ ਸਿੰਘ,ਦਲਵੀਰ ਸਿੰਘ, ਗੋਪੀ ਚੰਦ,ਮੈਡਮ ਪਰਮਜੀਤ ਕੌਰ, ਮੈਡਮ ਪ੍ਰੀਤੀ, ਮੈਡਮ ਦਮਨਪ੍ਰੀਤ ਕੌਰ ਸਮੇਤ ਹੋਰ ਵੀ ਵੱਡੀ ਗਿਣਤੀ ਵਿੱਚ ਬਿਜਲੀ ਮੁਲਾਜ਼ਮ ਸ਼ਾਮਲ ਹੋਏ।

## ਅਮਰੀਕਾ ਭੇਜਣ ਦਾ ਝਾਂਸਾ ਦੇ ਕੇ ਠੱਗੀ ਕਰਨ ਵਾਲੇ ਟਰੈਵਲ ਏਜੰਟ ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )**- ਜਲੰਧਰ ਦੇ ਨੌਜਵਾਨ ਨੂੰ ਅਮਰੀਕਾ ਭੇਜਣ ਦਾ ਝਾਂਸਾ ਦੇ ਕੇ 10 ਲੱਖ ਰੁਪਏ ਦੀ ਠੱਗੀ ਕਰਨ ਵਾਲੇ ਟ੍ਰੈਵਲ ਏਜੰਟ ਖਿਲਾਫ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਐਸ.ਐਸ.ਪੀ ਹੁਸ਼ਿਆਰਪੁਰ ਸੁਰਿੰਦਰ ਲਾਂਬਾ ਨੂੰ ਦਿੱਤੀ ਗਈ ਸ਼ਿਕਾਇਤ ਉਪਰੰਤ ਡੀ.ਐਸ.ਪੀ ਟਾਂਡਾ ਹਰਜੀਤ ਸਿੰਘ ਰੰਧਾਵਾ ਵੱਲੋਂ ਕੀਤੀ ਗਈ ਜਾਂਚ ਪੜਤਾਲ ਉਪਰੰਤ ਟਰੈਵਲ ਏਜੰਟ ਪ੍ਰੇਮ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਚੋਲਾਂਗ ਖਿਲਾਫ ਦਰਜ ਕੀਤਾ ਹੈ। ਸ਼ਿਕਾਇਤ ਕਰਤਾ ਬੁੱਧ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਪੰਧੇਰ ਨਕੋਦਰ(ਜਲੰਧਰ) ਨੇ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਟਰੈਵਲ ਏਜੰਟ ਨੇ ਦੇ ਪੁੱਤਰ ਤਰਨਜੀਤ ਸਿੰਘ ਨੂੰ ਅਮਰੀਕਾ ਭੇਜਣ ਦਾ ਝਾਂਸਾ ਦੇ ਕੇ ਉਹਨਾਂ ਦੇ ਨਾਲ 10 ਲੱਖ ਰੁਪਏ ਦੀ ਠੱਗੀ ਮਾਰੀ ਹੈ। ਉਹਨਾਂ ਹੋਰ ਦੱਸਿਆ ਕਿ ਟਰੈਵਲ ਏਜੰਟ ਵੱਲੋਂ ਮੰਗ ਕਰਨ ਤੇ ਵੱਖ-ਵੱਖ ਤਰੀਕਾਂ ਤੇ ਉਹਨਾਂ ਨੇ 10 ਲੱਖ ਰੁਪਏ ਟਰੈਵਲ ਏਜੈਂਟ ਵੱਲੋਂ ਦੱਸੇ ਗਏ ਖਾਤੇ ਵਿੱਚ ਟਰਾਂਸਫਰ ਕੀਤੇ ਸਨ। ਪਰ ਟਰੈਵਲ ਏਜੰਟ ਨੇ ਨਾ ਹੀ ਤਾਂ ਉਹਨਾਂ ਦੇ ਪੁੱਤਰ ਨੂੰ ਅਮਰੀਕਾ ਭੇਜਿਆ ਅਤੇ ਨਾ ਹੀ ਹੁਣ ਪੈਸੇ ਵਾਪਸ ਕਰ ਰਿਹਾ ਹੈ। ਪੁਲਸ ਨੇ ਉਕਤ ਏਜੰਟ ਖਿਲਾਫ ਧੋਖਾਧੜੀ ਅਤੇ ਇਮੀਗ੍ਰੇਸ਼ਨ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਬੱਸ ਅੱਡੇ 'ਚ ਕੀਤਾ ਰੋਸ ਪ੍ਰਦਰਸ਼ਨ ਤੇ ਲਗਾਇਆ ਧਰਨਾ



**ਅਲਾਵਲਪੁਰ (ਮਦਨ ਬੰਗੜ)**- ਰਿਜ਼ਰਵੇਸ਼ਨ ਬਚਾਓ ਸੰਘਰਸ਼ ਕਮੇਟੀ ਅਤੇ ਹੋਰ ਜਥੇਬੰਦੀਆਂ ਵੱਲੋਂ 21 ਅਗਸਤ ਨੂੰ ਭਾਰਤ ਬੰਦ ਦੇ ਸੱਦੇ 'ਤੇ ਕਸਬਾ ਅਲਾਵਲਪੁਰ ਵਿਖੇ ਰਵਿਦਾਸੀਆ ਸਮਾਜ ਅਤੇ ਬਸਪਾ ਵਰਕਰਾਂ ਵੱਲੋਂ ਸਥਾਨਕ ਬੱਸ ਅੱਡੇ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਧਰਨਾ ਲਗਾਇਆ ਗਿਆ ਜਿੱਥੇ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਇਹ ਬੰਦ ਸੁਪਰੀਮ ਕੋਰਟ ਦੇ ਉਸ ਤਾਜ਼ਾ ਫੈਸਲੇ ਦੇ ਵਿਰੋਧ ਵਿਚ ਕੀਤਾ ਜਾ ਰਿਹਾ ਹੈ, ਜਿਸ ਵਿਚ ਰਾਖਵਾਂਕਰਨ ਦੇ ਅੰਦਰ ਰਾਖਵਾਂਕਰਨ (ਕੋਟੇ ਅੰਦਰ ਕੋਟਾ) ਨੂੰ ਮਾਨਤਾ ਦਿੱਤੀ ਗਈ ਹੈ। ਬੰਦ ਦਾ ਮਕਸਦ ਸੁਪਰੀਮ ਕੋਰਟ ਦੇ ਉਪਰੋਕਤ ਫੈਸਲੇ ਦਾ ਵਿਰੋਧ ਕਰਨਾ ਹੈ ਤਾਂ ਜੋ ਅਦਾਲਤ ਇਹ ਫੈਸਲਾ ਵਾਪਸ ਲੈ ਲਵੇ। ਇਸ ਸਬੰਧ ਵਿੱਚ ਧਰਨਾ ਪ੍ਰਦਰਸ਼ਨਕਾਰੀਆਂ ਨੇ ਅਲਾਵਲਪੁਰ ਦੇ ਮੇਨ ਬਾਜ਼ਾਰ ਵਿੱਚ ਰੋਸ ਮਾਰਚ ਵੀ ਕੱਢਿਆ ਗਿਆ ਤੇ ਕੇਂਦਰ ਸਰਕਾਰ ਦੇ ਖਿਲਾਫ ਜੰਮ ਕੇ ਨਾਰੇਬਾਜੀ ਕੀਤੀ ਗਈ। ਪ੍ਰਦਰਸ਼ਨਕਾਰੀਆਂ ਵੱਲੋਂ ਰਾਸ਼ਟਰਪਤੀ ਦੇ ਨਾਂਅ ਇੱਕ ਮੰਗ ਪੱਤਰ ਡੀਐਸਪੀ ਆਦਮਪੁਰ ਸੁਮਿਤ ਸੂਦ ਨੂੰ ਸੌਂਪਿਆ ਗਿਆ। ਇਸ ਮੌਕੇ ਰਾਮ ਰਤਨ ਪੱਪੀ ਸੁਖਬੀਰ ਸਿੱਧੂ ਰਾਜ ਜਨੇਗਲ ਸੋਮਰਾਜ ਚਮਨ ਲਾਲ ਗਿਆਨ ਚੰਦ ਹੰਸ ਰਾਜ ਭੈਰੋ ਸੋਨੂ ਬੈਂਸ ਦਵਿੰਦਰ ਲੱਡੂ ਸੁੱਚਾ ਰਾਮ ਰਾਜੂ ਬਲਵੀਰ ਰਮਦਾਸਪੁਰ ਆਦ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

## ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਨੇ ਪੌਦੇ ਲਗਾ ਕੇ ਮਨਾਇਆ 185ਵਾਂ ਵਿਸ਼ਵ ਫੋਟੋਗ੍ਰਾਫੀ ਦਿਵਸ



**ਜਲੰਧਰ ( ਰਾਜੇਸ਼ ਥਾਪਾ )**-ਜਲੰਧਰ ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਨੇ ਆਪਣੇ ਦਫਤਰ 537 ਨਿਊ ਜਵਾਹਰ ਨਗਰ ਵਿਖੇ ਬੂਟੇ ਲਗਾ ਕੇ 185ਵਾਂ ਵਿਸ਼ਵ ਫੋਟੋਗ੍ਰਾਫੀ ਦਿਵਸ ਮਨਾਇਆ।ਇਸ ਦੌਰਾਨ ਕੇਕ ਵੀ ਕੱਟਿਆ ਗਿਆ।ਇਸ ਮੌਕੇ ਪ੍ਰਧਾਨ ਰਮੇਸ਼ ਹੈਪੀ ਨੇ ਸਮੂਹ ਫੋਟੋਗ੍ਰਾਫਰਾਂ ਨੂੰ ਵਿਸ਼ਵ ਫੋਟੋਗ੍ਰਾਫੀ ਦਿਵਸ ਦੀ ਵਧਾਈ ਦਿੱਤੀ ਅਤੇ ਫੋਟੋਗ੍ਰਾਫੀ ਪ੍ਰਤੀ ਆਪਣੀ ਵੀ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਫੋਟੋਗ੍ਰਾਫੀ ਸਿਰਫ ਇੱਕ ਕਲਾ ਨਹੀਂ ਹੈ, ਸਗੋਂ ਇਹ ਜ਼ਿੰਦਗੀ ਦੇ ਜਜ਼ਬਾਤਾਂ, ਵਿਚਾਰਾਂ ਅਤੇ ਪਲਾਂ ਨੂੰ ਸੰਭਾਲਣ ਦਾ ਤਰੀਕਾ ਹੈ,ਪੌਦੇ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸੁਹਾਵਣਾ ਅਤੇ ਸੁੰਦਰ ਬਣਾਉਂਦੇ ਹਨ, ਰੁੱਖ ਸਾਨੂੰ ਸ਼ੁੱਧ ਹਵਾ ਦਿੰਦੇ ਹਨ ਅਤੇ ਕੁਦਰਤੀ ਆਫ਼ਤਾਂ ਤੋਂ ਵੀ ਬਚਾਉਂਦੇ ਹਨ। ਰੁੱਖਾਂ ਦੁਆਰਾ ਪ੍ਰਦਾਨ ਕੀਤੀ ਸ਼ੁੱਧ ਹਵਾ ਅਤੇ ਆਕਸੀਜਨ ਧਰਤੀ ਦੇ ਹਰ ਜੀਵਤ ਪ੍ਰਾਣੀ ਦੇ ਬਚਾਅ ਅਤੇ ਸਿਹਤ ਲਈ ਇੱਕ ਬੁਨਿਆਦੀ ਲੋੜ ਹੈ। ਜਰਨਲ ਸਕੱਤਰ ਰਾਜੇਸ਼ ਥਾਪਾ ਨੇ ਕਿਹਾ ਕਿ ਹਰ ਤਸਵੀਰ ਇੱਕ ਕਹਾਣੀ ਹੈ, ਜੋ ਸ਼ਬਦਾਂ ਤੋਂ ਪਰੇ ਹੈ। ਫੋਟੋਗ੍ਰਾਫੀ ਵੀ ਇਕ ਸ਼ਾਨਦਾਰ ਮਾਧਿਅਮ ਹੈ, ਜਿਸ ਦੀ ਮਦਦ ਨਾਲ ਦਿਲ ਦੀਆਂ ਭਾਵਨਾਵਾਂ ਅਤੇ ਖੂਬਸੂਰਤ ਪਲਾਂ ਨੂੰ ਕੈਦ ਕੀਤਾ ਜਾ ਸਕਦਾ ਹੈ। ਇਸ ਮੌਕੇ ਵਿਚ ਫੋਟੋਗ੍ਰਾਫੀ ਵਿਚ ਆਉਣ ਵਾਲੀਆਂ ਮੁਸ਼ਕਿਲਾਂ 'ਤੇ ਚਰਚਾ ਕੀਤੀ ਗਈ। ਪ੍ਰੋਗਰਾਮ ਦੌਰਾਨ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਪ੍ਰਧਾਨ ਰਮੇਸ਼ ਹੈਪੀ, ਜਰਨਲ ਸਕੱਤਰ ਰਾਜੇਸ਼ ਥਾਪਾ, ਪੰਜਾਬ ਦੇ ਸਾਬਕਾ ਪ੍ਰਧਾਨ ਸੁਰਿੰਦਰ ਬੇਰੀ, ਮੁੱਖ ਸਲਾਹਕਾਰ ਰਮੇਸ਼ ਗਾਬਾ, ਸੀਨੀਅਰ ਮੀਤ ਪ੍ਰਧਾਨ ਰਿਸ਼ੀ ਸ਼ਰਮਾ, ਤਰਲੋਕ ਚੁਗ , ਕਮਲ ਗੰਭੀਰ, ਬਲਰਾਜ ਸਿੰਘ, ਸ਼ੁਭਾਸ਼ ਚੰਦਰ, ਸਾਹਿਲ ਓਮਕਾਰ, ਉਦੈ ਕੁਮਾਰ, ਟਿੰਕੂ ਪੰਡਿਤ, ਕਮਲਜੀਤ ਪਵਾਰ, ਸੁਨੀਲ ਕੁਮਾਰ, ਸੁਨੀਲ ਢੀਂਗਰਾ, ਸੰਦੀਪ ਹੈਪੀ, ਹਰੀਸ਼ ਕੁਮਾਰ, ਅਸ਼ੋਕ ਕੁਮਾਰ, ਗੁਰਪਾਲ, ਅਮਿਤ ਕੁਮਾਰ, ਸੁਰਿੰਦਰ ਕੁਮਾਰ, ਸੰਨੀ ਆਦਿ ਫੋਟੋਗ੍ਰਾਫਰ ਹਾਜ਼ਰ ਸਨ।

## ਤਖਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਿਸ਼ਾਨ ਸਾਹਿਬ 'ਤੇ ਚੜ੍ਹਾਇਆ ਬਸੰਤੀ ਰੰਗ ਦਾ ਚੋਲਾ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**—ਸ਼੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਤੋਂ ਬਾਅਦ ਖਾਲਸਾ ਪੰਥ ਦੀ ਜਨਮ ਭੂਮੀ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਿਸ਼ਾਨ ਸਾਹਿਬ ਤੇ ਬਸੰਤੀ ਰੰਗ ਦਾ ਚੋਲਾ ਚੜ੍ਹਾਇਆ ਗਿਆ।ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ ਨੇ ਦੱਸਿਆ ਕਿ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੁਕਮਾਂ ਅਤੇ ਰਹਿਤ ਮਰਿਆਦਾ ਅਨੁਸਾਰ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਿਸ਼ਾਨ ਸਾਹਿਬ 'ਤੇ ਬਸੰਤੀ ਰੰਗ ਦਾ ਚੋਲਾ ਚੜ੍ਹਾ ਦਿੱਤਾ ਗਿਆ ਹੈ। ਇਸ ਤੋਂ ਬਾਅਦ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਅਧੀਨ ਆਉਂਦੇ ਸਾਰੇ ਗੁਰਧਾਮਾਂ 'ਤੇ ਵੀ ਇਹ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਜਾਵੇਗੀ। ਇਸ ਮੌਕੇ ਵਧੀਕ ਮੈਨੇਜਰ ਹਰਦੇਵ ਸਿੰਘ ਹੈਪੀ ਅਤੇ ਸੂਚਨਾ ਅਫਸਰ ਹਰਪ੍ਰੀਤ ਸਿੰਘ ਵੀ ਹਾਜ਼ਰ ਸਨ।



## ਐੱਸ ਡੀ ਕਾਲਜ 'ਚ ਅਜ਼ਾਦੀ ਦੀ 78ਵੀਂ ਵਰ੍ਹੇਗੰਢ ਨੂੰ ਸਮਰਪਤ ਸਮਾਗਮ



**ਸੁਲਤਾਨਪੁਰ ਲੋਧੀ, ( ਹਨੀ )** ਐਸ.ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ.ਐਸ ਵਿਭਾਗ ਤੇ ਰੈਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਹਰ ਘਰ ਤਿਰੰਗਾ ਦਿਵਸ ਨੂੰ ਸਮਰਪਿਤ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਕਾਲਜ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅੰਦਰ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਸੀ । ਦੇਸ਼ ਦੀ ਆਜ਼ਾਦੀ ਦੀ 78ਵੀਂ ਵਰ੍ਹੇਗੰਢ ਨੂੰ ਸਮਰਪਿਤ ਸਮਾਗਮ ਦੌਰਾਨ ਵਿਦਿਆਰਥਣਾਂ ਦਰਮਿਆਨ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ, ਲੇਖ ਮੁਕਾਬਲਾ, ਹਰ ਘਰ ਤਰਿੰਗਾ ਆਦਿ ਗਤੀਵਿਧੀਆਂ ਕਰਵਾਈਆਂ ਦਾ ਆਯੋਜਨ ਕੀਤਾ ਗਿਆ।ਸਮਾਪਤੀ ਸਮਾਰੋਹ ਦੌਰਾਨ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਵਿਦਿਆਰਥਣਾਂ ਵੱਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਪ੍ਰਸੰਸਾ ਕੀਤੀ । ਇਸ ਮੌਕੇ ਮੈਡਮ ਰਜਨੀ ਬਾਲਾ, ਰਾਜਬੀਰ ਕੌਰ, ਕਸ਼ਮੀਰ ਕੌਰ, ਸੁਨੀਤਾ ਕਲੇਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।ਸਮਾਪਤੀ ਸਮਾਰੋਹ ਮੌਕੇ ਜੇਤੂ ਰਹੀਆਂ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ।

## ਇੰਟਰ ਜ਼ੋਨਲ ਧਾਰਮਿਕ ਮੁਕਾਬਲਿਆਂ 'ਚ ਜਲੰਧਰ ਜ਼ੋਨ ਨੇ ਵਧੀਆ ਕਾਰਗੁਜ਼ਾਰੀ ਦਿਖਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸਿੱਖ ਮਿਸ਼ਨਰੀ ਕਾਲਜ਼ (ਰਜਿ:) ਲੁਧਿਆਣਾ ਵੱਲੋਂ ਨਵੇਂ ਪ੍ਰਚਾਰਕ ਤਿਆਰ ਕਰਨ ਲਈ ਹਰ ਸਾਲ ਕੀਰਤਨ, ਭਾਸ਼ਣ, ਕਵਿਤਾ, ਵਾਰਤਾਲਾਪ ਤੇ ਸ਼ਬਦ ਵਿਚਾਰ ਮੁਕਾਬਲੇ ਕਰਵਾਏ ਜਾਂਦੇ ਹਨ । ਇਸ ਵਾਰ ਇਹ ਮੁਕਾਬਲੇ 16 ਤੋਂ 18 ਅਗਸਤ ਤੱਕ ਸਿੱਖ ਮਿਸ਼ਨਰੀ ਕਾਲਜ ਸੈਕਟਰ 39 ਲੁਧਿਆਣਾ ਵਿਖੇ ਕਰਵਾਏ ਗਏ। ਜਲੰਧਰ ਜ਼ੋਨ ਦੇ ਸਰਕਲਾਂ ਵੱਲੋਂ ਇਨ੍ਹਾਂ ਕਰਵਾਏ16 ਮੁਕਾਬਲਿਆਂ ਵਿੱਚ 14 ਮੁਕਾਬਲੇ ਵਿਚ ਹਿੱਸਾ ਲਿਆ । ਇਹਨਾਂ ਮੁਕਾਬਲਿਆਂ ਵਿੱਚ ਜਲੰਧਰ ਜੋਨ ਨੇ ਸੀਨੀਅਰ ਸੈਕੰਡਰੀ ਕੀਰਤਨ ਮੁਕਾਬਲੇ ਵਿੱਚ ਦੂਜਾ, ਮਿਸ਼ਨਰੀ ਕੀਰਤਨ ਮੁਕਾਬਲੇ ਵਿੱਚ ਤੀਜਾ, ਮਿਡਲ ਕਵਿਤਾ ਵਿੱਚ ਤੀਜਾ ਤੇ ਮਿਡਲ ਲੈਕਚਰ ਮੁਕਾਬਲੇ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ ਸੀਨੀਅਰ ਸੈਕੰਡਰੀ ਵਾਰਤਾ ਮੁਕਾਬਲੇ ਵਿੱਚ ਤੀਜਾ ਤੇ ਸੀਨੀਅਰ ਸੈਕੰਡਰੀ ਵਿਚ ਲੈਕਚਰ ਮੁਕਾਬਲੇ 'ਚ ਚੌਥਾ ਸਥਾਨ ਪ੍ਰਾਪਤ ਕੀਤਾ ।ਜ਼ੋਨਲ ਆਰਗੇਨਾਈਜਰ (ਜਲੰਧਰ ਜ਼ੋਨ) ਰੱਜਤ ਸਿੰਘ ਵਲੋਂ ਇਨ੍ਹਾਂ ਮੁਕਾਬਲਿਆਂ ਲਈ ਤਿਆਰੀ ਕਰਵਾਉਣ ਵਾਲੇ ਵੀਰਾਂ /ਭੈਣਾਂ ਦਾ ਧੰਨਵਾਦ ਕੀਤਾ ਤੇ ਇਨਾਮ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਵਧਾਈ ਦੇ ਕੇ ਹੌਂਸਲਾ ਵਧਾਇਆ । ਇਨ੍ਹਾਂ ਮੁਕਾਬਲਿਆਂ ਵਿੱਚ ਬੱਚਿਆਂ ਨੂੰ ਲੁਧਿਆਣੇ ਲੈ ਕੇ ਜਾਣ ਦੀ ਸੇਵਾ ਮਨਦੀਪ ਸਿੰਘ, ਅੰਮ੍ਰਿਤਪਾਲ ਕੌਰ, ਹਰਪ੍ਰੀਤ ਸਿੰਘ, ਸਤਵੀਰ ਸਿੰਘ, ਅਵਤਾਰ ਸਿੰਘ, ਭਰਪੂਰ ਸਿੰਘ,ਹਰਿਰਾਜਵਿੰਦਰ ਕੌਰ, ਸਵੇਗ ਸਿੰਘ (ਸਰਕਲ ਇੰਚਾਰਜ ਕਾਲਰਾ) ਸਤਪਾਲ ਸਿੰਘ (ਸਰਕਲ ਇੰਚਾਰਜ ਭੁੰਗਰਨੀ) ਬਲਜੀਤ ਸਿੰਘ(ਸਰਕਲ ਇੰਚਾਰਜ ਜਲੰਧਰ , ਰੱਜਤ ਸਿੰਘ ਤੇ ਬਲਜੀਤ ਸਿੰਘ ਨੰਗਲ ਸ਼ਾਮਾ ਨੇ ਨਿਭਾਈ ।

## ਪਹਿਲੀ ਅਕਤੂਬਰ ਨੂੰ ਵਿਧਾਨ ਸਭਾ ਚੋਣ 'ਚ ਹਰ ਵੋਟਰ ਕਰੇ ਆਪਣੀ ਭਾਗੀਦਾਰੀ ਯਕੀਨੀ : ਪੰਕਜ ਅਗਰਵਾਲ

**ਚੰਡੀਗੜ੍ਹ (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਕਿਹਾ ਕਿ ਲੋਕਤੰਤਰ ਪ੍ਰਣਾਲੀ ਵਿਚ ਜਨਤਾ ਸੱਭ ਤੋਂ ਉੱਪਰ ਹੁੰਦੀ ਹੈ ਅਤੇ ਇਕ-ਇਕ ਵੋਟ ਦਾ ਬਹੁਤ ਵੱਡਾ ਮਹਤੱਵ ਹੁੰਦਾ ਹੈ, ਇਸ ਲਈ ਸਾਰੇ ਵੋਟਰਾਂ ਨੂੰ 1 ਅਕਤੂਬਰ, 2024 ਨੂੰ ਹੋਣ ਵਾਲੇ ਵਿਧਾਨ ਸਭਾ ਚੋਣ ਵਿਚ ਆਪਣੀ ਭਾਗੀਦਾਰੀ ਯਕੀਨੀ ਕਰਨੀ ਚਾਹਦੀ ਹੈ। ਵੋਟ ਕਰਨਾ ਉਨ੍ਹਾਂ ਦਾ ਅਧਿਕਾਰ ਹੈ। ਚੋਣ ਵਿਚ ਵੋਟਰ ਕਰਨ ਦਾ ਮੌਕਾ 5 ਸਾਲ ਦੇ ਬਾਅਦ ਮਿਲਦਾ ਹੈ। ਉਨ੍ਹਾਂ ਨੇ ਕਿਹਾ ਕਿ ਫੋਟੋ ਯੁਕਤ ਪਹਿਚਾਣ ਪੱਤਰ ਹੋਣਾ, ਵੋਟ ਕਰਨ ਦਾ ਅਧਿਕਾਰ ਨਹੀਂ ਦਿੰਦਾ, ਸਗੋਂ ਵੋਟਰ ਸੂਚੀ ਵਿਚ ਨਾਂਅ ਦਰਜ ਹੋਣਾ ਜਰੂਰੀ ਹੈ, ਉਸੀ ਨਾਲ ਵੋਟ ਪਾਉਣ ਦਾ ਅਧਿਕਾਰ ਮਿਲਦਾ ਹੈ। ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਵੋਟਰਾਂ ਦਾ ਨਾਂਅ ਵੋਟਰ ਸੂਚੀ ਵਿਚ ਦਰਜ ਹੈ ਉਹ ਆਧਾਰ ਕਾਰਡ , ਡਰਾਈਵਿੰਗ ਲਾਇਸੈਂਸ, ਪਾਸਪੋਰਟ ਆਦਿ 12 ਤਰ੍ਹਾਂ ਦੇ ਆਪਣੇ ਆਈਡੀ ਦਸਤਾਵੇਜ ਦਿਖਾ ਕੇ ਵੋਟ ਪਾ ਸਕਦੇ ਹਨ। ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਕਮਿਸ਼ਨ ਦਾ ਟੀਚਾ ਵਧੀਆ ਮਾਹੌਲ ਵਿਚ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਚੋਣ ਸਪੰਨ ਕਰਾਉਣਾ ਹੈ। ਹਰ ਵੋਟਰ ਦੀ ਪੋਲਿੰਗ ਸਟੇਸ਼ਨ ਤਕ ਸਰਲ, ਸੁਗਮ ਤੇ ਜਲਦ ਪਹੁੰਚ ਉਪਲਬਧ ਹੋਵੇ ਇਸ ਦੇ ਲਈ ਵੱਖ-ਵੱਖ ਤਰ੍ਹਾਂ ਐਪ ਵੀ ਤਿਆਰ ਕੀਤੇ ਗਏ ਹਨ। ਇਨ੍ਹਾਂ ਐਪਸ ਰਾਹੀਂ ਵੋਟਰਾਂ, ਉਮੀਦਵਾਰਾਂ ਤੇ ਹੋਰ ਰਾਜਨੀਤਿਕ ਪਾਰਟੀਆਂ ਦੀ ਚੋਣ ਪ੍ਰਕ੍ਰਿਆ ਨਾਲ ਜੁੜੀ ਹਰ ਤਰ੍ਹਾਂ ਦੀ ਜਾਣਕਾਰੀ ਮਿਲੇਗੀ।ਅਗਰਵਾਲ ਨੇ ਕਿਹਾ ਕਿ ਸੂਬੇ ਵਿਚ ਨੌਜੁਆਨਾਂ ਨੂੰ ਸਮਝਣਾ ਹੋਵੇਗਾ ਕਿ ਲੋਕਤੰਤਰ ਵਿਚ ਭਾਗੀਦਾਰੀ ਨਾਲ ਲੋਕਤੰਤਰ ਮਜਬੂਤ ਬਣਦਾ ਹੈ। ਉਨ੍ਹਾਂ ਨੇ ਨੌਜੁਆਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜੇਕਰ ਤੁਸੀਂ ਆਪਣੀ ਆਵਾਜ ਨੂੰ ਬੁਲੰਦ ਰੱਖਣਾ ਚਾਹੁੰਦੇ ਹੋ ਤਾਂ ਲੋਕਤੰਤਰ ਵਿਚ ਵੋਟ ਪਾ ਕੇ ਆਪਣੀ ਭਾਗੀਦਾਰੀ ਯਕੀਨੀ ਕਰਨ।

## ਸ਼ਹੀਦ ਬਾਬਾ ਮਤੀ ਯਾਦਗਾਰੀ ਖੇਡ ਮੇਲੇ ਸੰਬੰਧੀ ਪੋਸਟਰ ਜਾਰੀ



**ਆਦਮਪੁਰ (ਪਰਮਜੀਤ ਸਿੰਘ)**:-ਨਜਦੀਕੀ ਪਿੰਡ ਡਰੋਲੀ ਕਲਾਂ ਵਿਖੇ ਹਰ ਸਾਲ ਦੀ ਤਰ੍ਹਾਂ ਸ਼ਹੀਦ ਬਾਬਾ ਮਤੀ ਸਾਹਿਬ ਜੀ ਯਾਦਗਾਰੀ ਸਾਲਾਨਾ ਖੇਡ ਮੇਲਾ ਕਰਵਾਇਆ ਜਾ ਰਿਹਾ ਹੈ। ਖੇਡ ਮੇਲੇ ਦੇ ਪੋਸਟਰ ਰਿਲੀਜ਼ ਕਰਦਿਆਂ ਸ਼ਹੀਦ ਬਾਬਾ ਮਤੀ ਮੈਮੋਰੀਅਲ ਸੋਸਾਇਟੀ ਡਰੋਲੀ ਕਲਾਂ ਦੇ ਪ੍ਰਧਾਨ ਗੁਰਮੀਤ ਸਿੰਘ, ਐਨ.ਆਰ.ਆਈ. ਜਸਵੀਰ ਸਿੰਘ, ਕੁਲਵਿੰਦਰ ਸਿੰਘ, ਅਮਰਜੀਤ ਸਿੰਘ ਕੂੱਕਾ ਨੇ ਦਸਿਆ ਕਿ ਇਹ ਮੇਲਾ ਮਿਤੀ 23 ਅਗਸਤ ਤੋਂ 28 ਅਗਸਤ ਤੱਕ ਕਰਵਾਇਆ ਜਾ ਰਿਹਾ ਹੈ, ਜਿਸ ਵਿਚ ਫੁੱਟਬਾਲ ਦੀਆਂ ਆਨ ਓਪਨ ਕਲੱਬ ਦੀਆਂ 16 ਟੀਮਾਂ,ਓਪਨ ਪਿੰਡ ਪੱਧਰ 32 ਟੀਮਾਂ, ਫੁੱਟਬਾਲ ਪਿੰਡ ਪੱਧਰ 24 ਟੀਮਾਂ , ਇਸੇ ਤਰ੍ਹਾਂ ਕਬੱਡੀ ਓਪਨ ਪਿੰਡ ਪੱਧਰ 58,54,48 ਕਿਲੋ ਦੀਆਂ ਟੀਮਾਂ, ਮਿਤੀ 24, 25 ਅਗਸਤ ਨੂੰ ਵਾਲੀਬਾਲ ਦੀਆਂ ਦੇ ਟੂਰਨਾਮੈਂਟ ਅਤੇ 26 ਅਗਸਤ ਐਥਲੈਟਿਕਸ ਮੀਟ 100 ਮੀਟਰ ਤੇ 1500 ਮੀਟਰ, ਲੜਕੀਆਂ 100 ਮੀਟਰ ਤੋਂ 800 ਮੀਟਰ ਅਤੇ ਬਜ਼ੁਰਗਾਂ ਦੇ 70 ਸਾਲ ਉਮਰ ਦੇ ਇਵੈਂਟ ਕਰਵਾਏ ਜਾਣਗੇ।ਇਸ ਮੌਕੇ ਸੈਕਟਰੀ ਅਮਰਿੰਦਰ ਸਿੰਘ, ਸਟੇਜ ਸੈਕਟਰੀ ਹਰਜਾਪ ਸਿੰਘ, ਕੈਸ਼ੀਅਰ ਰਨਵੀਰ ਸਿੰਘ, ਜਸਵਿੰਦਰ ਕੁਮਾਰ, ਕਬੱਡੀ ਇੰਚਾਰਜ ਅਵਤਾਰ ਸਿੰਘ ਅਤੇ ਗੁਰਜੀਤ ਸਿੰਘ,ਬਬਲਾ, ਅਮਰੀਕ ਸਿੰਘ,ਬਬਲੂ, ਰਾਕੇਸ਼ ਕੁਮਾਰ ਆਦਿ ਹਾਜ਼ਰ ਸਨ।

## ਯੋਗਤਾ ਸੁਧਾਰ ਪ੍ਰੋਗਰਾਮ ਦੇ ਲਏ ਜਾ ਰਹੇ ਪੇਪਰ ਕਾਰਨ ਪੰਜਾਬ ਸਰਕਾਰ ਨੇ ਅਧਿਆਪਕ ਪੜ੍ਹਨੇ ਪਾਏ : ਜੀ ਟੀ ਯੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਿੱਖਿਆ ਵਿਭਾਗ ਵੱਲੋਂ ਮਿਸ਼ਨ ਸਮਰੱਥ ਤਹਿਤ ਯੋਗਤਾ ਸੁਧਾਰ ਪ੍ਰੋਗਰਾਮ ਅਨੁਸਾਰ ਤੀਸਰੀ ਤੋਂ 8ਵੀਂ ਜਮਾਤ ਲਏ ਗਏ ਪਹਿਲੇ ਪ੍ਰੈਕਟਿਸ ਪੇਪਰ ਵਿਚ ਅਧਿਆਪਕਾਂ ਨੂੰ ਖੱਜਲ-ਖੁਆਰੀ ਲਈ ਮਜਬੂਰ ਕਰ ਦਿੱਤਾ।ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਦੱਸਿਆ ਪੰਜਾਬ ਦਾ ਸਿੱਖਿਆ ਵਿਭਾਗ ਹਮੇਸ਼ਾ ਨਵੇਂ ਅਨੋਖੇ ਤਜ਼ਰਬੇ ਕਰਦਾ ਰਹਿੰਦਾ ਹੈ ਜਿਸ ਦਾ ਖਮਿਆਜਾ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਭੁਗਤਣਾ ਪੈਂਦਾ ਹੈ।

ਸਿੱਖਿਆ ਵਿਭਾਗ ਦੇ ਨਵੇਂ ਆਦੇਸ਼ ਅਨੁਸਾਰ ਯੋਗਤਾ ਸੁਧਾਰ ਪ੍ਰੋਗਰਾਮ ਤਹਿਤ ਤੀਸਰੀ ਤੋਂ ਦਸਵੀਂ ਜਮਾਤ ਦਾ ਪੇਪਰ ਲੈਣ ਲਈ ਕਿਹਾ ਗਿਆ, ਜਿਸ ਨਾਲ ਪੰਜਾਬ ਭਰ ਦੇ ਅਧਿਆਪਕਾਂ ਨੂੰ ਪ੍ਰਿੰਟ ਕੱਢਵਾਉਣ ਲਈ ਦੁਕਾਨਾਂ 'ਤੇ ਜਾ ਕੇ ਆਪਣੀ ਜੇਬ ਵਿਚੋ ਪੱਲਿਉਂ ਖਰਚ ਕਰਨੇ ਪਏ। ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਸਿੱਖਿਆ ਅਧਿਕਾਰੀਆਂ ਵੱਲੋਂ ਜ਼ੂਮ ਐਪ 'ਤੇ ਹੁਕਮ ਕੀਤੇ ਗਏ ਕਿ ਪੇਪਰ ਕਿਸੇ ਹਾਲਤ ਵਿਚ ਲੀਕ ਨਹੀਂ ਹੋਣਾ ਚਾਹੀਦਾ। ਇਹ ਵੀ ਕਿਹਾ ਗਿਆ ਪੇਪਰ ਸਕੂਲ ਦੀ ਈ-ਮੇਲ 'ਤੇ ਹੀ ਆਏਗਾ। ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਿੱਖਿਆ ਵਿਭਾਗ ਦੇ ਉੱਚ-ਅਧਿਕਾਰੀਆਂ ਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਸੀਨੀਅਰ ਸੈਕੰਡਰੀ ਸਕੂਲਾਂ ਕੋਲ ਤਾਂ ਪ੍ਰਿੰਟਰ ਹਨ ਪਰ ਦੂਸਰੇ ਪਾਸੇ ਪੰਜਾਬ ਦੇ ਸਾਰੇ ਪ੍ਰਾਇਮਰੀ ਸਕੂਲਾਂ ਵਿਚ ਪਿੰਟਰ ਨਹੀਂ ਹਨ। ਇਸ ਦੇ ਨਾਲ ਹੀ ਹਾਸੋਹੀਣੀ ਗੱਲ ਇਹ ਹੈ ਕਿ ਜਦੋਂ ਅਧਿਆਪਕ ਪ੍ਰਿੰਟ ਕੱਢਵਾਉਣ ਲਈ ਦੁਕਾਨਾਂ 'ਤੇ ਜਾਣਗੇ ਤਾਂ ਪੇਪਰ ਲੀਕ ਨਹੀਂ ਹੋਵੇਗਾ। ਪੰਜਾਬ ਦਾ ਸਮੁੱਚਾ ਅਧਿਆਪਕ ਵਰਗ ਆਪਣੇ ਪੇਸ਼ੇ ਨੂੰ ਇਮਾਨਦਾਰੀ ਨਾਲ ਨਿਭਾਉਣ ਲਈ ਵਚਨਬੱਧ ਹੈ।ਦੂਸਰੇ ਪਾਸੇ ਅਧਿਆਪਕਾਂ ਨੂੰ ਗੈਰ-ਵਿੱਦਿਅਕ ਕੰਮਾਂ ਵਿਚ ਉਲਝਾ ਕੇ ਵਿਦਿਆਰਥੀਆਂ ਦਾ ਨੁਕਸਾਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅਧਿਆਪਕ ਵਰਗ ਯੋਗਤਾ ਸੁਧਾਰ ਪ੍ਰੋਗਰਾਮ ਤਹਿਤ ਪੇਪਰ ਤੋਂ ਇਨਕਾਰੀ ਨਹੀਂ ਹਨ । ਪੰਜਾਬ ਸਿੱਖਿਆ ਵਿਭਾਗ ਮਿਸ਼ਨ ਸਮਰੱਥ ਜਾ ਪੜ੍ਹੋ ਪੰਜਾਬ ਤਹਿਤ ਬੇਲੋੜੀ ਸਮੱਗਰੀ ਸਕੂਲਾਂ ਨੂੰ ਕਿਤਾਬਾਂ ਅਤੇ ਪੜ੍ਹਾਈ ਸੰਬੰਧੀ ਸਮੱਗਰੀ ਛਪਵਾ ਦੇ ਸਕੂਲਾ ਵਿਚ ਭੇਜ ਸਕਦੀ ਹੈ, ਫਿਰ ਕਿਉਂ ਨਹੀ ਯੋਗਤਾ ਸੁਧਾਰ ਪ੍ਰੋਗਰਾਮ ਤਹਿਤ ਪੇਪਰ ਛਪਵਾ ਕੇ ਸਕੂਲਾਂ ਤੱਕ ਪਹੁੰਚਾਏ ਜਾ ਸਕਦੇ। ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਚਾਹੁੰਦਾ ਕਿ ਅਧਿਆਪਕਾਂ ਨੂੰ ਬੇਲੋੜੇ ਕੰਮਾਂ ਵਿੱਚ ਉਲਝਾ ਕੇ ਰੱਖਿਆ ਜਾਵੇ ਤਾਂ ਸਕੂਲ ਵਿਚ ਪੜ੍ਹਦੇ ਗਰੀਬ ਲੋਕਾਂ ਦੇ ਬੱਚੇ ਪੜ੍ਹ ਨਾ ਸਕਣ। ਅਧਿਆਪਕ ਆਗੂਆਂ ਨੇ ਪੰਜਾਬ ਦੇ ਸਿੱਖਿਆ ਮੰਤਰੀ ਤੇ ਸਿੱਖਿਆ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਬਿਨਾਂ ਸੋਚੇ ਸਮਝੇ ਅਧਿਆਪਕਾਂ ਨੂੰ ਬੱਚਿਆਂ ਤੋਂ ਪੜ੍ਹਾਈ ਤੋਂ ਦੂਰ ਨਾ ਕੀਤਾ ਜਾਵੇ। ਪੇਪਰ ਛਪਵਾ ਕੇ ਸਕੂਲਾਂ ਵਿੱਚ ਭੇਜੇ ਜਾਣ। ਜਿਸ ਨਾਲ ਅਧਿਆਪਕ ਸਿਰਫ ਬੱਚਿਆਂ ਦੀ ਪੜ੍ਹਾਈ ਵੱਲ ਹੀ ਧਿਆਨ ਦੇ ਸਕਣ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੁਨੀਲ ਕੁਮਾਰ,ਪ੍ਰਿਤਪਾਲ ਸਿੰਘ ਚੱਟਾਲਾ,ਲੈਕਚਰਾਰ ਅਮਰ ਸਿੰਘ,ਵਿਕਾਸ ਸ਼ਰਮਾ, ਸੰਜੀਵ ਧੂਤ, ਪ੍ਰਿੰਸ ਗੜ੍ਹਦੀਵਾਲਾ,ਲੈਕਚਰਾਰ ਹਰਵਿੰਦਰ ਸਿੰਘ,ਨਰੇਸ਼ ਕੁਮਾਰ ਮਿੱਢਾ, ਚਮਨ ਲਾਲ,ਅਮਰਜੀਤ ਸਿੰਘ,ਪਰਸ ਰਾਮ,ਬਲਵਿੰਦਰ ਸਿੰਘ, ਰਾਜੇਸ਼ ਅਰੋੜਾ,ਉਮੇਸ਼ ਕੁਮਾਰ,ਸਰਬਜੀਤ ਸਿੰਘ, ਨਰਿੰਦਰ ਮੰਗਲ, ਸਰਬਜੀਤ ਸਿੰਘ, ਸਚਿਨ ਕੁਮਾਰ,ਜਸਵਿੰਦਰਪਾਲ,ਰਾਜ ਕੁਮਾਰ,ਸੰਦੀਪ ਕੁਮਾਰ,ਲੈਕਚਰਾਰ ਪ੍ਰਭਜੋਤ ਸਿੰਘ, ਰਣਵੀਰ ਸਿੰਘ,ਸਤਵਿੰਦਰ ਸਿੰਘ, ਪਰਮਜੀਤ ਸਿੰਘ,ਲੈਕਚਰਾਰ ਪਵਨ ਕੁਮਾਰ ਗੋਇਲ, ਅਸ਼ਵਨੀ ਕੁਮਾਰ, ਨਰਿੰਦਰ ਸਿੰਘ,ਮਾ. ਅਸ਼ੋਕ ਕੁਮਾਰ, ਗੁਰਪ੍ਰੀਤ ਸਿੰਘ, ਅਮਨਪ੍ਰੀਤ ਸਹੋਤਾ, ਪਵਨਦੀਪ ਚੌਧਰੀ, ਤਿਲਕ ਰਾਜ, ਰਜਤ ਮਹਾਜਨ,ਸਰਬਜੀਤ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।



## ਰਿਆਤ-ਬਾਹਰਾ ਫਾਰਮੇਸੀ ਕਾਲਜ 'ਚ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਰਿਆਤ ਬਾਹਰਾ ਫਾਰਮੇਸੀ ਕਾਲਜ ਵਿਖੇ ਫਾਰਮਾਸਿਸਟ: ਦਿ ਬੈਕਬੋਨ ਆਫ ਹੈਲਥਕੇਅਰ ਸਿਸਟਮ' ਵਿਸ਼ੇ 'ਤੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਦਾ ਉਦੇਸ਼ 'ਫਾਰਮੇਸੀ ਸਿੱਖਿਆ ਦੀ ਲੋੜ' ਬਾਰੇ ਲੋਕਾਂ ਵਿੱਚ ਜਾਗਰੂਕਤਾ ਵਧਾਉਣਾ ਸੀ। ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਆਪਣੀ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ. ਮਨਿੰਦਰ ਸਿੰਘ ਗਰੋਵਰ ਨੇ ਕਿਹਾ ਕਿ ਇਹ ਮੁਕਾਬਲਾ ਸਾਡੇ ਵਿਦਿਆਰਥੀਆਂ ਲਈ ਇੱਕ ਮਹੱਤਵਪੂਰਨ ਮੰਚ ਹੈ, ਜਿੱਥੇ ਉਹ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕਰ ਸਕਦੇ ਹਨ ਅਤੇ ਫਾਰਮੇਸੀ ਇੱਕ ਅਜਿਹਾ ਖੇਤਰ ਹੈ ਜੋ ਸਿਹਤ ਸੰਭਾਲ ਪ੍ਰਣਾਲੀ ਦੀ ਰੀੜ ਦੀ ਹੱਡੀ ਹੈ ਮੁਕਾਬਲੇ ਨਾ ਸਿਰਫ਼ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹਨ ਸਗੋਂ ਉਨ੍ਹਾਂ ਨੂੰ ਫਾਰਮੇਸੀ ਸਿੱਖਿਆ ਦੀ ਲੋੜ ਨੂੰ ਸਮਝਣਾ ਅਤੇ ਇਸ ਪ੍ਰਤੀ ਜਾਗਰੂਕਤਾ ਵਧਾਉਣਾ ਸਮੇਂ ਦੀ ਲੋੜ ਹੈ।ਇਸ ਮੌਕੇ ਕੈਂਪਸ ਡਾਇਰੈਕਟਰ ਡਾ: ਚੰਦਰ ਮੋਹਨ ਨੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਪੋਸਟਰਾਂ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਅਕਾਦਮਿਕ ਤੌਰ 'ਤੇ ਹੀ ਨਹੀਂ ਸਗੋਂ ਰਚਨਾਤਮਕ ਤੌਰ 'ਤੇ ਵੀ ਦੇਸ਼ ਨੂੰ ਟਿਕਾਊ ਢੰਗ ਨਾਲ ਅੱਗੇ ਵਧਾਉਣ ਲਈ ਵਚਨਬੱਧ ਹਨ ਅਤੇ ਇਸ ਮੁਕਾਬਲੇ ਨੇ ਉਸ ਦ੍ਰਿਸ਼ਟੀ ਨੂੰ ਹੋਰ ਮਜ਼ਬੂਤ ਕੀਤਾ ਹੈ। ਇਸ ਮੌਕੇ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ, ਜਿਸ ਵਿਚ ਪਹਿਲਾ ਸਥਾਨ ਮਹਿਕਦੀਪ , ਦੂਜਾ ਸਥਾਨ ਰਵਿੰਦਰ ਸਿੰਘ, ਜਸਨੂਰ ਅਤੇ ਜੂਲੀ, ਤੀਜਾ ਸਥਾਨ ਛਵੀ ਅਤੇ ਨੀਤੂ ਦੇ ਨਾਂਅ ਸ਼ਾਮਿਲ ਹਨ । ਸਮਾਗਮ ਵਿੱਚ ਡਾ. ਕੁਲਦੀਪ ਵਾਲੀਆ , ਡਾ: ਅਮਿਤ ਸ਼ਰਮਾ, ਪ੍ਰੋ. ਸਿਮਰਜੀਤ ਕੌਰ ਅਤੇ ਹੋਰ ਕਾਲਜ ਸਟਾਫ਼ ਹਾਜ਼ਰ ਸੀ।

## ਜੀ ਐੱਸ ਟੀ ਦੇ ਮੁੱਦੇ 'ਤੇ ਸਕੂਲ ਸੰਗਠਨਾਂ ਦੀ ਮੀਟਿੰਗ ਬੇਸਿੱਟਾ ਰਹੀ



**ਮੋਹਾਲੀ (ਗੁਰਜੀਤ ਬਿੱਲਾ)**- ਵੱਖ ਵੱਖ ਪ੍ਰਾਈਵੇਟ ਸਕੂਲ ਜੱਥੇਬੰਦੀਆਂ ਦੀ ਐਫੀਲੀਏਸ਼ਨ ਲੈਣ ਅਤੇ ਨਵਾਂ ਸੈਕਸ਼ਨ ਲੈਣ ਲਈ ਸਿੱਖਿਆ ਵਿਭਾਗ ਵੱਲੋਂ ਲਾਏ 18 ਫੀਸਦੀ ਜੀ ਐਸ ਟੀ ਸਬੰਧੀ ਹੋਈ ਮੀਟਿੰਗ ਬੇਸਿੱਟਾ ਰਹੀ ਹੈ। ਸਿੱਖਿਆ ਬੋਰਡ ਦੇ ਸਕੱਤਰ ਦਾ ਕਹਿਣਾ ਹੈ ਕਿ ਜੀਐਸਟੀ ਲਗਾਉਣ ਦਾ ਫੈਸਲਾ ਸਿੱਖਿਆ ਵਿਭਾਗ ਦਾ ਨਹੀਂ ਜੀਐਸਟੀ ਕੌਂਸਲ ਦਾ ਹੈ। ਸਕੂਲ ਜੱਥੇਬੰਦੀਆਂ ਦਾ ਕਹਿਣਾ ਹੈ ਕਿ ਉਹ ਇਸ ਫੈਸਲੇ ਵਿਰੁੱਧ ਮਾਣਯੋਗ ਹਾਈ ਕੋਰਟ ਦਾ ਦਰਵਾਜਾ ਖੜਕਾਉਣਗੇ।ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਜੂਕੇਸ਼ਨ ਕਨਕੋਰਡ ਸੁਸਾਇਟੀ ਲੁਧਿਆਣਾ, ਰੈਕੋਗਨਾਇਜ਼ਡ ਸਕੂਲ ਐਸੋਸੀਏਸ਼ਨ ( ਰਾਸਾ ਪੰਜਾਬ ) ਅਤੇ ਰੈਕੋਗਨਾਇਜ਼ਡ ਸਕੂਲ ਐਸੋਸੀਏਸ਼ਨ ( ਰਾਸਾ ਯੂ ਕੇ ) ਦੀ ਇਕ ਵਿਸ਼ੇਸ ਮੀਟਿੰਗ ਸਿੱਖਿਆ ਬੋਰਡ ਦੇ ਸਕੱਤਰ ਅਵਿਕੇਸ਼ ਗੁਪਤਾ ਪੀ ਸੀ ਐਸ ਦੀ ਪ੍ਰਧਾਨਗੀ ਹੇਠ ਹੋਈ ।ਮੀਟਿੰਗ ਵਿੱਚ ਬੋਰਡ ਸਕੱਤਰ ਨੇ ਦੱਸਿਆ ਕਿ ਦਫ਼ਤਰ ਦੀਆਂ ਹਦਾਇਤਾਂ 'ਤੇ ਸਕੂਲਾਂ ਨੂੰ ਚਾਲੂ ਰੱਖਣ 'ਤੇ ਜੀ.ਐਸ.ਟੀ. ਉਨ੍ਹਾਂ ਕਿਹਾ ਕਿ ਜੀਐਸਟੀ ਵਿਭਾਗ ਨੇ ਬੋਰਡ ਨੂੰ ਬਕਾਇਆ ਜੀਐਸਟੀ ਜੁਰਮਾਨੇ ਸਮੇਤ ਜਮ੍ਹਾਂ ਕਰਵਾਉਣ ਲਈ ਨੋਟਿਸ ਜਾਰੀ ਕੀਤਾ ਹੈ।ਇਸ 'ਤੇ ਸਕੂਲ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਭੁਵਨੇਸ਼ ਭੱਟ ਅਤੇ ਚੇਅਰਮੈਨ ਹਰਪਾਲ ਸਿੰਘ ਰਾਸਾ ਯੂ.ਕੇ. ਰਾਸਾ ਪੰਜਾਬ ਦੇ ਪ੍ਰਧਾਨ ਜਗਤ ਪਾਲ ਮਹਾਜਨ ਤੇ ਜਨਰਲ ਸਕੱਤਰ ਸੁਜੀਤ ਸ਼ਰਮਾ ਬਬਲੂ ਨੇ ਬੋਰਡ ਸਕੱਤਰ ਦੇ ਸਾਹਮਣੇ ਜੀ.ਐੱਸ.ਟੀ. ਕੌਂਸਲ ਦੇ ਵੱਖ-ਵੱਖ ਸਰਕੂਲਰ ਪੇਸ਼ ਕੀਤੇ, ਜਿਸ 'ਚ ਸਪੱਸ਼ਟ ਲਿਖਿਆ ਗਿਆ ਹੈ ਕਿ ਸਿੱਖਿਆ ਨਾਲ ਸਬੰਧਤ ਸਰਟੀਫਿਕੇਟ, ਪ੍ਰੀਖਿਆ, ਪੜ੍ਹਾਈ, ਦਾਖਲਾ ਪ੍ਰੀਖਿਆ ਆਦਿ ਦੀਆਂ ਸਾਰੀਆਂ ਫੀਸਾਂ ਸੈਕੰਡਰੀ ਸਕੂਲ ਪੱਧਰ 'ਤੇ ਬੱਚਿਆਂ ਨੂੰ ਛੋਟ ਦਿੱਤੀ ਜਾਵੇਗੀ।ਮੀਟਿੰਗ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਅਵਿਕੇਸ਼ ਗੁਪਤਾ (ਪੀਸੀਐਸ), ਸਹਾਇਕ ਸਕੱਤਰ ਗੁਰਤੇਜ ਸਿੰਘ, ਸਹਾਇਕ ਸਕੱਤਰ ਐਫੀਲੀਏਸ਼ਨ/ਐਸੋਸੀਏਸ਼ਨ ਸ਼ਾਖਾ, ਸੁਪਰਡੈਂਟ ਅਤੇ ਅਨਏਡਿਡ ਸਕੂਲਾਂ ਦੀ ਤਰਫੋਂ ਸਕੂਲ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਨਾਰਦਨ ਭੱਟ, ਸੀਨੀਅਰ ਮੀਤ ਪ੍ਰਧਾਨ ਕਮਲ ਨਯਨ ਸ਼ਰਮਾ,ਜਨਰਲ ਸਕੱਤਰ ਭੁਵਨੇਸ਼ ਭੱਟ, ਕੋਆਰਡੀਨੇਟਰ ਰਾਜੇਸ਼ ਨਾਗਰ ਦੇ ਸਲਾਹਕਾਰ ਬਲਜੀਤ ਸਿੰਘ ਨਿਰਮਾਣ, ਸੰਸਥਾ ਦੇ ਸਹਿ-ਸਕੱਤਰ ਜਸਪ੍ਰੀਤ ਸਿੰਘ ਛਾਬੜਾ, ਗਗਨਦੀਪ ਸ਼ਰਮਾ, ਈਸੀਐਸ ਹੈੱਡ ਪ੍ਰਦੀਪ ਕੁਮਾਰ, ਕੈਸ਼ੀਅਰ ਅਮਰਜੀਤ ਦੇਵਗਨ, ਸੀਨੀਅਰ ਵਾਈਸ ਹੈੱਡ ਬੀ.ਐਸ.ਬੇਦੀ, ਰਾਸਾ ਪੰਜਾਬ ਪ੍ਰਧਾਨ ਜਗਤਪਾਲ ਮਹਾਜਨ ਜਨਰਲ ਸਕੱਤਰ ਸੁਜੀਤ ਸ਼ਰਮਾ ਬਬਲੂ ,ਸੁਖਵਿੰਦਰ ਸਿੰਘ ਭੱਲਾ, ਬਲਕਾਰ ਸਿੰਘ, ਚਰਨਜੀਤ ਸਿੰਘ ਪਾਰੋਵਾਲ, ਅਮਨਦੀਪ ਸਿੰਘ, ਸਚਿਨ ਕੌਸ਼ਲ ,ਜੇ.ਏ.ਐਫ ਦੇ ਪ੍ਰਧਾਨ ਸੁਰਜੀਤ ਸਿੰਘ, ਜਨਰਲ ਸਕੱਤਰ ਪ੍ਰਿਤਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਵਿੱਕੀ ਨਰੂਲਾ, ਮੀਤ ਪ੍ਰਧਾਨ ਸੁਰਿੰਦਰ ਨੇਗੀ, ਰਾਸਾ (ਯੂ.ਕੇ.) ਦੇ ਚੇਅਰਮੈਨ ਹਰਪਾਲ ਸਿੰਘ ਯੂ.ਕੇ., ਪ੍ਰਧਾਨ ਰਵੀ ਸ਼ਰਮਾ, ਜਨਰਲ ਸਕੱਤਰ ਗੁਰਮੁੱਖ ਸਿੰਘ (ਅਰਜਨ ਮਾਂਗਾ), ਐਚ.ਐਸ. ਕਠਾਨੀਆ, ਰਵੀ ਕਠਾਨੀਆ, ਗੁਰਮੀਤ ਸਿੰਘ ਆਦਿ ਹਾਜ਼ਰ ਸਨ।

## ਹਰਦੀਪ ਸਿੰਘ ਬਣੇ ਮੌਲੀ ਯੂਨਿਟ ਦੇ ਪ੍ਰਧਾਨ



**ਫਗਵਾੜਾ (ਡਾ. ਰਮਨ)**- ਭਾਰਤੀ ਕਿਸਾਨ ਯੂਨੀਅਨ (ਦੋਆਬਾ) ਸਰਕਲ ਫਗਵਾੜਾ ਦੀ ਮੀਟਿੰਗ ਪਿੰਡ ਮੌਲੀ ਵਿਖੇ ਹੋਈ। ਜਿਸ ਵਿਚ ਯੂਨੀਅਨ ਦੀ ਪਿੰਡ ਪੱਧਰੀ ਯੂਨਿਟ ਦਾ ਗਠਨ ਕੀਤਾ ਗਿਆ। ਇਸ ਦੌਰਾਨ ਸਰਬ ਸੰਮਤੀ ਨਾਲ ਹਰਦੀਪ ਸਿੰਘ ਪੁੱਤਰ ਹਰਦਿਆਲ ਸਿੰਘ ਨੂੰ ਪ੍ਰਧਾਨ ਅਤੇ ਸੰਦੀਪ ਸਿੰਘ ਪੁੱਤਰ ਕੁਲਦੀਪ ਸਿੰਘ ਨੂੰ ਜਨਰਲ ਸਕੱਤਰ ਐਲਾਨਿਆ ਗਿਆ। ਸਮੂਹ ਹਾਜਰੀਨ ਨੇ ਇਹਨਾਂ ਨਿਯੁਕਤੀਆਂ ਦਾ ਸਵਾਗਤ ਕੀਤਾ ਅਤੇ ਨਵ ਨਿਯੁਕਤ ਅਹੁਦੇਦਾਰਾਂ ਨੂੰ ਸਨਮਾਨ ਵਜੋਂ ਸਿਰੋਪੇ ਪਾਏ ਗਏ। ਯੂਨੀਅਨ ਦੇ ਪ੍ਰੈਸ ਸਕੱਤਰ ਗੁਰਪਾਲ ਸਿੰਘ ਮੌਲੀ ਨੇ ਦੱਸਿਆ ਕਿ ਸੰਗਤਾਂ ਵੱਲੋਂ ਇਸ ਮੀਟਿੰਗ ਦੌਰਾਨ ਫਗਵਾੜਾ ਦੇ ਨੈਸ਼ਨਲ ਹਾਈ-ਵੇ ਸਥਿਤ ਪਿੰਡ ਦੀ ਖੂਹੀ ਵਾਲੀ ਜਮੀਨ ਤੇ ਉਸਾਰੀ ਅਧੀਨ ਭਾਈ ਬਸਾਵਾ ਸਿੰਘ ਯਾਦਗਾਰੀ ਪਾਰਕ ਬਾਰੇ ਵੀ ਵਿਚਾਰ ਵਟਾਂਦਰੇ ਕੀਤੇ ਗਏ। ਉਹਨਾਂ ਦੱਸਿਆ ਕਿ ਤਕਰੀਬਨ 26 ਕਨਾਲ ਜਮੀਨ ਭਾਈ ਬਸਾਵਾ ਸਿੰਘ ਨੇ ਪਿੰਡ ਮੌਲੀ ਨੂੰ ਦਿੱਤੀ ਤਾਂ ਜੋ ਆਉਣ ਵਾਲੇ ਸਮੇਂ ਇਸ ਦੀ ਆਮਦਨ ਤੋਂ ਲੋਕ ਭਲਾਈ ਦੇ ਕਾਰਜ ਕੀਤੇ ਜਾ ਸਕਣ।

ਉਹਨਾਂ ਦੀ ਯਾਦ ਵਿੱਚ ਇਸ ਵਧੀਆ ਪਾਰਕ ਦੀ ਉਸਾਰੀ ਕਰਨ ਲਈ ਪਿੰਡ ਵਾਸੀਆਂ ਵੱਲੋਂ ਉਪਰਾਲਾ ਆਰੰਭਿਆ ਗਿਆ ਹੈ। ਇਸ ਮੌਕੇ ਸਰਪੰਚ ਸੁਲੱਖਣ ਸਿੰਘ, ਲੰਬੜਦਾਰ ਰਘਵੀਰ ਸਿੰਘ, ਲੰਬੜਦਾਰ ਸੰਤੋਖ ਸਿੰਘ, ਲੰਬੜਦਾਰ ਸਤਨਾਮ ਸਿੰਘ, ਜਥੇਦਾਰ ਰਜਿੰਦਰ ਸਿੰਘ, ਤਰਸੇਮ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਤੋਂ ਇਲਾਵਾ ਗੁਰੂ ਘਰ ਦੇ ਮੈਂਬਰ ਗੁਰਜੀਤ ਸਿੰਘ, ਨਾਨਕ ਸਿੰਘ, ਕੁਲਦੀਪ ਸਿੰਘ, ਸੁਰਿੰਦਰ ਸਿੰਘ ਛਿੰਦਾ, ਕੁਲਵੀਰ ਸਿੰਘ, ਰਣਜੀਤ ਸਿੰਘ, ਚਰਨ ਸਿੰਘ ਮੱਖਣ ਸਿੰਘ ਮੌਲੀ ਕੁਲਦੀਪ ਕੁਮਾਰ ਬੂਟੀ ਰਾਮ, ਰੇਸ਼ਮ ਸਿੰਘ ਸਤਨਾਮ ਸਿੰਘ ਪਰਗਣ ਸਿੰਘ ਗੁਰਦਿਆਲ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜਰ ਸਨ।

## ਸਿਕੰਦਰਪੁਰ ਵਿਖੇ ਤੀਆਂ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ

**ਅਲਾਵਲਪੁਰ (ਬੰਗੜ)**- ਨਜ਼ਦੀਕੀ ਪਿੰਡ ਸਿਕੰਦਰਪੁਰ ਵਿਖੇ ਤੀਆਂ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ । ਸਮੁੱਚੇ ਪਿੰਡ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਇਸ ਸਮਾਗਮ ਵਿੱਚ ਰਵਾਇਤੀ ਪਹਿਰਾਵੇ ਵਿੱਚ ਮਹਿਲਾਵਾਂ, ਲੜਕੀਆਂ, ਔਰਤਾਂ ਵੱਲੋਂ ਵਿਸਰ ਰਹੇ ਪੇਂਡੂ ਸੱਭਿਆਚਾਰ ਨੂੰ ਵੱਖ ਵੱਖ ਵਨਗੀਆਂ ਰਾਹੀਂ ਪੇਸ਼ ਕਰਦਿਆਂ ਸਮਾਗਮ ਨੂੰ ਸੱਭਿਆਚਾਰਕ ਦਾ ਰੂਪ ਦੇ ਦਿੱਤਾ ਗਿਆ। ਜਿਸ ਵਿੱਚ ਗਿੱਧਾ ,ਪੰਜਾਬੀ ਰਵਾਇਤੀ ਗੀਤ, ਸਕਿੱਟਾਂ ਰਾਹੀਂ ਪੰਜਾਬੀ ਸੱਭਿਆਚਾਰ ਨੂੰ ਨਵੀਂ ਪੀੜੀ ਦੇ ਸਨਮੁਖ ਕੀਤਾ । ਮੁਟਿਆਰਾਂ ਨੇ ਸਮਾਗਮ ਦੌਰਾਨ ਪੀਂਘ ਝੂਟੀ ਅਤੇ ਚਰਖੇ ਤੇ ਤੰਦ ਕੱਤ ਕੇ ਇੱਕ ਵੱਖਰੀ ਹੀ ਲੋਰ ਦਾ ਅਹਿਸਾਸ ਮਹਿਸੂਸ ਕੀਤਾ ।

ਸਮਾਗਮ ਦੌਰਾਨ ਕਿਰਨਦੀਪ ਕੌਰ ਅਤੇ ਸੰਦੀਪ ਕੌਰ ਵੱਲੋਂ ਸੱਭਿਆਚਾਰਕ ਗੀਤ ਰਾਹੀਂ ਹਾਜ਼ਰੀ ਲਗਵਾਈ । ਸਮਾਗਮ ਨੂੰ ਨੇਪਰੇ ਚਾੜਨ ਵਿੱਚ ਬਲਜੀਤ ਕੌਰ, ਰਾਜਵਿੰਦਰ ਕੌਰ ,ਮਨਜੀਤ ਕੌਰ, ਗੁਰਬਖਸ਼ ਕੌਰ, ਸਰਪੰਚ ਅਨੀਤਾ, ਸ਼ਕੁੰਤਲਾ ਰਾਣੀ ,ਮੀਨਾ, ਜਸਵਿੰਦਰ ਕੌਰ, ਰਾਜਵਿੰਦਰ ਕੌਰ ਅਤੇ ਨਿਰਮਲਾ ਦੇਵੀ ਵਲੋਂ ਵਡਮੁੱਲਾ ਯੋਗਦਾਨ ਪਾਇਆ ਗਿਆ ।



## ਮੌਲੀ 'ਚ ਅਨੇਕਾਂ ਪਿੰਡਾਂ ਦੇ ਵਸਨੀਕਾਂ ਨੇ ਉਠਾਇਆ ਕੈਂਪ ਦਾ ਲਾਭ



**ਫਗਵਾੜਾ ( ਡਾ. ਰਮਨ )** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਿੰਡ ਪੱਧਰ 'ਤੇ ਲਗਾਏ ਜਾ ਰਹੇ ਲੋਕ ਸੁਵਿਧਾ ਕੈਂਪਾਂ ਦੀ ਲੜੀ ਤਹਿਤ ਪਿੰਡ ਮੌਲੀ ਵਿਖੇ ਲੋਕ ਸੁਵਿਧਾ ਕੈਂਪ ਲਗਾਇਆ ਗਿਆ। ਜਿਸਦੀ ਆਰੰਭਤਾ 'ਆਪ' ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਕਰਵਾਈ ਗਈ। ਉਹਨਾਂ ਦੇ ਨਾਲ ਐਸ.ਡੀ.ਐਮ. ਫਗਵਾੜਾ ਜਸ਼ਨਜੀਤ ਸਿੰਘ, ਜਸਵਿੰਦਰ ਸਿੰਘ ਤਹਿਸੀਲਦਾਰ, ਤਵਿੰਦਰ ਰਾਮ ਚੇਅਰਮੈਨ ਮਾਰਕੀਟ ਕਮੇਟੀ ਫਗਵਾੜਾ, ਬੀ.ਡੀ.ਪੀ.ਓ. ਰਾਮ ਪਾਲ ਰਾਣਾ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਕੈਂਪ ਦੌਰਾਨ ਵੱਖ ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਕਰੀਬ 44 ਤਰ੍ਹਾਂ ਦੀਆਂ ਸਰਕਾਰੀ ਵਿਭਾਗਾਂ ਨਾਲ ਸਬੰਧਤ ਸੁਵਿਧਾਵਾਂ ਦਾ ਲਾਭ ਲੋਕਾਂ ਨੂੰ ਦਿੱਤਾ ਗਿਆ। ਜੋਗਿੰਦਰ ਸਿੰਘ ਮਾਨ ਨੇ ਕੈਂਪ ਦੌਰਾਨ ਤਿਆਰ ਹੋਏ ਲੋੜਵੰਦਾਂ ਦੇ ਜਰੂਰੀ ਦਸਤਾਵੇਜ ਭੇਂਟ ਕਰਦਿਆਂ ਦੱਸਿਆ ਕਿ ਸੂਬੇ ਦੀ ਹਰਮਨ ਪਿਆਰੀ ਭਗਵੰਤ ਮਾਨ ਸਰਕਾਰ ਦੇ ਇਸ ਉਪਰਾਲੇ ਦਾ ਆਮ ਲੋਕਾਂ ਵਲੋਂ ਭਰਪੂਰ ਲਾਭ ਉਠਾਇਆ ਜਾ ਰਿਹਾ ਹੈ। ਇਹਨਾਂ ਕੈਂਪਾਂ ਨਾਲ ਲੋਕਾਂ ਨੂੰ ਸਰਕਾਰੀ ਦਫਤਰਾਂ ਵਿਚ ਆਪਣੇ ਕੰਮ ਕਰਵਾਉਣ ਲਈ ਖੱਜਲ ਖੁਆਰ ਨਹੀਂ ਹੋਣਾ ਪੈਂਦਾ ਜੋ ਕਿ ਇਕ ਵੱਡੀ ਰਾਹਤ ਦੀ ਗੱਲ ਹੈ। ਕੈਂਪ ਦਾ ਲਾਭ ਇਲਾਕੇ ਦੇ ਅਨੇਕਾਂ ਪਿੰਡਾਂ ਦੇ ਵਸਨੀਕਾਂ ਵਲੋਂ ਉਠਾਇਆ ਗਿਆ। ਇਸ ਮੌਕੇ ਹਰਨੂਰ ਸਿੰਘ ਹਰਜੀ ਮਾਨ, ਅਵਤਾਰ ਸਿੰਘ ਸਾਬਕਾ ਸਰਪੰਚ ਪੰਡਵਾ ਸੁਲੱਖਣ ਸਿੰਘ ਸਾਬਕਾ ਸਰਪੰਚ ਮੌਲੀ ਸੁੱਚਾ ਰਾਮ ਬਲਾਕ ਸੰਤਰੀ ਮੈਂਬਰ, ਵਰੁਣ ਬੰਗੜ ਚੱਕ ਹਕੀਮ ਬਲਾਕ ਪ੍ਰਧਾਨ, ਜਗਜੀਤ ਸਿੰਘ ਪੰਚਾਇਤ ਅਫਸਰ, ਸੰਜੀਵ ਕੁਮਾਰ ਪੰਚਾਇਤ ਸਕੱਤਰ, ਸੁਲੱਖਣ ਸਿੰਘ ਪੰਚਾਇਤ ਸਕੱਤਰ, ਅਮਨਦੀਪ ਜੇ.ਈ., ਜਿੰਦਰ ਭਾਣੋਕੀ, ਅਸ਼ੋਕ ਭਾਣੋਕੀ, ਜਗਦੀਪ ਸਿੰਘ ਨਿਹਾਲਗੜ੍ਹ, ਜਸਵੰਤ ਸਿੰਘ ਭਾਣੋਕੀ ਆਦਿ ਵੀ ਹਾਜਰ ਸਨ।

## ਕਾਮਰੇਡ ਦੇਵ ਫਿਲੌਰ ਦੀ ਦੂਸਰੀ ਬਰਸੀ ਅੱਜ

**ਫਿਲੌਰ (ਬੀ ਐੱਸ ਕੈਨੇਡੀ)**- ਉਘੇ ਸਮਾਜ ਸੇਵਕ ਅਤੇ ਗ਼ਰੀਬਾਂ ਦੇ ਮਸੀਹਾ ਅਤੇ ਸਾਰੀ ਜ਼ਿੰਦਗੀ ਗ਼ਰੀਬਾਂ ਦੇ ਹੱਕ ਲਈ ਲੜਨ ਵਾਲੇ ਕਾਮਰੇਡ ਦੇਵ ਦੀ ਦੂਸਰੀ ਬਰਸੀ ਉਨ੍ਹਾਂ ਦੇ ਪਰਵਾਰ ਵਲੋਂ 23 ਅਗਸਤ ਦਿਨ ਸ਼ੁੱਕਰਵਾਰ ਨੂੰ ਸ਼ਾਮ ਦੇ 4 ਵਜੇ ਡਾ. ਅੰਬੇਦਕਰ ਕਮਿਊਨਿਟੀ ਹਾਲ ਨੂਰਮਹਿਲ ਰੋਡ ਫਿਲੌਰ ਵਿਖੇ ਮਨਾਈ ਜਾ ਰਹੀ ਹੈ।

## 7 ਲੱਖ ਦੀ ਠੱਗੀ ਮਾਰਨ ਵਾਲਿਆਂ ਵਿਰੁੱਧ ਮੁਕੱਦਮਾ ਦਰਜ

**ਭੁਲੱਥ (ਮਨਪ੍ਰੀਤ ਸਿੰਘ)**- ਸਬ ਡਵੀਜ਼ਨ ਕਸਬਾ ਭੁਲੱਥ ਦੇ ਵਸਨੀਕ ਬੋਬੀ ਚੰਦ ਪੁੱਤਰ ਕਸ਼ਮੀਰ ਲਾਲ ਵਾਰਡ ਨੰਬਰ ਪੰਜ ਵੱਲੋਂ ਕੀਤੀ ਸ਼ਿਕਾਇਤ ਅਨੁਸਾਰ ਰਜਿੰਦਰ ਕੁਮਾਰ ਪੁੱਤਰ ਜਗਦੀਸ਼ ਚੰਦ ਵਾਸੀ ਮੁਹੱਲਾ ਬਾਣੀਆਂ ਕਰਤਾਰਪੁਰ ਤੇ ਗੌਰਵ ਕੁਮਾਰ ਪੁੱਤਰ ਪਵਨ ਕੁਮਾਰ ਵਾਸੀ ਬਲਿਹਾਲ ਥਾਣਾ ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ ਵੱਲੋਂ ਸੱਤ ਲੱਖ 20 ਹਜਾਰ ਰੁਪਏ ਦੀ ਠੱਗੀ ਮਾਰਨ ਸਬੰਧੀ ਇਨਕੁਆਰੀ ਰਿਪੋਰਟ ਸੀਨੀਅਰ ਅਫਸਰ ਬਾਲਾ ਦੀ ਸਿਫਾਰਿਸ਼ ਤੇ ਉਕਤ ਦੋਸ਼ੀਆਂ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੀ ਤਫਦੀਸ਼ ਉਪ ਪੁਲਸ ਕਪਤਾਨ ਭੁਲੱਥ ਕਰਨੈਲ ਸਿੰਘ ਵੱਲੋਂ ਜਾਰੀ ਹੈ।


ਪੰਜਾਬ ਨੈਸ਼ਨਲ ਬੈਂਕ
punjab national bank

ਬਰਾਂਚ : ਨਕੋਦਰ ਰੋਡ (351200), ਜਲੰਧਰ-144001

ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆਂ ਲਈ ਨੋਟਿਸ

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫਤਰ ਨਕੋਦਰ ਰੋਡ (351200), ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੇ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| ਲੜੀ ਨੰ. | ਲਾਕਰ ਨੰ. | ਨਾਂਅ | ਬਰਾਂਚ |
|---|---|---|---|
| 1 | AC00125 | ਹਰਭਜਨ ਸਿੰਘ | ਨਕੋਦਰ ਰੋਡ |
| 2 | AD00240 | ਸੁਰਜੀਤ ਸਿੰਘ | ਨਕੋਦਰ ਰੋਡ |
| 3 | AA00069 | ਨੀਲਮ ਅਤੇ ਰਜਨੀ ਮਹਿਤਾ | ਨਕੋਦਰ ਰੋਡ |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਕਿਰਾਇਆ ਡੀਡ ਦੀ ਕਲਾਜ਼ ਨੰ. 9 ਤਹਿਤ ਬੈਂਕ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 21.08.2024 ਸਥਾਨ : ਜਲੰਧਰ ਪੰਜਾਬ ਨੈਸ਼ਨਲ ਬੈਂਕ

# ਵਾਅਦਾਖਿਲਾਫ਼ੀ ਤੋਂ ਸਤਾਏ ਮਜ਼ਦੂਰਾਂ ਵੱਲੋਂ ਖੇਤੀਬਾੜੀ ਮੰਤਰੀ ਦੇ ਘਰ ਅੱਗੇ ਧਰਨਾ

## ਪਹਿਲੀ ਤੋਂ ਖੇਤੀਬਾੜੀ ਮੰਤਰੀ ਦੇ ਘਰ ਅੱਗੇ ਅਣਮਿੱਥੇ ਸਮੇਂ ਦਾ ਧਰਨਾ ਸ਼ੁਰੂ ਕਰਨ ਦਾ ਐਲਾਨ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੈਂਕੜੇ ਮਜ਼ਦੂਰਾਂ ਤੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂਆਂ ਤੇ ਵਰਕਰਾਂ ਨੇ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਘਰ ਅੱਗੇ ਆਪਣੀਆਂ ਮੰਗਾਂ ਦੇ ਸਬੰਧ ਵਿਚ ਇੱਕ ਦਿਨ ਲਈ ਧਰਨਾ ਦਿੱਤਾ। ਖੇਤ ਮਜ਼ਦੂਰ ਆਗੂਆਂ ਨੇ ਇਸ ਮੌਕੇ ਕਿਹਾ ਕਿ ਬਦਲਾਅ ਦਾ ਝਾਂਸਾ ਦੇ ਕੇ ਸੱਤਾ 'ਚ ਆਈ ਆਪ ਸਰਕਾਰ ਵੱਲੋਂ ਅੱਧਾ ਕਾਰਜਕਾਲ ਲੰਘਣ ਦੇ ਬਾਵਜੂਦ ਚੋਣ ਵਾਅਦੇ ਮੁਤਾਬਿਕ ਮਜ਼ਦੂਰ ਕਿਸਾਨ ਅਤੇ ਵਾਤਾਵਰਣ ਪੱਖੀ ਖੇਤੀ ਨੀਤੀ ਲਾਗੂ ਨਾ ਕਰਨ ਸਮੇਤ ਹੋਰ ਚੋਣ ਵਾਅਦੇ ਪੂਰੇ ਨਾ ਕਰਨਾ ਇਸ ਹਕੂਮਤ ਦੇ ਲੋਕ ਵਿਰੋਧੀ ਕਿਰਦਾਰ ਦਾ ਮੂੰਹ ਬੋਲਦਾ ਸਬੂਤ ਹੈ। ਆਗੂਆਂ ਨੇ ਦੋਸ਼ ਲਗਾਇਆ ਕਿ ਚੋਣਾਂ ਦੌਰਾਨ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਨਸ਼ੇ ਖ਼ਤਮ ਕਰਨ ਅਤੇ ਮਿਆਰੀ ਸਿੱਖਿਆ ਅਤੇ ਸਿਹਤ ਸੇਵਾਵਾਂ ਦੇਣ ਦੇ ਵਾਅਦਿਆਂ ਤੋਂ ਵੀ ਆਪ ਸਰਕਾਰ ਭੱਜ ਗਈ ਹੈ।

ਉਨ੍ਹਾਂ ਐਲਾਨ ਕੀਤਾ ਕਿ ਮਾਈਕਰੋ ਫਾਈਨਾਂਸ ਕੰਪਨੀਆਂ ਸਮੇਤ ਔਰਤਾਂ ਅਤੇ ਮਜ਼ਦੂਰਾਂ ਕਿਸਾਨਾਂ ਸਿਰ ਚੜ੍ਹਿਆ ਕਰਜ਼ਾ ਖ਼ਤਮ ਕਰਨ, ਮਜ਼ਦੂਰਾਂ ਦੇ ਰੁਜ਼ਗਾਰ ਦੀ ਗਾਰੰਟੀ ਕਰਨ, ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ, ਲਾਲ ਲਕੀਰ ਅੰਦਰਲੇ ਘਰਾਂ ਦੇ ਮਾਲਕੀ ਹੱਕ ਦੇਣ ਆਦਿ ਮੰਗਾਂ ਨੂੰ ਲੈ ਕੇ 1 ਸਤੰਬਰ ਤੋਂ ਖੇਤੀਬਾੜੀ ਮੰਤਰੀ ਦੇ ਘਰ ਅੱਗੇ ਅਣਮਿੱਥੇ ਸਮੇਂ ਦਾ ਧਰਨਾ ਦਿੱਤਾ ਜਾਵੇਗਾ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਆਪ ਸਰਕਾਰ ਧਰਤੀ ਹੇਠਲਾ ਪਾਣੀ ਬਚਾਉਣ ਦੇ ਨਾਂਅ ਹੇਠ ਝੋਨੇ ਦੀ ਸਿੱਧੀ ਬਿਜਾਈ ਰਾਹੀਂ ਮਜ਼ਦੂਰਾਂ ਦੇ ਰੁਜ਼ਗਾਰ ਦਾ ਉਜਾੜਾ ਕਰ ਰਹੀ ਹੈ ਅਤੇ ਐਸ.ਸੀ ਵਿਦਿਆਰਥੀਆਂ ਤੋਂ ਪੀ.ਟੀ.ਏ ਵਸੂਲਣ ਰਾਹੀਂ ਗਰੀਬ ਬੱਚਿਆਂ ਨੂੰ ਉਚੇਰੀ ਸਿੱਖਿਆ ਦੇ ਹੱਕ ਤੋਂ ਵਾਂਝੇ ਰੱਖ ਰਹੀ ਹੈ। ਇਸ ਮੌਕੇ 'ਤੇ ਮਤੇ ਪਾਸ ਕਰਕੇ ਨਿੱਜੀਕਰਨ ਅਤੇ ਵਪਾਰੀਕਰਨ ਦੀਆਂ ਨੀਤੀਆਂ ਵਿਰੁੱਧ ਸੰਘਰਸ਼ ਕਰ ਰਹੇ ਜਲ ਸਪਲਾਈ ਕਾਮਿਆਂ ਸਮੇਤ ਵੱਖ ਵੱਖ ਵਿਭਾਗਾਂ 'ਚ ਕੰਮ ਕਰਦੇ ਠੇਕਾ ਕਾਮਿਆਂ ਦੇ ਘੋਲ ਦੀ ਹਮਾਇਤ 'ਚ ਮਤਾ ਪਾਸ ਕੀਤਾ ਗਿਆ। ਇੱਕ ਹੋਰ ਮਤੇ ਰਾਹੀਂ ਕਲਕੱਤਾ ਦੇ ਮੈਡੀਕਲ ਕਾਲਜ 'ਚ ਮਹਿਲਾ ਡਾਕਟਰ ਦੇ ਕਤਲ ਤੇ ਬਲਾਤਕਾਰ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕਰਦਿਆਂ ਸੰਘਰਸ਼ ਕਰਦੇ ਸਿਹਤ ਕਰਮੀਆਂ ਦੇ ਘੋਲ ਦੀ ਹਮਾਇਤ ਕੀਤੀ ਗਈ। ਬੀ.ਕੇ.ਯੂ ਏਕਤਾ ਉਗਰਾਹਾਂ ਬਲਾਕ ਲੰਬੀ ਵੱਲੋਂ ਧਰਨਾਕਾਰੀਆਂ ਲਈ ਚਾਹ ਲੰਗਰ ਦੀ ਸੇਵਾ ਨਿਭਾਈ ਜਾ ਰਹੀ ਹੈ।

# ਬਿਜਲੀ ਕਾਮਿਆਂ ਵੱਲੋਂ ਪਾਵਰਕਾਮ ਮੈਨੇਜਮੈਂਟ ਤੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਟੈਕਨੀਕਲ ਸਰਵਿਸਿਜ਼ ਯੂਨੀਅਨ ਫਿਰੋਜ਼ਪੁਰ ਸਿਟੀ ਦੇ ਕਰਮਾਚਾਰੀਆਂ ਵੱਲੋਂ ਸ/ਡਵੀਜ਼ਨ ਦਫ਼ਤਰ ਦੇ ਗੇਟ ਅੱਗੇ ਰੋਸ ਰੈਲੀ ਕਰਕੇ ਐਕਸੀਅਨ ਸ਼ਹਿਰੀ ਮੰਡਲ ਗਗਨਦੀਪ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ।

ਇਸ ਮੌਕੇ ਸ਼ਹਿਰੀ ਮੰਡਲ ਪ੍ਰਧਾਨ ਰਮਨਦੀਪ ਸਿੰਘ, ਡਵੀਜ਼ਨ ਸਕੱਤਰ ਗੁਰਦੇਵ ਸਿੰਘ ਤੇ ਸਹਾਇਕ ਸਕੱਤਰ ਰਵੀ ਸ਼ਰਮਾ ਬਾਜੀਦਪੁਰ ਨੇ ਦੱਸਿਆ ਕਿ ਪਾਵਰਕਾਮ ਮੈਨੇਜਮੈਂਟ ਨਾਲ 31 ਜੁਲਾਈ 2024 ਨੂੰ ਬਿਜਲੀ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕਾਫੀ ਮੰਗਾਂ 'ਤੇ ਆਪਸੀ ਸਹਿਮਤੀ ਬਣੀ ਸੀ।ਮੀਟਿੰਗ ਵਿੱਚ ਬਿਜਲੀ ਮੰਤਰੀ ਨੇ 15 ਅਗਸਤ ਤੱਕ ਮੰਨੀਆਂ ਮੰਗਾਂ ਲਾਗੂ ਕਰਨ ਦਾ ਵਿਸ਼ਵਾਸ ਦੁਆਇਆ ਸੀ, ਪਰ ਪਾਵਰਕਾਮ ਮੈਨੇਜਮੈਂਟ ਪਹਿਲਾਂ ਦੀ ਤਰ੍ਹਾਂ ਵਾਅਦਾ ਖਿਲਾਫੀ ਕਰ ਰਹੀ ਹੈ।ਆਗੂਆਂ ਨੇ ਦੱਸਿਆ ਕਿ ਠੇਕੇਦਾਰੀ ਮਾੜੇ ਸਿਸਟਮ ਕਰਕੇ ਲਗਾਤਾਰ ਹਾਦਸੇ ਵੱਧ ਰਹੇ ਹਨ ਤੇ ਬਿਜਲੀ ਕਾਮਿਆਂ ਦੀ ਕੀਮਤੀ ਜਾਨ ਇਨ੍ਹਾਂ ਹਾਦਸਿਆਂ ਕਰਕੇ ਜਾ ਰਹੀ ਹੈ ਅਤੇ ਇਨ੍ਹਾਂ ਸਾਥੀਆਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਅਤੇ ਉਸੇ ਤਰਜ਼ 'ਤੇ ਪਰਿਵਾਰ ਦੀ ਵਿੱਤੀ ਸਹਾਇਤਾ ਕੀਤੀ ਜਾਵੇ।ਮੀਟਿੰਗ ਵਿੱਚ ਹੋਈਆਂ ਸਹਿਮਤੀਆਂ ਅਨੁਸਾਰ ਗਰਿੱਡ ਸਬ ਸਟੇਸ਼ਨ ਉੱਪਰ ਕੰਮ ਕਰ ਰਹੇ ਬਿਜਲੀ ਕਾਮਿਆਂ (ਆਰਟੀਐੱਮ, ਓ ਸੀ, ਐੱਸ ਐੱਸ ਏ) ਦੀਆਂ ਤਰੱਕੀਆਂ/ਓ ਸੀ ਕੈਟਾਗਰੀ ਨੂੰ ਪੇ ਬੈਂਡ ਲਾਗੂ ਕਰਨ, ਸੀ ਆਰ ਏ 293, 294, 295, 296/19 ਰਾਹੀਂ ਭਰਤੀ ਕਰਮਚਾਰੀਆਂ/ਅਧਿਕਾਰੀਆਂ ਉੱਪਰ ਸੱਤਵੇਂ ਪੇ ਕਮਿਸ਼ਨ ਦੀ ਥਾਂ 'ਤੇ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਸੋਧੇ ਹੋਏ ਭੱਤਿਆਂ ਦਾ ਬਕਾਇਆ, ਬਿਨਾਂ ਸ਼ਰਤ ਲਾਗੂ ਕਰਨ, ਜਿਸ ਦੇ ਰੋਸ ਵਜੋਂ ਬਿਜਲੀ ਕਾਮੇ ਵੱਲੋਂ ਸਮੁੱਚੇ ਪੰਜਾਬ ਵਿੱਚ ਮੰਡਲ ਪੱਧਰ 'ਤੇ ਰੋਸ ਰੈਲੀਆਂ ਕੀਤੀਆਂ ਜਾ ਰਹੀਆਂ ਹਨ।ਆਗੂਆਂ ਨੇ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 31 ਅਗਸਤ ਤੱਕ ਮੀਟਿੰਗ ਨਾ ਕੀਤੀ ਗਈ ਜਾਂ ਮੀਟਿੰਗ ਵਿੱਚ ਹੋਈਆਂ ਸਹਿਮਤੀਆਂ ਲਾਗੂ ਕਰਕੇ ਸਰਕੂਲਰ ਨਾ ਜਾਰੀ ਕੀਤੇ ਗਏ ਤਾਂ ਸਮੁੱਚੇ ਬਿਜਲੀ ਕਾਮੇ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਰੋਸ ਪ੍ਰਦਰਸ਼ਨ ਵਿੱਚ ਬਿਜਲੀ ਕਰਮਚਾਰੀ ਹਾਜ਼ਰ ਸਨ।

## ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਸਰਕਾਰ ਕਰ ਰਹੀ ਉਪਰਾਲੇ : ਕਾਉਣੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਕੂਲਾਂ ਦੇ ਜ਼ਿਲ੍ਹਾ ਪੱਧਰੀ ਖੋ ਖੋ ਮੁਕਾਬਲਿਆਂ ਦੀ ਸ਼ੁਰੂਆਤ ਸਰਕਾਰੀ ਹਾਈ ਸਮਾਰਟ ਸਕੂਲ ਬੁੱਟਰ ਸਰੀਂਹ ਵਿੱਚ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਵੱਲੋਂ ਕਰਵਾਈ ਗਈ।ਇਸ ਮੌਕੇ ਤੇ ਸੰਬੋਧਨ ਕਰਦਿਆਂ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਾਡੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਚੰਗੇ ਖਿਡਾਰੀ ਪਿੰਡਾਂ ਵਿੱਚੋਂ ਪੈਦਾ ਕਰਨ ਲਈ ਪੂਰੇ ਯਤਨ ਕੀਤੇ ਜਾ ਰਹੇ ਹਨ।ਇਸ ਤਹਿਤ ਜਿੱਥੇ ਪਿੰਡਾਂ ਵਿੱਚ ਖੇਡ ਨਰਸਰੀਆਂ ਤੇ ਖੇਡ ਮੈਦਾਨ ਬਣਾਏ ਜਾ ਰਹੇ ਹਨ, ਉੱਥੇ ਖਿਡਾਰੀਆਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਵੀ ਸਰਕਾਰ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਖੇਡਾਂ ਪ੍ਰਤੀ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਲਈ ਹੀ ਪੰਜਾਬ ਵਿੱਚ ਖੇਡਾਂ ਵਤਨ ਪੰਜਾਬ ਦੀਆਂ ਮੁਹਿੰਮ ਦੀ ਇੱਕ ਸ਼ੁਰੂਆਤ ਕੀਤੀ ਗਈ ਸੀ ਜਿਹੜੀ ਹਰ ਸਾਲ ਜਾਰੀ ਰਹਿੰਦੀ ਹੈ ਤੇ ਵੱਖ-ਵੱਖ ਖੇਡ ਮੁਕਾਬਲੇ ਖੇਡਾਂ ਵਤਨ ਪੰਜਾਬ ਦੀਆਂ ਦੇ ਬੈਨਰ ਹੇਠ ਕਰਵਾਏ ਜਾਂਦੇ ਹਨ, ਜਿਸ ਵਿੱਚ ਪੰਜਾਬ ਭਰ ਦੇ ਵੱਡੀ ਗਿਣਤੀ ਵਿੱਚ ਖਿਡਾਰੀ ਭਾਗ ਲੈਂਦੇ ਹਨ।ਉਨ੍ਹਾਂ ਬੱਚਿਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਪੂਰੀ ਲਗਨ ਤੇ ਇਮਾਨਦਾਰੀ ਨਾਲ ਮਿਹਨਤ ਕਰੋਗੇ ਤਾਂ ਸਫਲਤਾ ਜ਼ਰੂਰ ਮਿਲੇਗੀ।ਇਸ ਮੌਕੇ ਤੇ ਉਨ੍ਹਾਂ ਬੱਚਿਆਂ ਤੇ ਸਕੂਲ ਦੇ ਸਟਾਫ ਮੈਂਬਰਾਂ ਵਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ।

## ਬਸਪਾ ਹਲਕਾ ਨਾਭਾ ਵੱਲੋਂ ਐੱਸ ਡੀ ਐੱਮ ਨੂੰ ਮੈਮੋਰੰਡਮ



**ਨਾਭਾ (ਤੇਜਾ ਸਿੰਘ)**-ਬਹੁਜਨ ਸਮਾਜ ਪਾਰਟੀ ਹਲਕਾ ਨਾਭਾ ਵੱਲੋਂ ਹਲਕਾ ਇੰਚਾਰਜ ਅਮਰ ਸਿੰਘ ਟੋਡਰਵਾਲ ਦੀ ਅਗਵਾਈ ਵਿੱਚ ਐਸ.ਡੀ.ਐਮ. ਨਾਭਾ ਤਰਸੇਮ ਚੰਦ ਰਾਹੀਂ ਰਾਸ਼ਟਰਪਤੀ ਨੂੰ ਸੁਪਰੀਮ ਕੋਰਟ ਵੱਲੋਂ ਰਾਖਵਾਂਕਰਨ ਵਿਰੋਧੀ, ਸੰਵਿਧਾਨ ਦੇ ਖਿਲਾਫ 1 ਅਗਸਤ 2024 ਨੂੰ ਦਿੱਤੇ ਫੈਸਲੇ ਨੂੰ ਸੰਸਦ ਰਾਹੀਂ ਰੱਦ ਕਰਨ ਸਬੰਧੀ ਮੈਮੋਰੰਡਮ ਦਿੱਤਾ ਗਿਆ। ਇਸ ਮੌਕੇ ਬਸਪਾ ਪ੍ਰਧਾਨ ਨਾਭਾ ਗੁਰਮੁਖ ਸਿੰਘ ਤੂੰਗਾਂ, ਮੀਤ ਪ੍ਰਧਾਨ ਦਲਵੀਰ ਸਿੰਘ ਛੀਟਾਂਵਾਲਾ, ਹਲਕਾ ਇੰਚਾਰਜ ਭਾਦਸੋਂ ਸਤਪਾਲ ਸਿੰਘ ਦਰਗਾਪੁਰ, ਹੰਸ ਰਾਜ ਮਹਿਮੀ ਮੀਤ ਪ੍ਰਧਾਨ, ਜਗਵੀਰ ਸਿੰਘ ਸੈਕਟਰ ਇੰਚਾਰਜ, ਨਿਰਮਲ ਸਿੰਘ ਜਨਰਲ ਸਕੱਤਰ, ਜਸਮੀਰ ਸਿੰਘ ਰੈਮਲਮਾਜਰੀ ਖਜ਼ਾਨਚੀ, ਰਾਮਧਨ ਸਿੰਘ ਰਾਮਗੜ੍ਹ ਜੁਆਇੰਟ ਸੈਕਟਰੀ, ਬਾਬਾ ਗੁਰਕੀਰਤ ਸਿੰਘ ਅੱਚਲ, ਹਰਜੰਟ ਸਿੰਘ ਲੁਬਾਣਾ, ਲਛਮਣ ਸਿੰਘ, ਨਾਜਰ ਸਿੰਘ, ਸਤਪਾਲ ਸਿੰਘ ਖਨੌੜਾ, ਸਰੂਪ ਸਿੰਘ, ਜਰਨੈਲ ਸਿੰਘ ਦਿੱਤੂਪੁਰ, ਸੁਖਦੇਵ ਸਿੰਘ ਅਕਾਲਗੜ੍ਹ, ਜਸਪਾਲ ਸਿੰਘ ਆਦਿ ਹਾਜ਼ਰ ਸਨ।

# ਸੈਸ਼ਨ ਇੱਕ ਮਹੀਨੇ ਲਈ ਵਧਾਇਆ ਜਾਵੇ : ਸੁਖਬੀਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਮੰਗ ਕੀਤੀ ਕਿ ਪੰਜਾਬ ਵਿਧਾਨ ਸਭਾ ਦੇ ਆਉਂਦੇ ਮੌਨਸੂਨ ਅਜਲਾਸ ਨੂੰ ਤਿੰਨ ਰੋਜ਼ਾ ਸੈਸ਼ਨ ਤੋਂ ਵਧਾ ਕੇ ਇੱਕ ਮਹੀਨੇ ਦਾ ਕੀਤਾ ਜਾਵੇ ਤਾਂ ਜੋ ਆਮ ਆਦਮੀ ਪਾਰਟੀ (ਆਪ) ਵੱਲੋਂ ਸੂਬੇ ਦੇ ਦਰਿਆਈ ਪਾਣੀਆਂ ਤੇ ਰਾਜਧਾਨੀ ਚੰਡੀਗੜ੍ਹ 'ਤੇ ਇਸ ਦੇ ਹੱਕ ਨੂੰ ਕਮਜ਼ੋਰ ਕਰਨ ਸਮੇਤ ਪੰਜਾਬ ਦੇ ਭੱਖਦੇ ਮਸਲਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਜਾ ਸਕੇ।ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਪੰਜਾਬੀ ਇਹ ਵੀ ਚਾਹੁੰਦੇ ਹਨ ਕਿ ਆਪ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਲਏ 85 ਹਜ਼ਾਰ ਕਰੋੜ ਰੁਪਏ ਦੇ ਕਰਜ਼ੇ ਸਮੇਤ ਸੂਬੇ ਸਿਰ ਨਿੱਤ ਵਧ ਰਹੇ ਕਰਜ਼ੇ 'ਤੇ ਵੀ ਵਿਚਾਰ ਵਟਾਂਦਰਾ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਆਪ ਸਰਕਾਰ ਬੇਸ਼ਕੀਮਤੀ ਸਰੋਤਾਂ ਨੂੰ ਇਸ਼ਤਿਹਾਰਬਾਜ਼ੀ ਤੇ ਪ੍ਰਾਪੇਗੰਡਾ ਕਾਰਵਾਈਆਂ 'ਤੇ ਬਰਬਾਦ ਕਰ ਰਹੀ ਹੈ, ਜਿਸ ਦੇ ਨਤੀਜੇ ਵਜੋਂ ਪੰਜਾਬ ਦਾ ਅਰਥਚਾਰਾ ਤਬਾਹ ਹੋ ਗਿਆ ਹੈ ਤੇ ਵਿਕਾਸ ਕਾਰਜ ਮੁਕੰਮਲ ਤੌਰ 'ਤੇ ਠੱਪ ਹੋ ਗਏ ਹਨ। ਇਕ ਹੋਰ ਸਵਾਲ ਦੇ ਜਵਾਬ ਵਿੱਚ ਸ. ਬਾਦਲ ਨੇ ਕਿਹਾ ਕਿ ਫਿਲਮੀ ਅਦਾਕਾਰਾ-ਕਮ-ਭਾਜਪਾ ਦੀ ਐੱਮ ਪੀ ਕੰਗਣਾ ਰਣੌਤ ਵੱਲੋਂ ਫਿਲਮ 'ਐਮਰਜੈਂਸੀ' ਵਿੱਚ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਲਈ ਉਸ ਦੇ ਖਿਲਾਫ ਧਾਰਾ 295 ਏ ਤਹਿਤ ਕੇਸ ਦਰਜ ਹੋਣਾ ਚਾਹੀਦਾ ਹੈ।

# ਛੇਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਅਕਤੂਬਰ ਦੇ ਦੂਜੇ ਹਫਤੇ : ਤਰਕਸ਼ੀਲ ਸੁਸਾਇਟੀ

## ਮਹਿਲਾ ਡਾਕਟਰ ਨਾਲ ਜਬਰ-ਜ਼ਨਾਹ ਤੇ ਕਤਲ ਦੇ ਦੋਸ਼ੀਆਂ ਨੂੰ ਸਖਤ ਸਜ਼ਾ ਦੇਣ ਦੀ ਮੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਟੀਚਰਜ਼ ਹੋਮ ਮਾਨਸਾ ਵਿਖੇ ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਮਾਨਸਾ ਦੀ ਮੀਟਿੰਗ ਦੌਰਾਨ ਅਕਤੂਬਰ ਮਹੀਨੇ ਹੋ ਰਹੀ ਛੇਵੀਂ ਪਰਖ ਪ੍ਰੀਖਿਆ ਦੀ ਚਰਚਾ ਕਰਨ ਉਪਰੰਤ ਮਾਨਸਾ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਵਿੱਚ ਪ੍ਰੀਖਿਆ ਕਰਵਾਉਣ ਲਈ ਆਗੂਆਂ ਵੱਲੋਂ ਆਪਣੀਆਂ ਡਿਊਟੀਆਂ ਤੈਅ ਕੀਤੀਆਂ ਗਈਆਂ। ਇਹ ਪ੍ਰੀਖਿਆ ਵਿਦਿਆਰਥੀਆਂ ਨੂੰ ਭਾਰਤ ਦੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂ ਕਰਵਾਉਣ ਤੇ ਵਿਗਿਆਨ ਨਾਲ ਜੋੜਨ ਦੇ ਉਦੇਸ਼ ਨਾਲ ਕਰਵਾਈ ਜਾਂਦੀ ਹੈ, ਜਿਸ ਦੌਰਾਨ ਮਿਡਲ ਤੇ ਸੈਕੰਡਰੀ ਦੋ ਗਰੁੱਪਾਂ ਮੁਤਾਬਿਕ ਪੁਸਤਕਾਂ ਤਿਆਰ ਕਰਕੇ ਓਬਜੈਕਟਿਵ ਟਾਇਪ 100 ਪ੍ਰਸ਼ਨਾਂ ਅਧਾਰਤ ਓ.ਐੱਮ.ਆਰ. ਸ਼ੀਟ ਤੇ ਪ੍ਰੀਖਿਆ ਕਰਵਾਈ ਜਾਂਦੀ ਹੈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ੋਨ ਮੁਖੀ ਲੱਖਾ ਸਿੰਘ ਸਹਾਰਨਾ, ਵਿੱਤ ਮੁਖੀ ਗੁਰਦੀਪ ਸਿੰਘ ਸਿੱਧੂ, ਇਕਾਈ ਮੁਖੀ ਡਾ. ਸਰਿੰਦਰ ਸਿੰਘ, ਮੀਡੀਆ ਵਿਭਾਗ ਮੁਖੀ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਸੂਬੇ, ਜ਼ੋਨ ਤੇ ਇਕਾਈ ਪੱਧਰ 'ਤੇ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੂੰ ਨਕਦ ਰਾਸ਼ੀ, ਤਰਕਸ਼ੀਲ ਸਾਹਿਤ ਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਕਾਈ ਮਾਨਸਾ ਦੇ ਵਿੱਤ ਵਿਭਾਗ ਮੁਖੀ ਮਾ. ਮਹਿੰਦਰਪਾਲ ਅਤਲਾ, ਦਲਵਿੰਦਰ ਸਿੰਘ ਮਾਨਸਾ, ਜਗਸੀਰ ਸਿੰਘ ਢਿੱਲੋਂ, ਮਾ. ਦਰਸ਼ਨ ਸਿੰਘ ਔਜਲਾ, ਅਜੈਬ ਸਿੰਘ ਅਲੀਸ਼ੇਰ ਤੇ ਹਰਬੰਸ ਸਿੰਘ ਢਿੱਲੋਂ ਨੇ ਕਿਹਾ ਕਿ ਤਰਕਸ਼ੀਲ ਸਾਹਿਤ ਵੈਨ ਸਤੰਬਰ ਮਹੀਨੇ ਤੋਂ ਸ਼ੁਰੂ ਕਰਕੇ ਤਰਕਸ਼ੀਲ ਸਾਹਿਤ ਤੇ ਦੋ ਮਾਸਿਕ ਤਰਕਸ਼ੀਲ ਮੈਗਜ਼ੀਨ ਜ਼ਿਲ੍ਹੇ ਦੇ ਕੋਨੇ ਕੋਨੇ ਤੱਕ ਪਹੁੰਚਾਇਆ ਜਾਵੇਗਾ। ਇਸ ਸਮੇਂ ਕੋਲਕਾਤਾ ਵਿੱਚ ਵਾਪਰੇ ਘਿਨੌਣੇ ਰੇਪ ਤੇ ਕਤਲ ਕਾਂਡ ਦੀ ਨਿਖੇਧੀ ਕਰਦਿਆਂ ਸੁਸਾਇਟੀ ਨੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਪੁਰਜ਼ੋਰ ਮੰਗ ਵੀ ਕੀਤੀ ਗਈ।

# ਨਾਵਲਕਾਰ ਰਾਮ ਸਰੂਪ ਰਿਖੀ ਦੇ ਸਿਰਜਣਾ ਸੰਸਾਰ 'ਤੇ ਸਮਾਗਮ 25 ਨੂੰ

**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ (ਰਜਿ:) ਵੱਲੋਂ 25 ਨੂੰ ਸਵੇਰੇ 10 ਵਜੇ ਹੈਵਿਨ ਵਿਲਾ, ਚੰਡੀਗੜ੍ਹ ਰੋਡ ਸਮਰਾਲਾ ਵਿਖੇ ਪ੍ਰਸਿੱਧ ਨਾਵਲਕਾਰ ਰਾਮ ਸਰੂਪ ਰਿਖੀ ਦੇ ਸਿਰਜਣਾ ਸੰਸਾਰ ਉੱਤੇ ਸਮਾਗਮ ਕਰਾਇਆ ਜਾ ਰਿਹਾ ਹੈ। ਮੰਚ ਦੇ ਪ੍ਰਧਾਨ ਕਹਾਣੀਕਾਰ ਦਲਜੀਤ ਸਿੰਘ ਸ਼ਾਹੀ, ਗੀਤਕਾਰ ਹਰਬੰਸ ਮਾਲਵਾ ਜਨਰਲ ਸਕੱਤਰ ਤੇ ਪ੍ਰਿੰਸੀਪਲ (ਡਾ.) ਪਰਮਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਉੱਘੇ ਸ਼ਾਇਰ ਜਸਵੰਤ ਸਿੰਘ ਜ਼ਫ਼ਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਣਗੇ। ਪ੍ਰਧਾਨਗੀ ਡਾ. ਹਰਿੰਦਰਜੀਤ ਸਿੰਘ ਕਲੇਰ ਮੁਖੀ ਪੰਜਾਬੀ ਵਿਭਾਗ ਮਾਲਵਾ ਕਾਲਜ ਬੌਂਦਲੀ-ਸਮਰਾਲਾ ਕਰਨਗੇ ਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਡਾ. ਮਧੂ ਅਗਨੀਹੋਤਰੀ (ਕੈਨੇਡਾ) ਹੋਣਗੇ।ਪ੍ਰਿੰਸੀਪਲ (ਡਾ.) ਪਰਮਿੰਦਰ ਸਿੰਘ ਬੈਨੀਪਾਲ ਪਰਚਾ ਪੜ੍ਹਨਗੇ।ਵਿਚਾਰ ਚਰਚਾ ਵਿੱਚ ਭਾਗ ਲੈਣ ਵਾਲਿਆਂ ਵਿੱਚ ਡਾ. ਚਰਨਜੀਤ ਕੌਰ (ਜਨ ਨਾਇਕ ਦੇਵੀ ਲਾਲ ਯੂਨੀਵਰਸਿਟੀ ਸਿਰਸਾ), ਐਡਵੋਕੇਟ ਗੁਰਤੇਜ ਸਿੰਘ ਬਰਾੜ ਸਿਰਸਾ, ਡਾ. ਬਲਜੀਤ ਕੌਰ (ਐਸ. ਡੀ. ਗਰਲਜ਼ ਕਾਲਜ ਮਾਨਸਾ), ਪ੍ਰਿੰਸੀਪਲ ਬਿਕਰਜੀਤ ਸਿੰਘ ਸਾਧੂਵਾਲ, ਪ੍ਰੋ. ਵੰਦਨਾ ਸੁਖੀਜਾ (ਮੀਰੀ ਪੀਰੀ ਖਾਲਸਾ ਕਾਲਜ ਭਦੌੜ), ਗੁਰਬਖਸ਼ ਸਿੰਘ ਮੋਗਾ ਮੁਹਾਲੀ, ਕਹਾਣੀਕਾਰ ਤੇਲੂ ਰਾਮ ਕੋਹਾੜਾ ਤੇ ਹੋਰ ਹੋਣਗੇ।ਹਾਜ਼ਰ ਕਵੀਆਂ ਦੇ ਕਵੀ ਦਰਬਾਰ ਦੀ ਪ੍ਰਧਾਨਗੀ ਉੱਚ ਕੋਟੀ ਦੇ ਸ਼ਾਇਰ ਸਰਦਾਰ ਪੰਛੀ ਕਰਨਗੇ।

## ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸੀ ਡੀ ਪੀ ਓ ਨੂੰ ਮੰਗ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਅਧੀਨ ਕੰਮ ਕਰਦੀਆਂ ਬਲਾਕ ਸ੍ਰੀ ਮੁਕਤਸਰ ਸਾਹਿਬ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਪੋਸ਼ਣ ਟਰੈਕਰ ਤੇ ਫੋਟੋ ਕੈਪਚਰ ਨਹੀਂ ਕਰਨਗੀਆਂ । ਇਸ ਸਬੰਧੀ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਬਲਾਕ ਸ੍ਰੀ ਮੁਕਤਸਰ ਸਾਹਿਬ ਦੀਆਂ ਆਗੂਆਂ ਨੇ ਅੱਜ ਬਲਾਕ ਪ੍ਰਧਾਨ ਸ਼ਿੰਦਰਪਾਲ ਕੌਰ ਥਾਂਦੇਵਾਲਾ ਦੀ ਅਗਵਾਈ ਹੇਠ ਸੀ ਡੀ ਪੀ ਓ ਦਫਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਪੁੱਜ ਕੇ ਸੀ ਡੀ ਪੀ ਓ ਨਾ ਹੋਣ ਕਰਕੇ ਸੀਨੀਅਰ ਸਹਾਇਕ ਜਸਵਿੰਦਰ ਸਿੰਘ ਨੂੰ ਮੰਗ ਪੱਤਰ ਦਿੱਤਾ। ਆਗੂਆਂ ਕਿਹਾ ਕਿ ਆਂਗਣਵਾੜੀ ਵਰਕਰਾਂ 'ਤੇ ਪ੍ਰੈਸ਼ਰ ਪਾਇਆ ਜਾ ਰਿਹਾ ਹੈ ਕਿ ਪੋਸ਼ਣ ਟਰੈਕਰ ਤੇ ਫੋਟੋ ਕੈਪਚਰ ਕਰੋ। ਪਰ ਜਥੇਬੰਦੀ ਵੱਲੋਂ ਫੋਟੋ ਕੈਪਚਰ ਨਾ ਕਰਨ ਦਾ ਫੈਸਲਾ ਕੀਤਾ ਗਿਆ ਹੈ। ਕਿਉਂਕਿ ਪਿਛਲੇ ਸੱਤ ਸਾਲਾਂ ਤੋਂ ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਨਹੀਂ ਦਿੱਤੇ ਜਾ ਰਹੇ । ਜਿੰਨੀ ਦੇਰ ਫੋਨ ਨਹੀਂ ਮਿਲਦੇ ਵਰਕਰਾਂ ਕੋਈ ਕੰਮ ਨਹੀਂ ਕਰਨਗੀਆਂ। ਉਨ੍ਹਾਂ ਕਿਹਾ ਕਿ ਰੀਚਾਰਜ ਭੱਤਾ 6 ਸਾਲਾਂ ਵਿੱਚ ਕੇਵਲ 2000 ਦਿੱਤਾ ਗਿਆ ਹੈ । ਜਦੋਂ ਕਿ ਅੱਜ ਤਿੰਨ ਮਹੀਨਿਆਂ ਦਾ ਰੀਚਾਰਜ 900 ਰੁਪਏ ਹੋ ਗਿਆ ਹੈ । ਜਦ ਕਿ ਵਿਭਾਗ ਛੇ ਮਹੀਨਿਆਂ ਦਾ ਸਿਰਫ ਹਜ਼ਾਰ ਰੁਪਏ ਦਿੱਤਾ। ਵਰਕਰਾਂ ਪੱਲਿਉਂ ਪੈਸੇ ਖਰਚ ਕੇ ਫੋਨ ਰੀਚਾਰਜ ਕਰਵਾਉਂਦੀਆਂ ਹਨ। ਇਸ ਮੌਕੇ ਗੁਰਦੀਪ ਕੌਰ, ਹਰਦੀਪ ਕੌਰ, ਅਮਨਦੀਪ ਕੌਰ, ਪਰਮਜੀਤ ਕੌਰ, ਕੁਲਵੀਰ ਕੌਰ, ਰਾਜਵੀਰ ਕੌਰ ਤੇ ਬਲਜਿੰਦਰ ਕੌਰ ਮੌਜੂਦ ਸਨ।

# ਰੇਲਵੇ ਵੱਲੋਂ 24 ਅਕਤੂਬਰ ਤੋਂ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਦਾ ਫੈਸਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੀਵਾਲੀ ਤੇ ਛੱਠ ਪੂਜਾ ਦੇ ਸਬੰਧ ਵਿੱਚ ਰੇਲਵੇ ਬੋਰਡ ਨੇ ਚੰਡੀਗੜ੍ਹ ਤੋਂ ਦੋ ਤਿਉਹਾਰ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਦਾ ਫੈਸਲਾ ਕੀਤਾ ਹੈ।ਇਹ ਰੇਲ ਗੱਡੀਆਂ ਚੰਡੀਗੜ੍ਹ ਤੋਂ ਗੋਰਖਪੁਰ ਤੇ ਚੰਡੀਗੜ੍ਹ ਤੋਂ ਵਾਰਾਨਸੀ ਵਿਚਕਾਰ 24 ਅਕਤੂਬਰ ਤੋਂ 17 ਨਵੰਬਰ ਤੱਕ ਚੱਲਣਗੀਆਂ, ਜੋ ਹਫ਼ਤੇ ਵਿੱਚ ਇੱਕ ਵਾਰ ਚੱਲਣਗੀਆਂ।ਰੇਲਵੇ ਨੇ ਵੀ ਬੁਕਿੰਗ ਸ਼ੁਰੂ ਕਰ ਦਿੱਤੀ ਹੈ। ਚੰਡੀਗੜ੍ਹ-ਗੋਰਖਪੁਰ ਸਪੈਸ਼ਲ : ਇਹ ਟਰੇਨ ਅੰਬਾਲਾ ਕੈਂਟ, ਸਹਾਰਨਪੁਰ, ਮੁਰਾਦਾਬਾਦ, ਬਰੇਗਲੀ, ਆਲਮਨਗਰ, ਲਖਨਊ, ਬਾਰਾਬੰਕੀ, ਗੌਂਡਾ, ਬਸਤੀ ਰਾਹੀਂ ਗੋਰਖਪੁਰ ਜਾਵੇਗੀ।ਟਰੇਨ ਨੰਬਰ 04518 ਚੰਡੀਗੜ੍ਹ ਤੋਂ ਹਰ ਵੀਰਵਾਰ ਰਾਤ 11.15 ਵਜੇ ਰਵਾਨਾ ਹੋਵੇਗੀ ਅਤੇ ਅਗਲੇ ਦਿਨ ਸ਼ਾਮ 6.20 ਵਜੇ ਗੋਰਖਪੁਰ ਪਹੁੰਚੇਗੀ।ਇਸ ਦੇ ਬਦਲੇ ਇਹ ਗੋਰਖਪੁਰ ਤੋਂ ਹਰ ਸ਼ੁੱਕਰਵਾਰ ਰਾਤ 11.05 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਦੁਪਹਿਰ 2.10 ਵਜੇ ਚੰਡੀਗੜ੍ਹ ਪਹੁੰਚੇਗੀ।ਚੰਡੀਗੜ੍ਹ-ਵਾਰਾਨਸੀ ਸਪੈਸ਼ਲ ਟਰੇਨ ਅੰਬਾਲਾ ਕੈਂਟ, ਯਮੁਨਾਨਗਰ, ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਆਲਮਨਗਰ, ਲਖਨਊ, ਰਾਏ ਬਰੇਲੀ, ਮਾਂ ਬੇਲਾ ਦੇਵੀ ਧਾਮ ਪ੍ਰਤਾਪਗੜ੍ਹ ਹੁੰਦੇ ਹੋਏ ਵਾਰਾਨਸੀ ਜਾਵੇਗੀ।ਟਰੇਨ ਨੰਬਰ 04212 ਚੰਡੀਗੜ੍ਹ ਤੋਂ ਹਰ ਐਤਵਾਰ ਸਵੇਰੇ 9.30 ਵਜੇ ਰਵਾਨਾ ਹੋਵੇਗੀ ਤੇ ਅਗਲੀ ਰਾਤ 1.20 ਵਜੇ ਵਾਰਾਨਸੀ ਪਹੁੰਚੇਗੀ।ਟਰੇਨ ਨੰਬਰ 04211 ਵਾਰਾਨਸੀ ਤੋਂ ਹਰ ਸ਼ਨੀਵਾਰ ਦੁਪਹਿਰ 2.50 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਸਵੇਰੇ 7.45 ਵਜੇ ਚੰਡੀਗੜ੍ਹ ਪਹੁੰਚੇਗੀ।

# ਲੋਕ ਸੇਵਾ ਸੁਸਾਇਟੀ ਵੱਲੋਂ ਸਰਕਾਰੀ ਸਨਮਤੀ ਸਾਇੰਸ ਤੇ ਖੋਜ ਕਾਲਜ ਨੂੰ ਏ ਸੀ ਭੇਟ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੀ ਸਭ ਤੋਂ ਵੱਡੀ ਸਮਾਜ ਸੇਵੀ ਸੰਸਥਾ ਲੋਕ ਸੇਵਾ ਸੁਸਾਇਟੀ ਵੱਲੋਂ ਸਰਕਾਰੀ ਸਨਮਤੀ ਸਾਇੰਸ ਤੇ ਖੋਜ ਕਾਲਜ ਜਗਰਾਉਂ ਨੂੰ ਇੱਕ ਹੋਰ ਏ ਸੀ ਡੋਨੇਟ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਨੋਹਰ ਸਿੰਘ ਟੱਕਰ, ਸੈਕਟਰੀ ਕੁਲਭੂਸ਼ਣ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਹੇਠ ਕਰਵਾਏ ਸਮਾਗਮ ਦੇ ਮੁੱਖ ਮਹਿਮਾਨ ਨਾਇਬ ਤਹਿਸੀਲਦਾਰ ਸੁਰਿੰਦਰ ਕੁਮਾਰ ਪੱਬੀ ਨੇ ਜਿੱਥੇ ਲੋਕ ਸੇਵਾ ਸੁਸਾਇਟੀ ਵੱਲੋਂ ਪਿਛਲੇ 29 ਸਾਲਾਂ ਤੋਂ ਸਮਾਜ ਸੇਵਾ ਦੇ ਕੀਤੇ ਜਾ ਰਹੇ ਨਿਰਵਿਘਨ ਕੰਮਾਂ ਦੀ ਸ਼ਲਾਘਾ ਕੀਤੀ, ਉੱਥੇ ਉਨ੍ਹਾਂ ਦਾਨੀ ਸੱਜਣਾਂ ਨੂੰ ਸਮਾਜ ਸੇਵੀ ਸੰਸਥਾਵਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਦਾਨ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਲੋਕ ਸੇਵਾ ਸੁਸਾਇਟੀ ਵਰਗੀਆਂ ਸਮਾਜ ਸੇਵੀ ਸੰਸਥਾਵਾਂ ਜ਼ਰੂਰਤਮੰਦ ਲੋਕਾਂ ਲਈ ਰੱਬ ਦਾ ਰੂਪ ਸਾਬਿਤ ਹੋ ਰਹੀਆਂ ਹਨ। ਉਨ੍ਹਾ ਕਿਹਾ ਕਿ ਸਾਨੂੰ ਆਪਣੀ ਨੇਕ ਕਮਾਈ 'ਚੋਂ ਕੁੱਝ ਨਾ ਕੁੱਝ ਰਾਸ਼ੀ ਦੇਣ ਦੇ ਰੂਪ ਵਿੱਚ ਸਮਾਜ ਸੇਵੀ ਸੰਸਥਾਵਾਂ ਨੂੰ ਜ਼ਰੂਰ ਦੇਣੀ ਚਾਹੀਦੀ ਹੈ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਮਨੋਹਰ ਸਿੰਘ ਟੱਕਰ ਨੇ ਦੱਸਿਆ ਸੁਸਾਇਟੀ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਸਾਇੰਸ ਕਾਲਜ ਦੇ ਪ੍ਰਬੰਧਕਾਂ ਦੀ ਮੰਗਾਂ ਅਨੁਸਾਰ ਜਿੱਥੇ ਤਿੰਨ ਏ ਸੀ, ਸੀਮਿੰਟ ਬੈਂਚ ਤੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਗਈ ਹੈ, ਉੱਥੇ ਇੱਕ ਹੋਰ ਏ ਸੀ ਸਟਾਫ਼ ਰੂਮ ਲਈ ਦਿੱਤਾ ਜਾਵੇਗਾ। ਇਸ ਮੌਕੇ ਕਾਲਜ ਦੇ ਡਾਇਰੈਕਟਰ ਡਾ: ਰਾਜੀਵ ਸਹਿਗਲ ਨੇ ਕਿਹਾ ਕਿ ਲੋਕ ਸੇਵਾ ਸੁਸਾਇਟੀ ਦੇ ਕੀਤੇ ਜਾ ਰਹੇ ਕੰਮਾਂ ਦੀ ਗਿਣਤੀ ਕਰਨਾ ਅਸੰਭਵ ਹੈ, ਕਿਉਂਕਿ ਇਹ ਹਮੇਸ਼ਾ ਹੀ ਸਮਾਜ ਸੇਵਾ ਦੇ ਪ੍ਰੋਜੈਕਟ ਲਗਾਉਣ ਲਈ ਤਤਪਰ ਰਹਿੰਦੇ ਹਨ। ਉਨ੍ਹਾ ਕਿਹਾ ਕਿ ਸੁਸਾਇਟੀ ਨੇ ਹਮੇਸ਼ਾ ਹੀ ਸਾਇੰਸ ਕਾਲਜ ਦੀ ਮਦਦ ਦਿਲ ਖੋਲ੍ਹ ਕੇ ਕੀਤੀ ਹੈ ਤੇ ਭਵਿੱਖ ਵਿੱਚ ਵੀ ਕਰਨ ਦਾ ਭਰੋਸਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਾਇੰਸ ਕਾਲਜ ਦਾ ਸਮੁੱਚਾ ਸਟਾਫ਼ ਸੁਸਾਇਟੀ ਦਾ ਹਮੇਸ਼ਾ ਰਿਣੀ ਰਹੇਗਾ।

# ਪ.ਸ.ਸ.ਫ. ਵੱਲੋਂ ਭਲਕੇ ਬਲਾਕ ਪੱਧਰੀ ਰੋਸ ਰੈਲੀ ਕਰਨ ਦਾ ਐਲਾਨ

## ਮੰਗਾਂ ਪੂਰੀਆਂ ਹੋਣ ਤੱਕ ਸੰਘਰਸ਼ ਜਾਰੀ ਰਹੇਗਾ : ਕੌਰ ਸਿੰਘ ਜ਼ੀਰਾ

**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406/22/ ਬੀ ਚੰਡੀਗੜ੍ਹ ਦੀ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਪ.ਸ.ਸ.ਫ਼. ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਫਿਰੋਜ਼ਪੁਰ ਦੀ ਪ੍ਰਧਾਨਗੀ ਬਲਾਕ ਪੱਧਰੀ ਰੈਲੀ 24 ਅਗਸਤ ਸ਼ਨੀਵਾਰ ਨੂੰ 2 ਤੋਂ 3 ਵਜੇ ਤੱਕ ਰੋਸ ਰੈਲੀ ਕੀਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੌਰ ਸਿੰਘ ਬਲਾਕ ਪ੍ਰਧਾਨ ਪ.ਸ.ਸ.ਫ਼ ਜ਼ੀਰਾ ਨੇ ਦੱਸਿਆ ਕਿ ਇਸ ਰੋਸ ਰੈਲੀ ਵਿਚ ਫੈਡਰੇਸ਼ਨ ਨਾਲ ਸਬੰਧਤ ਸਮੂਹ ਜੱਥੇਬੰਦੀਆਂ ਦੇ ਆਗੂ ਸ਼ਮੂਲੀਅਤ ਕਰਨਗੇ। ਉਨਾਂ ਦੱਸਿਆ ਕਿ ਜ਼ੀਰਾ ਵਿਖੇ 24 ਅਗਸਤ ਸ਼ਨੀਵਾਰ 2 ਵਜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਜ਼ੀਰਾ ਅੱਗੇ ਇਕੱਠੇ ਹੋ ਕੇ ਬਲਾਕ ਪੱਧਰੀ ਰੈਲੀ ਕੀਤੀ ਜਾਵੇਗੀ।ਉਨ੍ਹਾਂ ਸਮੂਹ ਮੁਲਾਜਮਾਂ ਨੂੰ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਉਨ੍ਹਾਂ ਨਾਲ ਬਲਵਿੰਦਰ ਸਿੰਘ ਭੁੱਟੋ ਸਟੇਟ ਸਕੱਤਰ ਜੀਟੀਯੂ, ਹਰਪਾਲ ਸਿੰਘ, ਭੁਪਿੰਦਰ ਸਿੰਘ ਢਿੱਲੋਂ, ਨਿਸ਼ਾਨ ਸਿੰਘ ਢਿੱਲੋਂ, ਬਲਵਿੰਦਰ ਸਿੰਘ ਸੰਧੂ, ਪ੍ਰੇਮ ਸਿੰਘ, ਸੁਖਵਿੰਦਰ ਸਿੰਘ ਝੱਤਰੇ, ਜਸਵਿੰਦਰ ਸਿੰਘ ਪੰਨੂੰ ਬਲਾਕ ਪ੍ਰਧਾਨ ਜ਼ੀਰਾ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ, ਗੁਰਬੀਰ ਸਿੰਘ ਸਹਿਜ਼ਾਦੀ, ਜਸਵਿੰਦਰ ਰਾਜ ਸ਼ਰਮਾ, ਹਰਮੇਸ਼ ਸਿੰਘ, ਪ੍ਰੀਤਮ ਸਿੰਘ ਮੀਤ ਪ੍ਰਧਾਨ, ਸਿਮਰਜੀਤ ਸਿੰਘ ਵਣ ਗਾਰਡ ਐਸੋਸੀਏਸ਼ਨ, ਰਮੇਸ਼ ਕੁਮਾਰ, ਜੋਗਿੰਦਰ ਸਿੰਘ ਸੜਕ ਵਿਭਾਗ, ਪਿੱਪਲ ਸਿੰਘ, ਸਤਪਾਲ ਸਿੰਘ, ਮੱਖਣ ਸਿੰਘ, ਦਮਨ ਸ਼ਰਮਾ ਨਗਰ ਕੌਂਸਲ ਜ਼ੀਰਾ ਆਦਿ ਹਾਜ਼ਰ ਸਨ।

## ਫਰੀਡਮ ਫਾਈਟਰਾਂ ਦੀ ਯਾਦ 'ਚ ਲਾਏ ਸਮਾਰਕ ਬੋਰਡ ਦਾ ਉਦਘਾਟਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬਲਾਕ ਸਮਾਣਾ ਦੇ ਫਰੀਡਮ ਫਾਈਟਰਾਂ ਦੀ ਯਾਦ ਵਿਚ ਸਥਾਨਕ ਯੂਨੀਕ ਪਾਰਕ (ਨੇੜੇ ਤਹਿਸੀਲ ਕੰਪਲੈਕਸ) 'ਚ ਨਵੇਂ ਬਣਾਏ ਗਏ ਸਮਾਰਕ ਬੋਰਡ ਦਾ ਉਦਘਾਟਨ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਭਰਾ ਹਰਜਿੰਦਰ ਸਿੰਘ ਮਿੰਟੂ, ਪੀ.ਏ.ਗੁਰਦੇਵ ਸਿੰਘ ਟਿਵਾਣਾ, ਐਸ.ਡੀ.ਐਮ. ਰਿਚਾ ਗੋਇਲ, ਕਾਰਜ ਸਾਧਕ ਅਫ਼ਸਰ ਬਰਜਿੰਦਰ ਸਿੰਘ ਵੱਲੋਂ ਕੀਤਾ ਗਿਆ।ਉਦਘਾਟਨ ਉਪਰੰਤ ਗੁਰਦੇਵ ਸਿੰਘ ਟਿਵਾਣਾ, ਐਸ.ਡੀ.ਐਮ.ਰਿਚਾ ਗੋਇਲ, ਈ.ਓ. ਬਰਜਿੰਦਰ ਸਿੰਘ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਸੰਗਰਾਮ ਵਿੱਚ ਹਿੱਸਾ ਲੈਣ ਵਾਲੇ ਸੁਤੰਤਰਤਾ ਸੰਗਰਾਮੀਆਂ ਦੀ ਯਾਦ 'ਚ ਯੂਨੀਕ ਪਾਰਕ ਵਿੱਚ ਲਾਏ ਗਏ ਇਸ ਸਮਾਰਕ ਬੋਰਡ ਵਿੱਚ ਬਲਾਕ ਸਮਾਣਾ ਦੇ ਸਮੁੱਚੇ ਸੁਤੰਤਰਤਾ ਸੰਗਰਾਮੀਆਂ ਦੇ ਨਾਂਅ ਦਰਜ ਕਰਨਾ ਫਰੀਡਮ ਫਾਈਟਰ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦਾ ਵੱਡਾ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਸਾਡੀ ਨੌਜਵਾਨ ਪੀੜ੍ਹੀ ਜਦੋਂ ਇਸ ਪਾਰਕ ਵਿੱਚ ਆਇਆ ਕਰੇਗੀ ਤਾਂ ਉਨ੍ਹਾਂ ਨੂੰ ਆਪਣੇ ਇਲਾਕੇ ਦੇ ਫਰੀਡਮ ਫਾਈਟਰਾਂ ਬਾਰੇ ਪਤਾ ਲੱਗੇਗਾ ਕਿ ਕਿਨ੍ਹਾਂ ਦੀ ਬਦੌਲਤ ਅਸੀ ਅੱਜ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ।

## ਅੰਤਰਰਾਸ਼ਟਰੀ ਕਬੱਡੀ ਖਿਡਾਰੀ ਜਗਜੀਤ ਫੌਜੀ ਦਾ ਭਰਵਾਂ ਸੁਆਗਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਅੰਤਰਰਾਸ਼ਟਰੀ ਕਬੱਡੀ ਖਿਡਾਰੀ ਜਗਜੀਤ ਸਿੰਘ ਫੌਜੀ ਕੁਰੜ ਕੈਨੇਡਾ ਤੋਂ 21 ਸਾਲਾਂ ਬਾਅਦ ਜੱਦੀ ਪਿੰਡ ਕੁਰੜ ਪਰਤਣ ਸਮੇਂ ਸਟੈਂਡ ਮਹਿਲ ਕਲਾਂ ਪੁੱਜਣ 'ਤੇ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨ ਸਰਾਂ, ਸਮਾਜ ਸੇਵੀ ਸਰਬਜੀਤ ਸਿੰਘ ਸੰਭੂ, ਜਥੇ: ਨਾਥ ਸਿੰਘ ਹਮੀਦੀ, ਮਨਦੀਪ, ਕੌਸ਼ਲ, ਹਰਦੀਪ ਸਿੰਘ ਬੀਹਲਾ, ਅਲੀ ਮਹਿਲ ਕਲਾਂ, ਗੁਰਪ੍ਰੀਤ ਸਿੰਘ ਸਿੱਧੂ, ਬਲਜੀਤ ਸਿੰਘ ਗੰਗੋਹਰ ਦੀ ਅਗਵਾਈ ਹੇਠ ਹਾਰਾਂ ਨਾਲ ਲੱਦ ਕੇ ਭਰਵਾਂ ਸਵਾਗਤ ਕੀਤਾ ਗਿਆ।ਕਬੱਡੀ ਖਿਡਾਰੀ ਜਗਜੀਤ ਫੌਜੀ ਨੂੰ ਮਹਿਲ ਕਲਾਂ ਤੋਂ ਖੁੱਲ੍ਹੀ ਗੱਡੀ ਰਾਹੀ ਵੱਡੇ ਕਾਫ਼ਲੇ ਦੇ ਰੂਪ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਕੁਰੜ ਵਿਖੇ ਲਿਜਾਇਆ ਗਿਆ, ਜਿਥੇ ਪਿੰਡ ਦੀ ਧਰਮਸ਼ਾਲਾ ਵਿਚ ਰੱਖੇ ਸਾਂਝੇ ਵਿਸ਼ੇਸ਼ ਸਨਮਾਨ ਸਮਾਰੋਹ ਵਿੱਚ ਗ੍ਰਾਮ ਪੰਚਾਇਤਾਂ, ਕਿਸਾਨ ਯੂਨੀਅਨਾਂ, ਗੁਰਦੁਆਰਾ ਕਮੇਟੀਆਂ, ਸਮਾਜ ਸੇਵੀ ਸੰਸਥਾਵਾਂ, ਯੂਥ ਕਲੱਬਾਂ, ਮੋਹਤਬਰਾਂ ਵਲੋਂ ਜਗਜੀਤ ਫੌਜੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਜਗਜੀਤ ਫੌਜੀ ਨੇ ਸੱਤ ਸਮੁੰਦਰੋਂ ਪਾਰ ਜਾ ਕੇ ਵੀ ਮਾਂ ਖੇਡ ਕਬੱਡੀ ਨੂੰ ਪ੍ਰਮੋਟ ਕਰਕੇ ਨਾਮਣਾ ਖੱਟਿਆ ਹੈ।ਭਾਕਿਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਰਾਜਵਿੰਦਰ ਸਿੰਘ ਰਾਜੂ, ਮਹੰਤ ਸੁਖਵਿੰਦਰ ਦਾਸ ਕੁਰੜ, ਗੀਤਕਾਰ ਸੰਦੀਪ ਗਿੱਲ, ਲੱਖਾ ਸਿੰਘ ਖਿਆਲੀ ਨੇ ਜੀ ਆਇਆਂ ਨੂੰ ਆਖਦਿਆਂ ਕਿਹਾ ਕਿ ਫੌਜੀ ਨੇ ਵਿਦੇਸ਼ ਰਹਿ ਕੇ ਵੀ ਆਪਣੀ ਜੰਮਣ ਭੋਇ ਦਾ ਮੋਹ ਭੰਗ ਨਹੀਂ ਹੋਣ ਦਿੱਤਾ।

# ਲੋਕ ਸੰਘਰਸ਼ ਕਮੇਟੀ ਵੱਲੋਂ ਰੈਜ਼ੀਡੈਂਟ ਡਾਕਟਰ ਐਸੋਸੀਏਸ਼ਨ ਦੇ ਸੰਘਰਸ਼ ਦੀ ਹਮਾਇਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਲੋਕ ਸੰਘਰਸ਼ ਕਮੇਟੀ ਦੇ ਜਨਤਕ ਵਫਦ ਨੇ ਗੌਰਮਿੰਟ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਜ਼ੀਡੈਂਟ ਡਾਕਟਰ ਐਸੋਸੀਏਸ਼ਨ ਵੱਲੋਂ ਕਲਕੱਤੇ ਵਿਖੇ ਮਹਿਲਾ ਡਾਕਟਰ ਨਾਲ ਹੋਏ ਘਿਨਾਉਣੇ ਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਤੇ ਹਸਪਤਾਲਾਂ ਵਿੱਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਲਈ ਕੀਤੇ ਜਾ ਰਹੇ ਸੰਘਰਸ਼ ਵਿੱਚ ਸ਼ਮੂਲੀਅਤ ਕਰਕੇ ਹਮਾਇਤ ਦੇਣ ਦਾ ਐਲਾਨ ਕੀਤਾ। ਵਫਦ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਰਮਿੰਦਰ ਸਿੰਘ ਪਟਿਆਲਾ, ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਪੂਨੀਆ, ਸੁਰਿੰਦਰ ਸਿੰਘ ਖਾਲਸਾ, ਇਸਤਰੀ ਜਾਗ੍ਰਿਤੀ ਮੰਚ ਦੀ ਜਨਰਲ ਸਕੱਤਰ ਅਮਨਦੀਪ ਕੌਰ ਦਿਉਲ, ਟੀ ਐੱਸ ਯੂ ਦੇ ਹਿਰਾਵਲ ਦਸਤਾ ਗਰੁੱਪ ਦੇ ਗੁਰਚਰਨ ਸਿੰਘ, ਰਾਮਚੰਦ ਤੇ ਇਫਟੂ ਦੇ ਸਤਪਾਲ ਸਿੰਘ ਤੋਂ ਇਲਾਵਾ ਹੋਰ ਕਾਰਕੁਨ ਸ਼ਾਮਲ ਸਨ। ਡਾਕਟਰਾਂ ਤੇ ਪੈਰਾ-ਮੈਡੀਕਲ ਸਟਾਫ ਦੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਰਾਮਿੰਦਰ ਸਿੰਘ ਪਟਿਆਲਾ ਨੇ ਕਿਹਾ ਕਿ ਔਰਤਾਂ ਨਾਲ ਸਮਾਜ ਵਿੱਚ ਹੋ ਰਹੀਆਂ ਵਧੀਕੀਆਂ ਲਈ ਪਿੱਤਰ ਸੱਤਾ ਤੇ ਸਾਮਰਾਜ ਦਾ ਨਿੱਘਰਿਆ ਸੱਭਿਆਚਾਰ ਤੇ ਕਾਰਪੋਰੇਟ ਪੱਖੀ ਨੀਤੀਆਂ ਜ਼ਿੰਮੇਵਾਰ ਹਨ, ਜਿਸ ਤਹਿਤ ਔਰਤ ਨੂੰ ਜਾਂ ਤਾਂ ਭੋਗ ਵਿਲਾਸ ਦੀ ਵਸਤੂ ਦੇ ਰੂਪ ਵਿੱਚ ਪੇਸ਼ ਕਰਦਾ ਜਾਂ ਫਿਰ ਰੂੜੀਵਾਦੀ ਕਦਰਾਂ ਕੀਮਤਾਂ ਦੀ ਜਕੜ ਵਿੱਚ ਬੰਨ੍ਹ ਕੇ ਰੱਖਦਾ। ਉਨ੍ਹਾਂ ਡਾਕਟਰਾਂ ਦੇ ਸੰਘਰਸ਼ ਨੂੰ ਨਿਆਂ ਦੀ ਆਵਾਜ਼ ਕਰਾਰ ਦਿੰਦਿਆਂ ਕਿਹਾ ਕਿ ਬੰਗਾਲ ਸਰਕਾਰ ਦਾ ਰੁੱਖ ਤੇ ਪ੍ਰਧਾਨ ਮੰਤਰੀ ਦੀ ਚੁੱਪੀ ਦੋਵੇਂ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਕਲਕੱਤੇ ਦੀ ਘਟਨਾ ਮਗਰੋਂ ਉਤਰਾਖੰਡ ਵਿੱਚ ਇੱਕ ਨਰਸ ਨਾਲ ਵਾਪਰੀ ਹੌਲਨਾਕ ਘਟਨਾ ਤੇ ਮਹਾਰਾਸ਼ਟਰ ਵਿੱਚ ਸਕੂਲੀ ਬੱਚੀਆਂ ਨਾਲ ਹੋਈ ਜਿਨਸੀ ਹਿੰਸਾ ਇਹ ਦੱਸਦੀ ਹੈ ਕਿ ਸਮਾਜ ਨੂੰ ਇਸ ਵਰਤਾਰੇ ਵਿਰੁੱਧ ਬਹੁ-ਪੱਖੀ ਸੰਘਰਸ਼ ਕਰਨਾ ਪਵੇਗਾ, ਜਿਸ ਦਾ ਨਿਸ਼ਾਨਾ ਪਿੱਤਰ ਸੱਤਾ ਤੇ ਸਾਮਰਾਜ ਹੋਵੇਗਾ।

# ਹੜਤਾਲੀ ਅਧਿਆਪਕਾਂ ਦੀ ਤਨਖਾਹ ਕਟੌਤੀ ਦਾ ਪੱਤਰ ਤੁਰੰਤ ਵਾਪਸ ਲਏ ਸਰਕਾਰ : ਡੀ ਟੀ ਐੱਫ

## ਤਨਖਾਹ ਕਟੌਤੀ ਵਾਪਸੀ ਨਾ ਹੋਈ ਤਾਂ ਕਰਾਂਗੇ ਤਿੱਖਾ ਸੰਘਰਸ਼ : ਲੌਂਗੋਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬੀਤੀ 16 ਫਰਵਰੀ ਨੂੰ ਕੇਂਦਰ ਸਰਕਾਰ ਦੀਆਂ ਲੋਕ, ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ ਦੀ ਦੇਸ਼ ਵਿਆਪੀ ਇੱਕ ਰੋਜ਼ਾ ਹੜਤਾਲ ਦੌਰਾਨ ਦੇਸ਼ ਦੇ ਟਰੇਡ ਸੈਂਟਰਾਂ, ਅਧੀਨ ਵੱਖ-ਵੱਖ ਜਥੇਬੰਦੀਆਂ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ ਤੇ ਅਧਿਆਪਕ ਜਥੇਬੰਦੀਆਂ ਵੱਲੋਂ ਦਿੱਤੇ ਗਏ ਸੱਦੇ ਤਹਿਤ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਵੱਲੋਂ ਇਸ ਇੱਕ ਰੋਜ਼ਾ ਹੜਤਾਲ ਵਿੱਚ ਹਿੱਸਾ ਲਿਆ ਗਿਆ। ਇਸ ਦੌਰਾਨ ਕੁੱਝ ਜ਼ਿਲ੍ਹਿਆਂ ਵਿੱਚ ਸਬੰਧਤ ਸਕੂਲ ਮੁਖੀਆਂ ਵੱਲੋਂ ਹੜਤਾਲੀ ਅਧਿਆਪਕਾਂ ਦੀ ਇੱਕ ਦਿਨ ਦੀ ਤਨਖਾਹ ਕਟੌਤੀ ਕੀਤੀ ਗਈ ਸੀ, ਜਿਸ ਖਿਲਾਫ ਜਥੇਬੰਦੀਆਂ ਵੱਲੋਂ ਸੰਘਰਸ਼ ਕਰਕੇ ਤਨਖਾਹ ਕਟੌਤੀ ਵਾਪਸ ਕਰਵਾਈ ਗਈ ਸੀ, ਪਰ ਹੁਣ ਪਿਛਲੇ ਦਿਨੀਂ ਵਿਭਾਗ ਵੱਲੋਂ ਡੀਈਓ ਬਠਿੰਡਾ ਤੇ ਫਾਜ਼ਿਲਕਾ ਨੂੰ ਅਗਵਾਈ ਪੱਤਰ ਜਾਰੀ ਕਰਕੇ ਹੜਤਾਲੀ ਅਧਿਆਪਕਾਂ ਦੀ ਇੱਕ ਦਿਨ ਦੀ ਤਨਖਾਹ ਕੱਟਣ ਦਾ ਹੁਕਮ ਦਿੱਤਾ ਗਿਆ ਹੈ, ਜੋ ਕਿ ਸੰਘਰਸ਼ ਕਰਨ ਵਾਲੇ ਲੋਕਾਂ ਦੇ ਹੱਕ ਉੱਤੇ ਡਾਕਾ ਅਤੇ ਉਨ੍ਹਾਂ ਦੀ ਜ਼ੁਬਾਨਬੰਦੀ ਕਰਨਾ ਹੈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਨੇ ਤਨਖਾਹ ਕਟੌਤੀ ਦੇ ਫੈਸਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਕੇਂਦਰ ਤੇ ਸੂਬਾਈ ਸਰਕਾਰਾਂ ਵੱਲੋਂ ਮੁਲਾਜ਼ਮ ਵਰਗ ਦੀਆਂ ਅਹਿਮ ਤੇ ਬੁਨਿਆਦੀ ਮੰਗਾਂ, ਪੁਰਾਣੀ ਪੈਨਸ਼ਨ ਬਹਾਲੀ, ਤਨਖਾਹ ਕਮਿਸ਼ਨ ਦੇ ਬਕਾਏ, ਜਨਵਰੀ 2020 ਤੋਂ ਬਾਅਦ ਭਰਤੀ ਕੀਤੇ ਕਰਮਚਾਰੀਆਂ 'ਤੇ ਅਧੂਰਾ ਕੇਂਦਰੀ ਤਨਖਾਹ ਕਮਿਸ਼ਨ ਲਾਗੂ ਕਰਨ ਸਮੇਤ ਬਾਕੀ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ ਤੇ ਪ੍ਰੈੱਸ ਸਕੱਤਰ ਲਖਵੀਰ ਸਿੰਘ ਹਰੀਕੇ ਨੇ ਸੂਬਾ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਨੇ ਹੜਤਾਲੀ ਅਧਿਆਪਕਾਂ ਦੀ ਜਬਰੀ ਤਨਖਾਹ ਕਟੌਤੀ ਕਰਕੇ ਉਨ੍ਹਾਂ ਦੀ ਜ਼ੁਬਾਨਬੰਦੀ ਕਰਨ ਦੀ ਕੋਸ਼ਿਸ਼ ਕੀਤੀ ਤਾਂ ਇਸ ਖਿਲਾਫ ਜ਼ਿਮਨੀ ਚੋਣਾਂ ਦੌਰਾਨ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਗੋਨਿਆਣਾ ਨੇ ਸਰਕਾਰ ਦੇ ਮੁਲਾਜ਼ਮ ਮਾਰੂ ਫੈਸਲੇ ਖਿਲਾਫ ਲੋਕਾਂ ਅੰਦਰ ਲਾਮਬੰਦੀ ਕਰਕੇ ਜ਼ਿਮਨੀ ਚੋਣਾਂ ਦੌਰਾਨ ਤਿੱਖਾ ਸੰਘਰਸ਼ ਵਿੱਢਣ ਦੀ ਚੇਤਾਵਨੀ ਦਿੱਤੀ। ਉਨ੍ਹਾਂ ਕਿਹਾ ਕਿ ਸੰਘਰਸ਼ ਦੇ ਨਿਕਲਣ ਵਾਲੇ ਨਤੀਜਿਆਂ ਦੀ ਜ਼ਿੰਮੇਵਾਰੀ ਮੌਜੂਦਾ ਸਰਕਾਰ ਦੀ ਹੋਵੇਗੀ।

# ਵਜੀਦਪੁਰ ਵੈੱਲਫੇਅਰ ਸੁਸਾਇਟੀ ਵੱਲੋਂ ਕੈਂਡਲ ਮਾਰਚ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵਜੀਦਪੁਰ ਵੈੱਲਫੇਅਰ ਸੁਸਾਇਟੀ ਵੱਲੋਂ ਕਲਕੱਤਾ ਵਿਖੇ ਇੱਕ ਡਾਕਟਰ ਨਾਲ ਹੋਏ ਜਬਰ ਜ਼ਨਾਹ ਤੇ ਕਤਲ ਮਾਮਲੇ ਨੂੰ ਲੈ ਕੇ ਸ੍ਰੀ ਦੁਰਗਾ ਮਾਤਾ ਮੰਦਰ ਵਜੀਦਪੁਰ ਤੋਂ ਮੱਲਵਾਲ ਰੋਡ 'ਤੇ ਗੇਟ ਤੱਕ ਕੈਂਡਲ ਮਾਰਚ ਰਮੇਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਕੱਢਿਆ ਗਿਆ।ਇਸ ਕੈਂਡਲ ਮਾਰਚ ਵਿੱਚ ਵੱਖ ਵੱਖ ਜਥੇਬੰਦੀਆਂ ਦੇ ਲੀਡਰ ਸ਼ਾਮਲ ਹੋਏ।ਪੀ ਸੀ ਐੱਮ ਐੱਸ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਜਤਿੰਦਰ ਕੋਛੜ ਤੇ ਸੁਸਾਇਟੀ ਦੇ ਸੈਕਟਰੀ ਕਾਨ ਚੰਦ ਸ਼ਰਮਾ ਨੇ ਦੱਸਿਆ ਕਿ ਜੋ ਘਟਨਾ ਕਲਕੱਤਾ ਵਿਖੇ ਇੱਕ ਡਾਕਟਰ ਬੇਟੀ ਨਾਲ ਵਾਪਰੀ ਹੈ, ਉਸ ਦੀ ਕਲਕੱਤਾ ਸਰਕਾਰ ਜ਼ਿੰਮੇਵਾਰ ਹੈ ਅਤੇ ਕਲਕੱਤਾ ਸਰਕਾਰ ਵੱਲੋਂ ਉਨ੍ਹਾਂ ਕਾਤਲਾਂ ਨੂੰ ਸਜ਼ਾਵਾਂ ਦੇਣ ਦੀ ਥਾਂ ਬਚਾਇਆ ਜਾ ਰਿਹਾ।ਸੁਭਾਸ਼ ਸ਼ਰਮਾ ਨੇ ਆਖਿਆ ਕਿ ਸਾਨੂੰ ਸਮੇਂ ਸਮੇਂ 'ਤੇ ਇਨ੍ਹਾਂ ਜ਼ਾਲਮ ਸਰਕਾਰਾਂ ਵਿਰੁੱਧ ਲਾਮਬੰਦ ਹੋਣਾ ਪਵੇਗਾ। ਕ੍ਰਾਂਤੀਕਾਰੀ ਜਥੇਬੰਦੀ ਦੇ ਆਗੂ ਮੰਗਤ ਰਾਮ ਪਟਵਾਰੀ ਤੇ ਸੁਰਜੀਤ ਚੰਦ ਸ਼ਰਮਾ ਨੇ ਕਿਸਾਨ ਜਥੇਬੰਦੀ ਵੱਲੋਂ ਬੋਲਦਿਆਂ ਆਖਿਆ ਕਿ ਮੋਦੀ ਸਰਕਾਰ ਦੇ ਰਾਜ ਵਿੱਚ ਰਾਮ ਦੇ ਨਾਮ ਦੀ ਗੱਲ ਕਹੀ ਜਾ ਰਹੀ ਹੈ, ਪਰ ਰਾਮ ਦੇ ਨਾਂ 'ਤੇ ਸਿਰਫ ਵੋਟਾਂ ਬਟੋਰੀਆਂ ਜਾ ਰਹੀਆਂ ਹਨ। ਮੋਦੀ ਦੇ ਰਾਜ ਵਿੱਚ ਲੋਕਾਂ ਦੀਆਂ ਧੀਆਂ, ਭੈਣਾਂ ਦੀ ਇੱਜਤ ਸੁਰੱਖਿਅਤ ਨਹੀਂ ਹੈ।ਟੀਚਰ ਜਥੇਬੰਦੀ ਦੇ ਈਸ਼ਵਰ ਸ਼ਰਮਾ, ਕੈਸ਼ੀਅਰ ਵਿਪਨ ਸ਼ਰਮਾ ਨੇ ਦੱਸਿਆ ਕਿ ਸਾਡੀਆਂ ਬਹੁਤ ਸਾਰੀਆਂ ਭੈਣਾਂ ਜੋ ਡਿਊਟੀ ਕਰਨ ਲਈ ਦੂਰ ਦੂਰ ਪਿੰਡਾਂ ਵਿੱਚ ਜਾਂਦੀਆਂ ਹਨ, ਹਜ਼ਾਰਾਂ ਵਾਰ ਸਾਡੀਆਂ ਭੈਣਾਂ ਤੋਂ ਲੁਟੇਰਿਆਂ ਵੱਲੋਂ ਲੁੱਟ ਖੋਹ ਕੀਤੀ ਗਈ ਹੈ, ਪਰ ਸਰਕਾਰਾਂ ਨੇ ਅੱਜ ਤੱਕ ਕਿਸੇ ਵੀ ਮੁਲਜ਼ਮ ਨੂੰ ਕੋਈ ਸਖਤ ਸਜ਼ਾ ਨਹੀਂ ਦਿੱਤੀ।ਪੈਰਾਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਦੇ ਆਗੂ ਨਰਿੰਦਰ ਸ਼ਰਮਾ ਤੇ ਰਾਮ ਪ੍ਰਸ਼ਾਦ ਨੇ ਆਖਿਆ ਕਿ ਕਲਕੱਤਾ ਹੀ ਨਹੀਂ ਪੂਰੇ ਭਾਰਤ ਵਿੱਚ ਕਿਸੇ ਵੀ ਥਾਂ 'ਤੇ ਧੀਆਂ ਭੈਣਾਂ ਦੀ ਇੱਜਤ ਸੁਰੱਖਿਅਤ ਨਹੀਂ।

ਇਸ ਕੈਂਡਲ ਮਾਰਚ ਵਿੱਚ ਕਮਿਊਨਿਟੀ ਹੈੱਲਥ ਅਫਸਰ ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ, ਪੈਰਾ-ਮੈਡੀਕਲ ਦੇ ਆਗੂ ਕੌਰ ਜੀਤ ਸਿੰਘ, ਗੁਲਸ਼ਨ ਸ਼ਰਮਾ, ਦਲੀਪ ਸਿੰਘ, ਬਲਰਾਮ ਸ਼ਰਮਾ, ਤਰਸੇਮ ਪਾਲ ਸ਼ਰਮਾ, ਰਜਿੰਦਰ ਸ਼ਰਮਾ ਬਿਜਲੀ ਬੋਰਡ ਤੇ ਹੋਰ ਬਹੁਤ ਸਾਰੇ ਸਾਥੀਆਂ ਨੇ ਲੋਕਾਂ ਨੂੰ ਸਰਕਾਰਾਂ ਦੇ ਜ਼ੁਲਮ ਵਿਰੁੱਧ ਇਕੱਠੇ ਹੋ ਕੇ ਲੜਨ ਲਈ ਪ੍ਰੇਰਿਤ ਕੀਤਾ।ਇਸ ਕੈਂਡਲ ਮਾਰਚ ਵਿੱਚ ਹੋਰਨਾਂ ਤੋਂ ਇਲਾਵਾ ਫਿਰੋਜ਼ਪੁਰ ਸ਼ਹਿਰ ਤੋਂ ਮਯੰਕ ਫਾਊਂਡੇਸ਼ਨ ਤੋਂ ਕਮਲ ਸ਼ਰਮਾ ਆਪਣੇ ਸਾਥੀਆਂ ਸਮੇਤ ਇਸ ਕੈਂਡਲ ਮਾਰਚ ਵਿੱਚ ਸ਼ਾਮਲ ਹੋਏ।

# ਭਾਸ਼ਾ ਵਿਭਾਗ ਵੱਲੋਂ ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ



**ਮੋਗਾ (ਇਕਬਾਲ ਸਿੰਘ ਖਹਿਰਾ)**

ਜ਼ਿਲ੍ਹਾ ਭਾਸ਼ਾ ਦਫ਼ਤਰ ਮੋਗਾ ਵੱਲੋਂ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਮੋਗਾ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਵਧ-ਚੜ੍ਹ ਕੇ ਹਿੱਸਾ ਲਿਆ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਮੋਗਾ ਦੇ ਪ੍ਰਿੰਸੀਪਲ ਮਮਤਾ ਸੇਠੀ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਮੰਚ ਸੰਚਾਲਨ ਦੀ ਭੂਮਿਕਾ ਜਸਵਿੰਦਰ ਕੁਮਾਰ, ਸਕੂਲ ਆਫ਼ ਐਮੀਨੈਂਸ ਕੈਲ੍ਹਾ ਮੋਗਾ ਨੇ ਬਾਖ਼ੂਬੀ ਨਿਭਾਉਂਦਿਆਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਇਨ੍ਹਾਂ ਮੁਕਾਬਲਿਆਂ ਦੀ ਸਾਰਥਕਤਾ ਬਾਰੇ ਚਾਨਣਾ ਪਾਇਆ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ ਨੇ ਆਏ ਹੋਏ ਮਹਿਮਾਨਾਂ, ਅਧਿਆਪਕਾਂ ਤੇ ਪ੍ਰਤੀਯੋਗੀਆਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਕਰਵਾਈ ਗਈ ਇਸ ਪ੍ਰਤੀਯੋਗਤਾ ਦਾ ਉਦੇਸ਼ ਵਿਦਿਆਰਥੀਆਂ ਅੰਦਰ ਸਾਹਿਤ ਰਚਨਾ ਤੇ ਸਾਹਿਤਕ ਗਾਇਕੀ ਦੀ ਪ੍ਰਤਿਭਾ ਨੂੰ ਨਿਖਾਰ ਕੇ ਉਨ੍ਹਾਂ ਨੂੰ ਚੰਗੇਰੇ ਜੀਵਨ ਮੁੱਲਾਂ ਨਾਲ ਜੋੜਨਾ ਹੈ। ਇਸ ਮੌਕੇ ਵਿਦਿਆਰਥੀਆਂ ਦੇ ਲੇਖ ਰਚਨਾ, ਕਹਾਣੀ ਰਚਨਾ, ਕਾਵਿ ਰਚਨਾ ਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮਾਂ ਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।

ਇਨ੍ਹਾਂ ਮੁਕਾਬਲਿਆਂ ਵਿੱਚ ਜੱਜਮੈਂਟ ਦੀ ਭੂਮਿਕਾ ਅੰਗਰੇਜ਼ੀ ਲੈਕਚਰਾਰ ਸੁਖਮੰਦਰ ਸਿੰਘ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੰਡੇਵਾਲਾ, ਅੰਗਰੇਜ਼ੀ ਮਾਸਟਰ ਧਰਮਜੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਬੱਧਨੀ ਕਲਾਂ ਤੇ ਐੱਸ. ਐੱਸ. ਮਾਸਟਰ ਸ਼ਮਸ਼ੇਰ ਸਿੰਘ ਸਰਕਾਰੀ ਮਿਡਲ ਸਕੂਲ ਧਰਮ ਸਿੰਘ ਵਾਲਾ ਵੱਲੋਂ ਬਾਖ਼ੂਬੀ ਨਿਭਾਈ ਗਈ। ਮਮਤਾ ਸੇਠੀ ਨੇ ਭਾਸ਼ਾ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਕੀਤੇ ਜਾਣੇ ਸਮੇਂ ਦੀ ਲੋੜ ਹੈ। ਨਾਲ਼ ਹੀ ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਆਉਣ ਵਾਲੇ ਭਵਿੱਖ ਵਿੱਚ ਹੋਰ ਬੁਲੰਦੀਆਂ ਛੂਹਣ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਵੱਖ-ਵੱਖ ਸਕੂਲਾਂ ਤੋਂ ਵਿਦਿਆਰਥੀਆਂ ਨਾਲ ਆਏ ਅਧਿਆਪਕ ਸਾਹਿਬਾਨ ਤੇ ਮਾਪੇ ਸ਼ਾਮਲ ਸਨ।

## ਜੁਗਰਾਜ ਸਿੰਘ ਨੇ ਬੀ ਡੀ ਪੀ ਓ ਵਜੋਂ ਕੀਤਾ ਜੁਆਇਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਸਰਕਾਰ ਵੱਲੋਂ ਕੀਤੇ ਤਬਾਦਲਿਆਂ 'ਚ ਪੰਚਾਇਤ ਵਿਭਾਗ 'ਚ ਇਮਾਨਦਾਰ ਤੇ ਮਿਲਾਪੜੇ ਸੁਭਾਅ ਦੇ ਨਾਲ ਜਾਣੇ ਜਾਂਦੇ ਜੁਗਰਾਜ ਸਿੰਘ ਗੁੰਮਟੀ ਨੇ ਬਤੌਰ ਬੀ.ਡੀ.ਪੀ.ਓ ਮਾਲੇਰਕੋਟਲਾ ਜੁਆਇਨ ਕਰ ਲਿਆ ਹੈ। ਇਸ ਮੌਕੇ ਹਲਕਾ ਮਾਲੇਰਕੋਟਲਾ ਦੇ ਵਿਧਾਇਕ ਡਾ.ਮੁਹੰਮਦ ਜਮੀਲ ਉਰ ਰਹਿਮਾਨ ਵੀ ਹਾਜ਼ਰ ਸਨ। ਇਸ ਮੌਕੇ ਬੀ.ਡੀ.ਪੀ.ਓ ਜੁਗਰਾਜ ਸਿੰਘ ਗੁੰਮਟੀ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਉਣਗੇ ਅਤੇ ਬਲਾਕ ਦੇ ਪਿੰਡਾਂ ਦੀ ਤਰੱਕੀ ਲਈ ਸੂਬਾ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਕੀਮਾਂ ਰਾਹੀਂ ਪਿੰਡਾਂ ਦਾ ਵਿਕਾਸ ਕੀਤਾ ਜਾਵੇਗਾ। ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਡਾ.ਜਮੀਲ ਉਰ ਰਹਿਮਾਨ ਨੇ ਕਿਹਾ ਕਿ ਹਲਕੇ ਦੇ ਵਿੱਚ ਸਾਰੇ ਅਹੁਦੇ ਭਰੇ ਗਏ ਹਨ ਤਾਂ ਜੋ ਹਲਕੇ ਦੇ ਲੋਕਾਂ ਨੂੰ ਕੰਮਾਂ ਦੇ ਲਈ ਕੋਈ ਸਮੱਸਿਆ ਨਾ ਆਵੇ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਨਾਲ ਨਾਲ ਪਿੰਡਾਂ ਦੇ ਵਿਕਾਸ ਲਈ ਵੀ ਕੰਮ ਕੀਤੇ ਜਾ ਰਹੇ ਹਨ ਤੇ ਹਲਕੇ ਦੇ ਵੱਡੀ ਗਿਣਤੀ ਦੇ ਵਿੱਚ ਵੱਖ ਵੱਖ ਵਿਕਾਸ ਕਾਰਜ ਚੱਲ ਰਹੇ ਹਨ ਅਤੇ ਰਹਿੰਦੇ ਵਿਕਾਸ ਕਾਰਜ ਵੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ 'ਚ ਖੇਡ ਮੈਦਾਨ, ਪਾਰਕ, ਸੀਵਰੇਜ, ਗਲੀਆਂ ਨਾਲੀਆਂ ਸਮੇਤ ਵੱਡੇ ਕੰਮ ਕੀਤੇ ਜਾ ਰਹੇ ਹਨ ਅਤੇ ਜਿਵੇਂ ਜਿਵੇਂ ਲੋਕਾਂ ਦੀ ਮੰਗ ਹੈ ਲਗਾਤਾਰ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਜ਼ਿਲ੍ਹਾ ਇੰਚਾਰਜ ਜਾਫਰ ਅਲੀ, ਸਾਬਕਾ ਸਰਪੰਚ ਗੁਰਮੁੱਖ ਸਿੰਘ ਖਾਨਪੁਰ, ਕੇਵਲ ਸਿੰਘ, ਦਵਿੰਦਰ ਕੁਮਾਰ, ਰਾਜਿੰਦਰ ਸਿੰਘ, ਬਸ਼ੀਰ ਮੁਹੰਮਦ ਪੰਚਾਇਤ ਸਕੱਤਰ ਸਮੇਤ ਕਈ ਆਗੂ ਤੇ ਮੁਲਾਜ਼ਮ ਹਾਜ਼ਰ ਸਨ।

# ਸਿਹਤ ਵਿਭਾਗ ਦੀ ਟੀਮ ਵੱਲੋਂ ਅਚਨਚੇਤ ਚੈਕਿੰਗ



ਝਬਾਲ, ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜਿਲ੍ਹਾ ਐਪੀਡੀਮੋਲੋਜਿਸਟ ਡਾ. ਸਿਮਰਨ ਤਰਨ ਤਾਰਨ ਤੇ ਡਾਕਟਰ ਰਾਜੂ ਚੌਹਾਨ ਸੀਨੀਅਰ ਮੈਡੀਕਲ ਅਫਸਰ ਸੀ ਐਚ ਸੀ ਝਬਾਲ ਦੀ ਰਹਿਨੁਮਾਈ ਹੇਠ ਤੇ ਸਹਾਇਕ ਮਲੇਰੀਆ ਅਫਸਰ ਕੰਵਲ ਬਲਰਾਜ ਸਿੰਘ ਵੱਲੋਂ ਦੱਸੇ ਅਨੁਸਾਰ ਮਲੇਰੀਆ ਅਤੇ ਡੇਂਗੂ , ਚਿਕਨਗੁਨੀਆ ਨੂੰ ਮੁੱਖ ਰੱਖਦੇ ਹੋਏ ਅੱਜ ਝੁੱਗੀਆਂ- ਝੌਂਪੜੀਆਂ, ਭੱਠੇ,,ਗੁੱਜਰ ਅਤੇ ਹੋਰ ਸਲੱਮ ਏਰੀਆ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਡਾ. ਸਿਮਰਨ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕੁਝ ਦਿਨਾਂ ਤੋਂ ਮੌਸਮ ਵਿਚ ਬਦਲਾਅ ਹੋਣ ਕਰਕੇ , ਘਰਾਂ ਵਿੱਚ ਮੱਛਰਾਂ ਦੇ ਪੈਦਾ ਹੋਣ ਨਾਲ ਕਈ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਹਫਤੇ ਵਿੱਚ ਇੱਕ ਦਿਨ ਫਰਿੱਜਾਂ ਦੇ ਪਿਛਲੇ ਪਾਸੇ ਜੋ ਪਾਣੀ ਜਮ੍ਹਾਂ ਨਾ ਹੋਣ, ਕੂਲਰਾਂ ਦੀ ਸਫਾਈ, ਘਰਾਂ ਦੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦੇਣਾ, ਜੇਕਰ ਪਾਣੀ ਜਮ੍ਹਾਂ ਹੁੰਦਾ ਹੈ ਤਾਂ ਉਸ ਨੂੰ ਮਿੱਟੀ ਨਾਲ ਪੂਰ ਦੇਣਾ, ਛੱਪੜਾਂ ਵਿੱਚ ਕਾਲਾ ਤੇਲ ਪਾਉਣ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਸਿਹਤ ਵਿਭਾਗ ਦੀ ਟੀਮ ਵੱਲੋਂ ਲੋਕਾਂ ਨੂੰ ਘਰਾਂ ਦੇ ਨਜ਼ਦੀਕ, ਗਮਲਿਆਂ, ਟੁੱਟੇ ਭੱਜੇ ਸਾਮਾਨ ਵਿੱਚ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ, ਪੂਰੇ ਸਰੀਰ ਨੂੰ ਢਕ ਕੇ ਰੱਖਣ ਵਾਲੇ ਕੱਪੜੇ, ਮੱਛਰ ਭਜਾਉਣ ਵਾਲੇ ਤੇਲ ਅਤੇ ਕਰੀਮ, ਮੱਛਰਦਾਨੀ ਆਦਿ ਦਾ ਇਸਤੇਮਾਲ ਕਰਨ ਬਾਰੇ ਜਾਣਕਾਰੀ ਦਿੱਤੀ। ਕੋਈ ਮਲੇਰੀਆ ਅਤੇ ਡੇਂਗੂ ਦੇ ਲੱਛਣ ਲਗਦੇ ਹੋਣ ਤਾਂ ਨਜ਼ਦੀਕੀ ਸਰਕਾਰੀ ਹਸਪਤਾਲ ਜਾਵੇ।

ਇਸ ਮੌਕੇ ਰਾਮ ਰਛਪਾਲ, ਕਾਰਜ ਸਿੰਘ, ਗੁਰਵਿੰਦਰ ਸਿੰਘ, ਰਬਿੰਦਰ ਸਿੰਘ, ਵਿਕਰਮ ਸਿੰਘ, ਅਮਨਦੀਪ ਸਿੰਘ, ਸਕੱਤਰ ਸਿੰਘ ਮਲਟੀਪਰਪਜ਼ ਹੈਲਥ ਵਰਕਰ ਮੇਲ ਆਦਿ ਹਾਜ਼ਰ ਸਨ।

# ਜੀ ਟੀ ਬੀ ਆਈ ਸਕੂਲ ਕਲਿਆਣਪੁਰ 'ਚ ਗੁਰੂ ਲਾਧੋ ਰੇ ਦਿਵਸ ਮਨਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ.ਟੀ.ਬੀ.ਆਈ.) ਸਕੂਲ ਕਲਿਆਣਪੁਰ ਵਿੱਚ ਸਕੂਲ ਦੇ ਚੇਅਰਮੈਨ ਤਰਸੇਮ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰੂ ਲਾਧੋ ਰੇ ਦਿਵਸ ਮਨਾਇਆ।

ਇਸ ਮੌਕੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਵੱਲੋਂ ਸ੍ਰੀ ਜਪੁਜੀ ਸਾਹਿਬ ਅਤੇ ਸ੍ਰੀ ਚੌਪਈ ਸਾਹਿਬ ਦੇ ਪਾਠ ਉਪਰੰਤ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ। ਪ੍ਰਿੰਸੀਪਲ ਬਰਿੰਦਰ ਜੋਤ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਸ ਦਿਨ ਭਾਈ ਮੱਖਣ ਸ਼ਾਹ ਲੁਬਾਣਾ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਗੁਰੂ ਰੂਪ ਵਿੱਚ ਪ੍ਰਗਟ ਕੀਤਾ ਸੀ। ਅਧਿਆਪਕਾ ਅਮਦੀਪ ਕੌਰ ਅਤੇ ਜਗਰੂਪ ਕੌਰ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਗੁਰੂ ਲਾਧੋ ਰੇ ਦਿਵਸ ਸੰਬੰਧੀ ਜਾਣਕਾਰੀ ਦਿੱਤੀ। ਸਮਾਗਮ ਦੇ ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ। ਇਸ ਮੌਕੇ ਸਕੂਲ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਬਿਜਲੀ ਕਾਮਿਆਂ ਨੇ ਦੂਸਰੇ ਦਿਨ ਵੀ ਪਾਵਰ ਮੈਨੇਜਮੈਂਟ ਖਿਲਾਫ਼ ਕੀਤਾ ਰੋਸ ਪ੍ਰਦਰਸ਼ਨ



ਤਰਨ ਤਾਰਨ (ਪੱਤਰ ਪ੍ਰੇਰਕ) ਬਿਜਲੀ ਕਾਮਿਆਂ ਨੇ ਮੰਨੀਆਂ ਮੰਗਾਂ ਲਾਗੂ ਕਰਨ ਤੋਂ ਟਾਲ ਮਟੋਲ ਕਰਨ ਦੇ ਵਤੀਰੇ ਵਿਰੁੱਧ ਦੂਸਰੇ ਦਿਨ ਵੀ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾ ਪੱਧਰੀ ਸੱਦੇ ਤੇ ਪਾਵਰਕਾਮ ਦੇ ਸਥਾਨਿਕ ਸਰਕਲ ਦਫਤਰ ਦੇ ਗੇਟ ਤੇ ਇਕੱਤਰ ਹੋ ਕੇ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਖਿਲਾਫ਼ ਜੋਰਦਾਰ ਨਾਅਰੇਬਾਜੀ ਕਰਦੇ ਹੋਏ ਜਬਰਦਸਤ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੂਬਾਈ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਇੰਪਲਾਈਜ਼ ਫੈਡਰੇਸ਼ਨ ਦੇ ਸੂਬਾ ਆਗੂ ਗੁਰਭੇਜ ਸਿੰਘ ਢਿੱਲੋਂ ਨੇ ਕਿਹਾ ਕਿ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਮੀਟਿੰਗਾਂ ਸਮੇਂ ਵਾਰ ਵਾਰ ਮੁਲਾਜ਼ਮ ਮੰਗਾਂ ਤੇ ਸਹਿਮਤੀ ਪ੍ਰਗਟ ਕਰਦੇ ਹੋਏ ਜਥੇਬੰਦੀਆਂ ਨੂੰ ਮੰਗਾਂ ਲਾਗੂ ਕਰਨ ਦਾ ਭਰੋਸਾ ਦੇ ਕੇ ਆਪਣੇ ਕੀਤੇ ਵਾਅਦੇ ਤੋਂ ਮੁੱਕਰ ਜਾਦੇ ਹਨ।ਇਸੇ ਕਰਕੇ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਵਰਕਰ ਆਪਣੇ ਗੁੱਸੇ ਦਾ ਪ੍ਰਗਟਾਵਾ ਕਰ ਰਹੇ ਹਨ।ਇਸ ਮੌਕੇ ਮੁਲਾਜ਼ਮ ਆਗੂਆਂ ਪੂਰਨ ਦਾਸ, ਮੇਜਰ ਸਿੰਘ ਮੱਲੀਆ, ਚਰਨਜੀਤ ਸਿੰਘ ਬਾਬਾ, ਬਲਜਿੰਦਰ ਕੌਰ, ਜਸਬੀਰ ਕੌਰ, ਬਲਜਿੰਦਰ ਸਿੰਘ ਪਲਾਸੌਰ, ਲਖਵਿੰਦਰ ਸਿੰਘ ਬਹਿਲਾ, ਰਣਜੀਤ ਸਿੰਘ, ਅਮਰੀਕ ਸਿੰਘ ਕਲਸੀ, ਕਵਲਜੀਤ ਕੌਰ ਸੁਪਰਡੈਂਟ, ਦਲਜੀਤ ਸਿੰਘ, ਮਦਨ ਲਾਲ, ਜਸਪਰੀਤ ਸਿੰਘ, ਮੰਡਲ ਲੇਖਾਕਾਰ ਸਿਮਰਨਜੀਤ ਸਿੰਘ, ਜਤਿੰਦਰ ਸਿੰਘ, ਕੁਲਵਿੰਦਰ ਸਿੰਘ ਬਾਗੜੀਆ ਤੋਂ ਇਲਾਵਾ ਪਾਵਰਕਾਮ / ਟ੍ਰਾਂਸਕੋ ਪੈਨਸ਼ਨ ਯੂਨੀਅਨ ਦੇ ਆਗੂ ਨਰਿੰਦਰ ਬੇਦੀ ਅਤੇ ਪਾਵਰਕਾਮ ਪੈਨਸ਼ਨ ਐਸੋਸੀਏਸ਼ਨ ਦੇ ਆਗੂ ਗੁਰਪ੍ਰੀਤ ਸਿੰਘ ਮੰਨਣ ਨੇ ਮੈਨੇਜਮੈਂਟ ਦੇ ਟਾਲ ਮਟੋਲ ਵਾਲੇ ਵਤੀਰੇ 'ਤੇ ਅਫਸੋਸ ਜ਼ਾਹਰ ਕਰਦੇ ਹੋਏ ਕਿਹਾ ਕਿ ਪਾਵਰ ਮੈਨੇਜਮੈਂਟ ਹਰੇਕ ਵਾਰ ਸਮਝੌਤਾ ਕਰਕੇ ਲਾਗੂ ਕਰਨ ਤੋਂ ਸਾਫ ਤੌਰ ਤੇ ਮੁੱਕਰ ਜਾਦੀ ਹੈ। ਜਿਸ ਨਾਲ ਇਸ ਸਨਅਤੀ ਅਦਾਰੇ ਦਾ ਮਾਹੌਲ ਖਰਾਬ ਹੁੰਦਾ ਹੈ ਆਗੂਆਂ ਨੇ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਨੂੰ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ 31 ਅਗਸਤ ਨੂੰ ਹੋਈ ਮੀਟਿੰਗ ਵਿੱਚ ਮੰਨੀਆਂ ਮੰਗਾਂ ਲਾਗੂ ਨਾਂ ਕੀਤੀਆਂ ਤਾਂ 1 ਸਤੰਬਰ ਨੂੰ ਬਿਜਲੀ ਮੰਤਰੀ ਦੀ ਰਹਾਇਸ਼ ਨਿਊ ਅੰਮ੍ਰਿਸਰ ਵਿਖੇ ਸੂਬਾ ਪੱਧਰ ਦਾ ਇਕੱਠ ਕਰਕੇ ਰੋਸ ਧਰਨਾ ਦੇਣ ਉਪਰੰਤ ਨਿਊ ਅੰਮ੍ਰਿਤਸਰ ਵਿੱਚ ਝੰਡਾ ਮਾਰਚ ਕੀਤਾ ਜਾਵੇਗਾ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸੈਕੰਡਰੀ ਪਬਲਿਕ ਸਕੂਲ ਵਿਖੇ ਸਕਾਊਟ ਐਂਡ ਗਾਈਡ ਕੈਂਪ ਦੀ ਸਮਾਪਤੀ



ਝਬਾਲ (ਹਰਜਿੰਦਰ ਸੋਨੀ)-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ 22 ਅਗਸਤ ਨੂੰ ਜ਼ਿਲ੍ਹਾ ਚੀਫ਼ ਕਮਿਸ਼ਨਰ ਕਮ-ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਤਰਨ ਤਾਰਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਡਮ ਕਰਮਜੀਤ ਕੌਰ ਅਤੇ ਬਲਜਿੰਦਰ ਸਿੰਘ ਦੀ ਦੇਖ -ਰੇਖ ਹੇਠ ਸਕਾਊਟ ਐਂਡ ਗਾਈਡ ਤਰਤਿੀਆਂ ਸੋਪਾਨ ਕੈਂਪ ਦੀ ਸਮਾਪਤੀ ਕੀਤੀ ਗਈ ।

ਇਸ ਕੈਂਪ ਵਿੱਚ ਖਾਸ ਤੌਰ 'ਤੇ ਦਿਲਬਾਗ ਸਿੰਘ ਡੀ.ਟੀ .ਸੀ ਸਕਾਊਟ, ਹਰਪਾਲ ਸਿੰਘ ਡੀ .ਓ .ਸੀ ਸਕਾਊਟ, ਗੁਰਪ੍ਰਤਾਪ ਸਿੰਘ ਸੈਕਟਰੀ ਸਕਾਊਟ, ਹਰਅੰਮ੍ਰਿਤਪਾਲ ਸਿੰਘ ਕੋਆਰਡੀਨੇਟਰ ਸਕਾਊਟ ਅਤੇ ਜਸਵਿੰਦਰ ਕੌਰ ਡੀ.ਓ.ਸੀ ਗਾਈਡ ਨੇ ਖਾਸ ਤੌਰ 'ਤੇ ਸ਼ਿਰਕਤ ਕੀਤੀ । ਇਸ ਕੈਂਪ ਵਿੱਚ ਵਿਦਿਆਰਥੀਆਂ ਨੂੰ ਵੱਖ ਵੱਖ ਪਹਾੜੀ ਇਲਾਕਿਆਂ ਬਾਰੇ ਜਾਣਕਾਰੀ ਦਿੰਦਿਆਂ ਪਹਾੜੀ ਇਲਾਕਿਆਂ ਵਿੱਚ ਕੈਂਪ ਲਗਾਉਣ, ਕੁਕਿੰਗ, ਦਿਸ਼ਾ ਸੂਚਕ ਚਿੰਨ੍ਹਾਂ ਸੰਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ ।

ਬੱਚਿਆਂ ਨੂੰ ਸਿਹਤ ਸੰਬੰਧੀ ਰਿਸ਼ਟ-ਪੁਸ਼ਟ ਰੱਖਣ ਲਈ ਵੱਖ-ਵੱਖ ਕਸਰਤਾਂ ਕਰਵਾਈਆਂ ਗਈਆਂ ।ਸਕੂਲ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਕਿਹਾ ਕਿ ਅਜਿਹੇ ਕੈਂਪ ਵੱਧ ਤੋਂ ਵੱਧ ਲਗਾਉਣੇ ਚਾਹੀਦੇ ਹਨ ਤਾਂ ਜੋ ਵਿਦਿਆਰਥੀ ਇਹਨਾਂ ਤੋਂ ਸੇਧ ਲੈ ਕੇ ਆਪਣੇ ਗਿਆਨ ਦਾ ਦਾਇਰਾ ਵਿਸ਼ਾਲ ਕਰ ਸਕਣ ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਚੋਣਾਂ ਲਈ ਵੋਟਾਂ ਬਣਾਉਣ ਲਈ 24 ਤੇ 25 ਨੂੰ ਵਿਸ਼ੇਸ਼ ਕੈਂਪ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਚੋਣਾਂ ਨੂੰ ਲੈ ਕੇ ਵੱਧ ਤੋਂ ਵੱਧ ਵੋਟਰਾਂ ਦੀ ਰਜਿਸਟਰੇਸ਼ਨ ਲਈ ਦਿਨ 24 ਅਗਸਤ ਅਤੇ 25 ਅਗਸਤ ਨੂੰ ਸਵੇਰੇ 9:00 ਵਜੇ ਤੋਂ 4:00 ਵਜੇ ਤੱਕ ਵਿਸ਼ੇਸ਼ ਮੁਹਿੰਮ ਤਹਿਤ ਬਾਕੀ ਰਹਿੰਦੇ ਯੋਗ ਕੇਸਾਧਾਰੀ ਸਿੱਖ ਵੋਟਰਾਂ ਦੀ ਵੱਧ ਤੋਂ ਵੱਧ ਰਜਿਸਟਰੇਸ਼ਨ ਕੀਤੀ ਜਾਵੇਗੀ।ਇਸ ਸਬੰਧੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਬੀ.ਐਲ.ਓ. ਨੂੰ ਹਦਾਇਤ ਕੀਤੀ ਕਿ ਉਹ ਘਰ ਘਰ ਜਾ ਕੇ ਵੋਟਾਂ ਦੀ ਰਜਿਸਟਰੇਸ਼ਨ ਕਰਨ ਤਾਂ ਜੋ ਕੋਈ ਵੋਟਰ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ। ਜ਼ਿਲ੍ਹਾ ਚੋਣ ਅਫ਼ਸਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਲਈ ਵੱਧ ਤੋਂ ਵੱਧ ਵੋਟਾਂ ਬਣਾਉਣ ਵਾਸਤੇ ਜ਼ਿਲ੍ਹੇ ਦੇ ਸਮੂਹ ਰਿਟਰਨਿੰਗ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਜ਼ਿਲ੍ਹੇ ਵਿੱਚ ਪੈਂਦੇ ਸਮੂਹ 11 ਵਿਧਾਨ ਸਭਾ ਚੋਣ ਹਲਕਿਆਂ ਵਿੱਚ ਨਿਯੁਕਤ ਸਮੂਹ ਬੂਥ ਲੈਵਲ ਅਫ਼ਸਰ ਆਪਣੇ-ਆਪਣੇ ਪੋਲਿੰਗ ਹਲਕੇ ਵਿਖੇ 24 ਅਗਸਤ ਅਤੇ 25 ਅਗਸਤ ਨੂੰ ਸਵੇਰੇ 9:00 ਵਜੇ ਤੋਂ 4:00 ਵਜੇ ਤੱਕ ਘਰ-ਘਰ ਜਾ ਕੇ ਵੋਟਾਂ ਬਣਾਉਣ। ਉਨ੍ਹਾਂ ਕਿਹਾ ਕਿ ਕੇਸਾਧਾਰੀ ਸਿੱਖ ਵੋਟਰਾਂ ਦੀ ਵੱਧ ਤੋਂ ਵੱਧ ਰਜਿਸਟਰੇਸ਼ਨ ਕੀਤੀ ਜਾਵੇ। ਇਸ ਮੰਤਵ ਲਈ 21.10.2023 ਨੂੰ 21 ਸਾਲ ਦੀ ਉਮਰ ਪੂਰੀ ਕਰ ਚੁੱਕੇ ਕੇਸਾਧਾਰੀ ਸਿੱਖ ਬਿਨੈਕਾਰ ਯੋਗ ਸਮਝੇ ਜਾਣਗੇ। ਥੋਰੀ ਨੇ ਕਿਹਾ ਕਿ ਸਮੂਹ ਬੂਥ ਲੈਵਲ ਅਫ਼ਸਰ ਸਪੈਸ਼ਲ ਕੈਂਪ ਦੀ ਮਿਤੀ ਅਤੇ ਸਮੇਂ ਅਨੁਸਾਰ ਆਪਣੇ ਪੋਲਿੰਗ ਸਟੇਸ਼ਨ ਵਿਖੇ ਹਾਜ਼ਰ ਰਹਿਣਗੇ ਅਤੇ ਪ੍ਰਾਪਤ ਹੋ ਰਹੇ ਫਾਰਮ (ਕੇਸਾਧਾਰੀ ਸਿੱਖ ਲਈ) (ਨਿਯਮ 3(1)) ਦੀ ਨਾਲ ਦੀ ਨਾਲ ਵੈਰੀਫਿਕੇਸ਼ਨ ਕਰਨਗੇ। ਅਜਿਹੇ ਹਰ ਇੱਕ ਫਾਰਮ ਉੱਪਰ ਬਿਨੈਕਾਰ ਦੀ ਤਾਜ਼ਾ ਰੰਗਦਾਰ ਫੋਟੋ (ਸੈਲਫ ਅਟੈਸਟਡ) ਚਸਪਾ ਕੀਤੀ ਜਾਵੇਗੀ ਅਤੇ ਬਿਨੈਕਾਰ ਦੇ ਸ਼ਨਾਖਤੀ ਦਸਤਾਵੇਜ਼ ਦੀ ਕਾਪੀ ਨਾਲ ਅਟੈਚ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਸਮੂਹ ਬੂਥ ਲੈਵਲ ਅਫ਼ਸਰ ਘਰ ਘਰ ਜਾ ਕੇ ਵੀ ਸਪੈਸ਼ਲ ਕੰਪੇਨ ਤਹਿਤ ਰਹਿੰਦੇ ਅਲੀਜੀਬਲ ਕੇਸਾਧਾਰੀ ਸਿੱਖ ਵੋਟਰਾਂ ਦੀ ਰਜਿਸਟਰੇਸ਼ਨ ਨੂੰ ਯਕੀਨੀ ਬਣਾਉਣਗੇ।ਬੂਥ ਲੈਵਲ ਅਫ਼ਸਰ ਦੁਆਰਾ ਫਾਰਮ ਵੈਰੀਫਾਈ ਕਰਨ ਹਿੱਤ ਬਿਨੈਕਾਰ ਦਾ ਨਾਮ ਵਿਧਾਨ ਸਭਾ ਵੋਟਰ ਸੂਚੀ ਵਿੱਚੋਂ ਟਰੇਸ ਕਰਕੇ ਸਬੰਧਤ ਬਿਨੈਕਾਰ ਦਾ ਮਕਾਨ ਨੰਬਰ ਅਤੇ ਵੋਟਰ ਕਾਰਡ ਨੰਬਰ ਬੀ.ਐਲ.ਓ. ਦੁਆਰਾ ਫਾਰਮ ਉੱਪਰ ਆਪਣੀ ਵੈਰੀਫਿਕੇਸ਼ਨ ਰਿਪੋਰਟ ਵਿੱਚ ਲਿਖਿਆ ਜਾਵੇ। ਜਿਨ੍ਹਾਂ ਵੋਟਰਾਂ ਦੇ ਨਾਮ ਵਿਧਾਨ ਸਭਾ ਸੂਚੀ ਵਿੱਚ ਪਹਿਲਾਂ ਤੋਂ ਦਰਜ ਹਨ ਉਨ੍ਹਾਂ ਦੀ ਘਰ ਘਰ ਜਾ ਕੇ ਵੈਰੀਫਿਕੇਸ਼ਨ ਕਰਨ ਦੀ ਲੋੜ ਨਹੀਂ। ਜਿਨ੍ਹਾਂ ਬਿਨੈਕਾਰਾਂ ਦਾ ਨਾਮ ਵਿਧਾਨ ਸਭਾ ਸੂਚੀ ਵਿੱਚ ਵੀ ਦਰਜ ਨਹੀਂ, ਉਨ੍ਹਾਂ ਦੇ ਗੁਰਦੁਆਰਾ ਵੋਟਰ ਸੂਚੀ ਵਾਲੇ ਫਾਰਮ ਦੇ ਨਾਲ ਨਾਲ ਵਿਧਾਨ ਸਭਾ ਵੋਟਰ ਸੂਚੀ ਵਿੱਚ ਨਾਮ ਦਰਜ ਕਰਨ ਲਈ ਫਾਰਮ ਨੰ. 6 ਵੀ ਭਰਵਾ ਲਏ ਜਾਣ। ਇਸ ਤਰ੍ਹਾਂ ਜਦੋਂ ਆਪ ਫਾਰਮ ਨੰ. 6 ਦੀ ਵੈਰੀਫਿਕੇਸ਼ਨ ਕਰੋਗੇ ਤਾਂ ਗੁਰਦੁਆਰਾ ਵੋਟਰ ਸੂਚੀ ਫਾਰਮ ਵੀ ਵੈਰੀਫਾਈ ਹੋ ਜਾਵੇਗਾ।

ਉਨਾਂ ਦੱਸਿਆ ਕਿ ਸਪੈਸ਼ਲ ਕੈਂਪ ਵਾਲੇ ਦਿਨ ਅਤੇ ਉਸ ਤੋਂ ਬਾਅਦ ਹਰ ਦਿਨ (ਰੋਜ਼ਾਨਾ ਪੱਧਰ ਤੇ) ਹਰ ਇੱਕ ਪਟਵਾਰੀ ਆਪਣੇ ਅਧੀਨ ਰੈਵੀਨਿਊ ਖੇਤਰ ਵਿੱਚ ਪੈਂਦੇ ਸਮੂਹ ਵਿਧਾਨ ਸਭਾ ਪੋਲਿੰਗ ਸਟੇਸ਼ਨਾਂ ਦੇ ਹਰ ਇੱਕ ਬੂਥ ਲੈਵਲ ਅਫ਼ਸਰ ਨਾਲ ਰੋਜ਼ਾਨਾ ਰਾਬਤਾ ਕਰੇਗਾ ਅਤੇ ਬੂਥ ਲੈਵਲ ਅਫ਼ਸਰ ਪਾਸ ਜਾ ਕੇ ਪ੍ਰਾਪਤ ਹੋਏ ਫਾਰਮ ਕੁਲੈਕਟ ਕਰੇਗਾ ਅਤੇ ਆਪਣਾ ਪਿੰਡ-ਵਾਈਜ਼ ਰਜਿਸਟਰ ਮੇਨਟੇਨ ਕਰੇਗਾ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸ਼ਹਿਰੀ ਵਿਧਾਨ ਸਭਾ ਚੋਣ ਹਲਕਿਆਂ ਦੇ ਬੂਥ ਲੈਵਲ ਅਫ਼ਸਰਾਂ ਪਾਸ ਪ੍ਰਾਪਤ ਹੋਏ ਫਾਰਮ ਨਿਯਮ 3(1) ਵੈਰੀਫਿਕੇਸ਼ਨ ਉਪਰੰਤ ਸਬੰਧਤ ਸੈਕਟਰ ਅਫ਼ਸਰ ਰਾਹੀਂ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਪਾਸ ਇਕੱਤਰ ਕੀਤੇ ਜਾਣਗੇ, ਜਿੱਥੇ ਕਿ ਚੋਣ ਕਾਨੂੰਗੋ ਅਤੇ ਇਲੈਕਸ਼ਨ ਸੈਲ ਸਟਾਫ ਦੁਆਰਾ ਇਨ੍ਹਾਂ ਫਾਰਮਾਂ ਦੀ ਬੋਰਡ ਚੋਣ ਹਲਕੇ ਵਾਈਜ਼ ਵੰਡ ਕਰਕੇ ਸਬੰਧਤ ਰਿਵਾਈਜਿੰਗ ਅਥਾਰਟੀਜ਼ ਨੂੰ ਇਸ ਦਫ਼ਤਰ ਦੀ ਸੂਚਨਾ ਹੇਠ ਭੇਜੇ ਜਾਣਗੇ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ 'ਚ ਨੈਤਿਕ ਸਿੱਖਿਆ ਦੀ ਪ੍ਰੀਖਿਆ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਨੈਤਿਕ ਸਿੱਖਿਆ ਦੀ ਪ੍ਰੀਖਿਆ ਕਰਵਾਈ ਗਈ। ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਵਲੋਂ ਹਰ ਸਾਲ ਦੀ ਤਰ੍ਹਾਂ ਲਈ ਗਈ ਇਸ ਨੈਤਿਕ ਪ੍ਰੀਖਿਆ ਵਿੱਚ ਜਮਾਤ ਪਹਿਲੀ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਪ੍ਰੀਖਿਆ ਦੌਰਾਨ ਸਟੱਡੀ ਸਰਕਲ ਵਲੋਂ ਬਤੌਰ ਨਿਗਰਾਨ ਅਧਿਕਾਰੀ ਅਧਿਆਪਕ ਲਖਬੀਰ ਸਿੰਘ ਅਤੇ ਲਖਵਿੰਦਰ ਕੌਰ ਦੇ ਨਾਲ ਸਕੂਲ ਅਧਿਆਪਕਾ ਹਰਦੀਪ ਕੌਰ ਅਤੇ ਗੁਰਮਨਪ੍ਰੀਤ ਕੌਰ ਨੇ ਪ੍ਰੀਖਿਅਕ ਨਿਗਰਾਨ ਦੀ ਸੇਵਾ ਨਿਭਾਈ। ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਇਸ ਧਾਰਮਿਕ/ਨੈਤਿਕ ਪ੍ਰੀਖਿਆ ਵਿੱਚ ਹਰ ਸਾਲ ਸਕੂਲ ਦੇ ਵੱਧ ਤੋਂ ਵੱਧ ਵਿਦਿਆਰਥੀ ਭਾਗ ਲੈਂਦੇ ਹਨ ਅਤੇ ਵਧੀਆ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੋਸ਼ਨ ਕਰਦੇ ਹਨ। ਉਹਨਾਂ ਕਿਹਾ ਕਿ ਧਾਰਮਿਕ ਪ੍ਰੀਖਿਆਵਾਂ ਵਿਦਿਆਰਥੀਆਂ ਵਿੱਚ ਨੈਤਿਕ ਸਿੱਖਿਆ ਨੂੰ ਪ੍ਰਫੁੱਲਤ ਕਰਦੀਆਂ ਹਨ ਅਤੇ ਇਤਿਹਾਸ ਬਾਰੇ ਜਾਣੂ ਕਰਵਾਉਂਦੀਆਂ ਹਨ। ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਜਿਹੀਆਂ ਪ੍ਰੀਖਿਆਵਾਂ ਨੂੰ ਸਕੂਲ ਦੇ ਪਾਠਕਰਮ ਵਿੱਚ ਸ਼ਾਮਿਲ ਕਰਨਾ ਬਹੁਤ ਜ਼ਰੂਰੀ ਹੈ।

# ਦਾਣਾ ਮੰਡੀ ਵਿਖੇ ਸੀ ਪੀ ਐੱਮ ਐੱਲ ਲਿਬਰੇਸ਼ਨ ਦੀ ਰਾਜਨੀਤਕ ਕਾਨਫਰੰਸ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਅੱਜ ਇੱਥੇ ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿਖੇ ਸੀ ਪੀ ਐਮ ਐਲ ਲਿਬਰੇਸ਼ਨ ਨੇ ਰਾਜਨੀਤਕ ਕਾਨਫਰੰਸ ਕੀਤੀ, ਜਿਸ ਦੀ ਪ੍ਰਧਾਨਗੀ ਗੁਰਦੇਵ ਸਿੰਘ ਰਾਮਦਵਾਲੀ, ਸੁਰਜੀਤ ਸਿੰਘ ਬਾਜਵਾ, ਰਾਜਵੰਤ ਕੌਰ ਬਦੋਵਾਲ, ਹਰਪ੍ਰੀਤ ਸਿੰਘ ਹੈਪੀ ਖੰਨਾਚੱਮਾਰਾ ਅਤੇ ਮੋਨਕਾ ਕੌਰ ਨੇ ਸਾਂਝੇ ਤੌਰ 'ਤੇ ਕੀਤੀ।ਇਸ ਸਮੇਂ ਬੋਲਦਿਆਂ ਪਾਰਟੀ ਆਗੂ ਦਲਬੀਰ ਭੋਲਾ ਮਲਕਵਾਲ, ਵਿਜੇ ਸੋਹਲ, ਗੁਲਜ਼ਾਰ ਸਿੰਘ ਭੁੰਬਲੀ, ਅਸ਼ਵਨੀ ਕੁਮਾਰ ਲੱਖਣ ਕਲਾਂ, ਸੁਖਦੇਵ ਸਿੰਘ ਭਾਗੋਕਾਵਾਂ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੇ ਮਜ਼ਦੂਰਾਂ ਕਿਸਾਨਾਂ ਅਤੇ ਆਮ ਮਿਹਨਤਕਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ 17 ਨੁਕਾਤੀ ਪ੍ਰੋਗਰਾਮ ਤੈਅ ਕੀਤਾ ਹੈ, ਜਿਸ ਪ੍ਰੋਗਰਾਮ ਆਧਾਰਤ ਪੰਜਾਬ ਦੀ ਜਨਤਾ ਨੂੰ ਸਿਆਸੀ ਤੌਰ 'ਤੇ ਜਾਗਰੂਕ ਕੀਤਾ ਜਾਏਗਾ ਅਤੇ ਸੰਘਰਸ਼ ਲਈ ਲਾਮਬੰਦ ਕੀਤਾ ਜਾਵੇਗਾ।

ਇਸ ਪ੍ਰੋਗਰਾਮ ਵਿੱਚ ਰੋਟੀ, ਕੱਪੜਾ, ਮਕਾਨ, ਸਿਹਤ ਅਤੇ ਸਿੱਖਿਆ ਸਹੂਲਤਾਂ ਦਾ ਮਿਆਰੀ ਪ੍ਰਬੰਧ ਕਰਨ ਲਈ ਲਿਬਰੇਸ਼ਨ ਸੰਘਰਸ਼ ਕਰੇਗੀ। ਮਜ਼ਦੂਰਾਂ ਨੂੰ 200 ਦਿਨ ਮਨਰੇਗਾ ਦਾ ਰੁਜ਼ਗਾਰ ਦੇਣ, ਦਿਹਾੜੀ 700 ਰੁਪਏ ਕਰਨ ਸਮੇਤ 10-10 ਮਰਲੇ ਦੇ ਪਲਾਟ ਅਤੇ ਲਾਲ ਲਕੀਰ ਦੇ ਅੰਦਰ ਪੈਂਦੇ ਘਰਾਂ ਦਾ ਮਾਲ ਮਹਿਕਮੇ ਵਿੱਚ ਇੰਦਰਾਜ ਕਰਾਉਣ ਲਈ ਲੜਿਆ ਜਾਵੇਗਾ। ਕਿਸਾਨਾਂ ਦੀਆਂ ਜਿਨਸਾਂ ਦੇ ਘੱਟੋ ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਜਾਮਾ ਪਹਿਨਾਉਣ, ਰੁਜ਼ਗਾਰ ਨੂੰ ਮੂਲ ਅਧਿਕਾਰਾਂ ਵਿੱਚ ਸ਼ਾਮਿਲ ਕਰਨ, ਹਰ ਕਿਰਤੀ ਅਤੇ ਕਿਸਾਨ ਪਰਵਾਰ ਨੂੰ 10 ਹਜ਼ਾਰ ਰੁਪਏ ਸਹਾਇਤਾ ਦੇਣ, ਵਾਹਗਾ ਤੇ ਹੁਸੈਨੀਵਾਲਾ ਬਾਰਡਰ ਰਾਹੀਂ ਵਪਾਰ ਖੋਲ੍ਹਣ ਅਤੇ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਪਾਸਪੋਰਟ ਦੀ ਸ਼ਰਤ ਹਟਾ ਕੇ ਆਧਾਰ ਕਾਰਡ ਆਧਾਰਤ ਸ਼ਰਤ ਰੱਖਣ, ਪਾਕਿਸਤਾਨ ਸਰਕਾਰ ਵੱਲੋਂ 20 ਡਾਲਰ ਫੀਸ ਲੈਣ ਦਾ ਵਿਰੋਧ ਕਰਨ, ਹਰ ਹਰ ਤਰ੍ਹਾਂ ਦਾ ਭ੍ਰਿਸ਼ਟਾਚਾਰ ਖਾਸ ਕਰ ਰਾਜਨੀਤਿਕ ਭ੍ਰਿਸ਼ਟਾਚਾਰ ਰੋਕਣ, ਜ਼ਮੀਨ ਸੁਧਾਰ ਕਰਨ ਅਤੇ ਸਰਕਾਰੀ ਜ਼ਮੀਨਾਂ 'ਤੇ ਨਜਾਇਜ਼ ਕਬਜ਼ੇ ਛਡਾਉਣ, ਫੌਜ ਦੀ ਅਗਨੀਪੱਥ ਯੋਜਨਾ ਵਾਪਸ ਕਰਨ ਅਤੇ ਦੁਬਾਰਾ ਪਹਿਲਾਂ ਦੀ ਤਰ੍ਹਾਂ ਫੌਜੀ ਭਰਤੀ ਕਰਨ ਅਤੇ ਹਰ ਪੱਧਰ ਦੇ ਕੱਚੇ ਵਰਕਰਾਂ ਨੂੰ ਪੱਕੇ ਕਰਨ ਵਰਗੇ ਮੁੱਦਿਆਂ ਤੇ ਲਿਬਰੇਸ਼ਨ ਲਗਾਤਾਰ ਸੰਘਰਸ਼ ਕਰੇਗੀ।

ਕਾਨਫਰੰਸ ਵਿੱਚ ਗੁਰਦੀਪ ਸਿੰਘ ਕਾਹਲੋਂ, ਜਰਨੈਲ ਸਿੰਘ ਸਪਰਾ ਕੋਠੀ, ਕੁਲਵੰਤ ਸਿੰਘ ਰਾਮਦਵਾਲੀ ਬੀਰ ਸਿੰਘ ਸਜਾਦਾ, ਬਚਨ ਸਿੰਘ ਤੇਜਾ ਅਤੇ ਹੋਰ ਦਰਜਨਾਂ ਪਾਰਟੀ ਸਾਥੀ ਸ਼ਾਮਿਲ ਸਨ।

# ਕਿਸਾਨ ਆਗੂ ਸਰਬਜੀਤ ਸਿੰਘ ਦੀ ਮਾਤਾ ਦਾ ਦੇਹਾਂਤ, ਜਥੇਬੰਦੀ ਦੇ ਆਗੂਆਂ ਨੇ ਕੀਤਾ ਦੁੱਖ ਸਾਂਝਾ



ਝਬਾਲ (ਹਰਜਿੰਦਰ ਸਿੰਘ ਸੋਨੀ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਦੀਪ ਸਿੰਘ ਜੀ ਦੇ ਪਿੰਡ ਪੰਡੋਰੀ ਹੱਸਣ ਇਕਾਈ ਦੇ ਪੁਰਾਣੇ ਆਗੂ ਸਰਬਜੀਤ ਸਿੰਘ ਪੰਡੋਰੀ ਹੱਸਣ ਦੇ ਸਤਿਕਾਰਯੋਗ ਮਾਤਾ ਬੀਬੀ ਜਸਬੀਰ ਕੌਰ ਪਤਨੀ ਸੁਰਜੀਤ ਸਿੰਘ ਦੀ ਅਚਨਚੇਤ ਮੌਤ ਹੋ ਗਈ। ਉਹਨਾਂ ਦੇ ਜੱਦੀ ਪਿੰਡ ਪੰਡੋਰੀ ਹੱਸਣ ਵਿੱਚ ਅੱਜ ਸੰਸਕਾਰ ਕਰ ਦਿੱਤਾ ਗਿਆ। ਮਾਤਾ ਸੁਰਜੀਤ ਕੌਰ ਪੰਡੋਰੀ ਹੱਸਣ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨਾਲ ਕਾਫੀ ਲੰਮੇ ਅਰਸੇ ਤੋਂ ਜੁੜੇ ਹੋਏ ਸਨ ਤੇ ਹਰ ਸੰਘਰਸ਼ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਦੇ ਸਨ।ਪਰਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ ਨੇ ਕਿਹਾ ਕਿ ਸਰਬਜੀਤ ਸਿੰਘ ਪੰਡੋਰੀ ਹੱਸਣ ਦਾ ਤੇ ਉਹਨਾਂ ਦੇ ਪਰਵਾਰ ਦਾ ਜਥੇਬੰਦੀ ਵਿੱਚ ਅਹਿਮ ਯੋਗਦਾਨ ਹੈ, ਉਹਨਾਂ ਦੇ ਯੋਗਦਾਨ ਨੂੰ ਕਦੇ ਅਣਦੇਖਾ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਕਿਸਾਨ ਆਗੂਆਂ ਵੱਲੋਂ ਬੀਬੀ ਜਸਬੀਰ ਕੌਰ ਪੰਡੋਰੀ ਹੱਸਣ ਦੇ ਪਾਰਥਿਵ ਸਰੀਰ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਟੀਮ ਨੇ ਕਿਸਾਨੀ ਝੰਡਾ ਪਾ ਕੇ ਸ਼ਰਧਾਂਜਲੀ ਦਿੱਤੀ ਅਤੇ ਪਰਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।

# ਸਕੂਲ ਵਿਦਿਆਰਥਣਾਂ ਨੇ ਕੁਸ਼ਤੀ ਮੁਕਾਬਲੇ 'ਚ 8 ਤਗਮੇ ਜਿੱਤੇ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁੰਬਲੀ ਦੀਆਂ ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਵਿੱਚ ਕੁਸ਼ਤੀਆਂ ਦੇ ਵੱਖ ਵੱਖ ਵਰਗ ਮੁਕਾਬਲਿਆਂ ਵਿੱਚੋਂ 3 ਸੋਨ ਤਗਮੇ, 4 ਚਾਂਦੀ ਦੇ ਅਤੇ ਇਕ ਕਾਂਸੇ ਤਗਮਾ (ਕੁੱਲ 8 ਤਗਮੇ ) ਜਿੱਤ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ ਹੈ। ਸਕੂਲ ਦੀਆਂ ਸੋਨ ਤਗਮੇ ਜੇਤੂ ਤਿੰਨ ਖਿਡਾਰਨਾਂ ਮਹਿਕਪ੍ਰੀਤ ਕੌਰ, ਹਰਮਨਪ੍ਰੀਤ ਕੌਰ ਅਤੇ ਹਰਮਨਦੀਪ ਕੌਰ ਦੀ ਚੋਣ ਸੂਬਾ ਪੱਧਰੀ ਕੁਸ਼ਤੀ ਮਕਾਬਲੇ ਲਈ ਹੋਈ ਹੈ। ਸਕੂਲ ਪ੍ਰਿੰਸੀਪਲ ਜਤਿੰਦਰ ਕੌਰ ਨੇ ਦੱਸਿਆ ਕਿ ਸਿੱਖਿਆ ਵਿਭਾਗ ਵਲੋਂ ਐਸ ਐਸ ਐਮ ਕਾਲਜ ਦੀਨਾਨਗਰ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਕੁਸ਼ਤੀ ਮੁਕਾਬਲਿਆਂ ਵਿੱਚ ਸਰਕਾਰੀ ਸ ਸ ਸਕੂਲ ਭੁੰਬਲੀ ਦੀਆਂ ਵਿਦਿਆਰਥਣਾਂ ਨੇ ਡੀ.ਪੀ.ਈ ਕਵਲਪ੍ਰੀਤ ਸਿੰਘ ਦੀ ਅਗਵਾਈ ਹੇਠ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ 17 (49 ਕਿਲੋ ਭਾਰ ਵਰਗ) ਵਿੱਚ ਮਹਿਕਪ੍ਰੀਤ ਕੌਰ, ਹਰਮਨਦੀਪ ਕੌਰ (53 ਕਿਲੋ) ਅਤੇ ਹਰਮਨਪ੍ਰੀਤ ਕੌਰ (61 ਕਿਲੋ) ਵਿੱਚ ਸੋਨ ਤਗਮੇ ਜਿੱਤੇ ਹਨ, ਜਦਕਿ ਰਮਨਦੀਪ ਕੌਰ (40 ਕਿਲੋ), ਹਰਮਨਦੀਪ ਕੌਰ (43 ਕਿਲੋ), ਰਾਜਵਿੰਦਰ ਕੌਰ (46 ਕਿਲੋ) ਨੇ ਚਾਂਦੀ ਦੇ ਤਗਮੇ ਅਤੇ ਅੰਡਰ 14 ਵਿੱਚ ਨੰਦਨੀ (39 ਕਿਲੋ ਭਾਰ ਵਰਗ) ਵਿੱਚ ਚਾਂਦੀ ਦਾ ਤਗਮਾ ਅਤੇ ਸੁਖਮਨ ਨੇ ਕਾਂਸੇ ਦਾ ਤਗਮਾ ਜਿੱਤਿਆ ਹੈ। ਜੇਤੂ ਖਿਡਾਰਨਾਂ ਦਾ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਜਤਿੰਦਰ ਕੌਰ ਦੀ ਅਗਵਾਈ ਹੇਠ ਸਮੂਹ ਸਟਾਫ ਅਤੇ ਵਿਦਿਆਰਥੀਆਂ ਵਲੋਂ ਭਰਵਾਂ ਸੁਆਗਤ ਕਰਦਿਆਂ ਹੌਸਲਾ ਅਫਜ਼ਾਈ ਕੀਤੀ।

ਇਸ ਮੌਕੇ ਡੀ ਪੀ ਈ ਕਵਲਪ੍ਰੀਤ ਸਿੰਘ, ਸੁਰੇਸ਼ ਪਾਲ, ਅਸ਼ੋਕ ਕੁਮਾਰ, ਅਮਰੀਕ ਸਿੰਘ, ਜਤਿੰਦਰ ਸਿੰਘ, ਕੁਲਵਿੰਦਰ ਸਿੰਘ, ਕੈਂਪਸ ਮੈਨੇਜਰ ਕੁਲਵਿੰਦਰ ਸਿੰਘ, ਕਵਲਜੀਤ ਕੌਰ, ਬਲਜੀਤ ਕੌਰ, ਰਾਜਵਿੰਦਰ ਕੌਰ, ਕੁਸ਼ਲਪ੍ਰੀਤ ਕੌਰ, ਜਸਪਾਲ ਕੌਰ, ਕੁਲਵਿੰਦਰ ਕੌਰ, ਕੁਲਦੀਪ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਸਾਬਕਾ ਮੁਲਾਜ਼ਮ ਆਗੂ ਸਾਥੀ ਦੌਲਤ ਸਿੰਘ ਨਹੀਂ ਰਹੇ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਆਰ ਐਮ ਪੀ ਆਈ, ਪੈਨਸ਼ਨਰ ਵੈਲਫੇਅਰ ਅਸੋਸੀਏਸ਼ਨ ਗੁਰਦਾਸਪੁਰ ਦੇ ਆਗੂ ਸਾਥੀ ਦੌਲਤ ਸਿੰਘ ਦਾ ਸੰਖੇਪ ਕਾਰਨ ਕਾਰਨ ਦੇਹਾਂਤ ਹੋ ਗਿਆ। ਉਹ ਪੈਨਸ਼ਨਰ ਵੈਲਫੇਅਰ ਅਸੋਸੀਏਸ਼ਨ ਗੁਰਦਾਸਪੁਰ ਦੇ ਕੈਸ਼ੀਅਰ ਸਨ ਅਤੇ ਉਹ ਲਗਾਤਾਰ ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ ਵਿੱਚ ਰਹਿ ਕੇ ਮੁਲਾਜਮਾਂ ਦੀ ਅਗਵਾਈ ਕਰਦੇ ਰਹੇ ਸਨ। ਅੱਜ ਉਹਨਾਂ ਦੇ ਮ੍ਰਿਤਕ ਸਰੀਰ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਉਹ ਆਪਣੇ ਪਿੱਛੇ ਇੱਕ ਬੇਟਾ ਸੁਖਵਿੰਦਰ ਸਿੰਘ ਦੋ ਬੇਟੀਆਂ ਨਵਜੋਤ ਅਤੇ ਅਮਨਜੋਤ ਛੱਡ ਗਏ ਹਨ। ਉਹ ਆਰ ਐਮ ਪੀ ਆਈ ਜ਼ਿਲ੍ਹਾ ਗੁਰਦਾਸਪੁਰ ਦੇ ਉੱਘੇ ਆਗੂ ਸਨ। ਕਾਮਰੇਡ ਦੌਲਤ ਸਿੰਘ ਦੀ ਅੰਤਮ ਵਿਦਾਇਗੀ ਮੌਕੇ ਸਾਥੀ ਰਘਬੀਰ ਸਿੰਘ ਪਕੀਵਾਂ, ਮੱਖਣ ਸਿੰਘ ਕੁਹਾੜ, ਸਾਥੀ ਸ਼ਿਵ ਕੁਮਾਰ, ਧਿਆਨ ਸਿੰਘ ਠਾਕੁਰ, ਅਵਿਨਾਸ ਸਿੰਘ,ਸਾਥੀ ਕਪੂਰ ਸਿੰਘ ਘੁੰਮਣ, ਸੋਹਣ ਸਿੰਘ, ਗੁਰਦਿਆਲ ਸਿੰਘ ਸੋਹਲ, ਸਾਥੀ ਮੰਗਤ ਚੰਚਲ, ਅਮਰਜੀਤ ਸਿੰਘ ਸੈਣੀ ਸੰਤ ਨਗਰ, ਅਜੀਤ ਸਿੰਘ ਹੁੰਦਲ, ਗੁਰਮੀਤ ਸਿੰਘ ਠਾਣੇਵਾਲ, ਸੁਭਾਸ਼ ਦੀਵਾਨਾ, ਤਰਸੇਮ ਸਿੰਘ ਭੰਗੂ, ਪਰਮਿੰਦਰ ਸਿੰਘ ਰੰਧਾਵਾ, ਰਮੇਸ ਕੁਮਾਰ ਬੈਂਕਾ, ਕੁਲਵੰਤ ਸਿੰਘ ਮੀਆਂ ਕੋਟ, ਹਰਭਜਨ ਸਿੰਘ ਦੋਸਤਪੁਰ, ਦਰਸਨ ਪਾਲ, ਸਵਿੰਦਰ ਸਿੰਘ ਕਲਸੀ, ਸਿੰਦਰ ਪਾਲ ਸ਼ਰਮਾ, ਪੈਨਸਨਰ ਆਗੂ ਸਰੇਸ਼ ਸ਼ਰਮਾ ਸਮੇਤ ਜਥੇਬੰਦੀਆਂ ਦੇ ਹੋਰ ਅਨੇਕਾਂ ਸਾਥੀ ਹਾਜਰ ਸਨ। ਇਸ ਮੌਕੇ ਆਗੂਆਂ ਨੇ ਪਰਿਵਾਰਕ ਨਾਲ ਗਹਿਰਾ ਦੁੱਖ ਪ੍ਰਗਟ ਕਰਦਿਆਂ ਕਿਹਾ ਸਾਥੀ ਦੌਲਤ ਸਿੰਘ ਦੇ ਅਚਾਨਕ ਸਦੀਵੀਂ ਵਿਛੋੜਾ ਦੇ ਜਾਣ ਨਾਲ ਜਿਥੇ ਪਰਿਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉਥੇ ਪਾਰਟੀ ਅਤੇ ਜਨਤਕ ਜਥੇਬੰਦੀਆਂ ਨੂੰ ਵੀ ਬਹੁਤ ਵੱਡਾ ਘਾਟਾ ਪਿਆ ਹੈ। ਇਸ ਮੌਕੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਕਾਮਰੇਡ ਦੌਲਤ ਸਿੰਘ ਦਾ ਭੋਗ ਅਤੇ ਅੰਤਿਮ ਅਰਦਾਸ 31 ਅਗਸਤ ਨੂੰ ਉਨ੍ਹਾ ਦੇ ਗ੍ਰਹਿ ਗੁਰਦਾਸਪੁਰ ਵਿਖੇ ਹੋਵੇਗੀ।

# ਮੰਦਰ ਠਾਕੁਰ ਦੁਆਰਾ 'ਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ 26 ਨੂੰ ਮਨਾਈ ਜਾਵੇਗੀ



ਝਬਾਲ (ਮੱਖਣ ਮਨੋਜ)-ਮੰਦਰ ਠਾਕਰ ਦੁਆਰਾ ਕਿਲਾ ਗੁਲਾਬ ਸਿੰਘ ਪਿੰਡ ਝਬਾਲ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ 26 ਅਗਸਤ ਨੂੰ ਮਨਾਈ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੰਦਰ ਠਾਕੁਰ ਦੁਆਰਾ ਕਿਲਾ ਗੁਲਾਬ ਸਿੰਘ ਪਿੰਡ ਝਬਾਲ ਦੇ ਪ੍ਰਧਾਨ ਰਮਨ ਕੁਮਾਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਸਾਧ ਸੰਗਤ ਜੀਓ ਦੇ ਸਹਿਯੋਗ ਸਦਕਾ 26 ਅਗਸਤ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਇਸ ਮੌਕੇ ਮੰਦਰ ਠਾਕੁਰ ਦੁਆਰਾ ਕਿਲਾ ਗੁਲਾਬ ਸਿੰਘ ਪ੍ਰਬੰਧਕ ਕਮੇਟੀ ਦੇ ਕੈਸ਼ੀਅਰ ਰਮੇਸ਼ ਸੂਦ, ਮੈਂਬਰ ਮਨੀਸ਼ ਕੁਮਾਰ, ਮੈਂਬਰ ਮਦਨ ਲਾਲ, ਮੀਤ ਪ੍ਰਧਾਨ ਰਾਜ ਕੁਮਾਰ ਸ਼ਰਮਾ, ਮੈਂਬਰ ਰਾਜੀਵ ਸੂਦ, ਮੈਂਬਰ ਸੰਜੀਵ ਕੁਮਾਰ, ਮੈਂਬਰ ਅਸ਼ੋਕ ਕੁਮਾਰ, ਮੈਂਬਰ ਚੰਦਰ ਪ੍ਰਕਾਸ਼, ਮੈਂਬਰ ਬਲਵਿੰਦਰ ਕੁਮਾਰ, ਮੈਂਬਰ ਕੋਮਲ ਕੁਮਾਰ, ਮੈਂਬਰ ਦਰਸ਼ਨ ਲਾਲ, ਮੈਂਬਰ ਸੁਭਾਸ਼ ਚੰਦਰ, ਮੈਂਬਰ ਤਾਰਾ ਚੰਦ ਆਦਿ ਹਾਜ਼ਰ ਸਨ।

# ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ ਬਰਸੀ ਮਨਾਈ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸ੍ਰੀ ਮਾਨ ਸੰਤ ਬਾਬਾ ਜਵਾਲਾ ਸਿੰਘ ਹਰਖੋਵਾਲ ਵਾਲੇ ਮਹਾਪੁਰਖਾਂ ਤੋਂ ਵਰਸਾਏ ਹੋਏ ਸੇਵਾ ਦੇ ਮਹਾਨ ਪੁੰਜ ਮਹਾਨ ਤਪੱਸਵੀ ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲੇ ਦੀ ਵਾਲਿਆਂ ਦੀ 43ਵੀਂ ਬਰਸੀ ਗੁਰਦੁਆਰਾ ਹੋਲਗੜ੍ਹ ਸਾਹਿਬ ਖਜਾਲਾ ਮਹਿਤਾ ਰੋਡ ਵਿਖੇ ਬਾਬਾ ਗੁਰਭੇਜ ਸਿੰਘ ਖੁਜਾਲੇ ਵਾਲਿਆਂ ਦੀ ਅਗਵਾਈ ਹੇਠ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਜਾਏ ਗਏ ਧਾਰਮਿਕ ਦੀਵਾਨਾਂ ਵਿੱਚ ਉੱਚ ਕੋਟੀ ਦੇ ਰਾਗੀ ਢਾਡੀ ਅਤੇ ਕਵੀਸ਼ਰ ਜਥਿਆ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਅਤੇ ਸੰਤ ਬਾਬਾ ਗੁਰਬਚਨ ਸਿੰਘ ਦੇ ਜੀਵਨ ਬਾਰੇ ਸੰਗਤਾਂ ਨੂੰ ਵਿਸਥਾਰ ਨਾਲ ਦੱਸਦੇ ਹੋਏ ਸੰਤਾਂ ਵੱਲੋਂ ਦੱਸੇ ਹੋਏ ਰਸਤੇ ਤੇ ਚੱਲ ਕੇ ਗੁਰਬਾਣੀ ਪੜ੍ਹਨ, ਦਸਾਂ ਨੌਹਾਂ ਦੀ ਕਿਰਤ ਕਰਨ ਦਾ ਸੰਗਤਾਂ ਨੂੰ ਸੁਨੇਹਾ ਦਿੱਤਾ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਅਤੇ ਸੰਤ ਸਮਾਜ ਦੇ ਮੁੱਖ ਬੁਲਾਰੇ ਸੰਤ ਬਾਬਾ ਗੁਰਭੇਜ ਸਿੰਘ ਵੱਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਰਾਗੀ ਢਾਡੀ ਜਥਿਆਂ ਅਤੇ ਹੋਰ ਸ਼ਖ਼ਸੀਅਤਾਂ ਨੂੰ ਸਿਰੋਪੇ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਪ੍ਰਧਾਨ ਸੰਤ ਸਮਾਜ ਅਤੇ ਮੁਖੀ ਦਮਦਮੀ ਟਕਸਾਲ ਭਿੰਡਰਾਂਵਾਲੇ ਮਹਿਤਾ, ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ, ਸੰਤ ਬਾਬਾ ਪਰਮਾਨੰਦ ਜੰਡਿਆਲਾ ਗੁਰੂ ਵਾਲੇ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲੇ, ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਸਰਦਾਰਾ ਸਿੰਘ ਕਾਰ ਸੇਵਾ ਵਾਲੇ, ਸੰਤ ਬਾਬਾ ਅਮਰਬੀਰ ਸਿੰਘ ਦਮਦਮੀ ਟਕਸਾਲ ਵਾਲੇ, ਬਾਬਾ ਕਵਲਜੀਤ ਸਿੰਘ ਨਾਗੀਆਣੇ ਵਾਲੇ, ਰਣਜੀਤ ਸਿੰਘ ਰਾਣਾ ਬਾਬੋਵਾਲ, ਗੁਰਸਰਨ ਸਿੰਘ ਖਜਾਲਾ, ਪ੍ਰਭਪਾਲ ਸਿੰਘ ਮਾਂਗਾ ਸਰਾਏ, ਅਮਰੀਕ ਸਿੰਘ ਬਿੱਟਾ ਅਤੇ ਹੋਰ ਮਹਾਪੁਰਖਾਂ ਨੇ ਸ਼ਮੂਲੀਅਤ ਕੀਤੀ। ਸੰਗਤਾਂ ਨੂੰ ਆਈਸ ਕਰੀਮ, ਲੱਸੀ ਅਤੇ ਕੋਲਡ ਡਰਿੰਕ, ਜੂਸ ਆਦਿ ਦੇ ਲੰਗਰ ਅਤੁੱਟ ਵਰਤਾਏ ਗਏ।

# ਮੇਜਰ ਸਿੰਘ ਮੰਨਣ ਦੇ ਮਾਤਾ ਸੁਰਜੀਤ ਕੌਰ ਨੂੰ ਸ਼ਰਧਾਂਜਲੀਆਂ ਭੇਟ



ਝਬਾਲ (ਹਰਜਿੰਦਰ ਸਿੰਘ ਸੋਨੀ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਨੇ ਮੇਜਰ ਸਿੰਘ ਮੰਨਣ ਦੇ ਮਾਤਾ ਸੁਰਜੀਤ ਕੌਰ ਦੇ ਭੋਗ ਤੋਂ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਕਥਾ ਵਿਚਾਰ ਹੋਈ ਬਾਅਦ ਵਿੱਚ ਬੀ ਕੇ ਯੂ ਉਗਰਾਹਾਂ ਜਥੇਬੰਦੀ ਦੇ ਆਗੂ ਬਲਾਕ ਖਡੂਰ ਸਾਹਿਬ ਜੀ ਦੇ ਪ੍ਰਧਾਨ ਸੁਲੱਖਣ ਸਿੰਘ ਮੰਡਾਲਾ ਨੇ ਉਗਰਾਹਾਂ ਜਥੇਬੰਦੀ ਵੱਲੋਂ ਹਾਜ਼ਰੀ ਲਵਾਈ ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ, ਪ੍ਰਧਾਨ ਦਿਲਬਾਗ ਸਿੰਘ ਐਮਾ, ਪ੍ਰਧਾਨ ਹਰਪ੍ਰੀਤ ਸਿੰਘ ਐਮਾ, ਗੁਰਵਿੰਦਰ ਸਿੰਘ ਕਾਲੂ ਐਮਾ, ਸਵਰਨ ਸਿੰਘ ਐਮਾ, ਪ੍ਰਧਾਨ ਜਸਵੰਤ ਸਿੰਘ ਸੋਹਲ,ਦਰਬਾਰਾ ਸਿੰਘ ਘਰਿਆਲਾ, ਭੁਪਿੰਦਰ ਸਿੰਘ ਠੱਠੀਆਂ, ਕਰਮਜੀਤ ਸਿੰਘ ਸਭਰਾ, ਪ੍ਰਧਾਨ ਲਾਡੀ ਤੋਂ ਇਲਾਵਾਂ ਸੈਂਕੜੇ ਕਿਸਾਨ ਆਗੂ ਹਾਜ਼ਰ ਸਨ।

# ਸੁਖਪਾਲ ਸਿੰਘ ਨੇ ਫਤਿਹਗੜ੍ਹ ਚੂੜੀਆਂ ਦੇ ਡੀ ਐਸ ਪੀ ਵਜੋਂ ਚਾਰਜ ਸੰਭਾਲਿਆ



ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ) ਫਤਿਹਗੜ੍ਹ ਚੂੜੀਆਂ ਸਬ ਡਵੀਜਨ ਵਿਖੇ ਤੈਨਾਤ ਹੋਏ ਨਵੀਂ ਡੀ ਐਸ ਪੀ ਸੁਖਪਾਲ ਸਿੰਘ ਨੇ ਆਪਣਾ ਚਾਰਜ਼ ਸੰਭਾਲ ਕੇ ਕੰਮਕਾਜ ਸ਼ੁਰੂ ਕਰ ਦਿੱਤਾ ਹੈ। ਚਾਰਜ਼ ਸੰਭਾਲਣ ਮੌਕੇ ਐਸ ਐਚ ਓ ਫਤਿਹਗੜ੍ਹ ਚੂੜੀਆਂ ਕਿਰਨਦੀਪ ਸਿੰਘ, ਥਾਣਾ ਅਲੀਵਾਲ ਦੇ ਐਸ ਐਚ ਓ ਸੁਖਵਿੰਦਰ ਸਿੰਘ, ਥਾਣਾ ਕਿਲਾ ਲਾਲ ਸਿੰਘ ਦੇ ਐਸ ਐਚ ਓ ਸੁਰਿੰਦਰਪਾਲ ਸਿੰਘ, ਥਾਣਾ ਸਦਰ ਦੇ ਐਸ ਐਚ ਓ ਸੁਖਜਿੰਦਰ ਸਿੰਘ ਵੀ ਮੌਜੂਦ ਸਨ ਜਿੰਨਾਂ ਨੇ ਡੀ ਐਸ ਪੀ ਸੁਖਪਾਲ ਸਿੰਘ ਦਾ ਸ਼ਾਨਦਾਰ ਸਵਾਗਤ ਕੀਤਾ।ਇਸ ਮੌਕੇ ਡੀ ਐਸ ਪੀ ਸੁਖਪਾਲ ਸਿੰਘ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਯੂਥ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰੀ ਬਣਾ ਕੇ ਰੱਖਣ ਲਈ ਪ੍ਰੇਰਿਤ ਕਰਨਾ ਉਨਾਂ ਦੀ ਪਹਿਲ ਹੋਵੇਗੀ। ਉਨਾਂ ਕਿਹਾ ਕਿ ਜੁਰਮ ਨੂੰ ਠੱਲ ਪਾਉਂਣ ਲਈ ਲੋਕਾਂ ਅਤੇ ਪੁਲਿਸ ਦਾ ਆਪਸੀ ਤਾਲਮੇਲ ਹੋਣਾ ਜ਼ਰੂਰੀ ਹੈ ਤਾਂ ਹੀ ਜੁਰਮ ਨੂੰ ਠੱਲ ਪਾਈ ਜਾ ਸਕਦੀ ਹੈ। ਉਨਾਂ ਕਿਹਾ ਕਿ ਅੱਜ ਤੋਂ ਹੀ ਆਪਣੀ ਟੀਮ ਦੇ ਨਾਲ ਇਲਾਕੇ 'ਚ ਕ੍ਰਾਈਮ ਦੇ ਵਿਰੁਧ ਕੰਮ ਸ਼ੁਰੂ ਕਰ ਦੇਣਗੇ।ਇਸ ਮੌਕੇ ਐਸ ਐਚ ਓ ਫਤਿਹਗੜ੍ਹ ਚੂੜੀਆਂ ਕਿਰਨਦੀਪ ਸਿੰਘ, ਏ ਐਸ ਆਈ ਮਨਜੀਤ ਸਿੰਘ, ਏ ਐਸ ਆਈ ਤਰਜੀਤ ਸਿੰਘ ਏ ਐਸ ਆਈ ਬੂਟਾ ਸਿੰਘ, ਏ ਐਸ ਆਈ ਸੁਖਰਾਜ ਸਿੰਘ, ਏ ਐਸ ਆਈ ਸੁਖਰਾਜ ਸਿੰਘ, ਏ ਐਸ ਆਈ ਨਿਰਮਨ ਸਿੰਘ ਆਦਿ ਹਾਜਰ ਸਨ।

# 'ਖੇਡਾਂ ਵਤਨ ਪੰਜਾਬ ਦੀਆਂ' ਮਸ਼ਾਲ ਮਾਰਚ ਦਾ ਜ਼ੋਰਦਾਰ ਸਵਾਗਤ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)- ਪੰਜਾਬ ਸਰਕਾਰ ਵਲੋਂ 'ਖੇਡਾਂ ਵਤਨ ਪੰਜਾਬ ਦੀਆਂ'-2024 ਸੀਜ਼ਨ-3 ਦੀ ਸ਼ੁਰੂਆਤ ਹੋਣ ਜਾ ਰਹੀ ਹੈ ਅਤੇ ਇਸ ਸੰਬੰਧੀ ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਸ਼ਾਲ ਮਾਰਚ ਦਾ ਅੰਮ੍ਰਿਤਸਰ ਪਹੁੰਚਣ 'ਤੇ ਐਸ.ਡੀ.ਐਮ. ਲਾਲ ਵਿਸ਼ਵਾਸ ਬੈਂਸ ਦੀ ਅਗਵਾਈ ਹੇਠ ਖੇਡ ਪ੍ਰੇਮੀਆਂ, ਖਿਡਾਰੀਆਂ ਤੇ ਅਧਿਕਾਰੀਆਂ ਵਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ। ਵਿਸ਼ਵਾਸ ਨੇ ਕਿਹਾ ਕਿ ਖੇਡਾਂ ਵਿਅਕਤੀ ਦੇ ਜੀਵਨ ਵਿੱਚ ਅਨੁਸ਼ਾਸਨ ਪੈਦਾ ਕਰਦੀਆਂ ਹਨ ਅਤੇ ਸਰੀਰ ਨੂੰ ਵੀ ਸਵੱਸਥ ਰੱਖਦੀਆਂ ਹਨ। ਉਨਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ'-2024 ਸੀਜ਼ਨ-3 ਸਿਹਤਮੰਦ ਤੇ ਰੰਗਲੇ ਪੰਜਾਬ ਦੀ ਸਿਰਜਣਾ ਅਤੇ ਰਾਜ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਦੇ ਮੰਤਵ ਲਈ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਵੱਧ ਤੋਂ ਵੱਧ ਖਿਡਾਰੀਆਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰ ਤੱਕ ਖੇਡਾਂ ਕਰਾਈਆਂ ਜਾਣਗੀਆਂ ਅਤੇ ਖਿਡਾਰੀਆਂ ਨੂੰ ਇਨਾਮ ਵੀ ਦਿੱਤੇ ਜਾਣਗੇ।

ਉਨ੍ਹਾਂ ਜ਼ਿਲ੍ਹੇ ਦੇ ਸਾਰੇ ਖਿਡਾਰੀਆਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਆਨਲਾਈਨ ਰਜਿਸਟ੍ਰੇਸ਼ਨ ਕਰਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਹ ਮਸ਼ਾਲ ਪੂਰੇ ਪੰਜਾਬ ਵਿੱਚ ਮਾਰਚ ਕਰਨ ਤੋਂ ਬਾਅਦ ਸੰਗਰੂਰ ਵਿਖੇ 29 ਅਗਸਤ ਨੂੰ ਪਹੁੰਚੇਗੀ, ਜਿੱਥੇ ਖੇਡਾਂ ਦੇ ਤੀਜੇ ਸੀਜ਼ਨ ਦਾ ਉਦਘਾਟਨ ਹੋਵੇਗਾ। ਹਰ ਜ਼ਿਲ੍ਹਾ ਹੈਡਕੁਆਟਰ ਉੱਤੇ ਮਸ਼ਾਲ ਮਾਰਚ ਵਿੱਚ ਸਥਾਨਕ ਉੱਘੇ ਖਿਡਾਰੀ, ਖੇਡ ਵਿਭਾਗ ਦੇ ਕਰਮਚਾਰੀ, ਸਥਾਨਕ ਨੁਮਾਇੰਦੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਇਹ ਮਸ਼ਾਲ 22 ਅਗਸਤ ਨੂੰ ਅੰਮ੍ਰਿਤਸਰ ਤੇ ਗੁਰਦਾਸਪੁਰ, 23 ਅਗਸਤ ਨੂੰ ਪਠਾਨਕੋਟ ਤੇ ਹੁਸ਼ਿਆਰਪੁਰ, 24 ਅਗਸਤ ਨੂੰ ਜਲੰਧਰ ਤੇ ਕਪੂਰਥਲਾ, ਸ਼ਹੀਦ ਭਗਤ ਸਿੰਘ ਨਗਰ, 25 ਅਗਸਤ ਨੂੰ ਰੂਪਨਗਰ, ਐਸ.ਏ.ਐਸ.ਨਗਰ, ਫਤਹਿਗੜ੍ਹ ਸਾਹਿਬ , 26 ਅਗਸਤ ਨੂੰ ਪਟਿਆਲਾ, ਮਲੇਰਕੋਟਲਾ, ਬਰਨਾਲਾ, 27 ਅਗਸਤ ਨੂੰ ਫਰੀਦਕੋਟ, ਫਾਜ਼ਿਲਕਾ, 28 ਅਗਸਤ ਨੂੰ ਸ਼੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ 29 ਅਗਸਤ ਨੂੰ ਮਾਨਸਾ ਤੇ ਸੰਗਰੂਰ ਵਿਖੇ ਮਸ਼ਾਲ ਮਾਰਚ ਪਹੁੰਚੇਗੀ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਸੁਖਚੈਨ ਸਿੰਘ ਤੋਂ ਇਲਾਵਾ ਜ਼ਿਲ੍ਹੇ ਦੇ ਅਧਿਕਾਰੀ, ਖਿਡਾਰੀ, ਕੋਚ ਅਤੇ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।


## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਵਾਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫ਼ਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ।

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR24-46 | 05/09/24 at 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) : 15098/F1, 14028/F1, 14601/R1, 14601/F2, 14614/R1, 12412/F1, 12242/F1, 14730/F1, 14612/F1, 14505/F1, 14028/F2, 19416/F1, 12588/F1, 14614/F1, 14730/R1, 14624/F1, 14632/F1, 14632/R1, 14028/R1, 14730/F2, 14601/F1 & 12014/F1. |
| EAFZR-SLR24-47 | 05/09/24 at 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) : 12422/F1, 12414/F1, 22432/F1, 12470/F1, 14036/R1, 12752/F1, 11450/F1, 12032/F1, 19612/F1, 22430/F1, 20986/F1, 14036/F1, 22402/F1, 22942/F1, 19226/F1, 19226/R1, 16788/F1, 19028/F1, 14036/F2, 12030/F1 & 19108/F1. |
| EAFZR-SLR24-48 | 09/09/24 at 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) : 12238/F1, 14633/F1, 22486/F1, 12238/F2, 20498/F1, 16318/F1, 14654/F1, 12238/R1, 19804/F1, 14654/F2 & 14654/R1. |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੇਬਸਾਈਟ www.ireps.gov.in ਉੱਤੇ ਜਾਉ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2612/24



## TRUCAP FINANCE LIMITED

**Registered Office:** 3 rd Floor, A Wing, D.J. House, Old Nagardas Road, Andheri (East), Mumbai - 400069, Maharashtra,
**GST No: 27AACD9887D1ZC**
**Corporate Identity Number: L64920MH1994PLC334457**

### ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 28 ਅਗਸਤ 2024 ਨੂੰ ਲੁਧਿਆਣਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ। ਸ਼ਾਖਾ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ ਆਰ ਕੇ ਟਾਵਰ ਹੈਬੋਵਾਲ ਰੋਡ ਬੀ-1461/1, ਰਾਮ ਸ਼ਰਨਮ ਚੌਕ ਹੰਬੜਾਂ ਰੋਡ, ਲੁਧਿਆਣਾ, ਪੰਜਾਬ-141001 ਵਿਖੇ ਸਥਿਤ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਹੇਠਾਂ ਦਰਸਾਏ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸ਼ਾਖਾ ਦੇ ਨਾਂਅ ਨਾਲ ਸੰਬੰਧਤ ਹਨ।

**ਲੁਧਿਆਣਾ ਬਰਾਂਚ :** GL0000000122736,GI0000000111318.

**ਜਲੰਧਰ ਬਰਾਂਚ :** GL0000000229771,GL0000000219765,GI0000000194454, GL0000000127491,GI0000000196498.

**ਸਰਹਿੰਦ ਬਰਾਂਚ :** GL0000000197893,GL0000000212412,GI0000000212327, GL0000000208521,GL0000000207599,GL0000000125019,GI0000000127973, GL0000000155066,GL0000000224112,GL0000000208834, GI0000000125466,GL0000000125238,GI0000000123319.

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ।
**ਸੰਪਰਕ ਵਿਅਕਤੀ : ਸਤੀਸ਼ ਕੁਮਾਰ**
**ਸੰਪਰਕ ਨੰ. 9560735444**
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ 'ਚ ਤਬਦੀਲੀ ਅਤੇ ਮੁਲਤਵੀ/ਬਿਨਾਂ ਅਗਾਊਂ ਨੋਟਿਸ ਨਿਲਾਮੀ ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ

23-AUG-PAGE-12.qxd 8/22/2024 10:45 PM Page 1



# ਕਾਰਪੋਰੇਟ ਘਰਾਣਿਆਂ ਦੀ ਧੱਕੇਸ਼ਾਹੀ ਵਿਰੁੱਧ ਲਾਮਬੰਦ ਹੋਣ ਲੱਗੇ ਪੋਲਟਰੀ ਫਾਰਮਰ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**-ਪੋਲਟਰੀ ਫਾਰਮ ਯੂਨੀਅਨ ਪੰਜਾਬ ਦੀ ਰੋਪੜ ਇਕਾਈ ਦੀ ਇੱਕ ਹੰਗਾਮੀ ਮੀਟਿੰਗ ਹੋਈ, ਜਿਸ ਵਿੱਚ ਪ੍ਰਾਈਵੇਟ ਕੰਪਨੀਆਂ ਵਲੋਂ ਫਾਰਮਰਾਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਅਤੇ ਧੋਖਾਧੜੀ ਬਾਰੇ ਰੋਸ ਪ੍ਰਗਟ ਕੀਤਾ ਗਿਆ।

ਸਭ ਤੋਂ ਪਹਿਲਾਂ ਹਾਜ਼ਰ ਹੋਏ ਮੈਂਬਰਾਂ ਵਲੋਂ ਸਰਬਸੰਮਤੀ ਨਾਲ਼ ਯੂਨੀਅਨ ਦੀ ਚੋਣ ਕੀਤੀ ਗਈ ਜਿਸ ਵਿੱਚ ਗੁਰਦੀਪ ਸਿੰਘ ਪਿੰਡ ਸੱਧੇਵਾਲ਼ ਨੂੰ ਪ੍ਰਧਾਨ, ਗੁਰਦੀਪ ਸਿੰਘ ਪਿੰਡ ਅਮਰਪੁਰ ਬੇਲਾ ਨੂੰ ਸਕੱਤਰ, ਸੁੱਚਾ ਸਿੰਘ ਦਸਗਰਾਂ ਨੂੰ ਖਜਾਨਚੀ ਚੁਣਿਆ ਗਿਆ।

ਯੂਨੀਅਨ ਦੇ ਪ੍ਰਧਾਨ ਗੁਰਦੀਪ ਸਿੰਘ ਸੱਧੇਵਾਲ਼ ਨੇ ਦੱਸਿਆ ਕਿ ਪੋਲਟਰੀ ਨਾਲ਼ ਸਬੰਧਤ ਪ੍ਰਾਈਵੇਟ ਕੰਪਨੀਆਂ ਵਲੋਂ ਫਾਰਮਰਾਂ ਨਾਲ਼ ਪੈਰਾਮੀਟਰ ਅਨੁਸਾਰ ਡੀਲ ਨਹੀਂ ਕੀਤਾ ਜਾ ਰਿਹਾ ਅਤੇ ਕੰਪਨੀਆਂ ਆਪਣੀ ਮਨਮਰਜੀ ਨਾਲ਼ ਫਾਰਮਰਾਂ ਦਾ ਆਰਥਿਕ ਅਤੇ ਸਮਾਜਿਕ ਸ਼ੋਸ਼ਣ ਕਰ ਰਹੀਆਂ ਹਨ ਅਤੇ ਸਹੀ ਮਿਹਨਤਾਨਾ ਨਹੀਂ ਦੇ ਰਹੀਆਂ। ਉਹਨਾਂ ਕਿਹਾ ਕਿ ਇਸ ਸਬੰਧੀ ਪਹਿਲਾਂ ਯੂਨੀਅਨ ਵਲੋਂ ਕੰਪਨੀਆਂ ਨੂੰ ਮੰਗ-ਪੱਤਰ ਦਿੱਤੇ ਜਾਣਗੇ ਅਤੇ ਜੇਕਰ ਫਿਰ ਵੀ ਉਹਨਾਂ ਵਲ੍ਹੋਂ ਕੋਈ ਵੀ ਸਾਰਥਕ ਹੱਲ ਨਾ ਕੱਢਿਆ ਗਿਆ ਤਾਂ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ ਅਤੇ ਕੰਪਨੀਆਂ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ। ਜਨਰਲ ਸਕੱਤਰ ਗੁਰਦੀਪ ਸਿੰਘ ਅਮਰਪੁਰ ਬੇਲਾ ਨੇ ਯੂਨੀਅਨ ਨੂੰ ਆਉਣ ਵਾਲ਼ੇ ਸਮੇਂ ਲਈ ਪੂਰੀ ਤਰ੍ਹਾਂ ਲਾਮਬੰਦ ਹੋਣ ਦਾ ਸੱਦਾ ਦਿੱਤਾ ਅਤੇ ਖਜਾਨਜੀ ਸੁੱਚਾ ਸਿੰਘ ਦਸਗਰਾਂ ਵਲੋਂ ਸਾਰੇ ਫਾਰਮਰਾਂ ਨੂੰ ਹਰ ਵੇਲੇ ਸੰਭਵ ਮੱਦਦ ਦੇਣ ਦਾ ਭਰੋਸਾ ਦਿੱਤਾ ਗਿਆ।

ਇਸ ਮੌਕੇ ਹੋਰਾਂ ਤੋਂ ਇਲਾਵਾ ਅਮਰਜੀਤ ਸਿੰਘ, ਗੁਰਦੀਪ ਸਿੰਘ ਬੇਲਾ ਰਾਮਗੜ੍ਹ, ਸੁਰਜਨ ਸਿੰਘ, ਮਲਕੀਤ ਸਿੰਘ, ਨਰਿੰਦਰਪਾਲ, ਬਲਵਿੰਦਰ ਸਿੰਘ, ਕੁਲਦੀਪ ਸਿੰਘ, ਅਮ੍ਰਿਤਪਾਲ ਸਿੰਘ, ਕੇਸਰ ਸਿੰਘ, ਸੁਖਵਿੰਦਰ ਸਿੰਘ, ਸਤਵੀਰ ਸਿੰਘ, ਹਰਪਾਲ ਸਿੰਘ, ਗੁਰਪ੍ਰੀਤ ਸਿੰਘ, ਹਰਵਿੰਦਰ ਸਿੰਘ, ਲਖਵੀਰ ਸਿੰਘ, ਪਰਮਜੀਤ ਸਿੰਘ, ਗੁਰਨਾਮ ਸਿੰਘ, ਬਲਜੀਤ ਸਿੰਘ, ਪਰਮਜੀਤ ਸਿੰਘ ਆਦਿ ਫਾਰਮਰ ਹਾਜ਼ਰ ਸਨ।

# ਭਾਗੋਮਾਜਰਾ 'ਚ ਲਗਾਏ ਵਿਸ਼ੇਸ ਕੈਂਪ 'ਚ 360 ਇੰਤਕਾਲ ਮੌਕੇ 'ਤੇ ਪ੍ਰਵਾਨ ਕੀਤੇ : ਰਮਨਦੀਪ ਕੌਰ



**ਖਰੜ ( ਹਰਨਾਮ ਸਿੰਘ ਡੱਲਾ)**:- ਪੰਜਾਬ ਸਰਕਾਰ ਵੱਲੋਂ ਆਮ ਜਨਤਾ ਦੇ ਕੰਮ ਪਹਿਲ ਦੇ ਅਧਾਰ 'ਤੇ ਪੂਰੇ ਕਰਨ ਦੀ ਚਲਾਈ ਮੁਹਿੰਮ ਤਹਿਤ ਜ਼ਿਲ੍ਹਾ ਐਸ ਏ ਐਸ ਨਗਰ ਦੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਆਈ.ਏ.ਐੱਸ. ਅਤੇ ਐੱਸ.ਡੀ.ਐੱਮ.ਖਰੜ ਗੁਰਮੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਖਰੜ ਤਹਿਸੀਲ ਦੇ ਪਿੰਡ ਭਾਗੋਮਾਜਰਾ ਵਿਖੇ ਵਿਸ਼ੇਸ ਕੈਂਪ ਲਗਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆ ਤਹਿਸੀਲਦਾਰ ਖਰੜ ਰਮਨਦੀਪ ਕੌਰ ਨੇ ਦੱਸਿਆ ਕਿ ਇਸ ਕੈਂਪ ਵਿਚ ਪਟਵਾਰ ਸਰਕਲ ਪਿੰਡ ਭਾਗੋਮਾਜਰਾ, ਪਿੰਡ ਔਜਲਾਂ, ਪਟਵਾਰ ਸਰਕਲ ਪਿੰਡ ਜੰਡਪੁਰ, ਪਟਵਾਰ ਸਕਰਲ ਖਰੜ ਦੇ ਮਾਲ ਵਿਭਾਗ ਨਾਲ ਸਬੰਧਤ 360 ਇੰਤਕਾਲ ਬੈਅ, ਤਬਦੀਲਨਾਮਾ, ਵਿਰਾਸਤ, ਹਿਬਾਨਾਮਾ ਦੇ ਪ੍ਰਵਾਨ ਕੀਤੇ ਗਏ ਅਤੇ ਕੈਂਪ ਵਿਚ ਆਏ ਪਿੰਡਾਂ ਦੇ ਵਸਨੀਕਾਂ ਵੀ ਮੁਸ਼ਕਿਲਾਂ ਸੁਣੀਆਂ ਗਈਆਂ ਅਤੇ ਉਨ੍ਹਾਂ ਨੂੰ ਸਮੇਂ ਸਿਰ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਉਨ੍ਹਾਂ ਕੈਂਪ ਵਿਚ ਆਏ ਪਿੰਡਾਂ ਦੇ ਵਸਨੀਕਾਂ ਨੂੰ ਇਹ ਵੀ ਜਾਣਕਾਰੀ ਦਿੱਤੀ ਕਿ ਜੋ ਵੀ ਪਲਾਟ, ਜ਼ਮੀਨ ਦੀ ਖਰੀਦੋ ਫਰੋਖਤ ਕੀਤੀ ਜਾਂਦੀ ਹੈ ਉਸਦਾ ਬੈਨਾਮਾ ਤਸਦੀਕ ਕਰਵਾਉਣ ਤੋਂ ਬਾਅਦ ਹਲਕਾ ਪਟਵਾਰੀ ਨੂੰ ਉਸਦੀ ਨਕਲ ਦਿੱਤੀ ਜਾਵੇ ਤਾਂ ਕਿ ਸਮੇਂ ਸਿਰ ਇੰਤਕਾਲ ਤਸਦੀਕ ਕੀਤੇ ਜਾ ਸਕਣ। ਉਨ੍ਹਾਂ ਦਸਿਆ ਕਿ ਇਸ ਤਰ੍ਹਾਂ ਦੇ ਵਿਸ਼ੇਸ਼ ਕੈਂਪ ਹੋਰ ਪਟਵਾਰ ਸਰਕਲਾਂ ਵਿਚ ਵੀ ਲਗਾਏ ਜਾਣਗੇ ਜਿਸ ਸਬੰਧੀ ਪਹਿਲਾਂ ਪਿੰਡਾਂ ਦੇ ਵਸਨੀਕਾਂ ਨੂੰ ਸੂਚਿਤ ਕੀਤਾ ਜਾਵੇਗਾ। ਇਸ ਮੌਕੇ ਕਾਨੂੰਗੋ ਮਧੂਇੰਦਰ ਰਾਓ ਗੌਤਮ, ਅਮਨਦੀਪ ਸਿੰਘ, ਸੰਜੇ ਕੁਮਾਰ ਦੋਵੇ ਪਟਵਾਰੀ ਸਮੇਤ ਹੋਰ ਪਟਵਾਰੀ ਅਤੇ ਪਿੰਡਾਂ ਦੇ ਵਸਨੀਕ ਹਾਜ਼ਰ ਸਨ।

ਭੋਗ 'ਤੇ ਵਿਸ਼ੇਸ਼

# ਸੰਘਰਸ਼ਸ਼ੀਲ ਸਨ ਮਾਸਟਰ ਹਰਚਰਨ ਸਿੰਘ ਮੌੜ

ਵੈਸੇ ਲੋਕ ਬਥੇਰੇ ਆਉਂਦੇ ਦੁਨੀਆ 'ਤੇ,
ਕੋਈ ਵਿਰਲੇ ਹੁੰਦੇ ਜੋ ਖਾਸ ਬਣਦੇ ਨੇ।
ਲੋਕਾਂ ਲਈ ਮਰਨ ਵਾਲਾ ਸ਼ਹੀਦ ਹੁੰਦਾ,
ਬਾਕੀ ਤਾਂ ਬਸ ਲਾਸ਼ ਬਣਦੇ ਨੇ।



ਮਾਸਟਰ ਹਰਚਰਨ ਸਿੰਘ ਮੌੜ ਦਾ ਜਨਮ 10 ਸਤੰਬਰ 1935 ਨੂੰ ਪਿਤਾ ਸ੍ਰੀ ਜੰਗੀਰ ਸਿੰਘ ਦੇ ਘਰ ਮਾਤਾ ਸ਼ਮਸ਼ੇਰ ਕੌਰ ਦੀ ਕੁੱਖੋਂ ਆਪਣੇ ਨਾਨਕੇ ਪਿੰਡ ਕਾਹਨ ਸਿੰਘ ਵਾਲਾ (ਫਿਰੋਜ਼ਪੁਰ) ਵਿਖੇ ਹੋਇਆ। ਕੇਵਲ ਢਾਈ ਸਾਲ ਦੀ ਛੋਟੀ ਉਮਰ ਵਿੱਚ ਹੀ ਮਾਤਾ ਦੇ ਵਿਛੋੜੇ ਨੇ ਪੂਰੇ ਪਰਵਾਰ ਨੂੰ ਝੰਜੋੜ ਕੇ ਰੱਖ ਦਿੱਤਾ। ਸਾਥੀ ਮੌੜ ਦਾ ਜੱਦੀ ਪਿੰਡ ਮਟਵਾਲਾ ਜ਼ਿਲ੍ਹਾ ਬਹਾਵਲਪੁਰ, ਲਹਿੰਦੇ ਪੰਜਾਬ (ਪਾਕਿਸਤਾਨ) ਵਿੱਚ ਸੀ ਅਤੇ ਚੰਗੀ ਜ਼ਮੀਨ ਜਾਇਦਾਦ ਸੀ। ਸਾਂਝਾ ਪਰਵਾਰ ਤੇ ਮਿਹਨਤੀ ਹੋਣ ਕਾਰਨ ਕੁਝ ਜ਼ਮੀਨ ਤਾਇਆ ਅਮਰ ਸਿੰਘ ਮੌੜ ਤੇ ਪਿਤਾ ਜੰਗੀਰ ਸਿੰਘ ਮੌੜ ਵੱਲੋਂ ਗੰਗਾਨਗਰ ਜ਼ਿਲ੍ਹੇ ਦੇ ਪਿੰਡ ਕੇਸਰੀ ਸਿੰਘਪੁਰਾ ਵਿਖੇ ਖਰੀਦ ਕੀਤੀ ਗਈ।

ਮੁਢਲੀ ਸਿੱਖਿਆ ਆਪਣੇ ਜੱਦੀ ਪਿੰਡ ਮਟਵਾਲਾ ਤੋਂ ਪ੍ਰਾਪਤ ਕੀਤੀ। ਭਾਰਤ-ਪਾਕਿਸਤਾਨ ਦੀ 1947 ਸਮੇਂ ਹੋਈ ਵੰਡ ਵੇਲੇ ਹੋਈ ਵੱਢ-ਟੁੱਕ ਕਾਰਨ ਪਿੰਡ ਛੱਡ ਕੇਸਰੀ ਸਿੰਘਪੁਰਾ ਗੰਗਾਨਗਰ ਵਿਖੇ ਰੈਣ-ਬਸੇਰਾ ਬਣਾਉਣ ਲਈ ਮਜਬੂਰ ਹੋਣਾ ਪਿਆ।ਉਪਰੰਤ ਮਾਨਸਾ ਜ਼ਿਲ੍ਹੇ ਦੇ ਪਿੰਡ ਫਰੀਦਕੇ ਵਿਖੇ ਸਰਕਾਰ ਵੱਲੋਂ ਜ਼ਮੀਨ ਅਲਾਟ ਹੋਣ ਕਰਕੇ ਪੱਕੀ ਰਿਹਾਇਸ਼ ਕਰ ਲਈ। ਮਾਨਸਾ ਦੇ ਖਾਲਸਾ ਹਾਈ ਸਕੂਲ ਤੋਂ ਦਸਵੀਂ ਤੱਕ ਦੀ ਪੜ੍ਹਾਈ ਕਰਨ ਉਪਰੰਤ ਉਚੇਰੀ ਸਿੱਖਿਆ ਪ੍ਰਾਪਤ ਕਰਨ ਲਈ ਐੱਮ ਆਰ ਕਾਲਜ ਫਾਜ਼ਿਲਕਾ ਤੋਂ 1958 'ਚ ਬੀ ਏ ਅਤੇ ਐੱਮ ਏ ਦੀ ਪੜ੍ਹਾਈ ਖਾਲਸਾ ਕਾਲਜ ਅੰਮ੍ਰਿਤਸਰ ਤੋਂ 1962 'ਚ ਪਾਸ ਕੀਤੀ। ਬੀ ਐੱਡ ਮੁਕਤਸਰ ਸਾਹਿਬ ਤੋਂ ਪਾਸ ਕਰਨ ਉਪਰੰਤ ਦਸੰਬਰ 1965 ਦੇ ਦਰਮਿਆਨ ਬਤੌਰ ਐੱਸ ਐੱਸ ਮਾਸਟਰ ਸਰਕਾਰੀ ਹਾਈ ਸਕੂਲ ਬੁਢਲਾਡਾ ਤੋਂ ਸਰਕਾਰੀ ਨੌਕਰੀ ਸ਼ੁਰੂ ਕੀਤੀ। ਸਾਥੀ ਮੌੜ, ਜੋ ਭਾਰਤ-ਪਾਕਿਸਤਾਨ ਵੰਡ ਦੇ ਚਸ਼ਮਦੀਦ ਗਵਾਹ ਵੀ ਸਨ, ਜਿਸ ਕਾਰਨ ਹਮੇਸ਼ਾ ਲੋਕ ਹਿੱਤਾਂ 'ਤੇ ਪਹਿਰਾ ਦਿੰਦੇ ਹੋਏ ਆਪਣੀ ਮਾਰਕਸਵਾਦੀ ਵਿਚਾਰਧਾਰਾ ਦੇ ਧਾਰਨੀ ਹੋਣ ਕਰਕੇ ਸੀ ਪੀ ਆਈ ਐੱਮ ਦੇ ਹਾਮੀ ਰਹੇ, ਪ੍ਰੰਤੂ ਸੀ ਪੀ ਆਈ ਦੇ ਹਰ ਅੰਦੋਲਨ ਮੌਕੇ ਮੁਲਾਜ਼ਮ ਹੁੰਦਿਆਂ ਵੀ ਆਰਥਿਕ ਮਦਦ ਕਰਦੇ ਰਹੇ। ਉਹਨਾ 31 ਦਸੰਬਰ 1993 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੁਨੀਰ ਤੋਂ ਬਤੌਰ ਲੈਕਚਰਾਰ ਸ਼ਾਨਦਾਰ ਵਿਦਾਇਗੀ ਲਈ, ਜਿਸ ਕਰਕੇ ਅੱਜ ਵੀ ਉਹਨਾ ਦਾ ਮਾਣ-ਸਨਮਾਨ ਬਰਕਰਾਰ ਹੈ। ਉਪਰੰਤ ਰਿਟਾਇਰਮੈਂਟ ਆਰ ਐੱਮ ਪੀ ਆਈ ਵਿੱਚ ਬਤੌਰ ਸਿਪਾਹੀ ਨਿਰੰਤਰ ਸੇਵਾਵਾਂ ਪ੍ਰਦਾਨ ਕੀਤੀਆਂ ਤੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਵਜੋਂ ਕਿਸਾਨਾਂ, ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕਿ ਸੰਗਰਾਮ ਕਰਦੇ ਰਹੇ।

ਉਹਨਾ ਦੇ ਵੱਡੇ ਬੇਟੇ ਪ੍ਰਿਤਪਾਲ ਸਿੰਘ ਮੌੜ, ਜੋ ਪਟਿਆਲਾ ਵਿਖੇ ਬਿਜਲੀ ਮਹਿਕਮੇ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ ਅਤੇ ਛੋਟੇ ਬੇਟੇ ਮਨਪ੍ਰੀਤ ਸਿੰਘ ਫਰੀਦਕੇ ਵੀ ਉਹਨਾ ਦੇ ਮਾਰਗ-ਦਰਸ਼ਕ ਬਣੇ ਹੋਏ ਹਨ। ਮਾਰਕਸਵਾਦੀ ਵਿਚਾਰਧਾਰਾ ਨੂੰ ਪੂਰੀ ਸੰਜੀਦਗੀ ਨਾਲ ਅਪਣਾ ਚੁੱਕੇ ਹਨ।ਸੀ ਪੀ ਆਈ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਦੇ ਅਤਿ ਕਰੀਬੀ ਸਾਥੀਆਂ ਵਿੱਚੋਂ ਇੱਕ ਹਨ।ਸੀ ਪੀ ਆਈ ਜ਼ਿਲ੍ਹਾ ਕੌਂਸਲ ਮਾਨਸਾ ਦੇ ਮੈਂਬਰ ਤੇ ਇੱਕ ਨੇਕ ਇਨਸਾਨ ਦੇ ਤੌਰ 'ਤੇ ਆਪਣਾ ਸਮਾਜਿਕ ਰੁਤਬਾ ਵੀ ਰੱਖਦੇ ਹਨ।

ਸਾਥੀ ਮੌੜ ਨੇ ਆਪਣੀ ਪਰਿਵਾਰਕ ਫੁਲਵਾੜੀ ਦੋ ਬੇਟੇ ਤੇ ਦੋ ਬੇਟੀਆਂ ਨੂੰ ਬਰਾਬਰ ਦਾ ਸਨਮਾਨ ਦਿੱਤਾ ।ਵੱਡੀ ਬੇਟੀ ਅਮ੍ਰਿਤਪਾਲ ਕੌਰ ਮਿੱਡੂਖੇੜਾ ਦੇ ਬਲਵਿੰਦਰ ਸਿੰਘ ਅਤੇ ਛੋਟੀ ਬੇਟੀ ਹਿਰਦੇਪਾਲ ਕੌਰ ਲਾਲਜੀਤ ਸਿੰਘ ਦਿਆਲਪੁਰਾ ਮਿਰਜ਼ਾ ਵਿਖੇ ਸ਼ਾਦੀਸ਼ੁਦਾ ਹਨ ਅਤੇ ਕੈਨੇਡਾ ਵਿਖੇ ਖੁਸ਼ਹਾਲ ਜੀਵਨ ਬਸਰ ਕਰ ਰਹੇ ਹਨ।

ਉਹ ਬੀਤੀ 15 ਅਗਸਤ ਨੂੰ ਸੰਖੇਪ ਬਿਮਾਰੀ ਕਾਰਨ ਪਟਿਆਲਾ ਵਿਖੇ ਸਦੀਵੀ ਵਿਛੋੜੇ ਦੇ ਗਏ। ਜਿਥੇ ਉਹਨਾ ਦੇ ਵਿਛੜਨ ਦੀ ਘਾਟ ਪਰਵਾਰ ਨੂੰ ਮਹਿਸੂਸ ਹੋਵੇਗੀ, ਉਥੇ ਹਰ ਜਨਤਕ, ਸਮਾਜਿਕ ਖੇਤਰ ਦੇ ਲੋਕਾਂ ਨੂੰ ਇੱਕ ਤਜਰਬੇਕਾਰ ਆਗੂ ਦੀ ਕਮੀ ਤੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਹਨਾ ਨਮਿਤ ਸ਼ਰਧਾਂਜਲੀ ਸਮਾਗਮ ਤੇ ਸਹਿਜ ਪਾਠ ਦੇ ਭੋਗ 23 ਅਗਸਤ (ਸ਼ੁੱਕਰਵਾਰ) ਨੂੰ ਬਾਅਦ ਦੁਪਹਿਰ ਗੁਰਦੁਆਰਾ ਸ੍ਰੀ ਮੋਤੀ ਬਾਗ ਪਾਤਸ਼ਾਹੀ ਨੌਵੀਂ ਪਟਿਆਲਾ ਵਿਖੇ ਪੈਣਗੇ। ਇਸ ਮੌਕੇ ਸਮਾਜਿਕ, ਜਨਤਕ ਤੇ ਮੁਲਾਜ਼ਮ ਜਥੇਬੰਦੀਆਂ ਤੋਂ ਇਲਾਵਾ ਰਾਜਸੀ ਆਗੂਆਂ ਵੱਲੋਂ ਵੀ ਉਹਨਾ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ।

**—ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ**
***ਸਕੱਤਰ ਸੀ ਪੀ ਆਈ ਜ਼ਿਲ੍ਹਾ ਮਾਨਸਾ।***
***ਮੋਬਾਇਲ 90418-60378***

# ਕਿਸਾਨ-ਮਜ਼ਦੂਰਾਂ ਦੇ ਵੱਡੇ ਜਥੇ ਸ਼ੰਭੂ ਬਾਰਡਰ 'ਤੇ ਜਾਣਗੇ : ਚੁਤਾਲਾ, ਭੁੱਲਾ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜਿਲਾਂ ਹੁਸ਼ਿਆਰਪੁਰ ਦੀ ਜਿਲ੍ਹਾ ਕਮੇਟੀ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾਂ ਦੇ ਗ੍ਰਹਿ ਵਿਖੇ ਜਿਲਾ ਸਕੱਤਰ ਕੁਲਦੀਪ ਸਿੰਘ ਬੇਗੋਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਜਥੇਬੰਧਕ ਢਾਂਚੇ ਤੋਂ ਇਲਾਵਾ ਫੰਡ ਰਿਪੋਰਟਾਂ ਅਤੇ ਸ਼ੰਭੂ ਲੰਗਰਾਂ ਲਈ ਕਣਕ ਇਕੱਠੀ ਕਰਨ ਲਈ ਖੁੱਲ ਕੇ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆ ਜਥੇਬੰਦੀ ਦੇ ਸੂਬਾ ਕੋਰ ਕਮੇਟੀ ਮੈਂਬਰ ਸਵਿੰਦਰ ਸਿੰਘ ਚੁਤਾਲਾ ਤੇ ਪਰਮਜੀਤ ਸਿੰਘ ਭੁੱਲਾਂ ਨੇ ਕਿਹਾ ਕਿ ਕਿਸਾਨ ਆਪਣੀਆਂ ਮੰਗਾਂ ਦੇ ਹੱਕ ਵਿੱਚ ਲਗਾਤਾਰ ਸੱਤ ਮਹੀਨਿਆਂ ਤੋਂ ਹਰਿਆਣੇ ਦੇ ਬਾਰਡਰਾਂ 'ਤੇ ਡਟੇ ਹੋਏ ਹਨ।ਇਸ ਸਮੇਂ ਦੌਰਾਨ ਕੇਂਦਰ ਦੀ ਮੋਦੀ ਸਰਕਾਰ ਅਤੇ ਹਰਿਆਣੇ ਦੀ ਸਰਕਾਰ ਵਲੋ 433 ਕਿਸਾਨ ਮਜ਼ਦੂਰ ਜਖਮੀ ਕੀਤੇ ਗਏ ਅਤੇ ਇਕ ਨੌਂਜਵਾਨ ਕਿਸਾਨ ਸ਼ੁਭਕਰਣ ਸਿੰਘ ਨੂੰ ਖਨੌਰੀ ਬਾਰਡਰ ਤੇ ਗੋਲੀ ਮਾਰ ਕੇ ਸ਼ਹੀਦ ਵੀ ਕੀਤਾ ਗਿਆ ਜਿਸ ਦਾ ਦੇਸ਼ ਭਰ ਦੇ ਕਿਸਾਨਾਂ ਵਿੱਚ ਵੱਡਾ ਰੋਸ ਪਾਇਆ ਗਿਆ ਸੀ ਸਿੱਟੇ ਵਜੋਂ ਭਾਜਪਾ ਪਾਰਟੀ ਨੂੰ ਪਾਰਲੀਮੈਂਟ ਚੋਣਾਂ ਵਿੱਚ 240 ਸੀਟਾਂ ਨਾਲ ਸਬਰ ਕਰਨਾ ਪਿਆ ਕਿਸਾਨ ਆਗੂਆਂ ਨੇ ਕਿਹਾ ਕਿ ਇਸ ਵਾਰ ਹਰਿਆਣੇ ਅਤੇ ਜੰਮੂ ਦੀ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਭਗਵਾ ਪਾਰਟੀ ਨੂੰ ਵੱਡੀ ਹਾਰ ਦਾ ਸਾਹਮਣਾ ਕਰਨਾ ਪਵੇਗਾ ਅਤੇ ਕਿਸਾਨਾ ਲਈ ਦਿੱਲੀ ਜਾਣ ਦਾ ਰਾਹ ਪੱਧਰਾ ਹੋਵੇਗਾ।ਆਗੂਆਂ ਨੇ ਕਿਹਾ ਕਿ ਸ਼ੰਭੂ, ਖਨੌਰੀ, ਡੱਬਵਾਲੀ, ਰਤਨਗੜ ਬਾਰਡਰਾ ਬੈਠੈ ਕਿਸਾਨਾ ਨੇ 31ਅਗਸਤ ਤੇ 200 ਦਿਨ ਪੂਰੇ ਹੋਣ ਵਾਲੇ ਹਨ। ਇਸ ਲਈ ਹੁਸ਼ਿਆਰਪੁਰ ਤੋਂ ਵੱਡੇ ਜੱਥੇ 31 ਅਗਸਤ ਨੂੰ ਸ਼ੰਭੂ ਬਾਰਡਰ ਲਈ ਵੱਡੇ ਇਕੱਠ ਵਿਚ ਪੁੱਜਣਗੇ।10 ਸਤੰਬਰ ਨੂੰ ਹੁਸ਼ਿਆਰਪੁਰ ਜਿਲ੍ਹਾ ਆਪਣੀ ਵਾਰੀ ਮੁਤਾਬਕ ਲੰਗਰਾ ਲਈ ਰਸਦ ਪਾਣੀ ਲੈ ਕੇ ਫਿਰ ਦੁਬਾਰਾ ਸ਼ੰਭੂ ਪੁੱਜੇਗਾ।ਮੋਰਚਾ ਬੇਸ਼ੱਕ 5 ਸਾਲ ਚਲੇ ਹੁਸ਼ਿਆਰਪੁਰ ਜਿਲ੍ਹਾ ਮੋਰਚੇ ਵਿੱਚ ਡੱਟ ਕੇ ਪਹਿਰਾ ਦੇਵੇਗਾ ।ਇਸ ਮੌਕੇ ਕੁਲਦੀਪ ਸਿੰਘ, ਦਵਿੰਦਰ ਸਿੰਘ ਕਾਹਲੋਂ, ਜਗਦੀਪ ਸਿੰਘ ਜੱਗੀ, ਹਰਮਨ ਟਾਹਲੀ, ਕਸ਼ਮੀਰ ਸਿੰਘ, ਜਸਬੀਰ ਸਿੰਘ ਰਿੰਕੂ,ਬਾਬਾ ਚੰਦ ਸ਼ਾਹ ਆਦਿ ਹਾਜ਼ਰ ਸਨ ।

# 'ਨਵਾਂ ਜ਼ਮਾਨਾ' ਦੀ ਸੀਨੀਅਰ ਪੱਤਰਕਾਰ ਰੀਨਾ ਸ਼ਰਮਾ 'ਤੇ ਜਾਨਲੇਵਾ ਹਮਲਾ



**ਲੋਹੀਆਂ ਖਾਸ, (ਯੋਗੇਸ਼ਵਰ)** : ਰੋਜ਼ਾਨਾ ਨਵਾਂ ਜ਼ਮਾਨਾ ਪੰਜਾਬੀ ਅਖਬਾਰ ਦੀ ਸੀਨੀਅਰ ਮਹਿਲਾ ਪੱਤਰਕਾਰ 'ਤੇ ਇਕ ਮੋਟਰਸਾਈਕਲ ਸਵਾਰ ਨੇ ਹਮਲਾ ਕਰ ਕੇ ਉਸ ਨੂੰ ਗੰਭੀਰ ਰੂਪ 'ਚ ਜ਼ਖਮੀ ਕਰ ਦਿੱਤਾ। ਪ੍ਰਾਪਤ ਜਾਣਕਾਰੀ ਅਨੁਸਾਰ ਮੰਗਲਵਾਰ ਸੀਨੀਅਰ ਪੱਤਰਕਾਰ ਰੀਨਾ ਸ਼ਰਮਾ ਜਦ ਤੜਕੇ 4.20 ਵਜੇ ਮੰਦਰ ਨੂੰ ਜਾ ਰਹੀ ਸੀ ਤਾਂ ਜਦੋਂ ਉਹ ਚੰਦੀ ਬੁਟੀਕ ਕੋਲ ਪਹੁੰਚੀ ਤਾਂ ਇਕ ਮੋਟਰਸਾਈਕਲ ਸਵਾਰ ਨੇ ਉਸ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ ਅਤੇ ਫਿਰ ਉਹ ਅੱਗੇ ਜਾ ਕੇ ਰੁਕ ਗਿਆ।

ਜਦੋਂ ਰੀਨਾ ਸ਼ਰਮਾ ਅਮਿਤ ਟੈਲੀਕਾਮ ਕੋਲ ਪੁੱਜੀ ਤਾਂ ਮੋਟਰਸਾਈਕਲ ਸਵਾਰ ਨੇ ਉੱਥੇ ਪੁੱਜ ਕੇ ਉਸ ਦੇ ਆਸੇ-ਪਾਸੇ ਚੱਕਰ ਲਾਉਣੇ ਸ਼ੁਰੂ ਕਰ ਦਿੱਤੇ ਤੇ ਜਦ ਰੀਨਾ ਸ਼ਰਮਾ ਨੇ ਉੱਥੋਂ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੇ ਉਸ 'ਚ ਮੋਟਰਸਾਈਕਲ ਮਾਰਿਆ ਬਾਅਦ 'ਚ ਫੇਰ ਉਸ ਨੇ ਚੱਲਦੇ ਮੋਟਰਸਾਈਕਲ ਤੋਂ ਉਸ ਦੇ ਲੱਤ ਮਾਰੀ, ਜਿਸ ਕਾਰਨ ਰੀਨਾ ਸ਼ਰਮਾ ਸੜਕ 'ਤੇ ਬੁਰੀ ਤਰ੍ਹਾਂ ਡਿੱਗੀ ਤੇ ਮੂੰਹ, ਨੱਕ, ਰੀੜ ਦੀ ਹੱਡੀ, ਗੋਡਿਆਂ ਤੇ ਹੋਰ ਸਰੀਰ 'ਤੇ ਗੰਭੀਰ ਸੱਟਾਂ ਲੱਗੀਆਂ ।

ਸੀ.ਸੀ.ਟੀ.ਵੀ. ਦੇਖਣ 'ਤੇ ਪਤਾ ਲੱਗਾ ਕਿ ਉਕਤ ਮੋਟਰਸਾਈਕਲ ਸਵਾਰ ਪਹਿਲਾਂ ਚੰਦੀ ਬੁਟੀਕ ਕੋਲ ਖੜਾ ਸੀ ਫਿਰ ਉਹ ਮਾਸਟਰ ਧਰਮਪਾਲ ਵਾਲੀ ਗਲੀ 'ਚ ਮੋਟਰਸਾਈਕਲ ਚਾਲੂ ਕਰ ਕੇ ਕਾਫੀ ਸਮੇਂ ਤੋਂ ਖੜ੍ਹਾ ਸੀ ਤੇ ਉਸ ਨੂੰ ਪਤਾ ਸੀ ਕਿ ਰੀਨਾ ਸ਼ਰਮਾ ਨੇ ਇੱਥੋਂ ਲੰਘਣਾ ਹੈ। ਰੀਨਾ ਸ਼ਰਮਾ ਨੇ ਦੱਸਿਆ ਕਿ ਪੁਲਸ ਨੇ ਸੀ.ਸੀ.ਟੀ.ਵੀ. ਵੀਡੀਓ ਦੇਖਣ 'ਚ ਉਸ ਦੀ ਭਾਵੇਂ ਮਦਦ ਕੀਤੀ ਹੈ ਪਰ ਉਨ੍ਹਾਂ ਵੱਲੋਂ ਕੋਈ ਵੀ ਹੋਰ ਕਾਰਵਾਈ ਨਹੀਂ ਕੀਤੀ ਗਈ।ਰੀਨਾ ਸ਼ਰਮਾ ਨੇ ਮੰਗ ਕੀਤੀ ਹੈ ਕਿ ਦੋਸ਼ੀ ਨੂੰ ਪਛਾਣ ਕੇ ਉਸ ਨੂੰ ਤੁਰੰਤ ਕਾਬੂ ਕੀਤਾ ਜਾਵੇ।

# ਲਾਇਲਪੁਰ ਖ਼ਾਲਸਾ ਕਾਲਜ ਦੇ ਐੱਮ ਏ ਭੂਗੋਲ ਦੇ ਵਿਦਿਆਰਥੀਆਂ ਨੇ 'ਵਰਸਿਟੀ 'ਚੋਂ ਮੈਰਿਟ ਸਥਾਨ ਕੀਤੇ ਹਾਸਲ

**ਜਲੰਧਰ (ਸ਼ੈਲੀ ਐਲਬਰਟ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਮ ਏ ਭੂਗੋਲ ਦੂਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਸਿਮਰਨਜੀਤ ਕੌਰ ਅਤੇ ਸੋਨੀਆ ਨੇ 10 'ਚੋਂ 9.00 ਐਸ ਜੀ ਪੀ ਏ ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿਚੋਂ ਪਹਿਲਾ, ਰੁਬਿੰਦਰਪ੍ਰੀਤ ਕੌਰ ਨੇ 8.80 ਐਸ ਜੀ ਪੀ ਏ ਪ੍ਰਾਪਤ ਕਰਦੇ ਹੋਏ ਦੂਜਾ ਅਤੇ ਵਾਈ ਚਾਂਦਨੀ, ਬੌਬੀ ਭਾਰਗਵ ਤੇ ਕੰਚਨ ਸ੍ਰੀਵਾਸਤਵ ਨੇ 8.60 ਐਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਡਾ. ਪੂਜਾ ਰਾਣਾ ਮੁਖੀ ਭੂਗੋਲ ਵਿਭਾਗ, ਪ੍ਰੋ. ਓਂਕਾਰ ਸਿੰਘ, ਪ੍ਰੋ. ਮਨਦੀਪ ਸਿੰਘ ਅਤੇ ਪ੍ਰੋ. ਕਮਲਪ੍ਰੀਤ ਕੌਰ ਵੀ ਹਾਜ਼ਰ ਸਨ।



# ਕਾਮਰੇਡ ਦਰਸ਼ਨ ਦੁਸਾਂਝ ਦੀ ਯਾਦ 'ਚ ਸਿਆਸੀ ਕਾਨਫਰੰਸ



**ਬੰਗਾ (ਅਵਤਾਰ ਕਲੇਰ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਾ ਜਲੰਧਰ ਵੱਲੋਂ ਨਕਸਲਬਾੜੀ ਲਹਿਰ ਦੇ ਆਗੂ ਦਰਸ਼ਨ ਦੁਸਾਂਝ ਦੀ ਯਾਦ 'ਚ ਪਿੰਡ ਦੁਸਾਂਝ ਕਲਾਂ ਦੀ ਧਰਮਸ਼ਾਲਾ ਵਿਖੇ ਸਿਆਸੀ ਕਾਨਫਰੰਸ ਕੀਤੀ ਗਈ।ਕਾਨਫਰੰਸ ਤੋਂ ਪਹਿਲਾਂ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਕਾਮਰੇਡ ਦੁਸਾਂਝ ਦੀ ਯਾਦਗਾਰ ਉੱਤੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਇਸ ਉਪਰੰਤ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੀ ਸੂਬਾ ਕਮੇਟੀ ਦੇ ਸੀਨੀਅਰ ਆਗੂ ਅਜਮੇਰ ਸਿੰਘ ਸਮਰਾ, ਕੁਲਵਿੰਦਰ ਸਿੰਘ ਵੜੈਚ, ਦਲਜੀਤ ਸਿੰਘ ਐਡਵੋਕੇਟ ਨੇ ਕਿਹਾ ਕਿ ਦਰਸ਼ਨ ਦੁਸਾਂਝ ਦੀ ਕੁਰਬਾਨੀ ਕ੍ਰਾਂਤੀਕਾਰੀ ਇਤਿਹਾਸ ਦੇ ਪੰਨਿਆਂ ਉੱਤੇ ਸੁਨਹਿਰੀ ਅੱਖਰਾਂ ਵਿੱਚ ਉੱਕਰੀ ਹੋਈ ਹੈ ਉਹਨਾਂ ਨੂੰ 'ਜਿੰਦਾ ਸ਼ਹੀਦ' ਅਤੇ 'ਲੋਹ ਪੁਰਸ਼' ਨਾਵਾਂ ਨਾਲ ਵੀ ਜਾਣਿਆਂ ਜਾਂਦਾ ਹੈ।ਕਾਮਰੇਡ ਦੁਸਾਂਝ ਨੇ ਪੰਜਾਬ ਦੇ ਦੋਆਬਾ ਖੇਤਰ ਵਿਚ ਨਕਸਲਬਾੜੀ ਲਹਿਰ ਲਈ ਸਰਗਰਮ ਭੂਮਿਕਾਵਾਂ ਨਿਭਾਈਆਂ ਜਿਸ ਕਾਰਨ ਉਹਨਾਂ ਉੱਤੇ ਪੁਲਸ ਨੇ ਕਈ ਵਾਰ ਅੰਨ੍ਹਾ ਜਬਰ ਢਾਹਿਆ।ਇਸ ਜਬਰ ਕਾਰਨ ਉਹਨਾਂ ਦੀ ਇਕ ਲੱਤ ਜਾਂਦੀ ਲੱਗੀ ਪਰ ਉਹ ਅਡੋਲ ਇਨਕਲਾਬੀ ਕਾਰਜਾਂ ਵਿਚ ਸਰਗਰਮ ਰਹੇ।ਉਹਨਾਂ ਨੇ ਸੀ ਪੀ ਆਈ (ਐਮ. ਐਲ) ਵਿਚ ਆਉਣ ਤੋਂ ਪਹਿਲਾਂ ਸੀ ਪੀ ਆਈ ਅਤੇ ਸੀ.ਪੀ.ਆਈ ( ਐਮ) ਵਿੱਚ ਵੀ ਲੰਮਾ ਸਮਾਂ ਕੰਮ ਕੀਤਾ।ਉਹ ਇਕ ਸੰਵੇਦਨਸ਼ੀਲ ਇਨਕਲਾਬੀ ਕਵੀ ਵੀ ਸਨ ਜਿਹਨਾਂ ਦੇ ਦੋ ਕਾਵਿ ਸੰਗ੍ਰਹਿ ਮੌਤ ਤੋਂ ਪਿੱਛੋਂ ਅਤੇ ਲੂਣੀ ਧਰਤੀ ਕਾਵਿ ਸੰਗ੍ਰਹਿ ਵੀ ਪ੍ਰਕਾਸ਼ਿਤ ਹੋਏ। ਲੇਖਕ ਅਜਮੇਰ ਸਿੱਧੂ ਵਲੋਂ ਉਹਨਾਂ ਦੀ ਜੀਵਨੀ 'ਤੇ ਅਧਾਰਿਤ ਪੁਸਤਕ ਤੁਰਦੇ ਪੈਰਾਂ ਦੀ ਦਾਸਤਾਨ ਵੀ ਛਪੀ ਹੈ।ਇਨਕਲਾਬ ਦੀ ਤੜਪ ਹਮੇਸ਼ਾ ਉਹਨਾਂ ਦੀ ਜਿੰਦਗੀ ਦਾ ਹਿੱਸਾ ਰਹੀ।ਸਿਹਤ ਨਾਸਾਜ਼ਗਾਰ ਰਹਿਣ ਕਾਰਨ ਬਿਮਾਰੀ ਦੀ ਹਾਲਤ ਵਿੱਚ ਉਹ 19 ਅਗਸਤ 2000 ਨੂੰ ਸਾਨੂੰ ਸਾਰਿਆਂ ਨੂੰ ਸਦਾ ਲਈ ਵਿਛੋੜਾ ਦੇ ਗਏ ਸਨ, ਪਰ ਇਨਕਲਾਬ ਲਈ ਉਹਨਾਂ ਦੀ ਘਾਲਣਾ ਹਮੇਸ਼ਾ ਲੋਕਾਂ ਦੇ ਮਨਾਂ ਵਿੱਚ ਰਹੇਗੀ।ਇਸ ਕਾਨਫਰੰਸ ਨੂੰ ਪਾਰਟੀ ਦੇ ਆਗੂਆਂ ਅਵਤਾਰ ਸਿੰਘ ਤਾਰੀ, ਮਾਸਟਰ ਪ੍ਰੀਤਮ ਸਿੰਘ ਲੱਲੀਆਂ ਨੇ ਵੀ ਸੰਬੋਧਨ ਕੀਤਾ।

# ਹੈਰੋਇਨ ਸਮੇਤ ਕਾਬੂ



**ਬੰਗਾ (ਅਵਤਾਰ ਕਲੇਰ)**—ਥਾਣਾ ਮੁਕੰਦਪੁਰ ਦੀ ਪੁਲਸ ਪਾਰਟੀ ਨੇ ਦੌਰਾਨੇ ਗਸ਼ਤ ਮੰਡੇਰਾ ਪੁੱਲੀ ਮੁਕੰਦਪੁਰ ਤੋਂ ਦੋਸ਼ੀ ਜਗਤਾਰ ਕੁਮਾਰ ਪੁੱਤਰ ਮਨਜੀਤ ਕੁਮਾਰ ਵਾਸੀ ਖੋਥੜਾ ਥਾਣਾ ਬਹਿਰਾਮ ਜ਼ਿਲ੍ਹਾ ਸ ਭ ਸ ਨਗਰ ਨੂੰ ਗ੍ਰਿਫਤਾਰ ਕੀਤਾ ਕਰਕੇ ਉਸ ਵੱਲੋ ਸੁੱਟੀ ਲਿਫਾਫੀ ਦੀ ਤਲਾਸ਼ੀ ਦੌਰਾਨ 03 ਗ੍ਰਾਮ ਹੈਰੋਇਨ ਬਰਾਮਦ ਕਰਕੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਾਤਾ ਗੁਜਰੀ ਖਾਲਸਾ ਕਾਲਜ ਨੇ ਖੋ-ਖੋ 'ਚ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ




**ਕਰਤਾਰਪੁਰ (ਹਰਮੇਸ਼ ਦੱਤ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖਾਲਸਾ ਕਾਲਜ ਦੀਆਂ ਵਿਦਿਆਰਥਣਾਂ ਨੇ ਜੋਨ ਪੱਧਰੀ ਵਰਗ 19 ਦੇ ਖੋ-ਖੋ ਮੁਕਾਬਲਿਆਂ ਵਿੱਚੋਂ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ।

ਇਹ ਮੁਕਾਬਲੇ ਗੁਰੂ ਅਰਜਨ ਦੇਵ ਪਬਲਿਕ ਸਕੂਲ ਕਰਤਾਰਪੁਰ ਜੋਨ ਨੰ 5 ਦੇ ਇਲਾਕੇ ਵਿੱਚ ਕਰਵਾਏ ਗਏ, ਜਿਥੇ ਵੱਖ ਵੱਖ ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ ਤੇ ਮਾਤਾ ਗੁਜਰੀ ਖਾਲਸਾ ਕਾਲਜ ਕਰਤਾਰਪੁਰ ਦੀ ਟੀਮ ਨੇ ਪਹਿਲੀ ਪੁਜੀਸ਼ਨ ਹਾਸਲ ਕੀਤੀ। ਇਸ ਮੌਕੇ ਡਾ. ਹਰਮਨਦੀਪ ਸਿੰਘ ਗਿੱਲ ਨੇ ਪ੍ਰੋ ਰਾਜਬੀਰ ਸਿੰਘ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਹੋਰ ਮਿਹਨਤ ਕਰਕੇ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।

# ਰਤਨ ਪਾਲ ਮਹਿਮੀ ਦਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਨਮਾਨ

**ਜਲੰਧਰ** : ਇੰਡੀਅਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਵਿੱਚ ਲੰਮੇ ਅਰਸੇ ਤੋਂ ਲੋਕ ਸੇਵਾ, ਜਾਗਰਤੀ ਅਤੇ ਅਮੀਰ ਲੋਕ ਵਿਰਸੇ ਦੀ ਲੋਅ ਜਗਦੀ ਰੱਖਣ ਲਈ ਇੰਗਲੈਂਡ ਅਤੇ ਸਾਡੇ ਮੁਲਕ ਦੀਆਂ ਤਰਕਸ਼ੀਲ, ਜਮਹੂਰੀ ਇਨਕਲਾਬੀ ਲਹਿਰਾਂ ਦੇ ਸੰਗੀ-ਸਾਥੀ ਰਤਨਪਾਲ ਮਹਿਮੀ ਬੈਡਫੋਰਡ (ਯੂ.ਕੇ.) ਦਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਕਿਤਾਬਾਂ ਦੇ ਸੈੱਟ ਦੇ ਕੇ ਸਨਮਾਨ ਕੀਤਾ ਗਿਆ। ਸਨਮਾਨ ਕਰਦੇ ਹੋਏ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਸੀਨੀਅਰ ਕਮੇਟੀ ਮੈਂਬਰ ਸੁਰਿੰਦਰ ਕੁਮਾਰੀ ਕੋਛੜ ਅਤੇ ਰਣਜੀਤ ਸਿੰਘ ਔਲਖ ਨੇ ਪਰਵਾਰ ਨੂੰ ਗ਼ਦਰੀ ਵਿਰਸੇ ਨਾਲ ਜੁੜ ਕੇ ਚੇਤਨਾ ਦਾ ਚਾਨਣ ਵੰਡਣ ਲਈ ਮੁਬਾਰਕਬਾਦ ਦਿੱਤੀ। ਰਤਨ ਪਾਲ ਮਹਿਮੀ ਦੇ ਹੋਰਨਾਂ ਸ਼ਹਿਰਾਂ ਵਿੱਚ ਕੰਮ ਕਰਦੇ ਕਾਮਿਆਂ ਨਾਲ ਮਿਲ ਕੇ ਦੇਸ਼ ਭਗਤ ਯਾਦਗਾਰ ਹਾਲ ਦੀਆਂ ਸਰਗਰਮੀਆਂ 'ਚ ਸ਼ਾਮਲ ਹੋਣ ਅਤੇ ਆਰਥਕ ਸਹਾਇਤਾ ਕਰਨ ਦਾ ਸਦਾ ਯੋਗਦਾਨ ਪਾਉਣ ਲਈ ਹਾਰਦਿਕ ਧੰਨਵਾਦ ਕੀਤਾ। ਰਤਨ ਪਾਲ ਮਹਿਮੀ ਅਤੇ ਉਹਨਾਂ ਦੇ ਪਰਵਾਰ ਦੇ ਮੈਂਬਰਾਂ ਨੇ ਦੇਸ਼ ਭਗਤ ਯਾਦਗਾਰ ਹਾਲ ਦੀ ਲਾਇਬ੍ਰੇਰੀ ਅਤੇ ਮਿਊਜ਼ੀਅਮ ਨੂੰ ਦੇਖ ਕੇ ਮਾਣ ਮਹਿਸੂਸ ਕੀਤਾ। ਉਹਨਾਂ ਨੇ ਗ਼ਦਰੀ ਬਾਬਿਆਂ ਦੇ ਮੇਲੇ ਲਈ ਸਹਾਇਤਾ ਵੀ ਕੀਤੀ।



# ਸਵਾਮੀ ਰਿਸ਼ੀ ਠਾਕੁਰ ਦਾਸ ਦੇ 79ਵੇਂ ਬਰਸੀ ਸਮਾਗਮ ਮਨਾਏ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਸੰਤ ਸਵਾਮੀ ਰਿਸ਼ੀ ਠਾਕੁਰ ਦਾਸ ਮਹਾਰਾਜ ਦੇ 79ਵੇਂ ਬਰਸੀ ਸਮਾਗਮ ਡੇਰਾ ਠਾਕੁਰ ਰਿਸ਼ੀ ਦਾਸ ਹਰੀਪੁਰ ਖਾਲਸਾ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਰਾਮ ਸੇਵਕ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਸ਼ਰਧਾ ਪੂਰਵਕ ਮਨਾਏ ਗਏ।ਪਹਿਲਾਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਰਾਗੀ, ਢਾਡੀ, ਕਥਾਵਾਚਕ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਡੇਰਾ ਹਰੀਪੁਰ ਖਾਲਸਾ ਦੇ ਗੱਦੀ ਨਸ਼ੀਨ ਸੰਤ ਰਾਮ ਸੇਵਕ ਨੇ ਸਵਾਮੀ ਰਿਸ਼ੀ ਠਾਕੁਰ ਦਾਸ ਦੇ ਜੀਵਨ ਸੰਬੰਧੀ ਸੰਗਤਾਂ ਨੂੰ ਦੱਸਿਆ ਕਿ ਉਹ ਸਰਬੱਤ ਦੇ ਭਲੇ ਅਤੇ ਸੰਗਤਾਂ ਦੀਆਂ ਸਮਾਜਿਕ, ਧਾਰਮਿਕ ਅਤੇ ਆਰਥਿਕ ਮੁਸ਼ਕਲਾਂ ਨੂੰ ਹੱਲ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਸਨ।ਸਮਾਜ ਦੇ ਬੱਚਿਆਂ ਨੂੰ ਸਿੱਖਿਅਤ ਅਤੇ ਸਿਹਤਮੰਦ ਬਣਾਉਣ ਲਈ ਉਹ ਉਪਰਾਲੇ ਕਰਦੇ ਰਹਿੰਦੇ ਸਨ ਅਤੇ ਸੰਗਤਾਂ ਨੂੰ ਨਸ਼ਿਆਂ ਤੋਂ ਦੂਰ ਰਹਿਕੇ ਪ੍ਰਮੇਸ਼ਰ ਦੀ ਬੰਦਗੀ ਲਈ ਪ੍ਰੇਰਿਤ ਕਰਦੇ ਸਨ। ਸੰਤ ਰਾਮ ਸੇਵਕ ਵਲੋਂ ਆਏ ਹੋਏ ਸੰਤਾਂ, ਮਹਾਂਪੁਰਸ਼ਾਂ, ਧਾਰਮਿਕ ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਅਤੇ ਧੰਨਵਾਦ ਕੀਤਾ। ਇਸ ਮੌਕੇ ਸੰਤ ਸਰਵਣ ਦਾਸ ਸਮੇਮਟਾਵਰੀ, ਸੰਤ ਨਿਰਮਲ ਸਿੰਘ ਆਵਾਦਾਨ, ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਧਰਮਪਾਲ ਸ਼ੇਰਗੜ, ਸੰਤ ਰਮੇਸ਼ ਦਾਸ ਬਾਬੇ ਕੱਲਰਾਂ ਸ਼ੇਰਪੁਰ, ਸੰਤ ਦੇਸ਼ ਰਾਜ ਫਗਵਾੜਾ,ਸੰਤ ਬਲਵੰਤ ਸਿੰਘ ਡਿਗਰੀਆਂ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਗੁਰਮੀਤ ਦਾਸ ਪਿੱਪਲਾਂਵਾਲਾ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਾਨੀ ਸੱਜਣ ਵੱਲੋਂ ਏਅਰ ਕੰਡੀਸ਼ਨਡ ਬੱਸ ਭੇਟ



**ਮੋਹਾਲੀ (ਗੁਰਜੀਤ ਬਿੱਲਾ)**-ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਿਕ ਗੁ ਸਿੰਘ ਸ਼ਹੀਦਾਂ ਵਿਖੇ ਦਾਨੀ ਸੱਜਣ ਵਲੋਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਅਸਵਾਰਾ ਸਾਹਿਬ ਲਈ ਆਲੀਸ਼ਾਨ ਏਅਰਕੰਡੀਸ਼ੰਡ ਬਸ ਭੇਟ ਗਈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਦਾਨੀ ਸੱਜਣ ਵਲੋਂ ਆਲੀਸ਼ਾਨ ਬੱਸ ਸ੍ਰੀ ਨਿਸ਼ਾਨ ਸਾਹਿਬ ਜੀ ਦੇ ਕੋਲ ਖੜੀ ਕਰਕੇ ਬਸ ਦੀ ਚਾਬੀ ਦਫ਼ਤਰ ਵਿੱਚ ਦਿੱਤੀ ਗਈ।ਦਾਨੀ ਸੱਜਣ ਨੇ ਪ੍ਰਬੰਧਕਾਂ ਨੂੰ ਦੱਸਿਆ ਕਿ ਉਹ ਇਹ ਬਸ ਇਸ ਅਸਥਾਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਿਰਧ ਸਰੂਪ, ਗੁਟਕਾ ਸਾਹਿਬ ਜੀ ਦੀ ਸੇਵਾ ਸੰਭਾਲ ਅਤੇ ਨਵੇਂ ਸਰੂਪ ਦੇਣ ਦੀ ਚੱਲ ਰਹੀ ਨਿਸ਼ਕਾਮ ਸੇਵਾ ਵਿੱਚ ਲਗਵਾਉਣਾ ਚਾਹੁੰਦਾ ਹੈ, ਉਹ ਆਪਣੀ ਪਹਿਚਾਣ ਗੁਪਤ ਰੱਖਣਾ ਚਾਹੁੰਦਾ ਹੈ। ਦਾਨੀ ਸੱਜਣ ਵਲੋਂ ਬਸ ਵਿੱਚ ਬਹੁਤ ਵੱਡੀ ਪਾਲਕੀ ਸਾਹਿਬ ਵੀ ਲਗਵਾਈ ਹੋਈ ਹੈ। ਬਸ ਨੂੰ ਅੰਦਰੋਂ ਅਤੇ ਬਾਹਰੋਂ ਬਹੁਤ ਹੀ ਸੁੰਦਰ ਢੰਗ ਨਾਲ ਸਜਾਇਆ ਹੋਇਆ ਹੈ। ਬਸ ਤੇ ਲਗੱਣ ਵਾਲਾ ਸਾਰਾ ਸਮਾਨ ਵੀ ਲਗਵਾ ਕੇ ਦਿੱਤਾ ਗਿਆ ਹੈ। ਬਸ ਦੀ ਕੁਲ ਅਨੁਮਾਨਿਤ ਲਾਗਤ 40 ਲੱਖ ਦੇ ਕਰੀਬ ਹੈ।ਬਸ ਦੇ ਸਾਰੇ ਕਾਗਜ਼ਾਤ, ਬੀਮਾ ਆਦਿਕ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਨਾਂ ਤੇ ਹਨ।ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵਲੋਂ ਇੱਕਠੇ ਹੋ ਕੇ ਦੇਗ ਸਜਾ ਕੇ ਦਾਨੀ ਸੱਜਣ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਵਾਈ ਗਈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਦਾਨੀ ਸੱਜਣਾਂ ਵਲੋ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਸਵਾਰਾ ਸਾਹਿਬ ਲਈ 2 ਆਲੀਸ਼ਾਨ ਏਅਰ ਕੰਡੀਸ਼ਨਡ ਬਸ, ਮਹਿੰਦਰਾ ਸਕਾਰਪਿਓ, ਮਹਿੰਦਰਾ ਜਾਇਲੋ, ਮਹਿੰਦਰਾ ਮਰਾਜ਼ੋ, ਮਰੂਤੀ ਵਰਸਾ, 3 ਮਰੂਤੀ ਈਕੋ, ਕਵਾਲਿਸ ਗੱਡੀਆਂ ਭੇਟ ਕੀਤੀਆਂ ਗਈਆਂ ਹਨ। ਕਾਰ ਸੇਵਾ ਲਈ ਟਾਟਾ 207, ਟਾਟਾ 407, ਟਾਟਾ 709, ਟਾਟਾ ਐਲ ਪੀ ਟਰੱਕ, 2 ਮਹਿੰਦਰਾ ਯੁਟੀਲਿਟੀ, ਮਹਿੰਦਰਾ ਪਿਕਅੱਪ, ਮਹਿੰਦਰਾ ਬਲੇਰੋ, ਮਹਿੰਦਰਾ ਕੈਂਪਰ, ਮਹਿੰਦਰਾ ਮਿੰਨੀ ਟਰੱਕ, ਅਸ਼ੋਕਾ ਲੇਲੈਂਡ ਟਰੱਕ, 4 ਮੋਟਰਸਾਈਕਲ, ਬੇਅੰਤ ਸੋਨਾ ਆਦਿ ਗੁਪਤ ਅਤੇ ਪ੍ਰਤੱਖ ਰੂਪ ਵਿੱਚ ਭੇਟ ਕੀਤਾ ਗਿਆ ਹੈ।

# ਤਿੰਨ ਲੁਟੇਰੇ ਕਾਬੂ

**ਜਲੰਧਰ ( ਸ਼ੈਲੀ ਐਲਬਰਟ)** ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਤਿੰਨ ਅਪਰਾਧੀਆਂ ਨੂੰ ਕਾਬੂ ਕਰਕੇ ਲੁੱਟਾਂ ਖੋਹਾਂ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਕਮਿਸ਼ਨਰੇਟ ਪੁਲਸ ਵੱਲੋਂ ਸ਼ਹਿਰ 'ਚ ਸਨੈਚਰਾਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਪੁਲਸ ਨੂੰ ਮੁਖਬਰੀ ਮਿਲੀ ਸੀ, ਜਿਸ ਤੋਂ ਬਾਅਦ ਪੁਲਸ ਪਾਰਟੀ ਮਕਸੂਦਾਂ ਚੌਂਕ ਜਲੰਧਰ ਕੋਲ ਮੌਜੂਦ ਸੀ। ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਪੁਲ ਨੇੜੇ ਪਾਰਕ ਵਿੱਚ ਕੁਝ ਵਿਅਕਤੀ ਚੋਰੀ ਦਾ ਮੋਬਾਈਲ ਫੋਨ ਵੇਚਣ ਲਈ ਆ ਰਹੇ ਹਨ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਫੜੇ ਗਏ ਦੀ ਪਛਾਣ ਜਸਪਾਲ ਸਿੰਘ ਉਰਫ ਲਵਲੀ ਵਾਸੀ ਥਾਣਾ ਨੰਬਰ 10 ਮੋਤੀ ਨਗਰ ਜਲੰਧਰ, ਵਰਿੰਦਰ ਸਿੰਘ ਵਾਸੀ ਬੋਹੜ ਵਾਲਾ ਮੁਹੱਲਾ ਮਕਸੂਦਾਂ ਜਲੰਧਰ ਅਤੇ ਪਵਨ ਕੁਮਾਰ ਉਰਫ ਪੰਮਾ ਨੂੰ ਗ੍ਰਿਫਤਾਰ ਕੀਤਾ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਕੋਲੋਂ ਇੱਕ ਮੋਬਾਈਲ ਫ਼ੋਨ, ਇੱਕ ਐਕਟਿਵਾ ਅਤੇ 1 ਦਾਤਰ ਬਰਾਮਦ ਕੀਤਾ ਗਿਆ ਹੈ

# ਮੇਹਰ ਚੰਦ ਪੋਲੀਟੈਕਨਿਕ ਵਿਖੇ ਇੰਡਕਸ਼ਨ ਪ੍ਰੋਗਰਾਮ ਕਰਵਾਇਆ



**ਜਲੰਧਰ ( ਸੈਲੀ ਐਲਬਰਟ)** ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿਖੇ ਸਾਲ 2024-25 ਵਿੱਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਸਤ ਦਿਨਾ (12 ਅਗਸਤ ਤੋਂ 20 ਅਗਸਤ) ਦਾ ਇੰਡਕਸ਼ਨ ਪ੍ਰੋਗਰਾਮ ਕਰਵਾਇਆ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਇਸ ਦਾ ਸ਼ੁਭ ਆਰੰਭ ਕੀਤਾ। ਉਹਨਾਂ ਨੇ ਦੱਸਿਆ ਕਿ ਏ.ਆਈ.ਸੀ.ਟੀ.ਈ ਨਵੀਂ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਕਰਵਾਏ ਜਾਂਦੇ ਇੰਡਕਸ਼ਨ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਵੇਂ ਮਾਹੌਲ ਦੇ ਰੁਬਰੂ ਕਰਵਾਉਣਾ ਹੈ ਤੇ ਨਾਲ ਹੀ ਉਹਨਾਂ ਦੇ ਆਪਸੀ ਤਾਲਮੇਲ, ਸਟਾਫ ਨਾਲ ਗੱਲਬਾਤ, ਵਿਸ਼ਿਆਂ ਦੀ ਜਾਣਕਾਰੀ ਦੇ ਨਾਲ ਨਾਲ ਉਹਨਾਂ ਨੂੰ ਮੁੱਖ ਟੀਚੇ ਦੀ ਜਾਣਕਾਰੀ ਦਿੱਤੀ ਜਾਂਦੀ ਹੈ ਅਤੇ ਕਈ ਤਰ੍ਹਾਂ ਦੇ ਸਹਿਤਕ ਤੇ ਹੋਰ ਪ੍ਰੋਗਰਾਮਾਂ ਵਿੱਚ ਉਹਨਾਂ ਦੀ ਛੁਪੀ ਪ੍ਰਤਿਭਾ ਨੂੰ ਵੀ ਨਿਖਾਰਿਆ ਜਾਂਦਾ ਹੈ। ਮੁੱਖੀ ਵਿਭਾਗ ਮੈਡਮ ਮੰਜੂ ਮਨਚੰਦਾ ਨੇ ਵਿਦਿਆਰਥੀਆਂ ਨੂੰ ਵਿਭਾਗ ਦੀਆਂ ਗਤੀਵਿਧੀਆਂ ਦੀ ਜਾਣਕਾਰੀ ਦਿੱਤੀ ਤੇ ਉਹਨਾਂ ਨੂੰ ਕਾਲਜ ਦੇ ਕਾਇਦੇ ਕਾਨੂੰਨ ਸਮਝਾਏ ਤੇ ਨਾਲ ਹੀ ਅਨੁਸਾਸ਼ਨ ਵਿੱਚ ਰਹਿ ਕੇ ਗਿਆਨ ਅਤੇ ਹੁਨਰ ਵਲ ਧਿਆਨ ਦੇਣ ਲਈ ਪ੍ਰੇਰਿਆ। ਇੰਡਕਸ਼ਨ ਪ੍ਰੋਗਰਾਮ ਵਿੱਚ ਸੋਲੋ ਗੀਤ, ਸੋਲੋ ਡਾਂਸ, ਬੈਸਟ ਆਊਟ ਆਫ ਵੇਸਟ, ਕਵਿਤਾ ਅਤੇ ਪੋਸਟਰ ਮੇਕਿੰਗ ਆਦਿ ਦੇ ਮੁਕਾਬਲੇ ਕਰਵਾਏ ਗਏ। ਬੱਚਿਆਂ ਨੂੰ ਨਸ਼ੇ, ਏਡਜ, ਖੂਨਦਾਨ ਸਬੰਧੀ ਵੀ ਮਾਹਿਰਾਂ ਨੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਨਵੇਂ ਰੁੱਖ ਲਗਾ ਕੇ ਵਾਤਾਵਰਣ ਨੂੰ ਸ਼ੁੱਧ ਕਰਨ ਦਾ ਸੰਕਲਪ ਲਿਆ। ਹੋਰ ਵਿਭਾਗਾਂ ਦੇ ਮੁਖੀਆਂ ਨੇ ਵੀ ਇਹਨਾਂ ਬੱਚਿਆਂ ਨੂੰ ਸੰਬੋਧਨ ਕੀਤਾ ਤੇ ਪੁਰਾਣੇ ਵਿਦਿਆਰਥੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਇਸ ਪ੍ਰੋਗਰਾਮ ਵਿਚ ਅੰਕੁਸ਼ ਸ਼ਰਮਾ, ਮੈਡਮ ਪ੍ਰਤਿਭਾ, ਮੈਡਮ ਅੰਜੂ ਸ਼ਰਮਾ, ਕਮਲਕਾਂਤ, ਮੈਡਮ ਮਨਵੀਰ,ਮੈਡਮ ਰੀਆ ਅਤੇ ਮੈਡਮ ਅਰਪਨਾ ਨੇ ਭਾਗ ਲਿਆ।

# ਬੇਕਰੀ ਦੀ ਟ੍ਰੇਨਿੰਗ ਦਿੱਤੀ

**ਮੋਹਾਲੀ (ਗੁਰਜੀਤ ਬਿੱਲਾ)** ਆਤਮਾ ਸਕੀਮ ਤਹਿਤ ਜਨਨੀ ਸ਼ਕਤੀ ਸੈਲਫ਼ ਹੈਲਪ ਗਰੁੱਪ ਡੇਰਾਬੱਸੀ ਨੂੰ ਬੇਕਰੀ ਸੰਬੰਧੀ ਟ੍ਰੇਨਿੰਗ ਦਿੱਤੀ ਗਈ। ਸੈਲਫ਼ ਹੈਲਪ ਗਰੁੱਪ ਨੂੰ ਆਪਣੀ ਆਮਦਨ ਅਤੇ ਕਾਰਜ ਕੁਸ਼ਲਤਾ ਵਿੱਚ ਵਾਧਾ ਕਰਨ ਲਈ ਪ੍ਰੋਫ਼ੈਸ਼ਨਲ ਸ਼ੈਫ਼ ਸ਼ਵੇਤਾ ਵੱਲੋਂ ਬੇਕਰੀ ਦੀ ਟ੍ਰੇਨਿੰਗ ਦਿੱਤੀ ਗਈ।ਇਹ ਜਾਣਕਾਰੀ ਦਿੰਦਿਆਂ ਡਾ. ਸ਼ੁੱਭਕਰਨ ਸਿੰਘ ਨੇ ਦੱਸਿਆ ਕਿ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਮੇਲ ਸਿੰਘ ਦੀਆਂ ਹਦਾਇਤਾਂ 'ਤੇ ਟ੍ਰੇਨਿੰਗ ਦੌਰਾਨ ਡੋਨਟ, ਕੱਪ ਕੇਕਸ ਅਤੇ ਬਿਸਕੁਟ ਬਣਾਉਣ ਦੀ ਮੁਕੰਮਲ ਵਿਧੀ ਬਾਰੇ ਦੱਸਿਆ ਗਿਆ। ਇਸ ਦੇ ਨਾਲ ਹੀ ਕੈਂਪ ਵਿੱਚ ਹਾਜ਼ਰ ਬੀਬੀਆਂ ਨੂੰ ਡਾ. ਪੂਜਾ (ਨਿਊਟ੍ਰਿਸ਼ਨਿਸਟ) ਵੱਲੋਂ ਫੂਡ ਨਿਊਟਰੇਸ਼ਨ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਮੋਟੇ ਅਨਾਜ (ਜਵਾਰ, ਰਾਗੀ, ਬਾਜਰਾ, ਕੋਧਰਾ) ਤੋਂ ਵੀ ਕੱਪ ਕੇਕਸ ਅਤੇ ਡੋਨਟ ਬਣਾਏ ਜਾ ਸਕਦੇ ਹਨ, ਜਿਸ ਨਾਲ ਖਾਣੇ ਦੀ ਗੁਣਵਤਾ ਵਧਾਈ ਜਾ ਸਕਦੀ ਹੈ। ਸ਼ਿਖਾ ਸਿੰਗਲਾ, ਡਿਪਟੀ ਪ੍ਰੋਜੈਕਟ ਡਾਇਰੈਕਟਰ (ਆਤਮਾ) ਨੇ ਇਸ ਕੈਂਪ ਵਿੱਚ ਭਾਗ ਲੈ ਰਹੀਆਂ ਬੀਬੀਆਂ ਨੂੰ ਇਸ ਤਰ੍ਹਾਂ ਦੀਆਂ ਹੋਰ ਟ੍ਰੇਨਿੰਗਾਂ ਦੇਣ ਅਤੇ ਇਸ ਧੰਦੇ ਨੂੰ ਅਪਣਾ ਕੇ ਆਪਣੀ ਆਮਦਨ ਵਿੱਚ ਵਾਧਾ ਕਰਨ ਬਾਰੇ ਦੱਸਿਆ। ਇਸ ਮੌਕੇ ਪੁਨੀਤ ਕੁਮਾਰ ਬੀ.ਟੀ.ਐਮ (ਆਤਮਾ) ਡੇਰਾਬੱਸੀ ਵੱਲੋਂ ਬੀਬੀਆਂ ਨੂੰ ਆਤਮਾ ਸਕੀਮ ਅਧੀਨ ਚੱਲ ਰਹੀਆਂ ਗਤੀ ਵਿਧੀਆਂ ਬਾਰੇ ਜਾਗਰੂਕ ਕੀਤਾ। ਟ੍ਰੇਨਰ ਸੋਨੀ ਨੇ ਦੱਸਿਆ ਕਿ ਜ਼ਿਲ੍ਹਾ ਕਿਸਾਨ ਸਿਖਲਾਈ ਕੈਂਪ ਵਿੱਚ ਸੈਲਫ ਹੈਲਪ ਗਰੁੱਪ ਨੂੰ ਮਾਰਕੀਟਿੰਗ ਲਈ ਇੱਕ ਚੰਗਾ ਮੰਚ ਮਿਲਿਆ ਹੈ।ਇਸ ਮੌਕੇ ਸੁਖਜੀਤ ਕੌਰ ਅਤੇ ਟ੍ਰੇਨੀ ਗਰੁੱਪ ਮੈਂਬਰ ਸੋਨੀ ਅਤੇ ਪੂਨਮ ਹਾਜ਼ਰ ਸਨ।

# ਰਾਖਵਾਂਕਰਨ ਮੁੱਦੇ 'ਤੇ ਸਾਰੇ ਬਹੁਜਨ ਸਮਾਜ ਨੂੰ ਸਾਂਝਾ ਅੰਦੋਲਨ ਸ਼ੁਰੂ ਕਰਨਾ ਚਾਹੀਦਾ : ਗਿਆਨ ਚੰਦ ਦੀਵਾਲੀ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਰਾਖਵੇਂਕਰਨ ਦੇ ਮੁੱਦੇ 'ਤੇ ਭਾਰਤ ਬੰਦ ਦੇ ਸੱਦੇ ਦਾ ਪੰਜਾਬ ਦੇ ਐਸ ਸੀ ਵਰਗ ਦੇ ਇਕ ਖਾਸ ਫਿਰਕੇ ਵੱਲੋਂ ਜੋ ਵਿਰੋਧ ਕੀਤਾ ਜਾ ਰਿਹਾ ਹੈ ਉਹ ਨਾ-ਸਮਝੀ ਦੀ ਵਜ੍ਹਾ ਕਰਕੇ ਕੀਤਾ ਜਾ ਰਿਹਾ ਹੈ ਜਾਂ ਫਿਰ ਇਸ ਲਾਲਚ ਵਿੱਚ ਕੀਤਾ ਜਾ ਰਿਹਾ ਹੈ ਕਿ ਪੰਜਾਬ ਦੀਆਂ 39 ਐਸ ਸੀ ਜਾਤਾਂ 'ਚੋਂ ਸਿਰਫ ਇਕੱਲੀ ਇਕ ਜਾਤ ਨੂੰ ਰਾਖਵੇਂਕਰਨ ਦਾ ਅੱਧਾ ਹਿੱਸਾ ਮਿਲਣਾ ਹੈ, ਪਰ ਉਹ ਲੋਕ ਇਸ ਗੱਲ ਤੋਂ ਅਣਜਾਣ ਹਨ ਕਿ ਅਗਰ ਸਰਕਾਰਾਂ ਨੇ ਉਚ ਅਦਾਲਤ ਦੇ ਫੈਸਲੇ ਅਤੇ ਸੁਝਾਵਾਂ ਨੂੰ ਪੂਰੀ ਤਰ੍ਹਾਂ ਲਾਗੂ ਕਰ ਦਿੱਤਾ ਤਾਂ ਰਾਖਵਾਂਕਰਨ ਤਾਂ 10-15 ਸਾਲ ਵਿੱਚ ਹੀ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗਿਆਨ ਚੰਦ ਦੀਵਾਲੀ ਸਾਬਕਾ ਮੈਂਬਰ ਐਸ ਸੀ ਕਮਿਸ਼ਨ ਨੇ ਕਿਹਾ ਕਿ ਕਿਉਂਕਿ ਕੁਝ ਲੋਕ ਕਰੀਮੀ ਲੇਅਰ ਵਿੱਚ ਆ ਜਾਣਗੇ ਬਾਕੀ ਜੋ ਬਚਣਗੇ ਉਨ੍ਹਾਂ ਵਿਚੋਂ ਜਿਸ ਪਰਵਾਰ ਵਿਚੋਂ ਕਿਸੇ ਨੇ ਇਕ ਵਾਰ ਰਾਖਵੇਂਕਰਨ ਦਾ ਲਾਭ ਲੈ ਲਿਆ ਹੈ ਉਹ ਬਾਹਰ ਹੋ ਜਾਣਗੇ।ਬਾਕੀ ਜੋ ਥੋੜੇ ਬਹੁਤੇ ਹੋਰ ਬਚਣਗੇ ਉਨ੍ਹਾਂ ਨੂੰ ਵੀ ਫੋਰਥ ਕਲਾਸ ਜਾਂ ਸਫਾਈ ਕਰਮਚਾਰੀ ਬਣਾ ਕੇ ਰਿਜ਼ਰਵੇਸਨ ਦਾ ਕੰਮ ਤਮਾਮ ਕਰ ਦੇਣਗੇ।ਐਸ ਸੀ ਵਰਗ ਦੀ ਲੀਡਰਸ਼ਿਪ ਨੂੰ ਵੀ ਇਸੇ ਅਧਾਰ 'ਤੇ ਖਤਮ ਕਰਨਗੇ, ਜਿਸ ਨੂੰ ਇਕ ਵਾਰ ਐਮ ਐਲ ਏ ਜਾਂ ਐਮ ਪੀ ਬਣਾ ਦਿੱਤਾ ਤਾਂ ਦੂਜੀ ਵਾਰ ਉਹ ਰਿਜ਼ਰਵ ਸੀਟ ਤੋਂ ਚੋਣ ਨਹੀਂ ਲੜ ਸਕੇਗਾ ਕਿਉਂਕਿ ਉਸ ਨੂੰ ਰਿਜ਼ਰਵੇਸਨ ਦਾ ਇਕ ਵਾਰ ਲਾਭ ਮਿਲ ਚੁੱਕਾ ਹੈ।ਇਸ ਤਰ੍ਹਾਂ ਕਰਕੇ ਰਿਜ਼ਰਵੇਸਨ ਦਾ ਪੂਰੀ ਤਰ੍ਹਾਂ ਭੋਗ ਪੈ ਜਾਵੇਗਾ।ਫਿਰ ਉਨ੍ਹਾਂ ਲੋਕਾਂ ਨੂੰ ਸਮਾਂ ਬੀਤ ਜਾਣ ਤੇ ਗਲਤੀ ਦਾ ਅਹਿਸਾਸ ਹੋ ਜਾਵੇਗਾ ਜੋ ਬੰਦ ਦਾ ਵਿਰੋਧ ਕਰਦੇ ਹਨ।ਉਨ੍ਹਾਂ ਕਿਹਾ ਕਿ ਰਾਖਵੇਂਕਰਨ ਦਾ ਵਿਰੋਧ ਕਰਨ ਵਾਲੀਆਂ ਤਾਕਤਾਂ ਦੇ ਮਨਸੂਬੇ ਸਫਲ ਹੋ ਜਾਣਗੇ।ਉਨ੍ਹਾਂ ਤਾਕਤਾਂ ਨੇ ਇਕ ਤੀਰ ਨਾਲ ਕਈ ਨਿਸ਼ਾਨੇ ਫੁੰਡ ਲਏ ਹਨ।ਇਕ ਤਾਂ ਭਾਰਤ ਦੀਆਂ ਅਨੁਸੂਚਿਤ ਜਾਤੀਆਂ ਦੀ ਏਕਤਾ ਖਤਮ ਕਰਕੇ ਆਪਸ ਵਿੱਚ ਲੜਾਈ ਪਾਈ ਹੈ।ਦੂਸਰਾ ਰਿਜ਼ਰਵੇਸਨ ਨੂੰ ਖ਼ਤਮ ਕਰਨ ਦਾ ਮੁੱਢ ਬੰਨ ਦਿੱਤਾ ਹੈ।ਤੀਸਰਾ ਇਨ੍ਹਾਂ ਵਿਚੋਂ ਕੋਈ ਰਾਜ ਭਾਗ ਨਾ ਪ੍ਰਾਪਤ ਕਰ ਸਕੇ ਉਸ ਲਈ ਵੀ ਰੱਸੇ ਗਲਾਵੇਂ ਵੱਟ ਲਏ ਹਨ।ਰਾਖਵੇਂਕਰਨ ਨੂੰ ਅਗਰ ਬਚਾਉਣਾ ਹੈ ਤਾਂ ਦੇਸ਼ ਦੀਆਂ ਸਮੁੱਚੀਆਂ ਅਨੁਸੂਚਿਤ ਜਾਤੀਆਂ ਨੂੰ ਇਕੱਠੇ ਹੋਣਾ ਪੈਣਾ ਹੈ ਅਤੇ ਸਾਨੂੰ ਅਬਾਦੀ ਦੇ ਅਨੁਪਾਤ ਅਨੁਸਾਰ ਰਿਜਰਵੇਸ਼ਨ ਲੈਣ ਲਈ ਲੜਾਈ ਵਿੱਢਣੀ ਪੈਣੀ ਹੈ।ਜੋ ਜਨਰਲ ਵਰਗ ਦੇ ਲੋਕ ਰਿਜਰਵੇਸ਼ਨ ਦਾ ਵਿਰੋਧ ਕਰਦੇ ਹਨ ਉਨ੍ਹਾਂ ਨੂੰ ਵੀ ਉਨ੍ਹਾਂ ਦੀ ਅਬਾਦੀ ਦੇ ਅਨੁਪਾਤ ਅਨੁਸਾਰ ਰਿਜਰਵੇਸ਼ਨ ਦੇਣੀ ਚਾਹੀਦੀ ਹੈ।ਇਸ ਕੰਮ ਲਈ ਪੂਰੇ ਦੇਸ਼ ਅੰਦਰ ਜਾਤੀ ਜਨਗਣਨਾ ਕਰਵਾਕੇ ਸਾਰਿਆਂ ਨੂੰ ਅਬਾਦੀ ਅਨੁਸਾਰ ਹਰ ਖੇਤਰ ਵਿੱਚ ਰਿਜਰਵੇਸ਼ਨ ਦਿੱਤੀ ਜਾਵੇ।ਹਰ ਦਸ ਸਾਲ ਬਾਅਦ ਜਨਗਣਨਾ ਨੂੰ ਜਰੂਰੀ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇ ਅਤੇ ਉਸੇ ਅਨੁਸਾਰ ਰਿਜਰਵੇਸ਼ਨ ਨੂੰ ਰਿਵੀਊ ਕੀਤਾ ਜਾਵੇ ।